ਬੁੱਧਵਾਰ, 2 ਨਵੰਬਰ, 2022

17 ਕੱਤਕ { ਨਾਨਕਸ਼ਾਹੀ 554 / ਬਿਕਰਮੀ 2079

ਜਿਲਦ/VOL. : 71

ਅੰਕ/NO. : 152


# ਨਵਾਂ ਜ਼ਮਾਨਾ


DAILY NAWAN ZAMANA • WEDNESDAY, 2 NOVEMBER, 2022

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12



GOVT. OF PUNJAB

ਹੱਸਦਾ-ਵੱਸਦਾ ਪੰਜਾਬ

7 ਮਹੀਨੇ ਬਨਾਮ 70 ਸਾਲ



ਭਗਵੰਤ ਮਾਨ

ਮੁੱਖ ਮੰਤਰੀ, ਪੰਜਾਬ

ਅਤਿ-ਆਧੁਨਿਕ ਸਿਹਤ ਸੇਵਾਵਾਂ

ਯਕੀਨੀ ਬਣਾ ਰਹੇ ਹਾਂ









ਨਵੇਂ

ਜੱਚਾ-ਬੱਚਾ ਦੇਖਭਾਲ ਹਸਪਤਾਲ

ਜਗਰਾਉਂ | ਫ਼ਗਵਾੜਾ

ਨੇਕ ਨੀਅਤ, ਨੇਕ ਸੋਚ

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

2-NOV-PAGE-1-2.qxd 11/1/2022 10:42 PM Page 2



## ਰਮਨਦੀਪ ਕੌਰ ਨੂੰ ਮਿਲਿਆ ਡਾਇਨਾਮਿਕ ਪ੍ਰਿੰਸੀਪਲ ਦਾ ਐਵਾਰਡ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਦੇ ਪ੍ਰਾਈਵੇਟ ਸਕੂਲਾਂ ਦੀ ਫੈਡਰੇਸ਼ਨ ਵੱਲੋਂ ਐਫ ਏ ਪੀ ਨੈਸ਼ਨਲ ਐਵਾਰਡਜ਼-2022 ਦੇ ਤਹਿਤ ਐਮ ਐਂਡ ਐਮ ਸਕੂਲ ਨੂੰ ਬੈਸਟ ਸਕੂਲ ਵਜੋਂ ਤੇ ਸ੍ਰੀਮਤੀ ਰਮਨਦੀਪ ਕੌਰ ਨੂੰ ਡਾਇਨਾਮਿਕ ਪ੍ਰਿੰਸੀਪਲ ਵਜੋਂ ਚੁਣਿਆ ਗਿਆ। ਐਮ ਐਂਡ ਐਮ ਸਕੂਲ ਲਈ ਇਹ ਮਾਣ ਵਾਲਾ ਪਲ ਸੀ, ਜਦੋਂ 30 ਅਕਤੂਬਰ ਨੂੰ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਆਯੋਜਤ 2022 ਦੇ ਐਵਾਰਡ ਸਮਾਰੋਹ ਵਿੱਚ ਸਕੂਲ ਨੂੰ ਪੂਰੇ ਭਾਰਤ ਵਿੱਚੋਂ ਫਰੈਂਡਲੀ ਬਜਟ ਵਿੱਚ ਵੱਧ ਤੋਂ ਵੱਧ ਸਹੂਲਤਾਂ ਦੇਣ ਵਾਲੇ ਬੈਸਟ ਸਕੂਲ ਵਜੋਂ ਸਨਮਾਨਤ ਕੀਤਾ ਗਿਆ। ਪ੍ਰਿੰਸੀਪਲ ਰਮਨਦੀਪ ਕੌਰ ਨੂੰ ਵੀ ਗਤੀਸ਼ੀਲ ਤੇ ਵਧੀਆ ਕੰਮ ਕਰਨ ਵਾਲੇ ਪ੍ਰਿੰਸੀਪਲ ਦੇ ਤੌਰ 'ਤੇ ਐਵਾਰਡ ਦਿੱਤਾ ਗਿਆ। ਸਕੂਲ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਸੇਠੀ ਨੇ ਸਟਾਫ਼, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਐਮ ਐਂਡ ਐਮ ਸਕੂਲ ਹੋਰ ਵੀ ਵਧੀਆ ਤੇ ਮਿਆਰੀ ਸਿੱਖਿਆ ਇਲਾਕੇ ਨੂੰ ਦੇਣ ਲਈ ਵਚਨਬੱਧ ਹੈ।

## ਬੈਡਮਿੰਟਨ ਚੈਂਪੀਅਨਸ਼ਿਪ 'ਚ ਨਨਕਾਣਾ ਸਕੂਲ ਰਿਹਾ ਅੱਵਲ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਜ਼ਿਲ੍ਹਾ ਪੱਧਰੀ ਬੈਡਮਿੰਟਨ ਮੁਕਾਬਲੇ ਕਰਾਏ ਗਏ, ਜਿਸ ਵਿੱਚ ਨਨਕਾਣਾ ਸਾਹਿਬ ਪਬਲਿਕ ਸਕੂਲ ਸਮਰਾਲਾ ਦੀਆਂ ਵਿਦਿਆਰਥਣਾਂ ਗੁਰਲੀਨ ਕੌਰ ਅਤੇ ਪਾਰੁਲ ਸ਼ਰਮਾ ਨੇ ਅੰਡਰ-14 ਵਰਗ ਵਿੱਚ ਭਾਗ ਲਿਆ। ਲੁਧਿਆਣਾ ਵਿਖੇ ਕਰਾਏ ਗਏ ਇਸ ਟੂਰਨਾਮੈਂਟ ਵਿੱਚ ਲੁਧਿਆਣੇ ਜ਼ਿਲ੍ਹੇ ਦੀਆਂ ਵੱਖ-ਵੱਖ ਟੀਮਾਂ ਵੀ ਸ਼ਾਮਲ ਸਨ। ਨਨਕਾਣਾ ਸਾਹਿਬ ਸਕੂਲ ਦੀਆਂ ਵਿਦਿਆਰਥਣਾਂ ਨੇ ਆਪਣੀ ਪ੍ਰਭਾਵਸ਼ਾਲੀ ਖੇਡ ਦਾ ਪ੍ਰਦਰਸ਼ਨ ਕਰਦਿਆਂ ਫਾਈਨਲ ਮੁਕਾਬਲਾ ਜਿੱਤ ਕੇ ਪਹਿਲਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਮੋਗਾ ਵਿਖੇ ਕਰਾਏ ਗਏ ਅੰਡਰ-11 ਸਟੇਟ ਬੈਡਮਿੰਟਨ ਚੈਂਪੀਅਨਸ਼ਿਪ ਵਿੱਚ ਸਕੂਲ ਦੇ ਪੰਜਵੀਂ ਜਮਾਤ ਦੇ ਵਿਦਿਆਰਥੀ ਹਰਸ਼ਬੀਰ ਸਿੰਘ ਨੇ ਭਾਗ ਲਿਆ ਤੇ ਦੂਜਾ ਸਥਾਨ ਹਾਸਲ ਕੀਤਾ। ਖਿਡਾਰੀਆਂ ਨੇ ਟਰਾਫੀ ਤੇ ਤਮਗੇ ਪ੍ਰਾਪਤ ਕੀਤੇ। ਸਕੂਲ ਦੀ ਸਮੂਹ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਅਤੇ ਪ੍ਰਿੰਸੀਪਲ ਮਾਲਇੰਦਰ ਸਿੰਘ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

## ਮਾਰਕੀਟ ਕਮੇਟੀ ਅਧੀਨ ਮੰਡੀਆਂ 'ਚ ਪੁੱਜਾ 40 ਪ੍ਰਤੀਸ਼ਤ ਝੋਨਾ



**ਤਪਾ ਮੰਡੀ (ਅਰੁਣ ਗੋਇਲ, ਮੁਨੀਸ਼ ਬਾਂਸਲ)**-ਮਾਰਕੀਟ ਕਮੇਟੀ ਤਪਾ ਅਧੀਨ ਆਉਂਦੇ ਸਾਰੇ ਖਰੀਦ ਕੇਂਦਰਾਂ 'ਚ ਐਤਵਾਰ ਸ਼ਾਮ ਤੱਕ 69171 ਮੀਟਰਿਕ ਟਨ ਦੀ ਆਮਦ ਹੋ ਚੁੱਕੀ ਹੈ। ਸਕੱਤਰ ਜਸਵੀਰ ਸਿੰਘ ਤੇ ਮੰਡੀ ਸੁਪਰਵਾਈਜਰ ਧਰਮਿੰਦਰ ਸਿੰਘ ਮਾਂਗਟ ਨੇ ਦੱਸਿਆ ਕਿ ਵੇਅਰਹਾਊਸ ਨੇ 11520 ਐਮ.ਟੀ, ਮਾਰਕਫੈਡ ਨੇ 33635 ਐਮਟੀ, ਪਨਗ੍ਰੇਨ ਨੇ 12880 ਤੇ ਪਨਸਪ ਨੇ 11136 ਐਮ.ਟੀ ਦੀ ਖਰੀਦ ਕਰ ਲਈ ਹੈ ਅਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਪ੍ਰਕਾਰ ਦੀ ਮੁਸ਼ਕਲ ਨਹੀਂ ਪੇਸ਼ ਆਉਣ ਦਿੱਤੀ ਜਾ ਰਹੀ। ਉਨ੍ਹਾਂ ਦੱਸਿਆ ਕਿ ਖ਼ਰੀਦ ਕੀਤੇ ਗਏ ਝੋਨੇ ਦੀ ਨਾਲੋ-ਨਾਲ ਲਿਫਟਿੰਗ ਕਰਵਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਮੰਡੀਆਂ 'ਚ ਝੋਨੇ ਦੀ ਆਮਦ ਤੇਜ ਹੋ ਗਈ ਹੈ ਤੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਮੰਡੀਆਂ 'ਚ ਸੁੱਕਾ ਝੋਨਾ ਹੀ ਲੈ ਕੇ ਆਉਣ ਤਾਂ ਜੁ ਕਿਸਾਨ ਨੂੰ ਮੰਡੀ 'ਚ ਬੈਠ ਕੇ ਬੋਲੀ ਦਾ ਇੰਤਜ਼ਾਰ ਨਾ ਕਰਨਾ ਪਵੇ। ਹੁਣ ਤੱਕ ਮੰਡੀਆਂ 'ਚ ਪਿਛਲੇ ਸਾਲ ਦੇ ਮੁਕਾਬਲੇ 40 ਪ੍ਰਤੀਸਤ ਝੋਨਾ ਮੰਡੀਆਂ 'ਚ ਆ ਚੁੱਕਿਆ ਹੈ।

## ਡੀ ਏ ਵੀ ਕਾਲਜ ਵਿਖੇ ਰਾਸ਼ਟਰੀ ਏਕਤਾ ਦਿਵਸ ਮਨਾਇਆ



**ਮਲੋਟ (ਗੁਰਮੀਤ ਸਿੰਘ ਮੱਕੜ)**-ਡੀ.ਏ.ਵੀ. ਕਾਲਜ ਵਿਖੇ ਕਾਰਜਕਾਰੀ ਪ੍ਰਿੰਸੀਪਲ ਸ੍ਰੀ ਸ਼ੁਭਾਸ਼ ਗੁਪਤਾ ਦੀ ਅਗਵਾਈ ਹੇਠ ਕਾਲਜ ਦੇ ਐਨ.ਐਸ.ਐਸ. ਤੇ ਐਨ.ਸੀ.ਸੀ. ਯੂਨਿਟ ਵਲੋਂ ਰਾਸ਼ਟਰੀ ਏਕਤਾ ਦਿਵਸ ਮਨਾਇਆ ਗਿਆ।ਇਹ ਦਿਵਸ ਹਰ ਸਾਲ ਭਾਰਤ ਦੇ ਲੋਹ ਪੁਰਸ਼ ਸਰਦਾਰ ਵੱਲਭ ਭਾਈ ਪਟੇਲ ਦੀ ਜਨਮ 31 ਅਕਤੂਬਰ ਨੂੰ ਰਾਸ਼ਟਰੀ ਏਕਤਾ ਦਿਵਸ ਦੇ ਰੂਪ ਵਿਚ ਮਨਾਇਆ ਜਾਂਦਾ ਹੈ। ਵੱਲਭ ਭਾਈ ਪਟੇਲ ਨੇ ਭਾਰਤ ਦੇ ਸੁਤੰਤਰਤਾ ਅੰਦੋਲਨ ਵਿੱਚ 560 ਰਿਆਸਤਾਂ ਨਾਲ ਭਾਰਤ ਦੇ ਏਕੀਕਰਨ ਵਿਚ ਮਹੱਤਵਪੂਰਨ ਯੋਗਦਾਨ ਪਾਇਆ ਸੀ। ਇਹ ਸੁਤੰਤਰ ਭਾਰਤ ਦੇ ਪਹਿਲੇ ਉਪ ਪ੍ਰਧਾਨ ਮੰਤਰੀ ਤੇ ਗ੍ਰਹਿ ਮੰਤਰੀ ਸਨ। ਕਾਲਜ ਦੇ ਵਿਦਿਆਰਥੀਆਂ ਅਤੇ ਸਟਾਫ਼ ਨੇ ਦੇਸ਼ ਦੀ ਏਕਤਾ, ਅਖੰਡਤਾ ਤੇ ਸੁਰੱਖਿਆ ਨੂੰ ਬਣਾਏ ਰੱਖਣ ਲਈ ਸਹੁੰ ਚੁੱਕੀ।ਇਸ ਮੌਕੇ ਆਯੋਜਤ ਕੀਤੀ ਗਈ ਏਕਤਾ ਦੌੜ ਵਿੱਚ ਵੀ ਵਿਦਿਆਰਥੀਆਂ ਨੇ ਵਧ-ਚੜ੍ਹ ਕੇ ਹਿੱਸਾ ਲਿਆ।ਇਸ ਸਮੇਂ ਐਨ.ਐਸ.ਐਸ. ਯੂਨਿਟ ਦੇ ਪ੍ਰੋਗਰਾਮ ਅਫ਼ਸਰ ਡਾ. ਜਸਬੀਰ ਕੌਰ ਤੇ ਡਾ. ਵਿਨੀਤ ਕੁਮਾਰ, ਐਨ.ਸੀ.ਸੀ. ਦੇ ਸੀ.ਟੀ.ਓ. ਸ਼੍ਰੀ ਸਾਹਿਲ ਗੁਲਾਟੀ ਦੇ ਇਲਾਵਾ ਸ਼੍ਰੀ ਸ਼ੁਦੇਸ਼ ਗਰੋਵਰ, ਮੈਡਮ ਤਜਿੰਦਰ ਕੌਰ, ਮੈਡਮ ਇਕਬਾਲ ਕੌਰ, ਮੈਡਮ ਨੀਲਮ ਭਾਰਦਵਾਜ ਤੇ ਸ਼੍ਰੀ ਦੀਪਕ ਅਗਰਵਾਲ ਹਾਜ਼ਰ ਸਨ।

## ਜੈਨ ਸੀਨੀਅਰ ਸੈਕੰਡਰੀ ਸਕੂਲ ਨੇ ਜਿੱਤਿਆ ਬੈਸਟ ਸਕੂਲ ਨੈਸ਼ਨਲ ਐਵਾਰਡ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਚੰਡੀਗੜ੍ਹ ਯੂਨੀਵਰਸਿਟੀ ਘੜੂੰਆਂ ਫੈਡਰੇਸ਼ਨ ਆਫ਼ ਪ੍ਰਾਈਵੇਟ ਸਕੂਲ ਐਂਡ ਐਸੋਸੀਏਸ਼ਨ ਵੱਲੋਂ ਪ੍ਰਧਾਨ ਜਗਜੀਤ ਸਿੰਘ ਧੂਰੀ ਦੀ ਅਗਵਾਈ ਹੇਠ ਕਰਾਏ ਗਏ ਫੈਪ ਨੈਸ਼ਨਲ ਐਵਾਰਡ 2022 ਵਿਚ ਜੈਨ ਸੀਨੀਅਰ ਸੈਕੰਡਰੀ ਸਕੂਲ ਨੂੰ ਬੈਸਟ ਸਕੂਲ ਬਜਟ ਫਰੈਂਡਲੀ ਨੈਸ਼ਨਲ ਐਵਾਰਡ ਦਿੱਤਾ ਗਿਆ। ਸਮਾਰੋਹ ਵਿਚ ਪੰਜਾਬ ਦੇ ਗਵਰਨਰ ਸ੍ਰੀ ਬਨਵਾਰੀ ਲਾਲ ਪ੍ਰੋਹਤ ਤੇ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੀ ਹਾਜ਼ਰ ਸਨ। ਇਸ ਸਮੇਂ ਪੂਰੇ ਦੇਸ਼ ਵਿਚੋਂ ਪ੍ਰਾਈਵੇਟ ਸਕੂਲਾਂ ਨੇ ਭਾਗ ਲਿਆ ਤੇ ਵੱਖ-ਵੱਖ ਰਾਜਾਂ ਦੇ ਲਗਭਗ 1358 ਸਕੂਲਾਂ ਨੂੰ ਐਵਾਰਡ ਦਿੱਤੇ ਗਏ, ਜਿਸ ਵਿਚ ਇਹ ਐਵਾਰਡ ਗਵਰਨਰ ਬਨਵਾਰੀ ਲਾਲ ਪ੍ਰੋਹਤ ਤੇ ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ ਸਤਨਾਮ ਸਿੰਘ ਸੰਧੂ ਨੇ ਜੈਨ ਸਕੂਲ ਦੇ ਸੁਪਰਵਾਈਜ਼ਰ ਪਵਨਦੀਪ ਸਿੰਘ ਬਰਾੜ ਨੂੰ ਦਿੰਦਿਆਂ ਮੁਬਾਰਕਾਂ ਦਿੱਤੀਆਂ। ਬੀਤੇ ਸਾਲ 2021 ਵਿੱਚ ਵੀ ਜੈਨ ਸਕੂਲ ਨੂੰ ਈਕੋ ਫਰੈਂਡਲੀ ਦਾ ਐਵਾਰਡ ਦਿੱਤਾ ਗਿਆ ਸੀ। ਸਕੂਲ ਨੂੰ ਨੈਸ਼ਨਲ ਐਵਾਰਡ ਪ੍ਰਾਪਤ ਹੋਣ 'ਤੇ ਸਕੂਲ ਮੈਨੇਜਮੈਂਟ ਦੇ ਪ੍ਰਧਾਨ ਵਿਜੇ ਕੁਮਾਰ ਬਾਂਸਲ, ਅਸ਼ੋਕ ਕੁਮਾਰ, ਸਕੂਲ ਮੁਖੀ ਸੁਰਜੀਤ ਕੌਰ ਬਰਾੜ, ਪਵਨਦੀਪ ਸਿੰਘ ਤੇ ਸਮੂਹ ਸਟਾਫ਼ ਨੇ ਖ਼ੁਸ਼ੀ ਦਾ ਇਜ਼ਹਾਰ ਕੀਤਾ।

## ਹੋਲੀ ਹਾਰਟ ਸਕੂਲ 'ਚ ਰਾਸ਼ਟਰੀ ਏਕਤਾ ਦਿਵਸ ਮਨਾਇਆ



**ਅਜੀਤਵਾਲ (ਨਛੱਤਰ ਸੰਧੂ)**-ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਸ੍ਰ. ਵੱਲਭ ਭਾਈ ਪਟੇਲ ਦੇ ਜਨਮ ਦਿਹਾੜੇ ਨੂੰ ਮੁੱਖ ਰੱਖਦਿਆਂ ਉਨ੍ਹਾਂ ਦੀ ਨਿੱਘੀ ਯਾਦ ਨੂੰ ਸਮਰਪਤ 'ਰਾਸ਼ਟਰੀ ਏਕਤਾ ਦਿਵਸ' ਮਨਾਇਆ ਗਿਆ। ਇਸ ਸਬੰਧੀ ਇੱਕ ਸਹੁੰ ਚੁੱਕ ਸਮਾਰੋਹ ਕੀਤਾ ਗਿਆ। ਇਸ ਸਮਾਰੋਹ 'ਚ ਸਾਰੇ ਸੀਨੀਅਰ ਵਿਦਿਆਰਥੀਆਂ ਨੇ ਭਾਗ ਲਿਆ। ਸਹੁੰ ਚੁੱਕਣ ਦੀ ਰਸਮ ਅਦਾ ਹੋਣ ਉਪਰੰਤ ਸ੍ਰ. ਵੱਲਭ ਭਾਈ ਪਟੇਲ ਦੇ ਜੀਵਨ 'ਤੇ ਚਾਨਣਾ ਪਾਉਂਦੇ ਹੋਏ ਭਾਸ਼ਣ ਦਿੱਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ਼ਰੀਆ ਪਲਤਾ ਤੇ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਕਿਹਾ ਕਿ ਸ੍ਰ. ਵੱਲਭ ਭਾਈ ਪਟੇਲ ਆਜ਼ਾਦ ਭਾਰਤ ਦੇ ਪਹਿਲੇ ਗ੍ਰਹਿ ਮੰਤਰੀ ਸਨ। ਅੱਜ ਦਾ ਇਹ ਦਿਨ ਆਜ਼ਾਦ ਭਾਰਤ ਦੀ ਏਕਤਾ, ਇਕਸਾਰਤਾ ਤੇ ਸੁਰੱਖਿਆ ਨੂੰ ਹੋਰ ਵੀ ਮਜ਼ਬੂਤ ਕਰਨ ਲਈ ਸਾਨੂੰ ਦ੍ਰਿੜ੍ਹ ਕਰਵਾਉਂਦਾ ਹੈ। ਇਸ ਮੌਕੇ ਵਿਦਿਆਰਥੀਆਂ ਵਿਚਕਾਰ ਵੱਖ-ਵੱਖ ਤਰ੍ਹਾਂ ਦੀਆਂ ਖੇਡਾਂ ਵੀ ਕਰਵਾਈਆਂ ਗਈਆਂ, ਨਾਲ ਹੀ ਵਿਦਿਆਰਥੀਆਂ ਦੀ ਯੂਨਿਟੀ ਰੇਸ ਵੀ ਕਰਵਾਈ ਗਈ। ਅੰਤ 'ਚ ਸਮਾਰੋਹ ਰਾਸ਼ਟਰੀ ਗਾਨ ਨਾਲ ਸੰਪੂਰਨ ਹੋਇਆ।

## ਰੱਸਾਕਸ਼ੀ 'ਚ ਮੂਨ ਲਾਈਟ ਸਕੂਲ ਨੇ ਮਾਰੀਆਂ ਮੱਲਾਂ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮੂਨ ਲਾਈਟ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਹੇਡੋਂ ਬੇਟ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਰੱਸਾਕਸ਼ੀ ਮੈਚ ਵਿਚ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਸਰਕਾਰੀ ਹਾਈ ਸਕੂਲ ਉਮੈਦਪੁਰ ਵਿਖੇ ਹੋਏ ਰੱਸਾਕਸ਼ੀ ਟੂਰਨਾਮੈਂਟ 'ਚ 8 ਜ਼ੋਨ ਦੇ ਸਕੂਲਾਂ ਨੇ ਭਾਗ ਲਿਆ। ਜ਼ਿਲ੍ਹਾ ਪੱਧਰੀ ਟੂਰਨਾਮੈਂਟ 'ਚ ਮੂਨ ਲਾਈਟ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਹੇਡੋਂ ਬੇਟ ਦੀ ਰੱਸਾਕਸ਼ੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੂਸਰਾ ਸਥਾਨ ਪ੍ਰਾਪਤ ਕੀਤਾ। ਸਕੂਲ ਦੀ ਟੀਮ ਨੇ ਸਮਰਾਲਾ ਜ਼ੋਨ ਵੱਲੋਂ ਖੇਡਦਿਆਂ ਰਾੜਾ ਸਾਹਿਬ ਤੇ ਜਗਰਾਉਂ ਜ਼ੋਨ ਨੂੰ ਹਰਾਇਆ। ਸਕੂਲ ਪਹੁੰਚਣ 'ਤੇ ਇਨ੍ਹਾਂ ਜੇਤੂ ਖਿਡਾਰਨਾਂ ਤੇ ਡੀ. ਪੀ. ਕਿਰਨਜੀਤ ਸਿੰਘ ਦਾ ਸਕੂਲ ਪ੍ਰਿੰਸੀਪਲ ਸੁਰਜੀਤ ਸਿੰਘ ਬਾਜਵਾ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਸਕੂਲ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਅਜਿਹੀਆਂ ਹੋਰ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ। ਸਕੂਲ ਪ੍ਰਿੰਸੀਪਲ ਨੇ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਚੰਗੇ ਪ੍ਰਦਰਸ਼ਨ ਲਈ ਵਧਾਈ ਦਿੱਤੀ।

## ਥਰਮਲ ਦੇ ਠੇਕਾ ਮੁਲਾਜ਼ਮਾਂ ਨੇ ਮੁੱਖ ਗੇਟ ਨੂੰ ਜਾਮ ਕਰਕੇ ਦਿੱਤਾ ਧਰਨਾ

### ਬਾਹਰੋਂ ਸਿੱਧੀ ਭਰਤੀ ਕਰਕੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਨਾਲ ਕਮਾਇਆ ਜਾ ਰਿਹੈ ਧ੍ਰੋਹ : ਆਗੂ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਜੀ. ਐੱਚ. ਟੀ. ਪੀ. ਠੇਕਾ ਮੁਲਾਜ਼ਮ ਯੂਨੀਅਨ (ਆਜ਼ਾਦ) ਲਹਿਰਾ ਮੁਹੱਬਤ ਦੇ ਬੈਨਰ ਹੇਠ ਅੱਜ ਥਰਮਲ ਦੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੇ ਪਰਿਵਾਰਾਂ ਸਮੇਤ ਪਾਵਰਕਾਮ ਮੈਨੇਜਮੈਂਟ ਨੇ ਪੰਜਾਬ ਸਰਕਾਰ ਦੇ ਹੁਕਮਾਂ ਮੁਤਾਬਿਕ ਪਾਵਰਕਾਮ 'ਚ 2000 ਸਹਾਇਕ ਲਾਈਨਮੈਨਾਂ ਦੀ ਬਾਹਰੋਂ ਨਵੀਂ ਸਿੱਧੀ ਭਰਤੀ ਕਰਨ ਦੇ ਵਿਰੋਧ ਵਿੱਚ ਥਰਮਲ ਦੇ ਮੁੱਖ ਗੇਟ ਨੂੰ ਜਾਮ ਕਰਕੇ ਰੋਸ ਵਿਖਾਵਾ ਕੀਤਾ। ਸਵੇਰ ਤੋਂ ਲੱਗਿਆ ਧਰਨਾ ਖਬਰ ਭੇਜੇ ਜਾਣ ਸਮੇਂ ਤੱਕ ਜਾਰੀ ਸੀ। ਜਥੇਬੰਦੀ ਦੇ ਪ੍ਰਧਾਨ ਜਗਰੂਪ ਸਿੰਘ, ਜਰਨਲ ਸਕੱਤਰ ਜਗਸੀਰ ਸਿੰਘ ਭੰਗੂ ਅਤੇ ਬਾਦਲ ਸਿੰਘ ਭੁੱਲਰ ਆਦਿ ਬੁਲਾਰਿਆਂ ਸੰਬੋਧਨ ਕਰਦੇ ਹੋਏ ਕਿਹਾ ਕਿ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਦੇ ਵਾਅਦੇ ਨਾਲ ਸੱਤਾ 'ਚ ਆਈ 'ਆਪ' ਸਰਕਾਰ ਅੱਜ ਬਾਹਰੋਂ ਨਵੀਂ ਸਿੱਧੀ ਭਰਤੀ ਕਰਕੇ ਧ੍ਰੋਹ ਕਮਾਉਂਦੀ ਹੋਈ ਨੰਗਾ-ਚਿੱਟਾ ਧੋਖਾ ਕਰ ਰਹੀ। ਲਛਮਣ ਸਿੰਘ, ਸਤਨਾਮ ਸਿੰਘ, ਗੁਰਸ਼ਰਨ ਸਿੰਘ, ਕ੍ਰਿਸ਼ਨ ਕੁਮਾਰ, ਜਗਤਾਰ ਸਿੰਘ, ਹਰਦੀਪ ਸਿੰਘ, ਖੇਮਪਾਲ ਸਿੰਘ, ਰਮਜ਼ਾਨ ਖਾਨ, ਲਵਪ੍ਰੀਤ ਸਿੰਘ, ਬਲਵਿੰਦਰ ਸਿੰਘ ਅਤੇ ਠੇਕਾ ਮੁਲਾਜ਼ਮ ਯੂਨੀਅਨ ਵੇਰਕਾ ਮਿਲਕ ਪਲਾਂਟ ਬਠਿੰਡਾ ਦੇ ਪ੍ਰਧਾਨ ਜਸਵੀਰ ਸਿੰਘ ਆਦਿ ਆਗੂਆਂ ਨੇ ਚੇਤਾਵਨੀ ਭਰੇ ਲਹਿਜੇ 'ਚ ਕਿਹਾ ਕਿ ਬਾਹਰੋਂ ਨਵੀਂ ਸਿੱਧੀ ਭਰਤੀ ਨੂੰ ਰੱਦ ਕਰਕੇ ਜੇਕਰ ਪਾਵਰਕਾਮ ਦੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੂੰ ਪੱਕਾ ਨਾ ਕੀਤਾ ਤਾਂ ਠੇਕਾ ਮੁਲਾਜ਼ਮ ਸੰਘਰਸ਼ ਨੂੰ ਹੋਰ ਵੀ ਤੇਜ਼ ਕਰਨਗੇ, ਜਿਸ ਦੀ ਸਾਰੀ ਜ਼ੁੰਮੇਵਾਰੀ ਸਰਕਾਰ ਅਤੇ ਮੈਨੇਜਮੈਂਟ ਹੋਵੇਗੀ।

## ਡਾ. ਸਿਧਾਰਥ ਮੇਹਨ ਵੱਲੋਂ ਬੁਲਗਾਰੀਆ 'ਚ ਲੈਕਚਰ




**ਮੋਗਾ (ਅਮਰਜੀਤ ਬੱਬਰੀ)**

ਆਈ.ਐੱਸ.ਐੱਫ਼.ਕਾਲਜ ਆਫ਼ ਫਾਰਮੇਸੀ ਵਿਖੇ ਤਾਇਨਾਤ ਡਾ. ਸਿਧਾਰਥ ਮੇਹਨ ਪ੍ਰੋਫ਼ੈਸਰ ਡਿਪਾਰਟਮੈਂਟ ਆਫ਼ ਫਾਰਮਾਕਾਲਾਜੀ ਨੇ ਅੰਤਰਰਾਸ਼ਟਰੀ ਕਾਨਫਰੰਸ, ਜੋ ਬੁਲਗਾਰੀਅਨ ਸੁਸਾਇਟੀ ਆਫ਼ ਫ਼ਿਜ਼ੀਕਲ ਸਾਇੰਸਿਸ ਵੱਲੋਂ ਬੁਲਗਾਰੀਆ ਵਿਖੇ ਆਯੋਜਤ ਕੀਤੀ ਗਈ, ਵਿੱਚ ਮੁੱਖ ਸਪੀਕਰ ਦੇ ਤੌਰ 'ਤੇ ਲੈਕਚਰ ਦਿੱਤੇ।

ਸੰਸਥਾ ਦੇ ਡਾਇਰੈਕਟਰ ਡਾ. ਜੀ.ਡੀ.ਗੁਪਤਾ ਨੇ ਦੱਸਿਆ ਕਿ ਡਾ. ਸਿਦਾਰਥ ਮੇਹਨ ਨੇ ਪਹਿਲਾ ਲੈਕਚਕਰ ਥੈਰਾਪਿਉਟਿਕ ਐਪਲੀਕੇਸ਼ਨਜ ਆਫ਼ ਐਕਟਿਵ ਫਾਈਟੋਮੈਡੀਸੀਨਜ਼ ਇਨ ਦਿ ਪ੍ਰਵੇਸ਼ਨ ਆਫ ਨਿਊਰੋਲਾਜੀਕਲ ਡਿਸ ਆਡਰਸ ਅਤੇ ਦੂਜਾ ਲੈਕਚਰ ਡਿਵਲਪਮੈਂਟ ਐਂਡ ਮੌਲੀਕੂਲਰ ਕਰੈਕਟਾਈਜੇਸ਼ਨ ਆਫ਼ ਬਾਈਓ ਮਾਰਕਰ ਇਨ ਦਿ ਡਾਈਗਨੀਜੀਸ ਆਫ਼ ਮੋਟਰਨਿਊਰੋਡੀਜਿਜ ਤੇ ਆਪਣਾ ਲੈਕਚਰ ਦਿੱਤਾ। ਇਸ ਆਨਲਾਈਨ ਲੈਕਚਰ ਵਿੱਚ ਚੇਅਰਪਰਸਨ ਡਾ. ਰੈਨੀ ਕੈਲਫਿਨ ਪ੍ਰਧਾਨ ਇੰਸਟੀਚਿਊਟ ਆਫ਼ ਨਿਊਰੋਬਾਲਾਜੀ ਬੁਲਗੈਰੀਅਨ ਅਕੈਡਮਿਕ ਆਫ ਫਿਲੋਲਾਡੀਕਲ ਸਾਇੰਸ ਤੇ ਡਾ. ਇਲੀਨਾ ਗੋਜਸ ਨਿਊਰੋਸਾਇੰਟਿਸਟ ਤਲ ਏਵੀਨ ਯੂਨੀਵਰਸਿਟੀ ਇਜਰਾਈਲ, ਡਾ. ਨਦੀਜਾ ਬੋਚੀਵਾ ਬੁਲਗਾਰੀਆ ਨੇ ਸ਼ਿਰਕਤ ਕਰਦੇ ਹੋਏ ਡਾ. ਸਿਦਾਰਥ ਮੇਹਨ ਦੇ ਸੈਸ਼ਨ ਦੀ ਸ਼ਲਾਘਾ ਕੀਤੀ।

ਇਸ ਮੌਕੇ ਡਾ. ਸਿਦਾਰਥ ਮੇਹਨ ਨੂੰ ਅੰਤਰਰਾਸ਼ਟਰੀ ਕਾਫਰੰਸ ਵਿੱਚ ਜਾਣ ਲਈ ਟਰੈਵਲ ਗ੍ਰਾਂਟ ਇੰਸਟੀਚਿਊਟ ਆਫ ਨਿਊਰੋ ਬਾਇਓਲਾਜੀ ਬੁਲਗਾਰੀਆ ਵੱਲੋਂ ਮਨਜ਼ੂਰ ਕੀਤੀ ਗਈ ਸੀ। ਕੁੱਝ ਤਕਨੀਕੀ ਕਾਰਨਾਂ ਦੇ ਚੱਲਦੇ ਨਹੀਂ ਜਾ ਸਕੇ ਅਤੇ ਦੋਨੋਂ ਹੀ ਲੈਕਚਰ ਆਨਲਾਈਨ ਪਲੇਟਫਾਰਮ 'ਤੇ ਆਯੋਜਤ ਕੀਤੇ ਗਏ। ਆਯੋਜਕਾਂ ਵੱਲੋਂ ਦੋਨੋਂ ਹੀ ਲੈਕਚਰ ਨੂੰ ਬਹੁਤ ਹੀ ਸ਼ਲਾਘਾ ਕੀਤੀ ਗਈ ਅਤੇ ਅੱਗੇ ਵੀ ਨਿਊਰੋ ਸਾਇੰਸ ਵਿੱਚ ਕੰਮ ਕਰਨ ਲਈ ਚਰਚਾ ਕੀਤੀ ਗਈ। ਇਸ ਦੌਰਾਨ ਆਨਲਾਈਨ ਪਲੇਟਫਾਰਮ 'ਤੇ ਪੁੱਛੇ ਗਏ ਸਾਰੇ ਸਵਾਲਾਂ ਦਾ ਜਵਾਬ ਡਾ. ਸਿਦਾਰਥ ਮੇਹਨ ਨੇ ਦਿੱਤੇ। ਡਾ. ਮੇਹਨ ਡੀ.ਐਸ.ਟੀ, ਸਰਬ, ਐਮ.ਐਸ.ਐਮ.ਈ ਦੇ ਨਾਲ-ਨਾਲ ਕਈ ਹੋਰਨਾਂ ਪ੍ਰੋਜੈਕਟਾਂ ਤੇ ਕੰਮ ਕਰ ਰਹੇ ਹਨ ਤੇ ਰਿਸਰਚ ਨੂੰ ਦੇਸ਼ ਅਤੇ ਵਿਦੇਸ਼ ਦੇ ਜਨਰਲ ਵਿੱਚ ਪ੍ਰਕਾਸ਼ਤ ਕਰ ਰਹੇ ਹਨ। ਡਾ. ਸਿਦਾਰਥ ਮੇਹਨ ਦੀ ਇਸ ਉਪਲਬਧੀ 'ਤੇ ਸੰਸਥਾ ਦੇ ਚੇਅਰਮੈਨ ਪ੍ਰਵੀਨ ਗਰਗ, ਸੈਕਟਰੀ ਇੰਜੀ. ਜਨੇਸ਼ ਗਰਗ, ਇਸਫਾਲ ਦੀ ਡਾਇਰੈਕਟਰ ਡਾ. ਮੁਸਕਾਨ ਗਰਗ, ਡਾਇਰੈਕਟਰ ਡਾ. ਜੀ ਡੀ ਗੁਪਤਾ, ਵਾਈਸ ਪ੍ਰਿੰਸੀਪਲ ਡਾ. ਆਰ.ਕੇ.ਨਾਰੰਗ ਤੇ ਸਮੂਹ ਫੈਕਿਲਟੀ ਸਟਾਫ਼ ਨੇ ਵਧਾਈ ਦਿੱਤੀ।

## ਪੰਜਾਬੀ ਸੂਬਾ ਅੰਦੋਲਨ 'ਚ ਸ਼ਾਮਲ ਨਾਇਕਾਂ ਦੇ ਪਰਵਾਰ ਸਨਮਾਨਤ




**ਸੰਗਰੂਰ (ਪ੍ਰਵੀਨ ਸਿੰਘ)**-ਤਾਲਮੇਲ ਸੁਸਾਇਟੀ ਵੱਲੋਂ ਅਕਾਲ ਕਾਲਜ ਆਫ਼ ਐਜੂਕੇਸ਼ਨ ਵਿੱਚ ਪੰਜਾਬ ਦਿਵਸ ਸਮਾਰੋਹ ਮਨਾਇਆ ਗਿਆ। ਸਮਾਰੋਹ ਦੇ ਮੁੱਖ ਮਹਿਮਾਨ ਵਜੋਂ ਸਮਾਗਮ ਨੂੰ ਸੰਬੋਧਨ ਕਰਦਿਆਂ ਕੁਲਵੰਤ ਸਿੰਘ ਪੰਡੋਰੀ ਵਿਧਾਇਕ ਮਹਿਲ ਕਲਾਂ ਤੇ ਬੀਬਾ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਹੇਠ ਚੱਲ ਰਹੀ ਪੰਜਾਬ ਸਰਕਾਰ ਪੰਜਾਬ ਨੂੰ ਹਰ ਪੱਖੋਂ ਵਿਕਸਤ ਕਰਨ ਲਈ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਚੋਣਾਂ ਤੋਂ ਪਹਿਲਾਂ ਜੋ ਵਾਅਦੇ ਕੀਤੇ ਗਏ ਸਨ, ਉਹ ਹਰ ਹਾਲਤ ਵਿੱਚ ਪੂਰੇ ਕੀਤੇ ਜਾਣਗੇ।

ਪੰਡੋਰੀ ਤੇ ਬੀਬਾ ਭਰਾਜ ਨੇ ਤਾਲਮੇਲ ਸੁਸਾਇਟੀ ਵੱਲੋਂ ਕੀਤੇ ਇਸ ਉਪਰਾਲੇ ਲਈ ਸੰਸਥਾ ਦੇ ਪ੍ਰਧਾਨ ਸਵਾਮੀ ਰਵਿੰਦਰ ਗੁਪਤਾ ਤੇ ਉਨ੍ਹਾਂ ਦੀ ਟੀਮ ਦੀ ਸ਼ਲਾਘਾ ਕੀਤੀ। ਸਮਾਗਮ ਦਾ ਰਸਮੀ ਉਦਘਾਟਨ ਨਾਮਵਰ ਸਮਾਜ ਸੇਵਕ ਤੇ ਸੀਨੀਅਰ ਸਿਟੀਜਨ ਭਲਾਈ ਮੰਚ ਦੇ ਪ੍ਰਧਾਨ ਸ੍ਰੀ ਪਾਲਾ ਸਿੰਗਲਾ ਨੇ ਕੀਤਾ। ਸਮਾਗਮ ਦੀ ਪ੍ਰਧਾਨਗੀ ਕਰ ਰਹੇ ਸਟੇਟ ਸੋਸ਼ਲ ਵੈਲਫੇਅਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਰਾਜ ਕੁਮਾਰ ਅਰੋੜਾ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਜਾਗਰੂਕ ਹੋਣ ਦੀ ਲੋੜ ਹੈ ਤਾਂ ਜੁ ਮਾਂ ਬੋਲੀ ਪੰਜਾਬੀ ਦਾ ਸਤਿਕਾਰ ਵਧ ਸਕੇ। ਨਾਮਵਰ ਸਾਹਿਤਕਾਰ ਮੋਹਨ ਸ਼ਰਮਾ ਵਲੋਂ ਕੀਤੇ ਮੰਚ ਸੰਚਾਲਨ ਦੌਰਾਨ ਅਕਾਲ ਕਾਲਜ ਕੌਂਸਲ ਦੇ ਸਕੱਤਰ ਜਸਵੰਤ ਸਿੰਘ ਖਹਿਰਾ ਤੇ ਤਾਲਮੇਲ ਸੁਸਾਇਟੀ ਦੇ ਪ੍ਰਧਾਨ ਸਵਾਮੀ ਰਵਿੰਦਰ ਗੁਪਤਾ ਨੇ ਆਏ ਮਹਿਮਾਨਾਂ ਦਾ ਸਵਾਗਤ ਤੇ ਸ੍ਰੀਮਤੀ ਸੰਤੋਸ਼ ਗੁਪਤਾ ਨੇ ਧੰਨਵਾਦ ਕੀਤਾ। ਸਮਾਗਮ ਦੌਰਾਨ ਸੰਗਰੂਰ ਦੀ ਬਹੁਪੱਖੀ ਸ਼ਖ਼ਸੀਅਤ ਡਾ. ਹਰਪ੍ਰੀਤ ਕੌਰ ਖਾਲਸਾ ਨੂੰ ਬੀਬਾ ਨਰਿੰਦਰ ਕੌਰ ਭਰਾਜ ਅਤੇ ਕੁਲਵੰਤ ਸਿੰਘ ਪੰਡੋਰੀ ਨੇ ਪੰਜਾਬੀ ਸੱਭਿਆਚਾਰ ਦੀ ਪ੍ਰਤੀਕ ਫੁਲਕਾਰੀ ਪਹਿਨਾ ਕੇ ਸਨਮਾਨਤ ਕੀਤਾ।

ਸਮਾਗਮ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਮਹੰਤ ਹਰਪਾਲ ਦਾਸ, ਸ੍ਰੀ ਓ.ਪੀ. ਅਰੋੜਾ ਸਕੱਤਰ ਜ਼ਿਲਾ ਸਕੇਟਿੰਗ ਐਸੋਸੀਏਸ਼ਨ, ਸੁਰਜੀਤ ਸਿੰਘ ਸਾਬਕਾ ਈ.ਓ. ਪ੍ਰਧਾਨ ਭਾਈਚਾਰਕ ਤਾਲਮੇਲ ਮੰਚ, ਬਲਵੰਤ ਸਿੰਘ ਜੋਗਾ, ਪਰਮਜੀਤ ਸਿੰਘ ਟਿਵਾਣਾ, ਸੁਰਿੰਦਰਪਾਲ ਸਿੰਘ ਸਿਦਕੀ, ਅਮਨਦੀਪ ਸਿੰਘ ਅਮਨੀ, ਹਰਜੀਤ ਸਿੰਘ ਢੀਂਗਰਾ, ਕੁਲਵਿੰਦਰ ਕੌਰ ਢੀਂਗਰਾ, ਰਾਜਦੀਪ ਕੌਰ ਬਰਾੜ ਤੇ ਹੋਰ ਸ਼ਖ਼ਸੀਅਤਾਂ ਵੀ ਮੌਜੂਦ ਸਨ। ਬਲਰਾਜ ਓਬਰਾਏ ਬਾਜ਼ੀ ਵੱਲੋਂ ਕੀਤੇ ਮੰਚ ਸੰਚਾਲਨ ਦੌਰਾਨ ਡਾ. ਹਰਪ੍ਰੀਤ ਕੌਰ ਖਾਲਸਾ ਨੇ ਕਵੀ ਦਰਬਾਰ ਦਾ ਰਸਮੀ ਉਦਘਾਟਨ ਕੀਤਾ। ਪੰਜਾਬੀ ਦੇ ਨਾਮਵਰ ਸ਼ਾਇਰਾਂ ਮੋਹਨ ਸ਼ਰਮਾ, ਕੁਲਵਿੰਦਰ ਕੌਰ ਕੰਵਲ, ਮੂਲ ਚੰਦ ਸ਼ਰਮਾ, ਨਿਧੀ ਸ਼ਰਮਾ, ਸੰਜੇ ਲਹਿਰੀ, ਰਾਜਿੰਦਰ ਰਾਣੀ, ਕਰਮ ਸਿੰਘ ਜ਼ਖ਼ਮੀ, ਰਮਨਜੀਤ ਕੌਰ ਪਟਿਆਲਾ ਤੇ ਜੀਤ ਹਰਜੀਤ ਨੇ ਆਪਣੀਆਂ ਰਚਨਾਵਾਂ ਰਾਹੀਂ ਮਹਿਫ਼ਲ ਦਾ ਰੰਗ ਬੰਨ੍ਹਿਆ।

## ਕੁੱਟਮਾਰ ਦੇ ਦੋਸ਼ 'ਚ ਮਾਮਲਾ ਦਰਜ

**ਮਲੋਟ (ਗੁਰਮੀਤ ਸਿੰਘ ਮੱਕੜ)**

ਸਥਾਨਕ ਥਾਣਾ ਸਿਟੀ ਪੁਲਸ ਨੇ ਕੁੱਟਮਾਰ ਕਰਨ ਦੇ ਦੋਸ਼ ਹੇਠ 12 ਵਿਅਕਤੀਆਂ 'ਤੇ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਆਪਣੇ ਬਿਆਨ ਵਿੱਚ ਅੰਕੁਸ਼ ਕੁਮਾਰ ਵਾਸੀ ਰਵਿਦਾਸ ਨਗਰ ਮਲੋਟ ਨੇ ਦੱਸਿਆ ਕਿ ਉਹ ਰਾਤ ਨੂੰ ਸਾਢੇ 9 ਵਜੇ ਆਪਣੇ ਘਰ ਅੰਦਰ ਬੈਠਾ ਸੀ ਤਾਂ ਸਾਗਰ ਕੁਮਾਰ ਤੇ ਗਗਨ ਕੁਮਾਰ ਵਾਸੀ ਰਵਿਦਾਸ ਨਗਰ ਮਲੋਟ ਲਗਭਗ 10 ਅਣਪਛਾਤੇ ਵਿਅਕਤੀਆਂ ਨਾਲ ਇਕੱਠੇ ਹੋ ਕੇ ਲੋਹੇ ਦੀਆਂ ਰਾਡਾਂ/ਕਾਪੇ ਆਦਿ ਲੈ ਕੇ ਮੇਰੇ 'ਤੇ ਹਮਲਾ ਕਰ ਦਿੱਤਾ ਅਤੇ ਕੁੱਝ ਕੁ ਨੇ ਗਲੀ ਵਿੱਚ ਖੜ ਕੇ ਮੈਨੂੰ ਗਾਲਾਂ ਕੱਢੀਆਂ ਅਤੇ ਮੇਰੇ ਵੱਲੋਂ ਰੌਲਾ ਪਾਏ ਜਾਣ 'ਤੇ ਗਲੀ ਵਿੱਚ ਕਾਫ਼ੀ ਇਕੱਠ ਹੋ ਗਿਆ ਤੇ ਉਕਤ ਮੁਲਜ਼ਮ ਮਾਰ ਦੇਣ ਦੀਆਂ ਧਮਕੀਆਂ ਦਿੰਦੇ ਮੌਕੇ ਤੋਂ ਭੱਜ ਗਏ। ਉਸ ਦੇ ਪਿਤਾ ਨੇ ਉਸ ਨੂੰ ਸਰਕਾਰੀ ਹਸਪਤਾਲ ਦਾਖਲ ਕਰਵਾਇਆ, ਜਿੱਥੇ ਉਸ ਦਾ ਇਲਾਜ ਚੱਲ ਰਿਹਾ ਹੈ।

ਪੁਲਸ ਨੇ ਬਿਆਨਾਂ ਦੇ ਆਧਾਰ 'ਤੇ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਰਾਜ ਪੱਧਰੀ ਖੇਡਾਂ ਵਿੱਚ ਹਰਮੇਸ਼ ਨੇ ਜਿੱਤਿਆ ਸਰਵੋਤਮ ਖਿਡਾਰੀ ਦਾ ਖਿਤਾਬ



**ਭੀਖੀ (ਧਰਮਵੀਰ ਸ਼ਰਮਾ)**

ਦਯਾਨੰਦ ਸਰਵਹਿਤਕਾਰੀ ਵਿੱਦਿਆ ਮੰਦਰ ਨਾਭਾ ਵਿੱਚ ਕਰਾਏ ਰਾਜ ਪੱਧਰੀ ਖੇਡ ਮੁਕਾਬਲਿਆਂ ਵਿੱਚ 100 ਮੀ, 400 ਮੀ., 800 ਮੀ., 1500 ਮੀ. ਦੌੜ, ਸ਼ਾਟਪੁੱਟ, ਡਿਸਕਸ ਥਰੋ, ਉੱਚੀ ਛਾਲ, ਲੰਬੀ ਛਾਲ, ਅੜਿੱਕਾ ਦੌੜ ਆਦਿ ਮੁੱਖ ਸਨ। ਰਾਜ ਪੱਧਰੀ ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਅੰਡਰ-19 ਉਮਰ ਵਰਗ ਦੇ ਹਰਮੇਸ਼ ਸਿੰਘ ਨੇ 800 ਮੀ. ਤੇ 1500 ਮੀ. ਦੌੜ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਇਸਦੇ ਨਾਲ ਹੀ ਇਸ ਵਿਦਿਆਰਥੀ ਨੇ ਸਰਵੋਤਮ ਖਿਡਾਰੀ ਦਾ ਖਿਤਾਬ ਵੀ ਹਾਸਲ ਕੀਤਾ। ਬਲਦੀਪ ਸਿੰਘ ਨੇ ਲੰਬੀ ਛਾਲ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਰੌਬਨਦੀਪ ਸਿੰਘ ਨੇ ਗੋਲ਼ਾ ਸੁੱਟਣ ਵਿੱਚ ਦੂਜਾ, ਕਮਲਦੀਪ ਸਿੰਘ ਨੇ ਅੜਿੱਕਾ ਦੌੜ ਵਿੱਚ ਦੂਜਾ ਤੇ ਰਾਜਵੀਰ ਸਿੰਘ ਨੇ 400 ਮੀ. ਦੌੜ ਵਿੱਚ ਦੂਜਾ ਸਥਾਨ ਹਾਸਲ ਕੀਤਾ। ਸ਼ਿਸ਼ੂ ਵਰਗ ਵਿੱਚ ਬਲਜੋਤ ਸਿੰਘ ਨੇ 100 ਮੀ. ਦੌੜ ਵਿੱਚ ਤੀਜਾ, ਹਰਮਨਦੀਪ ਸਿੰਘ ਨੇ ਲੰਬੀ ਛਾਲ ਮੁਕਾਬਲੇ ਵਿੱਚ ਤੀਜਾ, ਮਹਿਕਪ੍ਰੀਤ ਕੌਰ ਨੇ 200 ਮੀ. ਦੌੜ ਵਿੱਚ ਤੀਜਾ ਸਥਾਨ ਹਾਸਲ ਕੀਤਾ। ਇਨ੍ਹਾਂ ਵਿਦਿਆਰਥੀਆਂ ਨੂੰ ਸਵੇਰ ਦੀ ਸਭਾ ਵਿੱਚ ਸਕੂਲ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਦੁਆਰਾ ਸਨਮਾਨਤ ਕੀਤਾ ਗਿਆ ਅਤੇ ਉਨ੍ਹਾਂ ਦੀ ਇਸ ਪ੍ਰਾਪਤੀ ਉੱਤੇ, ਇਨ੍ਹਾਂ ਵਿਦਿਆਰਥੀਆਂ ਦੇ ਨਾਲ-ਨਾਲ ਸਰੀਰਿਕ ਸਿੱਖਿਆ ਦੇ ਅਧਿਆਪਕਾਂ ਗੁਰਦੀਪ ਸਿੰਘ, ਸੋਮਨਾਥ ਸ਼ਰਮਾ ਤੇ ਅਮਨਦੀਪ ਕੌਰ ਨੂੰ ਵਧਾਈ ਦਿੱਤੀ।

## ਸ੍ਰੀ ਸੁੰਦਰ ਕਾਂਡ ਪਾਠ ਸ਼ੁਰੂ ਹੋਣ 'ਤੇ ਕਲਸ਼ ਸ਼ੋਭਾ ਯਾਤਰਾ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਸ੍ਰੀ ਬਾਲਾ ਜੀ ਨਿਸ਼ਕਾਮ ਸੇਵਾ ਸੰਮਤੀ ਧੂਰੀ ਵੱਲੋਂ ਵਿਖੇ ਸ੍ਰੀ ਇੱਛਾਪੂਰਨ ਬਾਲਾ ਜੀ ਧਾਮ ਬਾਲਾ ਜੀ ਇੰਨਕਲੇਵ ਧੂਰੀ ਵਿਖੇ 31 ਅਕਤੂਬਰ ਤੋਂ 8 ਨਵੰਬਰ ਤੱਕ ਸ੍ਰੀ ਹਨੂਮਾਨ ਜੀ ਦੀ ਕਥਾ ਤੇ ਸ੍ਰੀ ਸੁੰਦਰ ਕਾਂਡ ਦੇ ਪਾਠ ਕਰਵਾਏ ਜਾਣਗੇ। ਇਸ ਸਬੰਧੀ ਅੱਜ ਸੰਮਤੀ ਵੱਲੋਂ ਪ੍ਰਧਾਨ ਸ਼ਿਵ ਕੁਮਾਰ ਦੀ ਅਗਵਾਈ ਹੇਠ ਸ਼ਹਿਰ ਅੰਦਰ ਵਿਸ਼ਾਲ ਕਲਸ਼ ਸ਼ੋਭਾ ਯਾਤਰਾ ਕੱਢੀ ਗਈ, ਜੋ ਸਥਾਨਕ ਸੰਗਰੂਰ ਵਾਲੀ ਕੋਠੀ ਤੋਂ ਸ਼ੁਰੂ ਹੋ ਕੇ ਵੱਖ-ਵੱਖ ਬਜ਼ਾਰਾਂ ਵਿੱਚੋਂ ਹੁੰਦੀ ਹੋਈ ਮੰਦਿਰ ਜਾ ਕੇ ਸਮਾਪਤ ਹੋਈ। ਰਸਤੇ ਵਿੱਚ ਦੁਕਾਨਦਾਰਾਂ ਤੇ ਸੰਗਤਾਂ ਵੱਲੋਂ ਸ਼ੋਭਾ ਯਾਤਰਾ ਦਾ ਭਰਵਾਂ ਤੇ ਨਿੱਘਾ ਸਵਾਗਤ ਕੀਤਾ ਗਿਆ। ਸੰਮਤੀ ਦੇ ਪ੍ਰਧਾਨ ਸ਼ਿਵ ਕੁਮਾਰ ਵੱਲੋਂ ਦਿੱਤੀ ਜਾਣਕਾਰੀ ਮੁਤਾਬਿਕ ਦੰਡੀ ਸਵਾਮੀ ਸ੍ਰੀ ਗਰੀਸ਼ ਆਸ਼ਰਮ ਜੀ ਮਹਾਰਾਜ ਤੇ ਕਥਾ ਵਿਆਸ ਅਚਾਰਿਆ ਵੇਦ ਪਕਾਸ਼ ਜੀ ਸੰਗਤਾਂ ਨੂੰ ਸੁੰਦਰ ਕਾਂਡ ਦੇ ਪਾਠ ਦੀ ਵਿਆਖਿਆ ਕਰਨਗੇ। ਇਸ ਮੌਕੇ ਨਗਰ ਕੌਂਸਲ ਦੀ ਪ੍ਰਧਾਨ ਪੁਸ਼ਪਾ ਰਾਣੀ ਤਾਇਲ, ਸਾਬਕਾ ਪ੍ਰਧਾਨ ਸੰਦੀਪ ਤਾਇਲ, ਵਪਾਰ ਮੰਡਲ ਪੰਜਾਬ ਦੇ ਸੂਬਾ ਐਕਟਿੰਗ ਪ੍ਰਧਾਨ ਵਿਕਾਸ ਜੈਨ, ਸਿਟੀ ਲਾਈਟ ਕਲੱਬ ਦੇ ਪ੍ਰਧਾਨ ਸੁਰੇਸ਼ ਬਾਂਸਲ, ਕੌਂਸਲਰ ਰਾਕੇਸ਼ ਚੌਧਰੀ, ਭਾਜਪਾ ਆਗੂ ਬਰਜੇਸ਼ਵਰ ਗੋਇਲ, ਪ੍ਰਦੀਪ ਗਰਗ, ਸਾਬਕਾ ਕੌਂਸਲਰ ਜਗਦੇਵ ਜਿੰਦਲ, ਪ੍ਰਲਾਦ ਕੁਮਾਰ ਆਰੀਆ, ਜਨਕ ਰਾਜ ਮੀਮਸਾ, ਮਦਨ ਲਾਲ, ਰਮੇਸ਼ ਕੁਮਾਰ ਆਦਿ ਹਾਜ਼ਰ ਸਨ।

## ਜਗਸੀਰ ਸਿੰਘ ਛੀਨੀਵਾਲ ਵੱਲੋਂ ਮੰਡੀਆਂ ਦਾ ਦੌਰਾ

ਭਾਕਿਯੂ ਕਾਦੀਆਂ ਦੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ ਵੱਲੋਂ ਆਪਣੇ ਸਾਥੀਆਂ ਸਮੇਤ ਮਾਰਕੀਟ ਕਮੇਟੀ ਅਧੀਨ ਪੈਂਦੇ ਖਰੀਦ ਕੇਂਦਰ ਮਹਿਲ ਕਲਾਂ ਸਮੇਤ ਦਰਜਨ ਦੇ ਕਰੀਬ ਵੱਖ-ਵੱਖ ਖਰੀਦ ਕੇਂਦਰਾਂ ਦਾ ਦੌਰਾ ਕਰ ਕੇ ਝੋਨੇ ਦੇ ਚੱਲ ਰਹੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਉਪਰੰਤ ਕਿਸਾਨਾਂ ਦੀਆਂ ਮੁਸ਼ਕਲਾਂ ਨੂੰ ਸੁਣਿਆ। ਇਸ ਮੌਕੇ ਆਗੂਆਂ ਵੱਲੋਂ ਮਾਰਕੀਟ ਕਮੇਟੀ ਦੇ ਅਧਿਕਾਰੀਆਂ ਦੀ ਹਾਜ਼ਰੀ ਵਿੱਚ ਤੋਲ ਵੀ ਚੈੱਕ ਕੀਤੇ ਗਏ। ਜ਼ਿਲ੍ਹਾ ਪ੍ਰਧਾਨ ਛੀਨੀਵਾਲ ਨੇ ਕਿਹਾ ਕਿ ਕਿਸਾਨਾਂ ਵੱਲੋਂ ਪੁੱਤਾਂ ਵਾਂਗ ਪਾਲ ਕੇ ਖਰੀਦ ਕੇਂਦਰਾਂ ਵਿੱਚ ਲਿਆਂਦੀ ਜਿਣਸ ਦੀ ਸਹੀ ਖ਼ਰੀਦ ਕਰਨ ਅਤੇ ਕਿਸਾਨਾਂ ਦੀ ਤਸੱਲੀ ਲਈ ਪੰਜਾਬ ਸਰਕਾਰ ਅਤੇ ਮੰਡੀ ਬੋਰਡ ਵਲੋਂ ਹਰ ਅਨਾਜ ਮੰਡੀ 'ਚ ਤੱਕੜ ਲਾਏ ਜਾਣ। ਉਨ੍ਹਾਂ ਕਿਹਾ ਕਿ ਸੂਬਾ ਪ੍ਰਧਾਨ ਹਰਮੀਤ ਸਿੰਘ ਕਾਦੀਆਂ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਅੰਦਰ ਝੋਨੇ ਦੀ ਖ਼ਰੀਦ ਦੇ ਚੱਲ ਰਹੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਉਪਰੰਤ ਕਿਸਾਨਾਂ ਕੋਲ ਬੈਠ ਕੇ ਦਰਪੇਸ਼ ਮੁਸ਼ਕਲਾਂ ਨੂੰ ਸੁਣਿਆ ਜਾ ਰਿਹਾ ਹੈ। ਤੁਰੰਤ ਹੀ ਸਬੰਧਤ ਮਹਿਕਮੇ ਦੇ ਧਿਆਨ 'ਚ ਲਿਆ ਕੇ ਹੱਲ ਕਰਾਇਆ ਜਾ ਰਿਹਾ ਹੈ। ਇਸ ਮੌਕੇ ਬਲਾਕ ਪ੍ਰਧਾਨ ਗੁਰਧਿਆਨ ਸਿੰਘ ਸਹਿਜੜਾ ਲੇਖਾਕਾਰ ਰਜਿੰਦਰ ਸਿੰਘ ਛੀਨੀਵਾਲ, ਸੂਬੇਦਾਰ ਹਰਮੰਦਰ ਸਿੰਘ, ਹਰਬੰਸ ਸਿੰਘ, ਸੁਰਿੰਦਰ ਸਿੰਘ ਵਜੀਦਕੇ, ਜਸਪ੍ਰੀਤ ਸਿੰਘ, ਸਤਿਨਾਮ ਸਿੰਘ ਆਦਿ ਹਾਜ਼ਰ ਸਨ।



## ਕਿਸਾਨਾਂ ਨੂੰ ਸੁਰੱਖਿਅਤ ਛਿੜਕਾਅ ਤਕਨੀਕਾਂ ਬਾਰੇ ਦਿੱਤੀ ਜਾਣਕਾਰੀ



**ਬਠਿੰਡਾ (ਪਰਮਿੰਦਰਜੀਤ ਸਿੰਘ)**-ਕਿਸਾਨਾਂ ਨੂੰ ਸੁਰੱਖਿਅਤ ਛਿੜਕਾਅ ਬਾਰੇ ਜਾਗਰੂਕ ਕਰਨ ਤੇ ਇਸ ਦੇ ਨਾਲ ਹੀ ਆਪਣੀ ਆਮਦਨ ਵਧਾਉਣ ਲਈ ਰੂਟਸ ਫਾਊਂਡੇਸ਼ਨ ਸੰਸਥਾ ਦੀ ਤਰਫੋਂ ਸਹਿਯੋਗੀ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ। ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਡਾ: ਅਮਰਜੀਤ ਸਿੰਘ, ਪੰਜਾਬੀ ਖੇਤੀਬਾੜੀ ਯੂਨੀਵਰਸਿਟੀ ਦੇ ਵਿਗਿਆਨੀ ਡਾ: ਮਹੇਸ਼ ਕੁਮਾਰ, ਸੰਸਥਾ ਦੇ ਸੰਸਥਾਪਕ ਰਿਤਵਿਕ ਬਹੁਗੁਣਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਦੇ ਨਾਲ ਹੀ ਪ੍ਰੋਗਰਾਮ ਦੌਰਾਨ ਕਿਸਾਨਾਂ ਨੂੰ ਪ੍ਰੋਜੈਕਟ (ਬੂਮ ਸਪਰੇਅਰ) ਵਿੱਚ ਕੁਸ਼ਲ ਸਪਰੇਅ ਕਰਨ ਵਾਲੇ ਉਪਕਰਨ ਮੁਹੱਈਆ ਕਰਵਾਏ ਗਏ। ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਡਾ: ਅਮਰਜੀਤ ਸਿੰਘ ਨੇ ਕਿਸਾਨਾਂ ਨੂੰ ਵੱਖ-ਵੱਖ ਸਕੀਮਾਂ ਸਬੰਧੀ ਜਾਣਕਾਰੀ ਦਿੱਤੀ ਤੇ ਸੁਰੱਖਿਅਤ ਤਕਨੀਕ ਨਾਲ ਸਪਰੇਅ ਕਰਨ ਬਾਰੇ ਵੀ ਦੱਸਿਆ, ਤਾਂ ਜੋ ਛਿੜਕਾਅ ਦੌਰਾਨ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਿਆ ਜਾ ਸਕੇ। ਇਸ ਦੇ ਨਾਲ ਹੀ ਵਿਗਿਆਨੀ ਡਾ: ਮਹੇਸ਼ ਕੁਮਾਰ ਨੇ ਵੀ ਛਿੜਕਾਅ ਦੀ ਤਕਨੀਕ ਬਾਰੇ ਜਾਣਕਾਰੀ ਦਿੱਤੀ। ਸੰਸਥਾ ਦੇ ਸੰਸਥਾਪਕ ਰਿਤਵਿਕ ਬਹੁਗੁਣਾ ਨੇ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਵੱਲੋਂ ਕਿਸਾਨਾਂ ਨੂੰ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾ ਦੱਸਿਆ ਕਿ ਪੰਜਾਬ ਤੇ ਹਰਿਆਣਾ ਦੇ ਚੁਣੇ ਹੋਏ ਜ਼ਿਲ੍ਹਿਆਂ ਵਿੱਚ 5000 ਤੋਂ ਵੱਧ ਕਿਸਾਨ ਤੇ ਬਿਨੈਕਾਰ ਅਸਿੱਧੇ ਤੌਰ 'ਤੇ ਲਾਭਪਾਤਰੀ ਹੋਣਗੇ, ਜਿਨ੍ਹਾਂ ਨੂੰ ਇਸ ਯੰਤਰ ਦੇ ਲਾਭਾਂ ਬਾਰੇ ਜਾਣੂ ਕਰਵਾਇਆ ਜਾਵੇਗਾ। ਪ੍ਰੋਜੈਕਟ ਸਹਿਯੋਗ ਕਿਸਾਨਾਂ ਲਈ ਘੱਟ ਖੇਤੀ-ਰਸਾਇਣਕ ਸਿਹਤ ਖਤਰਿਆਂ ਨੂੰ ਖਤਮ ਕਰਨ ਅਤੇ ਮਿੱਟੀ ਤੇ ਵਾਤਾਵਰਣ 'ਤੇ ਮਾੜੇ ਪ੍ਰਭਾਵ ਨੂੰ ਘੱਟ ਕਰਨ ਬਾਰੇ ਹੈ। ਉਨ੍ਹਾ ਕਿਹਾ ਕਿ ਪ੍ਰੋਜੈਕਟ ਦਾ ਉਦੇਸ਼ ਇਨ੍ਹਾਂ ਕਿਸਾਨਾਂ ਦੀ ਆਮਦਨ ਵਧਾਉਣਾ ਵੀ ਹੈ। ਇਸ ਮੌਕੇ ਪੀ ਆਈ ਇੰਡਸਟਰੀਜ਼ ਦੇ ਨੁਮਾਇੰਦੇ ਦੁਸ਼ਯੰਤ ਸੂਦ ਤੇ ਮਨੋਜ ਭੰਡਾਰੀ ਵੀ ਮੌਜੂਦ ਸਨ।

# ਗੈਸ ਨਾਲ ਕਈ ਮਜ਼ਦੂਰ ਬੇਹੋਸ਼



**ਲੁਧਿਆਣਾ** : ਗਿਆਸਪੁਰਾ 'ਚ ਆਕਸੀਜਨ ਬਣਾਉਣ ਵਾਲੀ ਫੈਕਟਰੀ 'ਚ ਮੰਗਲਵਾਰ ਸਵੇਰੇ ਗੈਸ ਲੀਕ ਹੋਣ ਕਾਰਨ ਫੈਕਟਰੀ ਤੇ ਨਾਲ ਵਾਲੀ ਫੈਕਟਰੀ 'ਚ ਕੰਮ ਕਰਨ ਵਾਲੇ ਕਈ ਲੋਕ ਬੇਹੋਸ਼ ਹੋ ਗਏ।

ਦਿਨੇਸ਼ ਨਾਂਅ ਦੇ ਵਿਅਕਤੀ ਨੇ ਦੱਸਿਆ ਕਿ ਗੈਸ ਨੂੰ ਟੈਂਕਰ ਵਿੱਚੋਂ ਫੈਕਟਰੀ ਦੇ ਟੈਂਕਰ 'ਚ ਤਬਦੀਲ ਕੀਤਾ ਜਾ ਰਿਹਾ ਸੀ ਕਿ ਅਚਾਨਕ ਗੈਸ ਲੀਕ ਹੋ ਗਈ।

# ਸੁਖਬੀਰ, ਬਾਦਲ ਤੇ ਚੀਮਾ ਨੂੰ ਰਾਹਤ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਹੋਰਨਾਂ ਖਿਲਾਫ ਧੋਖਾਧੜੀ ਦੇ ਮਾਮਲੇ 'ਚ ਹੇਠਲੀ ਅਦਾਲਤ 'ਚ ਸੁਣਵਾਈ 'ਤੇ ਰੋਕ ਲਾ ਦਿੱਤੀ ਹੈ। ਦੋਸ਼ ਹੈ ਕਿ ਉਨ੍ਹਾ ਦੀ ਪਾਰਟੀ ਨੇ ਭਾਰਤੀ ਚੋਣ ਕਮਿਸ਼ਨ ਤੋਂ ਮਾਨਤਾ ਲੈਣ ਲਈ ਝੂਠਾ ਹਲਫਨਾਮਾ ਪੇਸ਼ ਕੀਤਾ ਸੀ।

ਹੁਸ਼ਿਆਰਪੁਰ ਵਾਸੀ ਬਲਵੰਤ ਸਿੰਘ ਖੇੜਾ ਨੇ ਐਡੀਸ਼ਨਲ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਹੁਸ਼ਿਆਰਪੁਰ ਦੀ ਅਦਾਲਤ ਵਿਚ 2009 ਵਿਚ ਫੌਜਦਾਰੀ ਕੇਸ ਦਾਇਰ ਕਰ ਕੇ ਅਕਾਲੀ ਦਲ 'ਤੇ ਦੋ ਸੰਵਿਧਾਨ ਰੱਖਣ ਦੇ ਦੋਸ਼ ਲਗਾਏ ਸਨ ਤੇ ਕਿਹਾ ਸੀ ਕਿ ਗੁਰਦੁਆਰਾ ਚੋਣ ਕਮਿਸ਼ਨ ਕੋਲ ਵੱਖਰਾ ਸੰਵਿਧਾਨ ਦਿੱਤਾ ਹੈ ਅਤੇ ਭਾਰਤੀ ਚੋਣ ਕਮਿਸ਼ਨ ਕੋਲੋਂ ਮਾਨਤਾ ਲੈਣ ਲਈ ਵੱਖਰਾ ਸੰਵਿਧਾਨ ਪੇਸ਼ ਕੀਤਾ ਗਿਆ ਤੇ ਹਲਫੀਆ ਬਿਆਨ ਦਿੱਤਾ ਗਿਆ ਕਿ ਪਾਰਟੀ ਸੰਵਿਧਾਨ ਵਿਚ ਅੰਕਿਤ ਧਰਮ ਨਿਰਪੱਖਤਾ ਦੇ ਸਿਧਾਂਤਾਂ ਦੀ ਪਾਲਣਾ ਕਰੇਗੀ, ਜਦੋਂ ਕਿ ਇਸ ਵੱਲੋਂ ਧਾਰਮਕ ਪਾਰਟੀ ਵਜੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲੜੀਆਂ ਜਾਂਦੀਆਂ ਹਨ। ਅਕਾਲੀ ਆਗੂਆਂ ਵੱਲੋਂ ਪੇਸ਼ ਵਕੀਲਾਂ ਨੇ ਦਲੀਲ ਦਿੱਤੀ ਕਿ ਧਾਰਮਕ ਚੋਣਾਂ ਧਰਮ ਨਿਰਪੱਖਤਾ ਦੇ ਸਿਧਾਂਤਾਂ ਦੇ ਉਲਟ ਨਹੀਂ ਹਨ, ਕਿਉਂਕਿ ਇਕ ਸਿਆਸੀ ਪਾਰਟੀ ਗੁਰਦੁਆਰਾ ਕਮੇਟੀ ਦੀਆਂ ਚੋਣਾਂ ਲੜਦੀ ਹੈ, ਇਸ ਦਾ ਇਹ ਮਤਲਬ ਨਹੀਂ ਹੈ ਕਿ ਉਹ ਧਰਮ ਨਿਰਪੱਖ ਨਹੀਂ ਹੈ।

ਇਸ ਲਈ ਪਾਰਟੀ ਵੱਲੋਂ ਭਾਰਤੀ ਚੋਣ ਕਮਿਸ਼ਨ ਤੇ ਗੁਰਦੁਆਰਾ ਚੋਣ ਕਮਿਸ਼ਨ ਕੋਲ ਪੇਸ਼ ਸੰਵਿਧਾਨ ਨੂੰ ਲੈ ਕੇ ਜਾਲ੍ਹਸਾਜ਼ੀ ਤੇ ਧੋਖਾਧੜੀ ਦੇ ਦੋਸ਼ ਲਗਾ ਕੇ ਕੇਸ ਕਰਨ ਦਾ ਕੋਈ ਤੁੱਕ ਨਹੀਂ ਬਣਦਾ। ਜਸਟਿਸ ਐੱਸ ਅਬਦੁਲ ਨਜ਼ੀਰ ਤੇ ਜਸਟਿਸ ਵੀ ਸੁਬਰਾਮਨੀਅਮ ਦੀ ਬੈਂਚ ਨੇ ਫੌਜਦਾਰੀ ਕੇਸ ਖਾਰਜ ਕਰਨ ਦੀ ਮੰਗ ਕਰਦੀਆਂ ਪਟੀਸ਼ਨਾਂ 'ਤੇ ਸੁਣਵਾਈ ਕੀਤੀ ਅਤੇ ਨੋਟਿਸ ਜਾਰੀ ਕਰਦਿਆਂ ਐਡੀਸ਼ਨਲ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਹੁਸ਼ਿਆਰਪੁਰ ਦੀ ਅਦਾਲਤ ਵਿਚ ਸੁਖਬੀਰ ਸਿੰਘ ਬਾਦਲ, ਪ੍ਰਕਾਸ ਸਿੰਘ ਬਾਦਲ ਤੇ ਡਾ. ਦਲਜੀਤ ਸਿੰਘ ਚੀਮਾ ਵਿਰੁੱਧ ਚੱਲ ਰਹੀ ਫੌਜਦਾਰੀ ਸ਼ਿਕਾਇਤ ਦੀ ਸੁਣਵਾਈ 'ਤੇ ਰੋਕ ਲਗਾ ਦਿੱਤੀ।

# ਸ਼ਰਾਬ ਦੇ ਸ਼ੌਕੀਨ ਬਾਂਦਰ



**ਰਾਏ ਬਰੇਲੀ** : ਯੂ ਪੀ ਦੇ ਇਸ ਜ਼ਿਲ੍ਹੇ ਵਿਚ ਸ਼ਰਾਬ ਦੇ ਸ਼ੌਕੀਨ ਬਾਂਦਰਾਂ ਨੇ ਕਾਫੀ ਖਰੂਦ ਮਚਾਇਆ ਹੋਇਆ ਹੈ।

ਉਹ ਠੇਕਿਆਂ ਵਿਚ ਵੜ ਕੇ ਬੋਤਲਾਂ ਚੁੱਕ ਲੈਂਦੇ ਹਨ ਤੇ ਖਰੀਦਦਾਰਾਂ ਤੋਂ ਖੋਹ ਲੈਂਦੇ ਹਨ। ਅੱਜਕੱਲ੍ਹ ਇਕ ਬਾਂਦਰ ਦੀ ਬੀਅਰ ਪੀਂਦੇ ਦੀ ਵੀਡੀਓ ਵਾਇਰਲ ਹੋਈ ਹੈ। ਇੱਕ ਠੇਕੇਦਾਰ ਨੇ ਕਿਹਾ ਕਿ ਰੋਕੋ ਤਾਂ ਵੱਢਣ ਨੂੰ ਪੈਂਦੇ ਹਨ।

## ਬਲਾਕ ਪੱਧਰੀ ਵਿਗਿਆਨ ਪ੍ਰਦਰਸ਼ਨੀ 'ਚ ਸਰਕਾਰੀ ਸੀਨੀ. ਸੈਕੰ. ਸਕੂਲ ਸ਼ਕੂਰ ਅੱਵਲ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਰਾਜ ਵਿੱਦਿਅਕ ਖੋਜ ਤੇ ਸਿਖਲਾਈ ਪ੍ਰੀਸ਼ਦ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਤੇ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਚਮਕੌਰ ਸਿੰਘ, ਉੱਪ ਜ਼ਿਲ੍ਹਾ ਸਿੱਖਿਆ ਅਫਸਰ ਕੋਮਲ ਅਰੋੜਾ, ਡੀ ਐੱਮ ਵਿਗਿਆਨ ਉਮੇਸ਼ ਕੁਮਾਰ ਸਟੇਟ ਐਵਾਰਡੀ ਦੀ ਅਗਵਾਈ ਵਿੱਚ ਸਾਲ 2022-23 ਆਰ ਏ ਏ ਅਧੀਨ ਬਲਾਕ ਪੱਧਰੀ ਵਿਗਿਆਨ ਪ੍ਰਦਰਸ਼ਨੀ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਲੂੰਬੜੀ ਵਾਲਾ ਵਿਖੇ ਪ੍ਰਿੰਸੀਪਲ ਮਨਜੀਤ ਕੌਰ ਦੀ ਦੇਖ-ਰੇਖ ਵਿੱਚ ਲਗਵਾਈ ਗਈ। ਇਸ ਪ੍ਰਦਰਸ਼ਨੀ ਵਿੱਚ ਮੁੱਖ ਮਹਿਮਾਨ ਦੇ ਰੂਪ ਵਿੱਚ ਬਲਾਕ ਨੋਡਲ ਅਫਸਰ ਰੁਪਿੰਦਰ ਕੌਰ ਨੇ ਸ਼ਿਰਕਤ ਕੀਤੀ। ਪ੍ਰਿੰਸੀਪਲ ਪੂਨਮ ਕਾਲੜਾ ਵਿਸ਼ੇਸ਼ ਮਹਿਮਾਨ ਰਹੇ। ਉਨ੍ਹਾ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਦੱਸਿਆ ਕਿ ਕਿਵੇਂ ਅਜਿਹੇ ਵਿਗਿਆਨ ਮੁਕਾਬਲੇ ਵਿਦਿਆਰਥੀਆਂ ਨੂੰ ਅੰਧ-ਵਿਸ਼ਵਾਸਾਂ ਤੋਂ ਦੂਰ ਕਰਕੇ ਉਨ੍ਹਾਂ ਵਿੱਚ ਵਿਗਿਆਨਕ ਦ੍ਰਿਸ਼ਟੀਕੋਣ ਪੈਦਾ ਕਰਦੇ ਹਨ। ਨੋਡਲ ਅਫਸਰ ਲੈਕਚਰਾਰ ਸੁਨੀਤਾ, ਪ੍ਰੋਜੈਕਟ ਇੰਚਾਰਜ ਲਖਵਿੰਦਰ ਸਿੰਘ, ਬੀ ਐੱਮ ਵਿਗਿਆਨ ਗੁਰਪ੍ਰੀਤ ਸਿੰਘ, ਬੀ ਐੱਮ ਇੰਗਲਿਸ਼ ਧਰਮਜੀਤ ਸਿੰਘ ਤੇ ਬੀ ਐੱਮ ਗਣਿਤ ਗੁਰਦੇਵ ਸਿੰਘ ਨੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿੱਚ ਬਲਾਕ ਤੋਂ 29 ਟੀਮਾਂ ਨੇ ਹਿੱਸਾ ਲਿਆ ਤੇ ਨੰਨ੍ਹੇ ਬਾਲ ਵਿਗਿਆਨਕਾਂ ਨੇ ਆਪਣੇ ਮਾਡਲਾਂ ਰਾਹੀਂ ਸਭ ਨੂੰ ਪ੍ਰਭਾਵਿਤ ਕੀਤਾ। ਸਰਕਾਰੀ ਹਾਈ ਮਿਸਰੀਵਾਲਾ ਕੁਇੱਜ਼ ਜੂਨੀਅਰ ਲੈਵਲ 'ਤੇ ਅੱਵਲ ਰਿਹਾ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸ਼ਕੂਰ ਸੀਨੀਅਰ ਲੈਵਲ 'ਤੇ ਮੋਢੀ ਰਿਹਾ। ਸੀਨੀਅਰ ਵਿੱਚ ਰਾਜਿੰਦਰ ਸਿੰਘ ਤੇ ਜੂਨੀਅਰ ਵਰਗ ਵਿੱਚ ਅਮਨਪ੍ਰੀਤ ਕੌਰ ਪਹਿਲਾ ਸਥਾਨ ਪ੍ਰਾਪਤ ਕੀਤਾ। ਜੂਨੀਅਰ ਪੱਧਰ 'ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸ਼ੇਰਖਾਂ ਦੇ ਸੁਖਪ੍ਰੀਤ ਸਿੰਘ ਨੇ ਦੂਜਾ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੂੰਬੜੀ ਵਾਲਾ ਦੇ ਕਿਰਪਾ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਜੱਜਮੈਂਟ ਦੀ ਜ਼ਿੰਮੇਵਾਰੀ ਲੈਕਚਰਾਰ ਦਵਿੰਦਰ ਨਾਥ, ਲੈਕ. ਸੰਜੀਵ ਵਰਮਾਨੀ, ਲੈਕ. ਗੌਰਵ ਭੱਲਾ ਤੇ ਨਿਧੀ ਸ਼ਰਮਾ ਨੇ ਨਿਭਾਈ। ਪ੍ਰਿੰਸੀਪਲ ਸੁਨੀਤਾ, ਪ੍ਰਿੰਸੀਪਲ ਸ਼ਾਲੂ ਰਤਨ, ਪ੍ਰਿੰਸੀਪਲ ਪੂਨਮ ਕਾਲੜਾ, ਪ੍ਰਿੰਸੀਪਲ ਮਨਜੀਤ ਕੌਰ, ਪ੍ਰਿੰਸੀਪਲ ਮੋਨਿਕਾ, ਪ੍ਰਿੰਸੀਪਲ ਗੁਰਪ੍ਰੀਤ ਸਿੰਘ, ਪ੍ਰਿੰਸੀਪਲ ਰਾਣੀ ਗੁਪਤਾ, ਹੈੱਡਮਾਸਟਰ ਗੁਰਦੇਵ ਸਿੰਘ, ਹੈੱਡ ਮਿਸਟ੍ਰੈੱਸ ਪਰਵੀਨ ਬਾਲਾ, ਹੈੱਡ ਮਿਸਟ੍ਰੈੱਸ ਸੁਖਬੀਰ ਕੌਰ, ਸਕੂਲ ਮੁਖੀ ਮਨਦੀਪ ਕੌਰ, ਸਕੂਲ ਇੰਚਾਰਜ ਵਿਕਾਸ ਮਹਿਤਾ, ਸਕੂਲ ਇੰਚਾਰਜ ਗੁਰਸ਼ਰਨ ਕੌਰ, ਸਕੂਲ ਇੰਚਾਰਜ ਸੰਜੀਵ ਗੁਪਤਾ, ਸਕੂਲ ਇੰਚਾਰਜ ਬਾਲ ਕ੍ਰਿਸ਼ਨ ਸਿੰਘ, ਸਕੂਲ ਇੰਚਾਰਜ ਭੁਪਿੰਦਰ ਸ਼ਰਮਾ, ਸਕੂਲ ਇੰਚਾਰਜ ਗੁਲਸ਼ਨ ਕੁਮਾਰੀ, ਸਕੂਲ ਇੰਚਾਰਜ ਰਜਿੰਦਰ ਕੁਮਾਰ, ਸਕੂਲ ਇੰਚਾਰਜ ਜੋਤੀ, ਲੈਕਚਰਾਰ ਸੁਖਮੀਤ ਸਿੰਘ, ਨਵੀਨ ਸ਼ਰਮਾ, ਬੀ ਐੱਮ ਸਾਇੰਸ ਗੁਰਪ੍ਰੀਤ ਸਿੰਘ, ਬੀ ਐੱਮ ਮੈਥ ਗੁਰਦੇਵ ਸਿੰਘ, ਬੀ ਐੱਮ ਅੰਗਰੇਜੀ ਧਰਮਜੀਤ ਸਿੰਘ, ਬੀ ਐੱਮ ਹਿੰਦੀ ਮੋਨਿਕਾ ਰਾਣੀ, ਬੀਐੱਮ ਪੰਜਾਬੀ ਗੁਰਦੇਵ ਸਿੰਘ, ਬੀ ਐੱਮ ਕੰਪਿਊਟਰ ਮਨੀਸ਼ ਕੁਮਾਰ, ਬੀ ਐੱਮ ਸਾਇੰਸ ਅਮਿਤ ਕੁਮਾਰ, ਡੀਐੱਮ ਕੰਪਿਊਟਰ ਹਰਜੀਤ ਸਿੰਘ, ਡੀ ਐੱਮ ਸਰੀਰਕ ਸਿੱਖਿਆ ਅਕਸ਼ ਕੁਮਾਰ, ਮੀਡੀਆ ਕੋਆਰਡੀਨੇਟਰ ਕਮਲ ਸ਼ਰਮਾ ਨੇ ਆਪਣਾ ਯੋਗਦਾਨ ਦਿੱਤਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**
ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web : www.nawanzamana.in**

2-NOV-PAGE-1-2.qxd 11/1/2022 10:41 PM Page 1


ਬੁੱਧਵਾਰ, 2 ਨਵੰਬਰ, 2022

17 ਕੱਤਕ { ਨਾਨਕਸ਼ਾਹੀ 554 / ਬਿਕਰਮੀ 2079

ਜਿਲਦ/VOL. : 71

ਅੰਕ/NO. : 152

# ਨਵਾਂ ਜ਼ਮਾਨਾ

DAILY NAWAN ZAMANA • WEDNESDAY, 2 NOVEMBER, 2022 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12


## ਜੀ ਐੱਸ ਟੀ ਉਗਰਾਹੀ ਡੇਢ ਲੱਖ ਕਰੋੜ ਤੋਂ ਟੱਪੀ

**ਨਵੀਂ ਦਿੱਲੀ** : ਕੇਂਦਰੀ ਵਿੱਤ ਮੰਤਰਾਲੇ ਨੇ ਕਿਹਾ ਹੈ ਕਿ ਅਕਤੂਬਰ 'ਚ ਜੀ ਐੱਸ ਟੀ ਉਗਰਾਹੀ 16.6 ਫੀਸਦੀ ਵਧ ਕੇ 1.52 ਲੱਖ ਕਰੋੜ ਰੁਪਏ ਹੋ ਗਈ।

## ਸਲਮਾਨ ਨੂੰ ਵਾਈ ਪਲੱਸ ਸਕਿਉਰਟੀ

**ਮੁੰਬਈ** : ਸਲਮਾਨ ਖਾਨ, ਜਿਸ ਨੇ ਪਹਿਲਾਂ ਸਵੈ-ਸੁਰੱਖਿਆ ਲਈ ਹਥਿਆਰ ਦੇ ਲਾਇਸੈਂਸ ਲਈ ਅਰਜ਼ੀ ਦਿੱਤੀ ਸੀ, ਨੂੰ ਹੁਣ ਮੁੰਬਈ ਪੁਲਸ ਵੱਲੋਂ ਵਾਈ ਪਲੱਸ ਸ਼੍ਰੇਣੀ ਸੁਰੱਖਿਆ ਪ੍ਰਦਾਨ ਕੀਤੀ ਜਾਵੇਗੀ। ਮਹਾਰਾਸ਼ਟਰ ਸਰਕਾਰ ਨੇ ਇਹ ਕਦਮ ਉਸ ਨੂੰ ਲਾਰੈਂਸ ਬਿਸ਼ਨੋਈ ਗੈਂਗ ਵੱਲੋਂ ਧਮਕੀ ਪੱਤਰ ਮਿਲਣ ਤੋਂ ਬਾਅਦ ਚੁੱਕਿਆ ਹੈ।

## ਸਟੀਲਮੈਨ ਦਾ ਦੇਹਾਂਤ



**ਨਵੀਂ ਦਿੱਲੀ** : ਟਾਟਾ ਸਟੀਲ ਦੇ ਸਾਬਕਾ ਮੈਨੇਜਿੰਗ ਡਾਇਰੈਕਟਰ ਅਤੇ ਭਾਰਤ ਦੇ 'ਸਟੀਲਮੈਨ' ਵਜੋਂ ਜਾਣੇ ਜਾਂਦੇ ਜਮਸ਼ੇਦ ਜੇ ਇਰਾਨੀ (86) ਦੀ ਸੋਮਵਾਰ ਰਾਤ ਜਮਸ਼ੇਦਪੁਰ 'ਚ ਮੌਤ ਹੋ ਗਈ। ਇਰਾਨੀ ਚਾਰ ਦਹਾਕਿਆਂ ਤੋਂ ਵੱਧ ਟਾਟਾ ਸਟੀਲ ਨਾਲ ਜੁੜੇ ਰਹੇ। ਉਹ ਜੂਨ 2011 'ਚ ਟਾਟਾ ਸਟੀਲ ਦੇ ਬੋਰਡ ਤੋਂ ਸੇਵਾਮੁਕਤ ਹੋਏ ਸਨ।

## 'ਆਪ' ਨੇਤਾ 'ਤੇ ਸਨਸਨੀਖੇਜ਼ ਦੋਸ਼

**ਨਵੀਂ ਦਿੱਲੀ** : ਜੇਲ੍ਹ 'ਚ ਬੰਦ ਠੱਗ ਸੁਕੇਸ਼ ਚੰਦਰਸ਼ੇਖਰ ਨੇ ਦਿੱਲੀ ਦੇ ਉਪ ਰਾਜਪਾਲ ਨੂੰ ਪੱਤਰ ਲਿਖ ਕੇ ਦੋਸ਼ ਲਾਇਆ ਹੈ ਕਿ ਆਮ ਆਦਮੀ ਪਾਰਟੀ ਦੇ ਆਗੂ ਸਤੇਂਦਰ ਜੈਨ ਨੇ ਜੇਲ੍ਹ 'ਚ ਉਸ ਦੀ ਸੁਰੱਖਿਆ ਯਕੀਨੀ ਬਣਾਉਣ ਲਈ 2019 'ਚ 10 ਕਰੋੜ ਰੁਪਏ ਵਸੂਲੇ ਸਨ। ਚੰਦਰਸ਼ੇਖਰ ਦੇ ਵਕੀਲ ਨੇ ਮੰਗਲਵਾਰ ਇਹ ਜਾਣਕਾਰੀ ਦਿੱਤੀ। ਚੰਦਰਸ਼ੇਖਰ ਇੱਥੋਂ ਦੀ ਮੰਡੋਲੀ ਜੇਲ੍ਹ 'ਚ ਬੰਦ ਹੈ ਅਤੇ ਉਸ ਨੇ 7 ਅਕਤੂਬਰ ਨੂੰ ਪੱਤਰ ਲਿਖਿਆ ਸੀ। ਇਸੇ ਦੌਰਾਨ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਕਿਹਾ ਹੈ ਕਿ ਚੰਦਰਸੇਖਰ ਦਾ ਇਹ ਦੋਸ਼ ਮੋਰਬੀ ਘਟਨਾ ਤੋਂ ਧਿਆਨ ਹਟਾਉਣ ਦੀ ਕੋਸ਼ਿਸ਼ ਹੈ।

## ਕਮਰਸ਼ੀਅਲ ਗੈਸ ਸਿਲੰਡਰ ਇਕ ਸੌ ਸਾਢੇ ਪੰਦਰਾਂ ਰੁਪਏ ਘਟਿਆ

**ਨਵੀਂ ਦਿੱਲੀ** : ਹਵਾਈ ਜਹਾਜ਼ਾਂ ਦੇ ਤੇਲ (ਏ ਟੀ ਐੱਫ) ਦੀ ਕੀਮਤ 'ਚ ਮੰਗਲਵਾਰ 4.2 ਫੀਸਦੀ ਦਾ ਵਾਧਾ ਕੀਤਾ ਗਿਆ, ਪਰ ਹੋਟਲਾਂ ਅਤੇ ਰੈਸਟੋਰੈਂਟਾਂ 'ਚ ਵਰਤੇ ਜਾਣ ਵਾਲੇ 19 ਕਿੱਲੋ ਦੇ ਵਪਾਰਕ ਐੱਲ ਪੀ ਜੀ ਸਿਲੰਡਰ ਦੀ ਕੀਮਤ 'ਚ 115.5 ਰੁਪਏ ਦੀ ਕਟੌਤੀ ਕੀਤੀ ਗਈ। ਏ ਟੀ ਐੱਫ ਦੀ ਕੀਮਤ 'ਚ 4,842.37 ਰੁਪਏ ਪ੍ਰਤੀ ਕਿਲੋਲੀਟਰ ਵਾਧੇ ਨਾਲ ਇਹ ਹੁਣ 120,362.64 ਰੁਪਏ ਪ੍ਰਤੀ ਕਿਲੋਲੀਟਰ ਹੋ ਗਈ ਹੈ। ਰਸੋਈ 'ਚ ਵਰਤੀ ਜਾਣ ਵਾਲੀ ਐੱਲ ਪੀ ਜੀ ਦੀਆਂ ਦਰਾਂ 1,053 ਰੁਪਏ ਪ੍ਰਤੀ 14.2-ਕਿੱਲੋ ਸਿਲੰਡਰ 'ਤੇ ਬਰਕਰਾਰ ਹਨ।

## ਨਾਭਾ ਜੇਲ੍ਹ 'ਚ 300 ਕੈਦੀ ਕਾਲੇ ਪੀਲੀਏ ਦਾ ਸ਼ਿਕਾਰ

**ਨਾਭਾ** : ਇੱਥੋਂ ਦੀ ਜੇਲ੍ਹ 'ਚ 300 ਕੈਦੀ ਹੈਪੇਟਾਈਟਿਸ (ਕਾਲੇ ਪੀਲੀਏ) ਦੀ ਲਪੇਟ ਆ ਗਏ ਦੱਸੇ ਜਾਂਦੇ ਹਨ। 250 ਤੋਂ ਵੱਧ ਕੈਦੀ ਹੈਪੇਟਾਈਟਿਸ ਸੀ ਤੇ ਬਾਕੀ ਹੈਪੇਟਾਈਟਿਸ ਬੀ ਵਾਇਰਸ ਤੋਂ ਪੀੜਤ ਹਨ। ਜੇਲ੍ਹ ਸੁਪਰਡੈਂਟ ਰਮਨਜੀਤ ਸਿੰਘ ਭੰਗੂ ਨੇ ਇਸ ਦੀ ਪੁਸ਼ਟੀ ਕਰਦੇ ਹੋਏ ਦੱਸਿਆ ਕਿ ਪਾਜ਼ੀਟਿਵ ਕੈਦੀਆਂ ਦੇ ਰੋਗ ਦੀ ਅਗਲੀ ਪੜਤਾਲ ਲਈ ਖ਼ੂਨ ਦੇ ਸੈਂਪਲ ਭੇਜੇ ਜਾ ਰਹੇ ਹਨ ਤੇ ਨਤੀਜੇ ਆਉਣ 'ਤੇ ਲੋੜੀਂਦਾ ਇਲਾਜ ਸ਼ੁਰੂ ਕੀਤਾ ਜਾਵੇਗਾ। ਜੇਲ੍ਹ ਵਿਚ 1100 ਦੇ ਕਰੀਬ ਕੈਦੀ ਹਨ।


## ਪ੍ਰਕਾਸ਼ ਪੁਰਬ ਵਿਸ਼ੇਸ਼ ਸਪਲੀਮੈਂਟ



ਅਸ਼ੋਕ ਸ਼ਰਮਾ (ਫਿਰੋਜ਼ਪੁਰ) 81468-22544



ਸ਼ਾਮ ਲਾਲ ਚਾਵਲਾ (ਕੋਟਕਪੂਰਾ) 98550-56277



ਅਮਰਜੀਤ ਬੱਬਰੀ (ਮੋਗਾ) 94630-83363



ਦਰਸ਼ਨ ਜਿੰਦਲ (ਰਾਮਪੁਰਾ ਫੂਲ) 94172-27460



ਐਡਵੋਕੇਟ ਸਤੀਸ਼ ਕੁਮਾਰ ਭੀਰੀ (ਜੈਤੋ) 94176-12036



ਹਰਿੰਦਰਪਾਲ ਸਿੰਘ (ਜੰਡਿਆਲਾ ਗੁਰੂ) 81463-05443

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤੇ ਜਾ ਰਹੇ ਹਨ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਇਨ੍ਹਾਂ ਪੱਤਰਕਾਰਾਂ ਨਾਲ ਸੰਪਰਕ ਕੀਤਾ ਜਾਵੇ।

*-ਜਨਰਲ ਮੈਨੇਜਰ*


# ਚੱਕ ਝੰਡੂ 'ਚ 5 ਗੈਂਗਸਟਰ ਫੜੇ, ਛੇਵੇਂ ਦੀ ਸਰਚ ਲਾਈਟਾਂ ਨਾਲ ਕਮਾਦ 'ਚ ਭਾਲ





**ਭੋਗਪੁਰ/ਜਲੰਧਰ (ਕੁਲਵੀਰ ਸਿੰਘ ਕਾਹਲੋਂ/ ਗੁਰਪ੍ਰੀਤ ਭੋਗਲ/ਸ਼ੈਲੀ ਐਲਬਰਟ)**

ਆਦਮਪੁਰ-ਭੋਗਪੁਰ ਰੋਡ 'ਤੇ ਪਿੰਡ ਚੱਕ ਝੰਡੂ ਵਿਚ ਮੰਗਲਵਾਰ ਸਵੇਰੇ ਪੰਜਾਬ ਤੇ ਦਿੱਲੀ ਪੁਲਸ ਨੇ ਸਾਂਝੀ ਕਾਰਵਾਈ ਕਰਦਿਆਂ ਮੁਕਾਬਲੇ ਤੋਂ ਬਾਅਦ 5 ਗੈਂਗਸਟਰ ਕਾਬੂ ਕਰ ਲਏ, ਜਦਕਿ ਭੱਜ ਨਿਕਲੇ ਗੈਂਗਸਟਰ ਦੀ ਭਾਲ ਕੀਤੀ ਜਾ ਰਹੀ ਸੀ। ਉਸ ਦੇ ਕਮਾਦ ਵਿਚ ਲੁਕੇ ਹੋਣ ਦੀ ਰਿਪੋਰਟ ਸੀ।

ਦਿਨੇ ਉਸ ਨੂੰ ਡਰੋਨ ਨਾਲ ਲੱਭਣ ਦੀ ਕੋਸ਼ਿਸ਼ ਕੀਤੀ ਗਈ ਅਤੇ ਰਾਤ ਨੂੰ ਸਰਚ ਲਾਈਟਾਂ ਨਾਲ ਭਾਲ ਕੀਤੀ ਜਾ ਰਹੀ ਸੀ। ਕਮਾਦ ਵਿਚ ਕੁੱਤੇ ਵੀ ਛੱਡੇ ਗਏ। ਸਾਰੇ ਗੈਂਗਸਟਰ ਇਕ ਬੰਦ ਪਈ ਕੋਠੀ ਵਿਚ ਮੌਜੂਦ ਸਨ। ਪੁਲਸ ਨੇ ਛਾਪਾ ਮਾਰ ਕੇ ਦੋ ਕਾਬੂ ਕਰ ਲਏ, ਪਰ ਚਾਰ ਭੱਜ ਗਏ। ਇਨ੍ਹਾਂ ਵਿੱਚੋਂ ਤਿੰਨ ਬਾਅਦ ਵਿਚ ਫੜ ਲਏ। ਐੱਸ ਐੱਸ ਪੀ ਜਲੰਧਰ ਸਵਰਨਦੀਪ ਸਿੰਘ ਨੇ ਦੱਸਿਆ ਕਿ ਗੈਂਗਸਟਰਾਂ ਬਾਰੇ ਸ਼ੁਰੂਆਤੀ ਸੂਚਨਾ ਫਿਲੌਰ ਦੇ ਐੱਸ ਐੱਚ ਓ ਇੰਸਪੈਕਟਰ ਸੁਰਿੰਦਰ ਤੋਂ ਮਿਲੀ।

ਦਿੱਲੀ ਪੁਲਸ ਨੂੰ ਵੀ ਸੂਚਨਾ ਸੀ ਕਿ ਉਸ ਨੂੰ ਲੋੜੀਂਦੇ ਗੈਂਗਸਟਰ ਪਿੰਡ ਵਿਚ ਲੁਕੇ ਹੋਏ ਹਨ। ਸਾਂਝੇ ਛਾਪੇ ਦੌਰਾਨ ਗੈਂਗਸਟਰਾਂ ਨੇ ਤਿੰਨ ਗੋਲੀਆਂ ਚਲਾਈਆਂ ਤੇ ਪੁਲਸ ਨੇ ਵੀ ਦੋ ਗੋਲੀਆਂ ਚਲਾਈਆਂ। ਫੜੇ ਜਾਣ ਵਾਲੇ ਅੰਮ੍ਰਿਤਸਰ ਤੇ ਜਲੰਧਰ ਦੇ ਹਨ। ਕੋਠੀ ਐੱਨ ਆਰ ਆਈ ਦੀ ਦੱਸੀ ਜਾਂਦੀ ਹੈ, ਪਰ ਉਥੇ ਰਹਿੰਦਾ ਕੋਈ ਨਹੀਂ ਸੀ।

# ਉੱਘੇ ਕਮਿਊਨਿਸਟ ਤੇ ਅਧਿਆਪਕ ਆਗੂ ਰਣਧੀਰ ਸਿੰਘ ਗਿੱਲ ਨਹੀਂ ਰਹੇ



**ਜਲੰਧਰ (ਰਾਜੇਸ਼ ਥਾਪਾ)**-ਇਹ ਖਬਰ ਕਮਿਊਨਿਸਟ ਹਲਕਿਆਂ ਅਤੇ ਮਿਹਨਤਕਸ਼ ਸਮਾਜ ਅੰਦਰ ਦੁਖੀ ਹਿਰਦਿਆਂ ਨਾਲ ਪੜ੍ਹੀ ਜਾਵੇਗੀ ਕਿ ਉਘੇ ਕਮਿਊਨਿਸਟ ਅਤੇ ਅਧਿਆਪਕ ਲਹਿਰ ਦੇ ਪ੍ਰਮੁੱਖ ਆਗੂ ਕਾਮਰੇਡ ਰਣਧੀਰ ਸਿੰਘ ਗਿੱਲ ਨਹੀਂ ਰਹੇ। ਉਹ ਮੰਗਲਵਾਰ ਸ਼ਾਮ 4.30 ਵਜੇ ਆਪਣੇ ਪਰਵਾਰ ਅਤੇ ਕਮਿਊਨਿਸਟ ਲਹਿਰ ਦੇ ਸਾਥੀਆਂ ਨੂੰ ਵਿਛੋੜਾ ਦੇ ਗਏ। ਕਾਮਰੇਡ ਰਣਧੀਰ ਸਿੰਘ ਗਿੱਲ ਮੋਗਾ ਜ਼ਿਲ੍ਹੇ ਅਤੇ ਇਲਾਕੇ ਵਿੱਚ ਪਾਰਟੀ ਉਪਰ ਪਾਬੰਦੀ ਦੌਰਾਨ ਅੰਡਰਗਰਾਊਂਡ ਕਮਿਊਨਿਸਟ ਆਗੂ ਕਾਮਰੇਡ ਤੇਜਾ ਸਿੰਘ ਸੁਤੰਤਰ ਵਰਗੇ ਲੋਕ ਆਗੂਆਂ ਦੀ ਸੁਰੱਖਿਅਤ ਠਾਹਰ ਵਜੋਂ ਜਾਣੇ ਜਾਂਦੇ 'ਭਾਈਕਿਆਂ' ਦੇ ਪਰਵਾਰ ਅਤੇ ਬਹੋਨਾ ਪਿੰਡ ਦੇ ਜੰਮਪਲ ਸਨ। ਉਹ 87 ਸਾਲਾਂ ਦੇ ਸਨ। ਉਨ੍ਹਾ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਦੇ ਸੂਬਾਈ ਆਗੂ ਵਜੋਂ ਮਜ਼ਬੂਤ ਅਧਿਆਪਕ ਲਹਿਰ ਜੱਥੇਬੰਦ ਕਰਨ ਅਤੇ ਵਿਦਿਅਕ ਖੇਤਰ ਅੰਦਰ ਸ਼ਾਨਾਮੱਤਾ ਰੋਲ ਅਦਾ ਕਰਨ ਦਾ ਮਾਣ ਪ੍ਰਾਪਤ ਕੀਤਾ। ਵਿੱਦਿਅਕ ਖੇਤਰ 'ਚੋਂ ਰਿਟਾਇਰ ਹੁੰਦਿਆਂ ਹੀ ਉਨ੍ਹਾ ਆਪਣੇ-ਆਪ ਨੂੰ ਭਾਰਤੀ ਕਮਿਊਨਿਸਟ ਪਾਰਟੀ ਲਈ ਅਰਪਿਤ ਕਰ ਦਿੱਤਾ। ਉਹ ਸਿਹਤਯਾਬੀ ਤੱਕ ਪਾਰਟੀ ਦੀ ਐਗਜ਼ੈਕਟਿਵ, ਸੂਬਾ ਕੌਂਸਲ ਅਤੇ ਜਿਲ੍ਹਾ ਸਕੱਤਰ ਵਰਗੇ ਅਹਿਮ ਅਹੁਦਿਆਂ 'ਤੇ ਰਹਿੰਦਿਆਂ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਰਹੇ। ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਦੀ ਸੱਜੀ ਬਾਂਹ ਵਜੋਂ ਜਾਣੇ ਜਾਂਦੇ ਕਾਮਰੇਡ ਰਣਧੀਰ ਸਿੰਘ ਗਿੱਲ ਨੇ ਉਨ੍ਹਾ ਨਾਲ ਸਹਿਯੋਗ ਸਦਕਾ ਪੁਰਾਣੇ ਫਰੀਦਕੋਟ ਜ਼ਿਲ੍ਹੇ ਅੰਦਰ ਮਜ਼ਬੂਤ ਟਰੇਡ ਯੂਨੀਅਨ ਜਥੇਬੰਦ ਕਰਨ ਦਾ ਮਾਣ ਵੀ ਪ੍ਰਾਪਤ ਕੀਤਾ।

ਸੀ ਪੀ ਆਈ ਦੇ ਸੂਬਾ ਸਕੱਤਰ ਬੰਤ ਬਰਾੜ, ਕਾਮਰੇਡ ਜਗਰੂਪ, ਨਿਰਮਲ ਸਿੰਘ ਧਾਲੀਵਾਲ, ਪ੍ਰਿਥੀਪਾਲ ਸਿੰਘ ਮਾੜੀਮੇਘਾ (ਤਿੰਨੇ ਨੈਸ਼ਨਲ ਕੌਂਸਲ ਮੈਂਬਰ ਸੀ ਪੀ ਆਈ), ਚੰਦ ਫਤਿਹਪੁਰੀ ਸੰਪਾਦਕ 'ਨਵਾਂ ਜ਼ਮਾਨਾ', ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਕੱਤਰ ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ ਤੇ ਰਾਜਿੰਦਰ ਮੰਡ ਜ਼ਿਲ੍ਹਾ ਸਕੱਤਰ ਸੀ ਪੀ ਆਈ ਜਲੰਧਰ ਨੇ ਪਰਵਾਰ ਨਾਲ ਦੁੱਖ ਦਾ ਇਜ਼ਹਾਰ ਕੀਤਾ ਹੈ। ਸੀ ਪੀ ਆਈ ਜ਼ਿਲ੍ਹਾ ਮੋਗਾ ਦੇ ਸਕੱਤਰ ਕੁਲਦੀਪ ਸਿੰਘ ਭੋਲਾ ਨੇ ਦੱਸਿਆ ਕਿ ਕਾਮਰੇਡ ਰਣਧੀਰ ਸਿੰਘ ਗਿੱਲ ਦੇ ਅੰਤਮ ਸੰਸਕਾਰ ਅਤੇ ਸ਼ਰਧਾਂਜਲੀ ਸਮਾਗਮ ਬਾਰੇ ਬਾਅਦ ਵਿੱਚ ਸੂਚਿਤ ਕੀਤਾ ਜਾਵੇਗਾ।

# ਗ਼ਦਰੀ ਬਾਬਿਆਂ ਦੇ ਮੇਲੇ ਨੇ ਦਿੱਤਾ ਹੱਕੀ ਸੰਗਰਾਮ ਦਾ ਹੋਕਾ

## ਡਾ. ਨਵਸ਼ਰਨ, ਡਾ. ਰਾਜ ਰਤਨ ਅੰਬੇਡਕਰ, ਹਿਮਾਂਸ਼ੂ ਕੁਮਾਰ, ਰਾਜਵਿੰਦਰ ਬੈਂਸ, ਹਰਦੇਵ ਅਰਸ਼ੀ ਤੇ ਮੰਗਤ ਰਾਮ ਪਾਸਲਾ ਨੇ ਕੀਤਾ ਸੰਬੋਧਨ







**ਜਲੰਧਰ (ਕੇਸਰ)**

ਗ਼ਦਰੀ ਬਾਬਿਆਂ ਦੇ ਮੇਲੇ ਦੇ ਤੀਜੇ ਅਤੇ ਸਿਖਰਲੇ ਦਿਨ ਦਾ ਆਗਾਜ਼ ਦੇਸ਼ ਭਗਤ ਯਾਦਗਾਰ ਕਮੇਟੀ ਦੇ ਕਾਰਜਕਾਰੀ ਜਨਰਲ ਸਕੱਤਰ ਡਾ. ਪਰਮਿੰਦਰ ਸਿੰਘ ਵੱਲੋਂ 'ਜੀ ਆਇਆਂ' ਸ਼ਬਦਾਂ ਨਾਲ ਹੋਇਆ। ਉਹਨਾ ਕਿਹਾ ਕਿ ਅੱਜ ਅਸੀਂ ਗ਼ਦਰ ਪਾਰਟੀ ਅਤੇ ਗ਼ਦਰ ਅਖ਼ਬਾਰ ਦੀ ਸਥਾਪਨਾ ਦੇ 109 ਵਰ੍ਹੇ ਬਾਅਦ ਵੀ ਗੁਲਾਮੀ, ਵਿਤਕਰੇ, ਅਨਿਆਂ ਅਤੇ ਜਬਰ-ਜ਼ੁਲਮ ਦੀ ਕਾਲੀ ਤੰਗ ਗਲੀ ਵਿੱਚ ਸਾਹ ਲੈ ਰਹੇ ਹਾਂ। ਇਸ ਹਨੇਰੇ ਨੂੰ ਚੀਰਨ ਲਈ ਚਾਨਣ ਦੀ ਲੀਕ ਦਾ ਕੰਮ ਕਰ ਰਿਹਾ ਹੈ, ਮੇਲਾ ਗ਼ਦਰੀ ਬਾਬਿਆਂ ਦਾ।

ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ ਨੇ ਕਿਹਾ ਕਿ ਮੁਲਕ ਨੂੰ ਲੋਕ-ਦੋਖੀ ਤਾਕਤਾਂ ਨੇ ਨਿਘਾਰ 'ਚ ਸੁੱਟ ਦਿੱਤਾ ਹੈ। ਇਸ ਵਿਚੋਂ ਕੱਢਣ ਲਈ ਆਪਣੀ ਬਣਦੀ ਭੂਮਿਕਾ ਅਦਾ ਕਰਨ ਲਈ ਯਤਨਸ਼ੀਲ ਹੈ ਮੇਲਾ ਗ਼ਦਰੀ ਬਾਬਿਆਂ ਦਾ। ਕਮੇਟੀ ਦੇ ਮੀਤ ਪ੍ਰਧਾਨ ਸੀਤਲ ਸਿੰਘ ਸੰਘਾ ਨੇ ਕਿਹਾ ਕਿ ਭਾਰਤ ਪਿੰਡਾਂ ਦਾ ਦੇਸ਼ ਹੈ। ਜਦੋਂ ਹੁਣ ਪਿੰਡ ਉਜਾੜੇ ਜਾ ਰਹੇ ਹਨ। ਸਾਰੀ ਮੁਲਕ ਦੀ ਆਰਥਕਤਾ ਦੀ ਰੀੜ੍ਹ ਦੀ ਹੱਡੀ ਭੰਨਣ ਦਾ ਕੰਮ ਕੀਤਾ ਜਾ ਰਿਹਾ ਹੈ।

ਤਿੰਨ ਰੋਜ਼ਾ 31ਵੇਂ ਗ਼ਦਰੀ ਬਾਬਿਆਂ ਦੇ ਮੇਲੇ 'ਚ ਝੰਡਾ ਲਹਿਰਾਉਣ ਦੀ ਰਸਮ ਕਮੇਟੀ ਮੈਂਬਰ ਸੁਵਰਨ ਸਿੰਘ ਵਿਰਕ ਨੇ ਕੀਤੀ। ਉਹਨਾ ਆਪਣੇ ਸੰਬੋਧਨ 'ਚ ਕਿਹਾ ਕਿ ਆਜ਼ਾਦੀ ਦੀ ਜੱਦੋ-ਜਹਿਦ ਸਭ ਨੇ ਸਾਂਝੇ ਤੌਰ 'ਤੇ ਲੜੀ, ਪਰ ਅੱਜ ਵੱਖ-ਵੱਖ ਧਰਮਾਂ, ਫ਼ਿਰਕੇਦਾਰਾਨਾ ਵੰਡੀਆਂ 'ਚ ਲੋਕਾਂ ਨੂੰ ਵੰਡਿਆ ਜਾ ਰਿਹਾ ਹੈ ਤਾਂ ਪਹਿਲਾਂ ਨਾਲੋਂ ਵੀ ਵੱਧ ਸ਼ਿੱਦਤ ਨਾਲ ਇਹ ਲੋੜ ਬਣ ਗਈ ਹੈ ਕਿ ਅਸੀਂ ਲੁੱਟੇ-ਪੁੱਟੇ ਲੋਕ ਇਹਨਾਂ ਵਖਰੇਵਿਆਂ ਤੋਂ ਉਪਰ ਉੱਠ ਕੇ ਆਪਣੇ ਸਾਂਝੇ ਹਿੱਤਾਂ ਲਈ ਸਾਂਝੀ ਜੱਦੋ-ਜਹਿਦ ਹੋਰ ਵੀ ਵਿਸ਼ਾਲ ਅਤੇ ਪਰਚੰਡ ਕਰੀਏ।

ਅਮੋਲਕ ਸਿੰਘ ਦਾ ਲਿਖਿਆ ਤੇ ਸਤਪਾਲ ਬੰਗਾ ਪਟਿਆਲਾ ਦਾ ਨਿਰਦੇਸ਼ਤ ਕੀਤਾ 110 ਕਲਾਕਾਰਾਂ ਵੱਲੋਂ ਪੇਸ਼ ਸੰਗੀਤ-ਨਾਟ ਓਪੇਰਾ ਝੰਡੇ ਦਾ ਗੀਤ 'ਗ਼ਦਰ ਦਾ ਪੈਗ਼ਾਮ: ਜਾਰੀ ਰੱਖਣਾ ਸੰਗਰਾਮ' ਨੇ ਲੋਕਾਂ ਦੀਆਂ ਅੱਖੀਆਂ 'ਚੋਂ ਭਰ ਵਗਦੇ ਦਰਿਆਵਾਂ ਅਤੇ ਰੋਹ ਦੀਆਂ ਝਲਕਾਂ ਸਿਰਜੀਆਂ। ਖਚਾਖਚ ਭਰਿਆ ਪੰਡਾਲ ਵਾਰ-ਵਾਰ ਤਾੜੀਆਂ ਅਤੇ ਨਾਅਰਿਆਂ ਨਾਲ ਝੰਡੇ ਦੇ ਗੀਤ ਦੀ ਪੇਸ਼ਕਾਰੀ ਨੂੰ ਸਲਾਮ ਕਰਦਾ ਰਿਹਾ। ਝੰਡੇ ਦੇ ਗੀਤ ਨੇ ਪੰਜਾਬ ਵੰਡ ਦੇ ਦੁਖ਼ਾਂਤ ਤੋਂ ਲੈ ਕੇ ਸਾਮਰਾਜੀ ਅਤੇ ਫ਼ਿਰਕੂ ਫਾਸ਼ੀ ਹੱਲੇ ਖਿਲਾਫ਼ ਜੂਝਦੀਆਂ ਲਹਿਰਾਂ, ਬੁੱਧੀਜੀਵੀਆਂ ਦੀ ਰਿਹਾਈ, ਦਲਿਤਾਂ 'ਤੇ ਜਬਰ, ਪੰਜਾਬ ਵਿੱਚ ਫ਼ਿਰਕੂ ਹਵਾਵਾਂ ਵਗਾਉਣ ਦੇ ਕੋਝੇ ਮਨਸ਼ਿਆਂ ਅਤੇ ਲੋਕਾਂ ਦੇ ਚੱਲ ਰਹੇ ਸੰਗਰਾਮਾਂ ਦੀ ਖ਼ੂਬਸੂਰਤੀ ਨਾਲ ਬਾਤ ਪਾਈ।

ਡਾ. ਨਵਸ਼ਰਨ ਨੇ ਬੋਲਦਿਆਂ ਕਿਹਾ ਕਿ ਧਨ ਕੁਬੇਰਾਂ ਨੇ ਮੁਲਕ ਦਾ ਸਭ ਕੁਝ ਹੂੰਝ ਲਿਆ। ਉਹਨਾ ਕਿਹਾ ਕਿ ਅਸੀਂ ਫਾਸ਼ੀਵਾਦ, ਕਾਰਪੋਰੇਟ ਖਿਲਾਫ਼ ਸੰਗਰਾਮ ਕਰਾਂਗੇ, ਤਾਂ ਜੋ ਕੁਦਰਤੀ ਸੋਮਿਆਂ, ਜੰਗਲ, ਜਲ, ਜ਼ਮੀਨ ਉਪਰ ਏਕਾਅਧਿਕਾਰ ਸਥਾਪਤ ਕਰਨ ਤੁਰੇ ਧਨ ਕੁਬੇਰਾਂ ਨੂੰ ਪਛਾੜਿਆ ਜਾ ਸਕੇ।

ਡਾ. ਰਾਜ ਰਤਨ ਅੰਬੇਡਕਰ ਨੇ ਕਿਹਾ ਕਿ ਜਦੋਂ ਹਾਕਮ ਪੌਣੀ ਸਦੀ ਬਾਅਦ ਵੀ ਆਜ਼ਾਦੀ ਦੇ ਅਖੌਤੀ ਅੰਮ੍ਰਿਤ ਉਤਸਵ ਦਾ ਖੇਖ਼ਣ ਕਰ ਰਹੇ ਹਨ, ਇਸ ਦਾ ਕੌੜਾ ਸੱਚ ਇਹ ਹੈ ਕਿ ਭਾਰਤ ਦੇ ਆਮ ਬੰਦੇ ਨੂੰ ਸਮਾਜਕ, ਆਰਥਕ ਅਤੇ ਸਿਆਸੀ ਨਿਆਂ ਨਹੀਂ ਮਿਲਿਆ। ਵੇਲਾ ਹੈ ਕਿ ਗ਼ਦਰੀ ਬਾਬਿਆਂ ਦੀ ਵਿਚਾਰਧਾਰਾ ਤਹਿਤ ਸਿਰ ਜੋੜ ਕੇ ਵੱਖ-ਵੱਖ ਚਿੰਤਨਸ਼ੀਲ ਸਮਾਜੀ ਸਰੋਕਾਰਾਂ ਨਾਲ ਜੁੜੇ ਲੋਕ-ਹਿੱਸੇ ਸਿਰ ਜੋੜ ਕੇ ਮਾਨਵਵਾਦੀ, ਲੋਕ-ਪੱਖੀ ਅਤੇ ਨਿਆਂਸੰਗਤ ਨਿਜ਼ਾਮ ਦੀ ਸਿਰਜਣਾ ਲਈ ਸਾਂਝੇ ਕਦਮ ਅੱਗੇ ਵਧਾਉਣ। ਉਹਨਾ ਕਿਹਾ ਕਿ ਮੋਦੀ ਹਕੂਮਤ ਦੀ ਵਿਚਾਰਧਾਰਕ ਸੰਸਥਾ ਆਰ ਐੱਸ ਐੱਸ ਨੂੰ ਲੋਕ ਤਾਕਤ ਨਾਲ ਲੱਕ ਤੋੜਵੀਂ ਹਾਰ ਦੇਣ ਦੀ ਲੋੜ ਹੈ।

ਨਾਮਧਾਰੀ ਦਰਬਾਰ ਭੈਣੀ ਸਾਹਿਬ ਤੋਂ ਕਮਾਲ ਸਿੰਘ ਦੀ ਅਗਵਾਈ 'ਚ ਆਏ ਜਥੇ ਨੇ ਇਨਕਲਾਬੀ ਗੀਤਾਂ 'ਚ ਪਰੋਇਆ 'ਹੱਲਾ' ਪੇਸ਼ ਕੀਤਾ। ਹੱਲਾ ਨੇ ਇਸ ਵਾਰ ਮੇਲੇ 'ਚ ਸੰਗੀਤ ਦੀ ਨਵੀਂ ਪਰਵਾਜ਼ ਭਰੀ। ਹਰਿੰਦਰ ਸੋਹਲ ਅੰਮ੍ਰਿਤਸਰ ਅਤੇ ਉਸ ਦੇ ਸਾਥੀਆਂ ਨੇ ਗਾਇਕੀ ਨਾਲ ਲੋਕਾਂ ਦਾ ਮਨ ਮੋਹ ਲਿਆ। ਖਾਲਸਾ ਕਾਲਜ ਗੜ੍ਹਦੀਵਾਲਾ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਗੁਰਪਿੰਦਰ ਸਿੰਘ ਦੀ ਅਗਵਾਈ 'ਚ ਗੀਤ-ਸੰਗੀਤ ਪੇਸ਼ ਕੀਤਾ।

ਇਨਕਲਾਬੀ ਕਵੀਸ਼ਰੀ ਜੱਥਾ ਰਸੂਲਪੁਰ ਨੇ ਕਵੀਸ਼ਰੀਆਂ ਰਾਹੀਂ ਮੇਲੇ 'ਚ ਗਾਇਕੀ ਦਾ ਰੰਗ ਭਰਿਆ।

ਮੇਲੇ ਦੇ ਇੱਕ ਹੋਰ ਭਾਵਪੂਰਤ ਸੈਸ਼ਨ ਵਿਚਾਰ-ਚਰਚਾ ਵਿੱਚ ਬੋਲਦਿਆਂ ਕੁਦਰਤੀ ਸਰੋਤਾਂ ਅਤੇ ਆਦਿਵਾਸੀਆਂ ਦੇ ਹਿੱਤਾਂ ਲਈ ਸਰਗਰਮ ਕਾਰਕੁਨ ਹਿਮਾਂਸ਼ੂ ਕੁਮਾਰ ਨੇ ਕਿਹਾ ਕਿ ਕਿਤੇ ਵੀ ਜਬਰ ਹੁੰਦਾ ਹੈ, ਉਸ ਨੂੰ ਸਾਰੇ ਮੁਲਕ ਉੱਤੇ ਜਬਰ ਸਮਝਿਆ ਜਾਵੇ। ਸਾਡੇ ਪ੍ਰਬੰਧਕੀ ਅਤੇ ਨਿਆਂ ਦੇਣ ਵਾਲੇ ਅਦਾਰੇ ਹਕੂਮਤ ਨੇ ਹਥਿਆ ਲਏ ਹਨ। ਡਰ, ਹਕੀਕਤ ਸਾਡੇ ਸਭ ਦੇ ਮਸਲੇ ਅਤੇ ਲੜਾਈ ਸਾਂਝੀ ਹੈ।

ਜਮਹੂਰੀ ਕਾਰਕੁੰਨ ਐਡਵੋਕੇਟ ਰਾਜਵਿੰਦਰ ਬੈਂਸ ਨੇ ਕਿਹਾ ਕਿ ਮੌਜੂਦਾ ਹਾਕਮ ਆਮ ਬੰਦੇ ਦੇ ਜਮਹੂਰੀ ਹੱਕਾਂ ਨੂੰ ਹੀ ਨਹੀਂ ਕੁਚਲ ਰਹੇ, ਸਗੋਂ ਮੁਲਕ ਦੀ ਵੰਨ-ਸੁਵੰਨਤਾ ਨੂੰ ਵੀ ਬੁਰੀ ਤਰ੍ਹਾਂ ਢਾਹ ਲਾ ਰਹੇ ਹਨ। ਸਾਮਰਾਜੀਆਂ ਵੱਲੋਂ ਕੁਦਰਤੀ ਸਰੋਤਾ ਉੱਤੇ ਕੀਤੇ ਜਾ ਰਹੇ ਕਬਜ਼ਿਆਂ ਪ੍ਰਤੀ ਵੀ ਸਾਡੇ ਹਾਕਮਾਂ ਦੀ ਮੁਕੰਮਲ ਸਹਿਮਤੀ ਹੈ।

ਕਮੇਟੀ ਮੈਂਬਰ ਹਰਦੇਵ ਅਰਸ਼ੀ ਨੇ ਜਿੱਥੇ ਅੰਤਰਰਾਸ਼ਟਰੀ ਸਾਮਰਾਜੀਆਂ ਵੱਲੋਂ ਬੀਤੇ ਤਿੰਨ ਦਹਾਕਿਆਂ ਵਿੱਚ ਕੀਤੀਆਂ ਕਰਤੂਤਾਂ ਦਾ ਚਿੱਠਾ ਬਿਆਨਦਿਆਂ ਵਿਸ਼ਾਲ ਲੋਕ ਏਕਤਾ ਦਾ ਸੱਦਾ ਦਿੱਤਾ, ਉਥੇ ਮੰਗਤ ਰਾਮ ਪਾਸਲਾ ਨੇ ਕਿਹਾ ਕਿ ਆਰਥਕ ਮੁੱਦਿਆਂ 'ਤੇ ਸੰਘਰਸ਼ ਕਰਨ ਸਮੇਤ ਰਾਜਨੀਤਕ ਲੜਾਈ ਲੜਨੀ ਵੀ ਸਮੇਂ ਦੀ ਅਹਿਮ ਲੋੜ ਹੈ। ਇਸ ਵਿਚਾਰ-ਚਰਚਾ ਦਾ ਮੰਚ ਸੰਚਾਲਨ ਜਿੱਥੇ ਕਾਰਜਕਾਰੀ ਸਕੱਤਰ ਡਾ. ਪਰਮਿੰਦਰ ਨੇ ਬੇਹੱਦ ਭਾਵਪੂਰਤ ਢੰਗ ਨਾਲ ਕੀਤਾ, ਉਥੇ ਪ੍ਰਧਾਨ ਅਜਮੇਰ ਸਿੰਘ ਨੇ ਧੰਨਵਾਦੀ ਤਕਰੀਰ ਕਰਦਿਆਂ ਅਦਾਰੇ ਵੱਲੋਂ ਲੋਕ-ਹੱਕਾਂ ਅਤੇ ਲੋਕ-ਸੰਘਰਸ਼ਾਂ ਨੂੰ ਥੜ੍ਹਾ ਮੁਹੱਈਆ ਕਰਵਾਉਣ ਅਤੇ ਹਰ ਸੰਭਵ ਮਦਦ ਕਰਨ ਦਾ ਅਹਿਦ ਦੁਹਰਾਇਆ।

ਪਹਿਲਾਂ ਵਾਂਗ ਹੀ ਜਨਤਾ ਅਤੇ ਆਕਸਫੋਰਡ ਹਸਪਤਾਲ ਜਲੰਧਰ ਵੱਲੋਂ ਮੈਡੀਕਲ ਸਹਾਇਤਾ ਕੈਂਪ ਲਗਾਇਆ ਗਿਆ।

# ਭਾਜਪਾ 'ਤੇ ਈਵੈਂਟਬਾਜ਼ੀ ਦਾ ਇਲਜ਼ਾਮ

**ਮੋਰਬੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੰਗਲਵਾਰ ਗੁਜਰਾਤ ਦੇ ਮੋਰਬੀ ਦਾ ਦੌਰਾ ਕੀਤਾ, ਜਿੱਥੇ ਪੁਲ ਟੁੱਟਣ ਕਾਰਨ ਘੱਟੋ-ਘੱਟ 135 ਵਿਅਕਤੀ ਮਾਰੇ ਗਏ ਤੇ 100 ਤੋਂ ਵੱਧ ਜ਼ਖਮੀ ਹੋ ਗਏ ਸਨ। ਇਸ ਤੋਂ ਬਾਅਦ ਉਹ ਹਸਪਤਾਲ 'ਚ ਜ਼ਖਮੀਆਂ ਦਾ ਹਾਲ ਪੁੱਛਣ ਗਏ।

ਉਧਰ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਮੋਰਬੀ ਪੁਲ ਦਾ ਟੁੱਟਣਾ ਜ਼ਬਰਦਸਤ ਭ੍ਰਿਸ਼ਟਾਚਾਰ ਦਾ ਨਤੀਜਾ ਹੈ। ਆਮ ਆਦਮੀ ਪਾਰਟੀ ਨੇ ਮੋਰਬੀ ਦੇ ਹਸਪਤਾਲ ਦੀ ਵੀਡੀਓ ਪੋਸਟ ਕਰਕੇ ਦੋਸ਼ ਲਾਇਆ ਹੈ ਕਿ ਮੋਰਬੀ ਸਿਵਲ ਹਸਪਤਾਲ ਦੀ ਰਾਤੋ-ਰਾਤ ਰੰਗਾਈ-ਪੁਤਾਈ ਕਰ ਦਿੱਤੀ ਗਈ ਤਾਂ ਕਿ ਮੋਦੀ ਦੇ ਫੋਟੋਸ਼ੂਟ ਵਿਚ ਘਟੀਆ ਇਮਾਰਤ ਦੀ ਪੋਲ ਨਾ ਖੁੱਲ੍ਹ ਜਾਏ। 141 ਲੋਕ ਮਰ ਗਏ ਹਨ ਤੇ ਸੈਂਕੜੇ ਲਾਪਤਾ ਹਨ, ਅਸਲ ਦੋਸ਼ੀਆਂ 'ਤੇ ਕੋਈ ਕਾਰਵਾਈ ਨਹੀਂ ਹੋਈ, ਪਰ ਭਾਜਪਾਈਆਂ ਨੂੰ ਫੋਟੋਸ਼ੂਟ ਲਈ ਲਿਪਾਪੋਚੀ ਦੀ ਪਈ ਹੈ।

ਕਾਂਗਰਸ ਨੇ 'ਤ੍ਰਾਸਦੀ ਦਾ ਈਵੈਂਟ' ਸਿਰਲੇਖ ਨਾਲ ਟਵੀਟ ਕੀਤਾ ਕਿ ਮੋਦੀ ਦੀ ਆਮਦ ਤੋਂ ਪਹਿਲਾਂ ਹਸਪਤਾਲ ਵਿਚ ਚਮਚਮਾਉਂਦੀਆਂ ਟਾਈਲਾਂ ਲਾਈਆਂ ਜਾ ਰਹੀਆਂ ਹਨ। ਪੀ ਐੱਮ ਮੋਦੀ ਦੀ ਤਸਵੀਰ ਵਿਚ ਕੋਈ ਕਮੀ ਨਾ ਰਹੇ, ਇਸ ਦਾ ਸਾਰਾ ਪ੍ਰਬੰਧ ਹੋ ਰਿਹਾ ਹੈ। ਇਨ੍ਹਾਂ ਨੂੰ ਸ਼ਰਮ ਨਹੀਂ ਆਉਂਦੀ! ਏਨੇ ਲੋਕ ਮਰ ਗਏ ਅਤੇ ਇਹ ਈਵੈਂਟਬਾਜ਼ੀ ਵਿਚ ਲੱਗੇ ਹਨ।

## ਸੁਪਰੀਮ ਕੋਰਟ 'ਚ ਸੁਣਵਾਈ 14 ਨੂੰ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਮੰਗਲਵਾਰ ਕਿਹਾ ਹੈ ਕਿ ਉਹ ਗੁਜਰਾਤ ਦੇ ਮੋਰਬੀ ਵਿਚ ਪੁਲ ਢਹਿਣ ਦੇ ਮਾਮਲੇ ਦੀ ਜਾਂਚ ਲਈ ਨਿਆਂਇਕ ਕਮਿਸ਼ਨ ਕਾਇਮ ਕਰਨ ਦੀ ਮੰਗ ਵਾਲੀ ਵਾਲੀ ਜਨਹਿਤ ਪਟੀਸ਼ਨ 'ਤੇ 14 ਨਵੰਬਰ ਨੂੰ ਸੁਣਵਾਈ ਕਰੇਗੀ।

## ਅੱਜ-ਨਾਮਾ

ਰੱਖ ਕੇ ਲੀਡਰਾਂ ਦੀ ਖਹਿਬੜ ਇੱਕ ਪਾਸੇ,
ਕਰੀਏ ਮੁਲਕ ਦਾ ਸਿਰਫ ਧਿਆਨ ਬੇਲੀ।
ਦੂਸ਼ਣਬਾਜ਼ੀ ਦਾ ਕੰਮ ਪਏ ਕਰਨ ਲੀਡਰ,
ਗਿਆਨ ਛੱਡ ਕੇ ਵੰਡਣ ਅਗਿਆਨ ਬੇਲੀ।
ਬਹੁਤੇ ਲੀਡਰ ਬਿਆਨ ਨਹੀਂ ਆਪ ਦੇਂਦੇ,
ਚਾਟੜੇ ਦਾਗਣ ਪਏ ਨਿੱਤ ਬਿਆਨ ਬੇਲੀ।
ਜਾਂਦੀ ਵਿੱਸਰਦੀ ਸਾਰੀ ਪਈ ਅਸਲ ਬੋਲੀ,
ਚੁਣ-ਚੁਣ ਬਕਦੀ ਆ ਗੰਦ ਜ਼ਬਾਨ ਬੇਲੀ।
ਇਹੀ ਹਾਲ ਜੇ ਰਿਹਾ ਫਿਰ ਨਸਲ ਅਗਲੀ,
ਗਾਲ੍ਹਾਂ ਬਿਨਾਂ ਸਭ ਜਾਊ ਫਿਰ ਭੁੱਲ ਬੇਲੀ।
ਕਿਹੋ ਜਿਹਾ ਮੁਲਕ ਦਾ ਫੇਰ ਭਵਿੱਖ ਹੋਊ,
ਸੋਚੀਏ ਨਫਾ-ਨੁਕਸਾਨ ਉਹ ਕੁੱਲ ਬੇਲੀ।

-ਤੀਸ ਮਾਰ ਖਾਂ

# ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਗੁਰਪੁਰਬ 'ਤੇ ਸੈਮੀਨਾਰ ਕਰੇਗੀ

**ਜਲੰਧਰ (ਰਾਜੇਸ਼ ਥਾਪਾ)**

ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ (ਏਟਕ) ਦੀ ਸੂਬਾਈ ਮੀਟਿੰਗ ਜਥੇਬੰਦੀ ਦੇ ਪ੍ਰਧਾਨ ਕਾਮਰੇਡ ਗੁਰਜੀਤ ਸਿੰਘ ਬਟਾਲਾ ਦੀ ਪ੍ਰਧਾਨਗੀ ਹੇਠ ਕਾਮਰੇਡ ਜਸਵੰਤ ਸਿੰਘ ਸਮਰਾ ਹਾਲ ਜਲੰਧਰ ਵਿੱਚ ਹੋਈ। ਮੀਟਿੰਗ ਬਾਰੇ ਜਥੇਬੰਦੀ ਦੇ ਜਨਰਲ ਸਕੱਤਰ ਕਾਮਰੇਡ ਜਗਦੀਸ਼ ਸਿੰਘ ਚਾਹਲ ਨੇ ਦੱਸਿਆ ਕਿ 8 ਨਵੰਬਰ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ 'ਤੇ ਪੰਜਾਬ ਗੌਰਮਿੰਟ ਟ੍ਰਾਂਸਪੋਰਟ ਵਰਕਰਜ਼ ਯੂਨੀਅਨ (ਏਟਕ) ਵੱਲੋਂ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿਖੇ ਇੱਕ ਸੈਮੀਨਾਰ ਕੀਤਾ ਜਾਵੇਗਾ, ਜਿਸ ਵਿੱਚ ਪੰਜਾਬ ਭਰ ਦੇ 18 ਡਿਪੂਆਂ ਦੀ ਲੀਡਰਸ਼ਿਪ, ਵਰਕਰ ਅਤੇ ਭਰਾਤਰੀ ਜਥੇਬੰਦੀਆਂ ਵੀ ਸ਼ਿਰਕਤ ਕਰਨਗੀਆਂ। ਇਸ ਸੈਮੀਨਾਰ ਨੂੰ ਮੁੱਖ ਤੌਰ 'ਤੇ ਕਾਮਰੇਡ ਜਗਰੂਪ ਅਤੇ ਸੁਖਦੇਵ ਸਿਰਸਾ ਸੰਬੋਧਨ ਕਰਨਗੇ।

ਮੀਟਿੰਗ ਵਿੱਚ ਜਥੇਬੰਦੀ ਦੇ ਸਰਪ੍ਰਸਤ ਕਾਮਰੇਡ ਗੁਰਦੀਪ ਮੋਤੀ, ਅਵਤਾਰ ਤਾਰੀ ਅਤੇ ਗੁਰਜੰਟ ਕੋਕਰੀ ਨੇ ਮਹਿਕਮੇ ਦੀ ਨਿੱਘਰ ਰਹੀ ਹਾਲਤ 'ਤੇ ਚਿੰਤਾ ਜ਼ਾਹਰ ਕਰਦਿਆਂ ਕਿਹਾ ਕਿ ਅੱਜ ਜਿਸ ਮਾੜੀ ਹਾਲਤ ਵਿੱਚ ਟ੍ਰਾਂਸਪੋਰਟ ਮਹਿਕਮਾ ਲੰਘ ਰਿਹਾ ਹੈ। ਪਹਿਲਾਂ ਕਦੇ ਵੀ ਏਨੀ ਮਾੜੀ ਹਾਲਤ ਦਾ ਸਾਹਮਣਾ ਨਹੀਂ ਕਰਨਾ ਪਿਆ। ਪਿਛਲੀ ਕਾਂਗਰਸ ਸਰਕਾਰ ਵੱਲੋਂ ਪਾਈਆਂ ਨਵੀਆਂ ਬੱਸਾਂ ਅੱਜ ਡਿਪੂਆਂ ਅੰਦਰ ਸਟਾਫ਼ ਦੀ ਘਾਟ, ਡੀਜ਼ਲ ਅਤੇ ਮਾਮੂਲੀ ਸਪੇਅਰ ਪਾਰਟਸ ਕਾਰਨ ਖੜੀਆਂ ਹਨ। ਮੁਲਾਜ਼ਮ ਆਪਣੀਆਂ ਪ੍ਰਮੋਸ਼ਨਾਂ ਦੀ ਉਡੀਕ ਕਰਦਿਆਂ ਰਿਟਾਇਰ ਹੋ ਰਹੇ ਹਨ। ਲੰਮੇ ਸਮੇਂ ਤੋਂ ਮੌਤ ਹੋਏ ਮੁਲਾਜ਼ਮਾਂ ਦੇ ਵਾਰਸਾਂ ਨੂੰ ਨੌਕਰੀਆਂ ਨਹੀਂ ਮਿਲ ਰਹੀਆਂ, ਟਾਈਮ ਟੇਬਲ ਜੋ ਪਿਛਲੀ ਸਰਕਾਰ ਵੱਲੋਂ ਕੁਝ ਬਣੇ ਸਨ, ਇਸ ਨਵੀਂ ਕਿਸਮ ਦੀ ਬਣੀ ਸਰਕਾਰ ਵੱਲੋਂ ਕੋਈ ਵੀ ਟਾਈਮ ਟੇਬਲ ਨਹੀਂ ਬਣਾਇਆ ਗਿਆ, ਨਜਾਇਜ਼ ਓਪਰੇਸ਼ਨ ਵਿੱਚ ਪਹਿਲਾਂ ਨਾਲੋਂ ਵੀ ਵਾਧਾ ਹੋਇਆ ਹੈ। ਜਦੋਂ ਦੀ ਨਵੀਂ ਸਰਕਾਰ ਹੋਂਦ ਵਿੱਚ ਆਈ ਹੈ, ਕਦੇ ਵੀ ਠੇਕੇ ਵਾਲੇ ਮੁਲਾਜ਼ਮਾਂ ਨੂੰ ਸਮੇਂ ਸਿਰ ਤਨਖ਼ਾਹ ਨਹੀਂ ਮਿਲੀ। ਉਨ੍ਹਾ ਨੂੰ ਪੱਕੇ ਤਾਂ ਸਰਕਾਰ ਨੇ ਕੀ ਕਰਨਾ ਹੈ। ਭ੍ਰਿਸ਼ਟਾਚਾਰ ਪਹਿਲਾਂ ਨਾਲੋਂ ਵੀ ਵਧਿਆ ਹੈ। ਵਰਕਸ਼ਾਪਾਂ ਦੀ ਮੰਦੀ ਹਾਲਤ ਹੈ, ਜਿੱਥੇ ਮੁਲਾਜ਼ਮਾਂ ਲਈ ਕੰਮ ਕਰਨਾ ਮੁਸ਼ਕਲਾ ਹੈ। ਆਗੂਆਂ ਨੇ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਉਪਰੋਕਤ ਮੰਗਾਂ ਵੱਲ ਸਰਕਾਰ ਨੇ ਧਿਆਨ ਨਾ ਦਿੱਤਾ ਤਾਂ ਟ੍ਰਾਂਸਪੋਰਟ ਕਾਮੇ ਸੰਘਰਸ਼ ਵਿੱਢਣ ਲਈ ਮਜਬੂਰ ਹੋਣਗੇ।



ਅੱਜ ਦੀ ਮੀਟਿੰਗ ਵਿੱਚ 18 ਡਿਪੂਆਂ ਦੇ ਪ੍ਰਧਾਨ, ਜਨਰਲ ਸਕੱਤਰ, ਸੀਨੀਅਰ ਮੀਤ ਪ੍ਰਧਾਨਾਂ, ਕੈਸ਼ੀਅਰਾਂ ਤੋਂ ਇਲਾਵਾ ਸੈਂਟਰ ਬਾਡੀ ਵੱਲੋਂ ਬਿਕਰਮਜੀਤ ਸਿੰਘ ਅੰਮ੍ਰਿਤਸਰ, ਦੀਦਾਰ ਸਿੰਘ ਪੱਟੀ, ਅੰਗਰੇਜ਼ ਸਿੰਘ, ਸੁਰਿੰਦਰ ਬਰਾੜ, ਕਿਰਨਦੀਪ ਢਿੱਲੋਂ, ਰਣਧੀਰ ਸਿੰਘ, ਬਲਵਿੰਦਰ ਸਿੰਘ ਰੋਪੜ, ਗੁਰਜੀਤ ਸਿੰਘ ਜਲੰਧਰ, ਇਕਬਾਲ ਸਿੰਘ ਪਠਾਨਕੋਟ, ਦਵਿੰਦਰ ਕੁਮਾਰ, ਗੁਰਮੀਤ ਸਿੰਘ ਚੰਡੀਗੜ੍ਹ, ਹਰਿੰਦਰ ਸਿੰਘ ਚੀਮਾ, ਹਰੀਸ਼ ਕੁਮਾਰ ਅਤੇ ਗੁਰਦੀਪ ਸਿੰਘ ਹਾਜ਼ਰ ਸਨ।

# ਪੰਜਾਬ ਤੇ ਹਰਿਆਣਾ ਹਾਈ ਕੋਰਟ 'ਚ ਮਹਿਲਾ ਜੱਜਾਂ ਦਾ ਰਿਕਾਰਡ ਬਣਿਆ

**ਨਵੀਂ ਦਿੱਲੀ** : 9 ਨਿਆਂਇਕ ਅਧਿਕਾਰੀਆਂ ਅਤੇ ਇਕ ਵਕੀਲ ਨੂੰ ਮੰਗਲਵਾਰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਐਡੀਸ਼ਨਲ ਜੱਜ ਵਜੋਂ ਤਰੱਕੀ ਦਿੱਤੀ ਗਈ। ਐਡਵੋਕੇਟ ਦਾ ਨਾਂਅ ਪਹਿਲਾਂ ਸਰਕਾਰ ਨੇ ਰੋਕ ਲਿਆ ਸੀ। ਇਨ੍ਹਾਂ ਨਿਯੁਕਤੀਆਂ 'ਚ ਪੰਜ ਔਰਤਾਂ ਵੀ ਸ਼ਾਮਲ ਹਨ। ਕਾਨੂੰਨ ਮੰਤਰਾਲੇ ਦੇ ਨਿਆਂ ਵਿਭਾਗ ਵੱਲੋਂ ਜਾਰੀ ਨੋਟੀਫਿਕੇਸਨ ਅਨੁਸਾਰ ਐਡਵੋਕੇਟ ਕੁਲਦੀਪ ਤਿਵਾੜੀ ਅਤੇ ਨਿਆਂਇਕ ਅਧਿਕਾਰੀ ਗੁਰਬੀਰ ਸਿੰਘ, ਦੀਪਕ ਗੁਪਤਾ, ਅਮਰਜੋਤ ਭੱਟੀ, ਰਿਤੂ ਟੈਗੋਰ, ਮਨੀਸ਼ਾ ਬੱਤਰਾ, ਹਰਪ੍ਰੀਤ ਕੌਰ ਜੀਵਨ, ਸੁਖਵਿੰਦਰ ਕੌਰ, ਸੰਜੀਵ ਬੇਰੀ ਅਤੇ ਵਿਕਰਮ ਅਗਰਵਾਲ ਨੂੰ ਐਡੀਸ਼ਨਲ ਜੱਜ ਨਿਯੁਕਤ ਕੀਤਾ ਗਿਆ ਹੈ। ਇਕ ਸਦੀ ਤੋਂ ਵੀ ਵੱਧ ਸਮਾਂ ਪਹਿਲਾਂ ਸਥਾਪਤ ਕੀਤੀ ਗਈ ਪੰਜਾਬ ਤੇ ਹਰਿਆਣਾ ਹਾਈ ਕੋਰਟ ਵਿਚ ਹੁਣ 13 ਮਹਿਲਾ ਜੱਜ ਹੋ ਗਈਆਂ ਹਨ। ਇਸ ਤੋਂ ਪਹਿਲਾਂ 10 ਦਾ ਰਿਕਾਰਡ ਸੀ। ਨਵੀਂਆਂ ਨਿਯੁਕਤੀਆਂ ਤੋਂ ਪਹਿਲਾਂ ਜਸਟਿਸ ਰਿਤੂ ਬਾਹਰੀ, ਲਿਜ਼ਾ ਗਿੱਲ, ਜੈਸ੍ਰੀ ਠਾਕੁਰ, ਮੰਜਰੀ ਨਹਿਰੂ ਕੌਲ, ਅਲਕਾ ਸਰੀਨ, ਮੀਨਾਕਸ਼ੀ ਮਹਿਤਾ, ਅਰਚਨਾ ਪੁਰੀ ਤੇ ਨਿਧੀ ਗੁਪਤਾ ਸੇਵਾਵਾਂ ਦੇ ਰਹੀਆਂ ਹਨ। ਇਹ ਵੀ ਪਹਿਲੀ ਵਾਰ ਹੋਵੇਗਾ ਕਿ ਜੱਜਾਂ ਦੀ ਗਿਣਤੀ 60 ਨੂੰ ਟੱਪੇਗੀ। ਹਾਈ ਕੋਰਟ ਵਿਚ ਜੱਜਾਂ ਦੀਆਂ 85 ਸੀਟਾਂ ਹਨ, ਪਰ ਇਸ ਵੇਲੇ 56 ਜੱਜ ਹੀ ਹਨ। ਨਵਿਆਂ ਦੇ ਆਉਣ ਨਾਲ 65 ਹੋ ਜਾਣਗੇ। ਹਾਈ ਕੋਰਟ ਵਿਚ 4,45,229 ਕੇਸ ਪੈਂਡਿੰਗ ਹਨ, ਜਿਨ੍ਹਾਂ ਵਿਚ 1, 65, 360 ਫੌਜਦਾਰੀ ਕੇਸ ਹਨ।

ਨਵਾਂ ਜ਼ਮਾਨਾ
ਬੁੱਧਵਾਰ, 2 ਨਵੰਬਰ 2022

# ਲੱਖਾਂ ਮੁਲਾਜ਼ਮਾਂ ਨਾਲ ਵਿਤਕਰਾ

*ਪੰਜਾਬ ਦੇ ਸਰਕਾਰੀ ਮੁਲਾਜ਼ਮਾਂ ਦੀ ਸਿਰਮੌਰ ਜਥੇਬੰਦੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਨੇ ਸਰਕਾਰ ਵੱਲੋਂ ਡੀ ਏ ਤੇ ਬਕਾਇਆਂ ਦੀ ਅਦਾਇਗੀ ਦੇ ਮਾਮਲੇ ਵਿਚ ਮੁਲਾਜ਼ਮਾਂ ਨਾਲ ਵਿਤਕਰਾ ਕਰਨ ਦਾ ਗੰਭੀਰ ਨੋਟਿਸ ਲਿਆ ਹੈ। ਫੈਡਰੇਸ਼ਨ ਦੇ ਸੂਬਾ ਸਰਪ੍ਰਸਤ ਚਰਨ ਸਿੰਘ ਸਰਾਭਾ, ਚੇਅਰਮੈਨ ਰਣਬੀਰ ਢਿੱਲੋਂ, ਕਾਰਜਕਾਰੀ ਚੇਅਰਮੈਨ ਦਰਸ਼ਨ ਸਿੰਘ ਲੁਬਾਣਾ, ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ ਤੇ ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਮੰਗਵਾਲ ਨੇ ਸਰਕਾਰ ਵੱਲੋਂ ਆਈ ਏ ਐੱਸ ਤੇ ਆਈ ਪੀ ਐੱਸ ਅਫਸਰਾਂ ਦੇ ਗੱਫੇ ਲੁਆਉਣ ਅਤੇ ਹੇਠਲੇ ਪੱਧਰ ਦੇ ਅਧਿਕਾਰੀਆਂ ਤੇ ਮੁਲਾਜ਼ਮਾਂ ਨਾਲ ਧੱਕਾ ਕਰਨ ਦਾ ਦੋਸ਼ ਲਾਇਆ ਹੈ। ਸੂਬਾ ਸਰਕਾਰ ਦੇ ਵਿੱਤ ਵਿਭਾਗ ਵੱਲੋਂ ਫੈਸਲਾ ਕੀਤਾ ਹੈ ਕਿ ਸਾਰੇ ਆਈ ਏ ਐੱਸ ਤੇ ਆਈ ਪੀ ਐੱਸ ਅਫਸਰਾਂ ਨੂੰ ਪਹਿਲੀ ਜੁਲਾਈ 2022 ਤੋਂ ਮਹਿੰਗਾਈ ਭੱਤੇ ਦੀ ਕਿਸ਼ਤ 38 ਫੀਸਦੀ ਦੀ ਦਰ ਨਾਲ ਦਿੱਤੀ ਜਾਵੇਗੀ ਅਤੇ ਪਹਿਲੀ ਜੁਲਾਈ ਤੋਂ 30 ਸਤੰਬਰ ਤੱਕ ਦਾ ਬਣਦਾ ਬਕਾਇਆ ਵੀ ਦਿੱਤਾ ਜਾਵੇਗਾ। ਇਸ ਦੇ ਉਲਟ ਵਿੱਤ ਵਿਭਾਗ ਨੇ 21 ਅਕਤੂਬਰ ਨੂੰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਵੱਡੇ ਅਫਸਰਾਂ ਤੋਂ ਘੱਟ 4 ਫੀਸਦੀ ਡੀ ਏ ਦੇਣ ਅਤੇ ਬਕਾਏ ਬਾਰੇ ਫੈਸਲਾ ਬਾਅਦ ਵਿਚ ਕਰਨ ਦੀ ਗੱਲ ਕਹੀ ਸੀ। ਮੁਲਾਜ਼ਮ ਆਗੂਆਂ ਦਾ ਕਹਿਣਾ ਹੈ ਕਿ ਇਹ ਹੇਠਲੇ ਪੱਧਰ ਦੇ ਲੱਖਾਂ ਮੁਲਾਜ਼ਮਾਂ ਨਾਲ ਨੰਗਾ-ਚਿੱਟਾ ਧੱਕਾ ਹੈ। ਉਨ੍ਹਾਂ ਦੀ ਮੰਗ ਹੈ ਕਿ ਪੰਜਾਬ ਸਰਕਾਰ ਕੇਂਦਰੀ ਪੈਟਰਨ ਮੁਤਾਬਕ ਸਾਰੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਪਹਿਲੀ ਜੁਲਾਈ 2022 ਤੋਂ 38 ਫੀਸਦੀ ਦੀ ਦਰ ਨਾਲ ਡੀ ਏ ਦੇਵੇ ਅਤੇ 31 ਤੋਂ 34 ਫੀਸਦੀ ਦੀ ਦਰ ਨਾਲ ਬਣਦੇ ਬਕਾਏ ਸਮੇਤ ਡੀ ਏ ਜਾਰੀ ਕੀਤਾ ਜਾਵੇ।*

*ਪੰਜਾਬ ਸਰਕਾਰ ਦਾ ਅਫਸਰਾਂ ਪ੍ਰਤੀ ਪ੍ਰੇਮ ਤੇ ਲੱਖਾਂ ਮੁਲਾਜ਼ਮਾਂ ਨਾਲ ਵਿਤਕਰਾ ਸਮਝ ਤੋਂ ਪਰ੍ਹੇ ਹੈ। ਸਰਕਾਰ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਅਫਸਰਾਂ ਨੇ ਹੁਕਮ ਹੀ ਦੇਣੇ ਹੁੰਦੇ ਹਨ, ਨੀਤੀਆਂ ਨੂੰ ਅਸਲ ਵਿਚ ਲਾਗੂ ਤਾਂ ਮੁਲਾਜ਼ਮਾਂ ਨੇ ਕਰਨਾ ਹੁੰਦਾ ਹੈ। ਲੋਕਾਂ ਦੀ ਸਰਕਾਰ ਕਹਾਉਣ ਵਾਲੀ ਮਾਨ ਸਰਕਾਰ ਨੂੰ ਮੁਲਾਜ਼ਮਾਂ ਦੀਆਂ ਮੰਗਾਂ ਤੁਰੰਤ ਮੰਨਣੀਆਂ ਚਾਹੀਦੀਆਂ ਹਨ। ਉਸ ਨੂੰ ਚੇਤੇ ਰੱਖਣਾ ਚਾਹੀਦਾ ਹੈ ਕਿ ਮੁਲਾਜ਼ਮ ਨਰਾਜ਼ ਹੋ ਜਾਣ ਤਾਂ ਉਹ ਸਰਕਾਰਾਂ ਵੀ ਹਿਲਾ ਦਿੰਦੇ ਹਨ।*

## ਸੁਨੇਹਾ ਨੌਂ ਨਵੰਬਰ ਲਈ

*ਸਾਰੀ ਉਮਰ ਚਲਾਈਆਂ ਚੰਮ ਦੀਆਂ,*
*ਬਾਲਾਸਰ ਹੁਣ ਬੈਠਾ ਐ 'ਘਾਗ' ਭਾਈ।*
*ਮੁਕਤ ਕਰਨ ਆਇਆ ਏ ਸ਼ੁੱਭ ਮੌਕਾ,*
*ਪੀਲੀ ਵੇਲ ਤੋਂ ਪੰਥ ਦਾ ਬਾਗ ਭਾਈ।*
*ਮੁੱਲ ਪਾਉਣ ਲਈ ਆਊ ਭਰਦਾਨ ਵੀ ਜੇ,*
*ਲਾਇਓ ਮੂੰਹ ਨਾ ਕਰੋ ਤਿਆਗ ਭਾਈ।*
*ਇੱਕੋ ਟੱਬਰ ਦੀ ਜਕੜ ਜੇ ਖ਼ਤਮ ਹੋਈ,*
*'ਦਲ' ਦੇ ਵਾਸਤੇ ਹੋਊ 'ਸੁਭਾਗ' ਭਾਈ।*
*ਉਸ ਦੇ ਲਈ 'ਸਵੇਰਾ' ਤਾਂ ਉਦੋਂ ਹੁੰਦਾ,*
*ਸੁੱਤਾ ਪਿਆ ਕੋਈ ਪੈਂਦਾ ਏ ਜਾਗ ਭਾਈ।*
*ਬਾਦਲ-ਪ੍ਰਸਤੀ ਦੇ ਮੱਥੇ ਜੋ ਲੱਗ ਚੁੱਕੇ,*
*ਨੌਂ ਨਵੰਬਰ ਨੂੰ ਧੋ ਦਿਓ 'ਦਾਗ' ਭਾਈ।*

***-ਤਰਲੋਚਨ ਸਿੰਘ ਦੁਪਾਲਪੁਰ, 78146-92724 (ਪੰਜਾਬ)***

# ਸਰਾਭਾ ਸਮੇਤ ਸੱਤ ਗ਼ਦਰੀਆਂ ਦੀ ਸ਼ਹਾਦਤ

**ਪ੍ਰਿੰਸੀਪਲ ਗਿਆਨ ਸਿੰਘ ਦੁਸਾਂਝ**

16 ਨਵੰਬਰ, 2022 ਨੂੰ ਪੂਰੇ ਇੱਕ ਸੌ ਸੱਤ ਸਾਲ ਹੋ ਜਾਣਗੇ ਉਸ ਲਹੂ ਭਿੱਜੇ ਦਿਹਾੜੇ ਨੂੰ, ਜਦ ਲਾਹੌਰ ਦੀ ਸੈਂਟਰਲ ਜੇਲ੍ਹ ਵਿੱਚ ਸੱਤ ਗ਼ਦਰੀ ਸੂਰਮਿਆਂ ਨੇ ਪੂਰੀ ਚੜ੍ਹਦੀ ਕਲਾ ਵਿੱਚ ਰਹਿੰਦਿਆਂ ਫ਼ਾਂਸੀ ਦੇ ਰੱਸੇ ਚੁੰਮੇ ਸਨ। ਉਹ ਫਾਂਸੀ ਦਾ ਹੁਕਮ ਹੋਣ ਉਪਰੰਤ ਘਬਰਾਏ ਨਹੀਂ, ਸਗੋਂ ਚਾਈਂ-ਚਾਈਂ ਇਹ ਗੀਤ ਗਾਉਂਦੇ ਰਹੇ ਸਨ:

*"ਖਾਤਰ ਵਤਨ ਦੀ ਲੱਗੇ ਹਾਂ ਚੜ੍ਹਨ ਫਾਂਸੀ,*
*ਸਾਨੂੰ ਦੇਖ ਕੇ ਨਾ ਘਬਰਾ ਜਾਣਾ।*
*ਦੇਸ਼ ਵਾਸੀਓ ਚਮਕਣਾ ਚੰਦ ਵਾਂਗੂੰ,*
*ਕਿਤੇ ਬੱਦਲਾਂ ਹੇਠ ਨਾ ਆ ਜਾਣਾ।"*

"ਉਹ ਸਨ : (1) ਵਿਸ਼ਨੂੰ ਗਣੇਸ਼ ਪਿੰਗਲੇ,...(2) ਕਰਤਾਰ ਸਿੰਘ ਸਰਾਭਾ, (3) ਜਗਤ ਸਿੰਘ ਸੁਰ ਸਿੰਘ, (4) ਹਰਨਾਮ ਸਿੰਘ ਸਿਆਲਕੋਟ, (5) ਬਖ਼ਸ਼ੀਸ਼ ਸਿੰਘ ਗਿੱਲਵਾਲੀ (6) ਸੁਰਜਨ ਸਿੰਘ ਗਿੱਲਵਾਲੀ-1, (7) ਸੁਰਜਨ ਸਿੰਘ ਗਿੱਲਵਾਲੀ-2

ਸਰਕਾਰੀ ਗਵਾਹਾਂ ਦੀ ਗਵਾਹੀ ਵਿੱਚ ਪਿੰਗਲੇ ਬਾਰੇ ਇਹੋ ਜਿਹੀ ਗੱਲ ਨਹੀਂ ਸੀ, ਜੋ ਇਹ ਦਰਸਾਏ ਕਿ ਉਸ ਨੇ ਕੋਈ ਡਾਕਾ ਜਾਂ ਕੋਈ ਬੰਦਾ ਮਾਰਿਆ ਹੋਵੇ। ਉਸ ਦੀਆਂ ਸਭ ਮੁਹਿੰਮਾਂ ਕੇਵਲ ਇਹ ਹੀ ਸਨ ਕਿ ਉਹ ਕਈ ਮੀਟਿੰਗਾਂ ਵਿੱਚ ਸ਼ਾਮਲ ਹੋਇਆ ਸੀ, ਪੰਜਾਬੀਆਂ ਅਤੇ ਬੰਗਾਲੀਆਂ ਵਿਚਕਾਰ ਰਾਬਤੇ ਦੀ ਕੜੀ ਬਣਿਆ ਸੀ, ਰਾਸ ਬਿਹਾਰੀ ਬੋਸ ਨੂੰ ਜਾਣਦਾ ਸੀ ਅਤੇ ਕਰਤਾਰ ਸਿੰਘ ਸਰਾਭੇ ਨਾਲ, ਸਿਪਾਹੀਆਂ ਨਾਲ ਸੰਪਰਕ ਕਰਨ ਲਈ ਦੇਸ਼ ਭਰ ਵਿੱਚ ਘੁੰਮਿਆ ਸੀ, ਉਸ ਅਨੁਸਾਰ ਉਹ ਗ਼ਦਰ ਪਾਰਟੀ ਦਾ ਮੈਂਬਰ ਨਹੀਂ ਸੀ।...

ਸੁਰ ਸਿੰਘ ਦਾ ਜਗਤ ਸਿੰਘ ਇੱਕ ਹੋਰ ਗ਼ਦਰੀ ਨੇਤਾ ਸੀ, ਜੋ ਸਾਹਨੇਵਾਲ ਤੇ ਮਨਸੂਰਾਂ ਵਾਲੇ ਡਾਕਿਆਂ ਵਿੱਚ ਸ਼ਾਮਲ ਸੀ। ਉਸ ਨੂੰ ਕਰਤਾਰ ਸਿੰਘ ਸਰਾਭਾ ਤੇ ਹਰਨਾਮ ਸਿੰਘ ਟੁੰਡੀਲਾਟ ਨਾਲ ਚੱਕ ਨੰਃ 5, ਸਰਗੋਧਾ ਤੋਂ 2 ਮਾਰਚ (1915-ਲੇਖਕ) ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ, ਜਦੋਂ ਉਹ ਉਥੋਂ, ਜਿਵੇਂ ਫੈਸਲੇ ਦੀ ਇਬਾਰਤ ਵਿੱਚ ਲਿਖਿਆ ਹੈ, "ਰਸਾਲੇ ਦੇ ਫੌਜੀਆਂ ਨੂੰ ਵਰਗਲਾਉਣ ਦੀ ਕੋਸ਼ਿਸ਼ ਕਰਨ" ਨਹੀਂ, ਸਗੋਂ ਹਥਿਆਰ ਲੈਣ ਗਏ ਸਨ।...ਉਹਨੇ ਡਾਕਿਆਂ ਦੌਰਾਨ ਕਿਸੇ ਵੀ ਕਤਲ ਵਿੱਚ ਸ਼ਾਮਲ ਹੋਣ ਦੇ ਦੋਸ਼ ਤੋਂ ਇਨਕਾਰ ਕੀਤਾ ਸੀ।

ਬਖ਼ਸ਼ੀਸ਼ ਸਿੰਘ ਤੇ ਦੋ ਸੁਰਜਨ ਸਿੰਘ ਪਿੰਡ ਗਿੱਲਵਾਲੀ ਦੇ ਸਨ ਤੇ ਇਥੇ (ਹਿੰਦੁਸਤਾਨ ਵਿੱਚ ਲੇਖਕ) ਗ਼ਦਰ ਪਾਰਟੀ ਦੇ ਲੋਕਾਂ ਵਿੱਚ ਸ਼ਾਮਲ ਹੋਏ ਸਨ। ਉਨ੍ਹਾਂ ਨੇ ਚੱਬੇ ਦੇ ਡਾਕੇ ਵਿੱਚ ਹਿੱਸਾ ਲਿਆ ਸੀ। ਚੌਥਾ ਹਰਨਾਮ ਸਿੰਘ ਸਿਆਲਕੋਟੀ ਤਿੰਨ ਡਾਕਿਆਂ ਵਿੱਚ ਸ਼ਾਮਲ ਸੀ।

ਹੁਣ ਇੱਕ ਅਣਥੱਕ ਇਨਕਲਾਬੀ ਨੌਜੁਆਨ ਤੇ ਕ੍ਰਾਂਤੀਕਾਰੀ ਭਾਵਨਾ ਦੇ ਮੁਜੱਸਮੇ, ਕਰਤਾਰ ਸਿੰਘ ਦੇ ਮੁਕੱਦਮੇ ਦੀ ਗੱਲ ਕਰੀਏ। ਉਹ ਮਹਾਨ ਇਨਕਲਾਬੀ ਵਿਚਾਰਾਂ ਤੇ ਆਦਰਸ਼ਾਂ ਤੋਂ ਪ੍ਰੇਰਿਤ ਸੀ ਤੇ ਉਸ ਨੂੰ ਬਰਤਾਨਵੀ ਗੁਲਾਮੀ ਵਿਰੁੱਧ ਦੇਸ਼ ਦੀ ਸੁਤੰਤਰਤਾ ਲਈ ਜੂਝਣ ਹਿੱਤ ਹੋਰਨਾਂ ਵਿੱਚ ਰੂਹ ਫੂਕਣ ਦੀ ਜਾਚ ਸੀ। ਜੱਜਾਂ ਦੀ ਨਜ਼ਰ ਵਿੱਚ "ਇਨ੍ਹਾਂ 61 ਮੁਲਜ਼ਮਾਂ ਵਿੱਚੋਂ ਸਭ ਤੋਂ ਵੱਧ ਮਹੱਤਵਪੂਰਨ ਬੰਦਿਆਂ ਵਿੱਚੋਂ ਇੱਕ ਸੀ ਤੇ ਉਹਦੀ ਮਿਸਲ ਸਭ ਤੋਂ ਵੱਧ ਭਾਰੀ ਸੀ। ਇਸ ਸਾਜ਼ਿਸ਼ (ਗ਼ਦਰ-ਲੇਖਕ) ਦੀ ਅਮਰੀਕਾ, ਸਮੁੰਦਰੀ ਸਫ਼ਰ ਤੇ ਭਾਰਤ ਵਿਚਲੇ ਕਿਸੇ ਵੀ ਖੇਤਰ ਦੀ ਕੋਈ ਅਜਿਹੀ ਕਾਰਵਾਈ ਨਹੀਂ, ਜਿਸ ਵਿੱਚ ਇਸ ਮੁਲਜ਼ਮ ਨੇ ਆਪਣੀ ਭੂਮਿਕਾ ਨਾ ਅਦਾ ਕੀਤੀ ਹੋਵੇ।

ਉਸ ਨੇ ਗ਼ਦਰ ਦੀਆਂ ਲੀਹਾਂ ਉਪਰ ਇੱਕ ਅਖ਼ਬਾਰ ਚਾਲੂ ਕਰਨ ਹਿੱਤ ਪੈਸੇ ਇਕੱਠੇ ਕਰਨ ਲਈ ਮਾਰੇ ਗਏ ਕੁਝ ਡਾਕਿਆਂ ਵਿੱਚ ਹਿੱਸਾ ਲਿਆ ਸੀ।

ਕਰਤਾਰ ਸਿੰਘ ਤੇ ਉਹਦੇ ਸਾਥੀ ਹਿੰਦੁਸਤਾਨ ਨੂੰ ਡਾਕੇ ਮਾਰਨ ਜਾਂ ਕਿਸੇ ਦਾ ਕਤਲ ਕਰਨ ਲਈ ਨਹੀਂ ਮੁੜੇ ਸਨ। ਉਨ੍ਹਾਂ ਨੂੰ ਸਿਆਸੀ ਮਜਬੂਰੀਆਂ ਕਾਰਨ ਹੀ ਲੋਕਾਂ ਦਾ ਲਹੂ-ਪੀਣੇ ਸ਼ਾਹੂਕਾਰਾਂ ਤੋਂ ਲੁੱਟ ਕੇ ਧਨ ਖੋਹਣਾ ਪਿਆ ਸੀ। (ਸਾਥੀ ਜੋਸ਼-ਪੰਨੇ 190 ਤੋਂ 192)

ਹਿੰਦੁਸਤਾਨ ਵਿੱਚ ਵੀ 'ਗ਼ਦਰ' ਅਖ਼ਬਾਰ ਕੱਢਣ ਤੋਂ ਬਿਨਾਂ ਹੋਰ ਕਿਹੜੀਆਂ ਸਿਆਸੀ ਮਜਬੂਰੀਆਂ ਸਨ ? ਗ਼ਦਰੀ ਯੋਧੇ 1914-15 ਵਿੱਚ ਹੀ ਗ਼ਦਰ ਸਿਰੇ ਚਾੜ੍ਹ ਕੇ ਦੇਸ਼ ਨੂੰ ਅਜ਼ਾਦ ਕਰਾਉਣ ਆਏ ਸਨ। ਸਰਕਾਰ ਦੀਆਂ ਨਜ਼ਰਾਂ ਅਤੇ ਨਜ਼ਰ ਬੰਦੀਆਂ ਤੋਂ ਬਚੇ ਸਾਥੀਆਂ ਵਿੱਚੋਂ ਸਿਰਕੱਢ ਸਰਾਭਾ ਸੀ। ਉਸ ਅਤੇ ਉਸ ਦੇ ਸਾਥੀਆਂ ਨੇ ਦਿਨ-ਰਾਤ ਇੱਕ ਕਰਕੇ ਅਤੇ ਜ਼ਾਲਮ ਸਰਕਾਰ ਵਿਰੁੱਧ ਧੂੰਆਂਧਾਰ ਪ੍ਰਚਾਰ ਕਰਕੇ ਗ਼ਦਰ ਦੀਆਂ ਗੂੰਜਾਂ ਪਾ ਦਿੱਤੀਆਂ ਸਨ। ਉਨ੍ਹਾਂ ਨੇ ਉੱਤਰੀ ਭਾਰਤ ਦੀਆਂ ਤਕਰੀਬਨ ਸਭ ਛਾਉਣੀਆਂ ਵਿੱਚ ਗ਼ਦਰ ਦਾ ਸੰਦੇਸ਼ ਪਹੁੰਚਾ ਦਿੱਤਾ ਸੀ, ਪਰ ਮੀਆਂਮੀਰ (ਲਾਹੌਰ) ਅਤੇ ਫਿਰੋਜ਼ਪੁਰ ਦੀਆਂ ਦੋ ਕੁੰਜੀਵਤ ਛਾਉਣੀਆਂ ਦੇ ਫੌਜੀ ਵਾਰ-ਵਾਰ ਕਹਿੰਦੇ ਸਨ, "ਗ਼ਦਰੀਓ, ਛਤਾਬੀ ਨਾਲ ਪਹਿਲ ਤੁਸੀਂ ਕਰਕੇ ਮੈਗਜ਼ੀਨਾਂ ਉੱਪਰ ਕਬਜ਼ੇ ਕਰ ਲਓ; ਪਿੱਛੋਂ ਅਸੀਂ ਵੀ ਹਥਿਆਰ ਚੁੱਕ ਲਵਾਂਗੇ।" ਬਹੁਤ ਮਾਤਰਾ ਵਿੱਚ ਗ਼ਦਰੀ ਹਥਿਆਰਾਂ ਲਈ ਹੱਥ ਉਲਾਰਦੇ ਸਨ। "ਉਹ (ਸਰਾਭਾ-ਲੇਖਕ)" ਕੀ ਕਰਨਾ ਲੋੜੀਏ ? ਪ੍ਰਸ਼ਨਾਂ ਦੇ ਪ੍ਰਸ਼ਨ ਦਾ ਉੱਤਰ ਲੱਭਣ ਲਈ, "ਰਾਸ ਬਿਹਾਰੀ ਬੋਸ ਦੀ ਸਲਾਹ ਮੰਨ ਕੇ ਅਤੇ ਨਵਾਬ ਖ਼ਾਨ (ਪਿੱਛੋਂ ਵਾਅਦਾ ਮਾਫ਼ ਗਵਾਹ-ਲੇਖਕ) ਦੀ ਹੱਲਾਸ਼ੇਰੀ ਕਾਰਨ ਡਕੈਤੀਆਂ ਲਈ ਤਿਆਰ ਹੋ ਗਿਆ। (ਪਰ ਉਹ-ਲੇਖਕ) ਡਕੈਤੀਆਂ ਕਰਨ ਸਮੇਂ ਵੀ ਆਪਣੇ ਮਿਸ਼ਨ ਬਾਰੇ ਲੋਕਾਂ ਨੂੰ ਦੱਸਣਾ ਨਹੀਂ ਸੀ ਭੁੱਲਦਾ।" (ਭਾਰਤੀ-ਪੰਨਾ 17) 2 ਫ਼ਰਵਰੀ, 1915 ਦੀ ਰਾਤ ਨੂੰ ਚੱਬੇ ਪਿੰਡ ਵਿੱਚ ਮਾਰਿਆ ਡਾਕਾ ਪਾਰਟੀ ਦੇ ਸਾਰੇ ਕੰਮ ਵਿਗਾੜਨ ਦਾ ਕਾਰਨ ਬਣਿਆ। ਡਾਕੇ ਵਿੱਚ ਫੜੇ ਕਾਕਾ ਸਿੰਘ ਲੁਹਾਰ ਨੇ ਸਭ ਕੁਝ ਦੱਸ ਦਿੱਤਾ। (ਜੇ ਕੁਝ ਕਸਰ ਬਾਕੀ ਸੀ ਤਾਂ ਅੰਗਰੇਜ਼ ਸਰਕਾਰ ਉੱਤੇ ਕਿਰਪਾ ਕਰਨ ਵਾਲਾ ਕਿਰਪਾਲ ਸਿੰਘ, ਮੁੱਖ ਮੁਖ਼ਬਰ) "ਮਾਰ ਗਿਆ।" (ਸਾਥੀ ਸੈਂਸਰਾ-ਪੰਨਾ 205)। ਜਦ ਚੱਬੇ ਡਾਕੇ ਵਿੱਚ ਮਾਰੇ ਗਏ ਬੇਲੀ ਰਾਮ ਸ਼ਾਹੂਕਾਰ ਦੀ ਵਿਧਵਾ ਅਤੇ ਨਿੱਕੇ ਨਿਆਣੇ ਜ਼ਾਰ-ਜ਼ਾਰ ਰੋਂਦੇ ਹੋਏ ਲਾਹੌਰ ਅਦਾਲਤ ਵਿੱਚ ਪੇਸ਼ ਹੋਏ "ਤਾਂ ਉਨ੍ਹਾਂ ਨੂੰ ਵੇਖ ਕੇ ਦ੍ਰਵਿਤ ਅਤੇ ਦੁਖੀ ਮਨ ਨਾਲ ਬਾਬਾ ਜੀ (ਭਕਨਾ-ਲੇਖਕ) ਨੇ ਕਰਤਾਰ ਸਿੰਘ ਨੂੰ ਪੁੱਛਿਆ ਕਿ ਆਪਣੇ ਹੀ ਲੋਕਾਂ ਤੇ ਧੀਆਂ-ਭੈਣਾਂ 'ਤੇ ਉਨ੍ਹਾਂ ਨੇ ਡਾਕੇ ਕਿਉਂ ਮਾਰੇ ? ਇਹ ਦ੍ਰਿਸ਼ ਵੇਖ ਕੇ ਤੇ ਬਾਬਾ ਜੀ ਦੇ ਝਿੜਕਦੇ ਬੋਲ ਸੁਣਾ ਕੇ ਕਰਤਾਰ ਦਾ ਦਿਲ ਵੀ ਭਰ ਆਇਆ ਤੇ ਉਸ ਨੇ ਪੈਸੇ ਦੀ ਲੋੜ ਪੂਰਤੀ ਲਈ ਮਜਬੂਰੀਵੱਸ ਡਾਕੇ ਮਾਰਨ ਦੀ ਗ਼ਲਤੀ ਨੂੰ ਵੀ ਤਸਲੀਮ ਕਰ ਲਿਆ।" (ਪ੍ਰੋ. ਸੰਧੂ, ਪੰਨਾ 34 )

ਸਾਡੇ ਵਿਚਾਰ ਅਨੁਸਾਰ ਸਰਾਭਾ ਦੀ ਇਹ ਵੱਡੀ ਵਡਿਆਈ ਸੀ ਕਿ ਉਸ ਨੇ ਅਜਿਹੀ ਗਲਤੀ ਨੂੰ ਮੰਨ ਲਿਆ। ਇਥੇ ਹੀ ਬਸ ਨਹੀਂ, ਉਸ ਨੇ ਤਾਂ 'ਸੱਚੋ, ਸੱਚ ਸੁਣਾ ਵੇ ਯੋਗੀ' ਵਾਂਗ 'ਸਿਆਸੀ ਯੋਗੀ' ਬਣ ਕੇ ਅਦਾਲਤ ਵਿੱਚ ਸਭ ਸੱਚੋ, ਸੱਚ ਸੁਣਾ ਦਿੱਤਾ। ਜੱਜਾਂ ਨੇ ਬਥੇਰਾ ਕਿਹਾ ਕਿ ਬਿਆਨ ਬਦਲ ਲੈ, ਕਿਉਂਕਿ ਅੰਜਾਮ ਮੌਤ ਚਸ਼ਮਦੀਦ ਗਵਾਹ ਬਿਆਨਦੇ ਹਨ ਕਿ ਸਰਾਭਾ ਸ਼ੇਰ ਵਾਂਗ ਗਰਜਿਆ, "ਮੌਤ ਤੋਂ ਤਾਂ ਕਾਇਰ ਡਰਦੇ ਹਨ, ਬਹਾਦਰ ਨਹੀਂ। ਤੁਸੀਂ ਵੱਧ ਤੋਂ ਵੱਧ ਕੀ ਕਰ ਲਉਗੇ, ਹਾਂ, ਪਰ ਅੰਗਰੇਜ਼ ਅਫ਼ਸਰ ਉਸ ਦੇ ਹੱਥੋਂ ਮੌਤ ਤੋਂ ਡਰਦੇ, ਥਰ-ਥਰ ਕੰਬਦੇ ਸਨ। ਇਸੇ ਕਰਕੇ ਬਰਤਾਨੀਆ ਸਰਕਾਰ ਦੇ ਹੋਮ ਡਿਪਾਰਟਮੈਂਟ ਦੇ ਅਫ਼ਸਰ, ਕਰੈਡਕ ਨੇ 10 ਨਵੰਬਰ, 1915 ਨੂੰ ਆਪਣੀ ਆਖਰੀ ਟਿੱਪਣੀ ਵਿੱਚ ਸਰਾਭਾ ਦੀ ਸਜ਼ਾ-ਏ-ਮੌਤ ਬਰਕਰਾਰ ਰੱਖਦਿਆਂ ਵਾਇਸਰਾਏ, ਲਾਰਡ ਹਾਰਡਿੰਗ ਦੀ ਕੌਂਸਲ ਵੱਲੋਂ ਕੀਤੀ ਗੁਪਤ ਘੋਖ ਦਾ ਤੋੜ, ਇਸ ਤਰ੍ਹਾਂ ਤੋੜਿਆ, "ਇਸ ਦੀ ਸਰਗੋਧੇ ਫੌਜੀ ਰਸਾਲੇ ਤੋਂ ਹੋਈ ਗ੍ਰਿਫ਼ਤਾਰੀ ਨਾਲ ਉਨ੍ਹਾਂ ਸਾਰਿਆਂ ਨੇ ਸੁੱਖ ਦਾ ਸਾਹ ਲਿਆ, ਜਿਹੜੇ ਇਸ ਸਾਜ਼ਿਸ਼ (ਗ਼ਦਰ-ਲੇਖਕ) 'ਚ ਨਿਕਲਣ ਵਾਲੇ ਸਿੱਟਿਆਂ ਤੋਂ ਵਾਕਫ਼ ਸਨ, ਜਿਨ੍ਹਾਂ ਵਿੱਚ ਸਰਕਾਰੀ ਫੌਜਾਂ ਵਿੱਚ ਬਗਾਵਤ ਦੀ ਪੂਰੀ ਸੰਭਾਵਨਾ ਅਤੇ ਸਿੰਘਾਪੁਰ ਵਿਖੇ ਵਾਪਰੇ (ਫ਼ੌਜੀ ਬਗਾਵਤ) ਜਿਹੇ ਕਾਂਡ ਵਾਪਰ ਸਕਦੇ ਸਨ।" ਖੋਜ ਅਤੇ ਆਲੇਖ: ਪ੍ਰੋ. ਵੜੈਚ, ਸੰਪਾਦਕ : ਸਾਥੀ ਕੰਗਣੀਵਾਲ-ਪੰਨਾ 159)

ਸੋ, ਅੰਗਰੇਜ਼ ਸਰਕਾਰ ਲਈ ਐਡਾ ਵੱਡਾ ਹਊਆ ਬਣੇ ਸਰਾਭਾ ਦੇ ਜੀਵਨ ਉਪਰ ਕੁਝ ਹੋਰ ਝਾਤ ਪਾਉਣੀ ਕੁਥਾਵੀਂ ਨਹੀਂ ਹੋਵੇਗੀ। ਉਹ 24 ਮਈ, 1896 ਨੂੰ ਸ. ਮੰਗਲ ਸਿੰਘ ਦੇ ਗ੍ਰਹਿ ਵਿਖੇ ਅਤੇ ਮਾਤਾ ਸਾਹਿਬ ਕੌਰ ਦੀ ਕੁੱਖੋਂ ਪੈਦਾ ਹੋਇਆ। ਬਚਪਨ ਵਿੱਚ ਹੀ ਯਤੀਮ ਹੋ ਜਾਣ ਕਰਕੇ ਦਾਦੀ ਅਤੇ ਦਾਦਾ ਸ. ਬਚਨ ਸਿੰਘ ਨੇ ਦੁੱਧ, ਮੱਖਣਾਂ ਅਤੇ ਚਾਵਾਂ-ਮਲ੍ਹਾਰਾਂ ਨਾਲ ਉਸ ਦਾ ਪਾਲਣ-ਪੋਸ਼ਣ ਕੀਤਾ। "ਇਹ ਚੰਗਾ ਸੋਹਣਾ ਜਵਾਨ ਨਿਕਲਿਆ। ਇਸ ਦਾ ਕੱਦ ਕੋਈ ਪੰਜ ਫੁੱਟ ਅੱਠ ਇੰਚ ਸੀ। ਅੱਖਾਂ ਮੋਟੀਆਂ-ਮੋਟੀਆਂ ਅਤੇ ਬੜੀਆਂ ਸੋਹਣੀਆਂ ਸਨ। ਚਿਹਰੇ ਦਾ ਰੰਗ ਲਾਲ ਸੇਬ ਵਰਗਾ ਸੀ। ਦੰਦ ਮੋਤੀਆਂ ਦੇ ਦਾਣੇ ਸਨ।...ਇਹ ਨਿੱਚਲਾ ਬੈਠਣਾ ਤਾਂ ਜਾਣਦਾ ਹੀ ਨਹੀਂ ਸੀ। ਇਸ ਵਿੱਚ ਬੜੀ ਫੁਰਤੀ ਅਤੇ ਚਲਾਕੀ ਸੀ। ਪਿੰਡ ਦੇ ਮੁੰਡੇ ਇਸ ਨੂੰ 'ਅਫਲਾਤੂ' (ਗਰੀਸ ਦੇ ਪ੍ਰਸਿੱਧ ਫਿਲਾਸਫ਼ਰ, ਪਲੈਟੋ, ਦੇ ਨਾਂਅ ਦਾ ਪੰਜਾਬੀਕਰਨ-ਲੇਖਕ) ਆਖਦੇ ਸਨ।" (ਸਾਥੀ ਜੋਸ਼-'ਕਿਰਤੀ',) ਅਪ੍ਰੈਲ, 1927, ਪੰਨਾ 169) "ਕਰਤਾਰ ਸਿੰਘ ਆਪਣੀ ਚੁਸਤੀ ਅਤੇ ਚਲਾਕੀ ਕਾਰਨ ਹਰ ਸਮੇਂ ਟਪੂੰ, ਟਪੂੰ ਕਰਦਾ ਰਹਿੰਦਾ ਸੀ, ਜਿਸ ਲਈ ਮੁੰਡਿਆਂ ਨੇ ਇਸ ਦਾ ਨਾਂਅ ਉਡਣਾ ਸੱਪ ਰੱਖਿਆ ਹੋਇਆ ਸੀ।" (ਬਾਬਾ ਚਮਿੰਡਾ ਟਰੈਕਟ, ਪੰਨਾ 3)

ਸਰਾਭਾ ਆਪਣੇ ਪਿੰਡ ਸਰਾਭਾ, ਗੁੱਜਰਵਾਲ ਅਤੇ ਲੁਧਿਆਣਾ ਵਿਖੇ ਪੜ੍ਹ ਕੇ ਆਪਣੇ ਚਾਚਾ ਜੀ ਸ. ਬਖ਼ਸ਼ੀਸ਼ ਸਿੰਘ ਪਾਸ ਉੜੀਸਾ ਜਾ ਕੇ ਅੱਗੇ ਪੜ੍ਹਿਆ, ਉਹ "2 ਜੁਲਾਈ, 1912 ਨੂੰ ਹਾਂਗਕਾਂਗ ਤੋਂ ਚੱਲਿਆ ਅਤੇ 28 ਜੁਲਾਈ, 1912 ਅਮਰੀਕਾ ਦੇ ਸ਼ਹਿਰ ਸਾਨਫ਼ਰਾਂਸਿਸਕੋ ਨੇੜੇ ਏਂਜਲ ਆਈਲੈਂਡ (ਟਾਪੂ) 'ਤੇ ਜਾ ਉਤਰਿਆ।...ਏਂਜਲ ਆਈਲੈਂਡ 'ਤੇ 31 ਜੁਲਾਈ, 1912 ਨੂੰ ਸਪੈਸ਼ਲ ਪੜਤਾਲੀਆ ਬੋਰਡ ਦੀ ਮੀਟਿੰਗ ਹੋਈ।" ਤੱਥ ਖੋਜਕ ਸੀਤਾ ਰਾਮ ਬਾਂਸਲ-ਸੰਪਾਦਕ ਸਾਥੀ ਕੰਗਣੀਵਾਲ-ਪੰਨਾ 161)

ਓ ਕੇ ਹੋਣ ਉਪਰੰਤ ਸਰਾਭਾ ਕੈਲੇਫੋਰਨੀਆ ਦੀ ਬਰਕਲੇ ਯੂਨੀਵਰਸਿਟੀ ਵਿੱਚ ਡਿਪਲੋਮਾ-ਇਨ-ਇਲੈਕਟ੍ਰੀਕਲ ਇੰਜੀਨੀਅਰਿੰਗ ਕਰਨ ਵਾਸਤੇ ਕਲਾਸ ਵਿੱਚ ਜਾ ਬੈਠਾ। "ਉਸ ਦੀ ਵਿੱਦਿਆ ਐੱਫ਼ ਏ (ਐੱਫ਼ ਐੱਸ ਸੀ-ਨਾਨ ਮੈਡੀਕਲ ਹੋਣ ਕਰਕੇ ਤਾਂ ਹੀ ਤਾਂ ਪਿੱਛੇ ਉਕਤ ਕੋਰਸ ਵਿੱਚ ਦਾਖ਼ਲਾ ਮਿਲਿਆ ਸੀ-ਲੇਖਕ) ਬਰਾਬਰ ਸੀ।" (ਬਾਬਾ ਭਕਨਾ-ਜੀਵਨ ਸੰਗਰਾਮ, ਯੁਵਕ ਕੇਂਦਰ) ਬਰਕਲੇ ਵਿਖੇ "ਪੰਜਾਬੀ ਪੜ੍ਹਾਕੂ ਭਾਰਤ ਵਿਚਲੇ ਬਰਤਾਨਵੀ ਰਾਜ ਦਾ ਹਥਿਆਰਬੰਦ ਬਗ਼ਾਵਤ (ਗ਼ਦਰ-ਲੇਖਕ) ਨਾਲ ਤਖਤਾ ਪਲਟਾਉਣ ਵਿੱਚ ਵਿਸ਼ਵਾਸ ਰੱਖਦੇ ਸਨ।...ਪਰ, ਗੈਰ-ਪੰਜਾਬੀ ਸਟੂਡੈਂਟਸ ਦਾ ਗੈਰ-ਹਿੰਸਕ ਢੰਗ-ਤਰੀਕਿਆਂ ਵਿੱਚ ਅਕੀਦਾ ਸੀ।" (ਡੀ, ਚੇਨਚਹੀਆ ਦੀ ਅੰਗਰੇਜ਼ੀ ਬੁੱਕਲੈਟ-ਐਡੀਟਰ : ਪ੍ਰੋ. ਪਰਮਿੰਦਰ ਸਿੰਘ ਪੰਨਾ 17 ਅਤੇ 18)

1913 ਦੀਆਂ ਗਰਮੀਆਂ ਦੀਆਂ ਛੁੱਟੀਆਂ ਸਮੇਂ ਸਰਾਭਾ ਆਪਣੇ ਗਰਾਈਂ, ਰੁਲੀਆ ਸਿੰਘ ਸਰਾਭਾ ਨਾਲ ਫਾਰਮ ਵਿੱਚ ਕੰਮ ਕਰਨ ਲਈ ਜਾ ਰਲਿਆ ਸੀ। ਜਦ 21 ਅਪ੍ਰੈਲ 1913 ਨੂੰ ਅਸਟੋਰੀਆ ਵਿਖੇ ਹਿੰਦੀਆਂ ਦੇ ਇਕੱਠ ਨੇ ਐਸੋਸੀਏਸ਼ਨ ਦੀ ਸਾਜਨਾ ਕੀਤੀ ਤਾਂ ਬਾਨੀ ਮੈਂਬਰਾਂ ਵਿੱਚ ਸਰਾਭਾ ਵੀ ਬਿਰਾਜਮਾਨ ਸੀ। ਬਜ਼ੁਰਗ ਲਾਲਾ ਹਰਦਿਆਲ ਨੂੰ ਹਫ਼ਤਾਵਾਰੀ ਅਖ਼ਬਾਰ 'ਗ਼ਦਰ', 1 ਨਵੰਬਰ, 1913 ਨੂੰ ਹੀ ਪ੍ਰਕਾਸ਼ਤ ਕਰਾਉਣ ਲਈ ਨੌਜਵਾਨ ਸਰਾਭਾ ਨੇ ਹੀ ਤਿਆਰ ਕੀਤਾ। ਪੰਜਾਬੀ ਵਿੱਚ ਇਸ ਮਾਸਿਕ ਦਾ ਪਹਿਲਾ ਅੰਕ 8 ਦਸੰਬਰ 1913 ਨੂੰ ਛਾਇਆ ਹੋਇਆ ਸੀ। 'ਯੁਗਾਂਤਰ ਆਸ਼ਰਮ' ਵਿੱਚ ਜਿਧਰ-ਕਿਧਰ ਦੇਖੋ, ਸਰਾਭਾ ਹੀ ਤਕਰੀਬਨ ਸਭ ਕੰਮ ਰੇੜ੍ਹੀ ਫਿਰਦਾ ਸੀ। ਉਸ ਨੇ ਪਹਿਲੇ ਅੰਕ ਵਿੱਚ 'ਪਗੜੀ ਸੰਭਾਲ ਜੱਟਾ' ਕਵਿਤਾ ਸ਼ਾਇਰ ਸੂਫੀ ਅੰਬਾ ਪ੍ਰਸਾਦ ਵੀ ਕੰਠ ਕੀਤੀ ਹੋਈ ਛਾਪ ਦਿੱਤੀ ਸੀ। ਆਉਣ ਵਾਲੀ ਆਲਮੀ ਜੰਗ ਦੇ ਸਨਮੁੱਖ ਹਿੰਦੁਸਤਾਨ ਗ਼ਦਰ ਪਾਰਟੀ ਨੇ ਉਸ ਨੂੰ ਹਵਾਈ ਜਹਾਜ਼ ਨਾਲ ਸੰਬੰਧਤ ਸਭ ਕਾਰਜ ਉਡਾਉਣਾ, ਬਣਾਉਣਾ ਅਤੇ ਮੁਰੰਮਤ ਕਰਨਾ, ਸਿੱਖਣ ਲਈ ਭੇਜਿਆ। "ਇਸ ਨਾਲ ਉਸ ਦੀ ਭੱਲ ਬਣਦੀ ਹੈ ਕਿ ਉਸ ਨੇ ਆਪਣਾ 6 ਮਹੀਨਿਆਂ ਦਾ ਕੋਰਸ 4 ਮਹੀਨਿਆਂ ਵਿੱਚ ਹੀ ਮੁਕੰਮਲ ਕਰ ਲਿਆ।" (ਸਾਥੀ ਜੋਸ਼ ਦੀ ਅੰਗਰੇਜ਼ੀ ਬੁੱਕ, ਪੇਜ 194 ਇਹ ਜਦ ਪਹਿਲੇ ਸੰਸਾਰ ਯੁੱਧ ਦੇ ਆਰੰਭਕ ਦਿਨ ਹੀ, 5 ਅਗਸਤ 1914 ਵਾਲੇ 'ਗ਼ਦਰ' ਦੇ ਅੰਕ ਵਿੱਚ ਪਾਰਟੀ ਨੇ ਨਗਾਰੇ ਉਪਰ ਚੋਟ ਲਾਈ ਕਿ ਤੁਰੰਤ ਵਤਨੀ ਫੇਰਾ ਪਾ ਕੇ ਅਤੇ ਗ਼ਦਰ ਕਰਕੇ ਹਿੰਦੁਸਤਾਨ ਨੂੰ ਜਮਹੂਰੀ ਗਣਰਾਜ ਘੋਸ਼ਿਤ ਕਰ ਦਿਓ ਤਾਂ ਜੋ ਸਭ ਤੋਂ ਪਹਿਲਾਂ ਸਰਾਭਾ ਨੇ ਨਿਰਾ ਲਲਕਾਰਾ ਹੀ ਨਹੀਂ ਮਾਰਿਆ, ਸਗੋਂ ਸਭ ਤੋਂ ਪਹਿਲਾਂ ਦੇਸ਼ ਦੀ ਧਰਤੀ ਉਤੇ 15-16 ਸਤੰਬਰ, 1914 ਨੂੰ ਪੈਰ ਪਾ ਕੇ ਦੁਸ਼ਟ ਅੰਗਰੇਜ਼ ਸਰਕਾਰ ਨੂੰ ਹੱਥਾਂ-ਪੈਰਾਂ ਦੀ ਪਾ ਦਿੱਤੀ। ਕਰਤਾਰ ਸਿੰਘ ਸਰਾਭਾ ਨੇ ਹੀ ਗ਼ਦਰੀਆਂ ਦਾ ਪਹਿਲਾ ਇਕੱਠ ਕੀਤਾ "....ਗ਼ਦਰੀਆਂ ਦੀ ਪਹਿਲੀ ਮੀਟਿੰਗ ਵਿੱਚ ਗ਼ਦਰੀ ਡੀਟੇਚਮੈਂਟਾਂ ਬਣਾਈਆਂ ਗਈਆਂ ਸਨ। ਹਰ ਡੀਟੇਚਮੈਂਟ ਦਾ ਆਗੂ ਨਿਯੁਕਤ ਕੀਤਾ ਗਿਆ ਅਤੇ ਇੱਕ ਉੱਚ ਪੱਧਰੀ 9 ਮੈਂਬਰੀ ਗ਼ਦਰੀ ਕਮਾਂਡ ਵੀ ਬਣਾਈ ਗਈ ਸੀ, ਜਿਸ ਦੀ ਅਗਵਾਈ ਵਿੱਚ ਇਨ੍ਹਾਂ ਡੀਟੇਚਮੈਂਟਾਂ ਨੇ ਕੰਮ ਕਰਨਾ ਸੀ।...ਕਰਤਾਰ ਸਿੰਘ ਸਰਾਭਾ ਇਨ੍ਹਾਂ ਡੀਚੈਟਮੈਂਟਾਂ ਨੂੰ ਸਾਵਧਾਨ ਕਰਨ ਲਈ ਸਾਰੇ ਪੰਜਾਬ ਵਿੱਚ ਘੁੰਮਿਆ।" (ਬਾਬਾ ਬਿਲਗਾ ਪੰਨੇ 79 ਤੋਂ 81) ਇਸੇ ਉਚੇਚੇ ਉਦਮ ਕਰਕੇ ਬਾਬਾ ਭਕਨਾ ਜੀ ਪਿਆਰ ਅਤੇ ਸਤਿਕਾਰ ਨਾਲ ਜਿੰਨਾ ਨਿੱਕਾ, ਓਨਾ ਤਿੱਖਾ ਸਰਾਭਾ ਨੂੰ 'ਮੇਰਾ ਜਰਨੈਲ' ਆਖਦੇ ਸਨ ਅਤੇ ਬਾਬਾ ਚਮਿੰਡਾ ਉਮਰ ਨਿਆਣੀ ਕਰਕੇ 'ਬਾਲਾ ਜਰਨੈਲ' ਹੀ ਮੰਨਦੇ, ਪਰ "ਸ਼ਹੀਦੇ-ਆਜ਼ਮ ਸ. ਭਗਤ ਸਿੰਘ ਸ਼ਹੀਦ ਸਰਾਭਾ ਨੂੰ ਆਪਣਾ ਗੁਰੂ, ਵੱਡਾ ਭਰਾ ਅਤੇ ਸਾਥੀ ਸਮਝਦਾ ਹੋਇਆ ਉਸ ਦੀ ਫੋਟੋ ਹਰ ਵੇਲੇ ਆਪਣੀ ਜੇਬ ਵਿੱਚ ਰੱਖਦਾ ਸੀ। ਉਸ ਦੀ ਮਾਤਾ ਸ੍ਰੀਮਤੀ ਵਿਦਿਆਵਤੀ : ਅਨੁਸਾਰ ਘਰ ਵਿੱਚ ਕੰਮ ਕਰਦੇ ਤੇ ਏਧਰ-ਉਧਰ ਫਿਰਦਿਆਂ ਭਗਤ ਸਿੰਘ ਗਾਉਂਦਾ ਹੁੰਦਾ ਸੀ:

*"ਸੇਵਾ ਦੇਸ਼ ਦੀ ਜਿੰਦੜੀਏ ਬੜੀ ਔਖੀ,*
*ਗੱਲਾਂ ਕਰਨੀਆਂ ਢੇਰ ਸੁਖੱਲੀਆਂ ਨੇ।*
*ਜਿਨ੍ਹਾਂ ਦੇਸ਼ ਸੇਵਾ ਵਿੱਚ ਪੈਰ ਪਾਇਆ,*
*ਉਨ੍ਹਾਂ ਲੱਖ ਮੁਸੀਬਤਾਂ ਝੱਲੀਆਂ ਨੇ।"*

*(ਯੁਵਕ ਕੇਂਦਰ, 1966)*

***# ਸੰਪਰਕ : 99152-43184***

# ਅੰਨ ਦੀ ਬਰਬਾਦੀ ਦਾ ਮੰਜ਼ਰ-ਸਹੀ ਵਰਤੋਂ ਕਿਵੇਂ ਕਰੀਏ



**ਸੁਰਿੰਦਰ ਸ਼ਰਮਾ ਨਾਗਰਾ**

ਇਸ ਧਰਤੀ 'ਤੇ ਜਦੋਂ ਜੀਵਨ ਦੀ ਰਚਨਾ ਹੋਈ ਤਾਂ ਉਸ ਨੂੰ ਅੱਗੇ ਵਧਣ ਲਈ ਊਰਜਾ ਦੀ ਜ਼ਰੂਰਤ ਪੈਦਾ ਹੋਈ। ਪਹਿਲਾਂ ਪਹਿਲ ਉਸ ਨੇ ਧਰਤੀ ਵਿਚੋਂ ਉੱਗੇ ਘਾਹ-ਫੂਸ, ਜੜ੍ਹਾਂ-ਪੱਤੇ ਤੇ ਉਨ੍ਹਾਂ ਉੱਪਰ ਲੱਗਣ ਵਾਲੇ ਫਲਾਂ ਨੂੰ ਆਪਣਾ ਭੋਜਨ ਬਣਾਇਆ, ਜਿਸ ਤੋਂ ਉਨ੍ਹਾਂ ਨੂੰ ਊਰਜਾ ਮਿਲਦੀ ਰਹੀ। ਹੋਰ ਧਰਤੀ ਉੱਪਰ ਕੋਈ ਅਨਾਜ ਆਦਿ ਪੈਦਾ ਨਹੀਂ ਹੁੰਦਾ ਸੀ ਅਤੇ ਨਾ ਹੀ ਇਸ ਧਰਤੀ ਦੇ ਪ੍ਰਾਣੀਆਂ ਨੂੰ ਇਸ ਦੀ ਸੂਝ ਸੀ। ਜਿਹੜੇ ਹਿੰਸਕ ਜਾਨਵਰ ਹਨ, ਉਹ ਇੱਕ-ਦੂਜੇ ਦਾ ਸ਼ਿਕਾਰ ਕਰਕੇ ਆਪਣੇ ਪੇਟ ਭਰਦੇ ਰਹੇ ਤੇ ਉਸ ਤੋਂ ਊਰਜਾ ਪ੍ਰਾਪਤ ਕਰਦੇ ਰਹੇ। ਮਨੁੱਖੀ ਜਾਤੀ ਪਹਿਲਾਂ-ਪਹਿਲ ਦਰੱਖਤਾਂ ਉਪਰ ਜਾਨਵਰਾਂ ਵਾਂਗ ਰਹਿੰਦੀ ਸੀ। ਇਸ ਨੂੰ ਆਪਣੇ ਪੈਰਾਂ ਉੱਤੇ ਚੱਲਣਾ ਵੀ ਨਹੀਂ ਆਇਆ ਸੀ। ਹਜ਼ਾਰਾਂ ਸਾਲਾਂ ਤੋਂ ਬਾਅਦ ਇਸ ਨੇ ਚੁਪਾਇਆ ਜਾਨਵਰਾਂ ਵਾਂਗ ਧਰਤੀ 'ਤੇ ਉਤਰਨਾ ਸ਼ੁਰੂ ਕੀਤਾ। ਇਹ ਵੀ ਹੌਲੀ-ਹੌਲੀ ਜਾਨਵਰਾਂ ਦਾ ਸ਼ਿਕਾਰ ਕਰਕੇ ਆਪਣੇ ਭੋਜਨ ਦਾ ਇੰਤਜ਼ਾਮ ਕਰਨ ਲੱਗੇ। ਇਸ ਤਰ੍ਹਾਂ ਇਨ੍ਹਾਂ ਕੰਦ-ਮੂਲ, ਘਾਹ -ਫੂਸ ਤੇ ਜੜ੍ਹਾਂ ਆਦਿ ਦੇ ਭੋਜਨ ਦੇ ਨਾਲ ਨਾਲ ਸ਼ਿਕਾਰ ਕਰਕੇ ਮਾਸ ਆਦਿ ਖਾਣ ਨਾਲ ਆਪਣੀ ਭੁੱਖ ਮਿਟਾਉਣੀ ਸ਼ੁਰੂ ਕੀਤੀ। ਇਸ ਨਾਲ ਊਰਜਾ ਭਰਪੂਰ ਮਾਤਰਾ ਵਿੱਚ ਮਿਲਦੀ ਸੀ ਤੇ ਇਨ੍ਹਾਂ ਦੀ ਜਨਸੰਖਿਆ ਵਿੱਚ ਵਾਧਾ ਹੋਣ ਲੱਗਿਆ।

ਉਸ ਤੋਂ ਬਾਅਦ ਪੱਥਰ ਨਾਲ ਪੱਥਰ ਰਗੜ ਕੇ ਪੈਦਾ ਹੋਈ ਅੱਗ ਨਾਲ ਭੋਜਨ ਪਕਾ ਕੇ ਖਾਣ ਦੀ ਸੂਝ ਆ ਗਈ। ਇਸ ਤਰ੍ਹਾਂ ਸਮੇਂ ਦੇ ਫੇਰ ਨਾਲ ਮਨੁੱਖ ਜਾਤੀ ਸੱਭਿਅਕ ਹੁੰਦੀ ਗਈ। ਸਭਿਅਕ ਹੋਣ ਦੇ ਨਾਲ-ਨਾਲ ਇਸ ਨੂੰ ਪਸ਼ੂ-ਪਾਲਣ, ਤਰ੍ਹਾਂ-ਤਰ੍ਹਾਂ ਦੇ ਅਨਾਜ ਉਗਾਉਣ, ਸਰਦੀ-ਗਰਮੀ ਤੋਂ ਬਚਣ ਲਈ ਆਪਣੇ ਤਨ ਨੂੰ ਢਕਣ ਤੇ ਅਤੇ ਇੱਕ ਸਮਾਜ ਦੀ ਸਿਰਜਣਾ ਦਾ ਵੱਲ ਆ ਗਿਆ। ਪਸ਼ੂਆਂ ਤੋਂ ਦੁੱਧ ਤੇ ਮਾਸ ਦੇ ਰੂਪ ਵਿੱਚ ਆਹਾਰ ਤੇ ਪੇਟ ਨੂੰ ਭਰਨ ਲਈ ਅਨਾਜ ਦਾ ਉਤਪਾਦਨ ਕਰਨਾ ਆਇਆ। ਸਮੇਂ ਦੇ ਲੰਘਣ ਨਾਲ ਬੋਲੀ ਦੀ ਉਤਪਤੀ, ਸਮਾਜਿਕ ਸਰੋਕਾਰਾਂ ਦੀ ਸਿਰਜਣਾ, ਵਿਦਿਆ ਤੇ ਵਿਗਿਆਨ ਦਾ ਗਿਆਨ, ਇਸ ਤਰ੍ਹਾਂ ਮਨੁੱਖ ਆਪਣੇ ਆਪ 'ਤੇ ਆਤਮ-ਨਿਰਭਰ ਹੋਣ ਲੱਗਾ।

ਭਾਰਤ ਵਿੱਚ ਸੱਤਵੇਂ ਦਹਾਕੇ ਦੌਰਾਨ ਕਈ ਸੂਬਿਆਂ ਵਿੱਚ ਸੋਕਾ ਪੈਣ ਕਰਕੇ ਅਨਾਜ ਦੀ ਕਮੀ ਆਈ। ਭੁੱਖਮਰੀ ਦੇ ਬੱਦਲ ਮੰਡਰਾਉਣ ਲੱਗੇ। ਉਸ ਸਮੇਂ ਦੇ ਪ੍ਰਧਾਨ ਮੰਤਰੀ ਨੇ ਇੱਕ ਦਿਨ ਵਰਤ ਲਈ ਸੱਦਾ ਦਿੱਤਾ ਤੇ ਖੇਤੀ ਉਤਪਾਦਨ ਵਧਾਉਣ ਲਈ ਤੇ ਦੇਸ਼ ਦੀ ਸੁਰੱਖਿਆ ਲਈ 'ਜੈ ਜਵਾਨ ਜੈ ਕਿਸਾਨ' ਦਾ ਨਾਹਰਾ ਦਿੱਤਾ। ਉਸ ਤੋਂ ਬਾਅਦ ਕਿਸਾਨਾਂ ਖਾਸ ਕਰਕੇ ਪੰਜਾਬ ਤੇ ਹਰਿਆਣਾ ਦੇ ਕਿਸਾਨਾਂ ਨੇ ਪਿੱਛੇ ਮੁੜ ਕੇ ਨਹੀਂ ਦੇਖਿਆ। ਅਨਾਜ ਪੈਦਾ ਕਰ ਕਰਕੇ ਢੇਰ ਲਗਾ ਦਿੱਤੇ। ਸਰਕਾਰਾਂ ਤੋਂ ਸਹੀ ਨੀਤੀ ਨਾ ਬਣਨ ਕਰਕੇ ਸਾਰੇ ਦੇਸ਼ ਵਿੱਚ ਅਨਾਜ ਦੀ ਸਹੀ ਵੰਡ ਨਹੀਂ ਹੋਈ। ਅਨਾਜ ਕਈ ਕਈ ਸਾਲ ਗੁਦਾਮਾਂ ਵਿੱਚ ਸੜਨ ਲੱਗਾ, ਪਰ ਹੁਣ ਸਥਿਤੀ ਕੰਟਰੋਲ ਵਿੱਚ ਹੈ। ਬਾਹਰੋਂ ਅਨਾਜ ਮੰਗਵਾਉਣ ਦੀ ਬਜਾਏ ਬਾਹਰਲੇ ਦੇਸ਼ਾਂ ਨੂੰ ਭੇਜਿਆ ਜਾਂਦਾ ਹੈ।

ਧਾਰਮਿਕ ਸਮਾਗਮਾਂ ਵਿੱਚ, ਵਿਆਹ-ਸ਼ਾਦੀਆਂ ਵਿੱਚ, ਵੱਡੇ-ਵੱਡੇ ਰਾਜਨੀਤਕ ਇੱਕਠਾਂ ਵਿੱਚ, ਬਾਕੀ ਹੋਰ ਵੀ ਜਿਵੇਂ ਖਾਣ-ਪੀਣ ਦੇ ਜਿੰਨੇ ਸਥਾਨ ਹਨ, ਜਿਵੇਂ ਰੈਸਟੋਰੈਂਟ, ਢਾਬੇ, ਹੋਟਲ, ਛੋਟੇ ਸਥਾਨ ਰੇਹੜੀਆਂ ਵਗੈਰਾ ਆਦਿ ਲੋੜ ਤੋਂ ਵੱਧ ਖਾਣਾ ਤਿਆਰ ਕਰਦੇ ਹਨ। ਪੂਰਾ ਖਾਣਾ ਇਸਤੇਮਾਲ ਨਾ ਹੋਣ ਦੀ ਸੂਰਤ ਵਿੱਚ ਆਖਰ ਉਹ ਬਰਬਾਦ ਹੋ ਜਾਂਦਾ ਹੈ।

ਉਦਾਹਰਣ ਦੇ ਤੌਰ 'ਤੇ ਅਸੀਂ ਵਿਆਹ ਸਮਾਗਮਾਂ ਦੀ ਗੱਲ ਕਰਦੇ ਹਾਂ। ਪਹਿਲੀ ਗੱਲ ਤਾਂ ਇਹ ਕਿ ਲੋਕ ਰੀਸੋ-ਰੀਸੀ ਬਹੁਤ ਜ਼ਿਆਦਾ ਇਕੱਠ ਕਰ ਲੈਂਦੇ ਹਨ। ਫਿਰ ਜਿਹੜੇ ਰਸੋਈਏ ਭੋਜਨ ਤਿਆਰ ਕਰਦੇ ਹਨ, ਉਹ ਸੌ ਡੇਢ ਸੌ ਬੰਦੇ ਦਾ ਭੋਜਨ ਮੇਜ਼ਬਾਨ ਦੀ ਦੱਸੀ ਗਿਣਤੀ ਤੋਂ ਵੱਧ ਤਿਆਰ ਕਰ ਲੈਂਦੇ ਹਨ ਤਾਂ ਕਿ ਗਿਣਤੀ ਤੋਂ ਵੱਧ ਮਹਿਮਾਨ ਆਉਣ ਦੀ ਸੂਰਤ ਵਿੱਚ ਖਾਣਾ ਘਟ ਨਾ ਜਾਵੇ। ਦੂਸਰਾ ਖਾਣ-ਪੀਣ ਦੀਆਂ ਆਈਟਮਾਂ ਹੀ ਐਨੀਆਂ ਬਣਾ ਲਈਆਂ ਜਾਂਦੀਆਂ ਹਨ ਕਿ ਮਹਿਮਾਨ ਉਨ੍ਹਾਂ ਨਾਲ ਹੀ ਰੱਜ ਲੈਂਦੇ ਹਨ ਤੇ ਖਾਣੇ ਦੀ ਟੇਬਲ ਤੱਕ ਨਹੀਂ ਪਹੁੰਚਦੇ। ਅਸੀਂ ਅਕਸਰ ਦੇਖਿਆ ਹੈ ਕਿ ਉਹ ਵਾਧੂ ਖਾਣਾ ਆਖਰ ਬਚ ਹੀ ਜਾਂਦਾ ਹੈ।

ਦੂਸਰੀ ਬਰਬਾਦੀ ਖਾਣ ਵਾਲੇ ਕਰਦੇ ਹਨ। ਖਾਣੀ ਉਨ੍ਹਾਂ ਇੱਕ ਰੋਟੀ ਹੁੰਦੀ ਹੈ, ਪਰ ਟੇਬਲ ਉੱਤੇ ਛੇ-ਛੇ ਸਬਜ਼ੀਆਂ ਕਈ ਪ੍ਰਕਾਰ ਦੇ ਚਾਵਲ, ਤਰ੍ਹਾਂ-ਤਰ੍ਹਾਂ ਦੀਆਂ ਰੋਟੀਆਂ (ਜਿਵੇਂ ਤੰਦੂਰੀ, ਮਿੱਸੀ, ਨਾਨ, ਰੁਮਾਲੀ ਆਦਿ ਰੋਟੀ) ਤੇ ਤਰ੍ਹਾਂ-ਤਰ੍ਹਾਂ ਦੇ ਸਲਾਦ ਰੱਖੇ ਹੁੰਦੇ ਹਨ ਮਿੱਠੇ ਦੀਆਂ ਚਾਰ ਪੰਜ ਆਈਟਮਾਂ ਅਲੱਗ। ਮਨੁੱਖੀ ਫਿਤਰਤ ਹੈ ਕਿ ਸਾਰੇ ਪਕਵਾਨ ਦੇਖ ਕੇ ਮੂੰਹ ਵਿੱਚ ਪਾਣੀ ਭਰ ਆਉਂਦਾ ਹੈ। ਫਿਰ ਉਹ ਲੋੜ ਤੋਂ ਵੱਧ ਆਈਟਮਾਂ ਆਪਣੀ ਪਲੇਟ ਵਿਚ ਸਜਾ ਲੈਂਦੇ ਹਨ। ਖਾਣਾ ਖਾਧਾ ਨਹੀਂ ਜਾਂਦਾ, ਫਿਰ ਉਹ ਪਲੇਟ ਡਸਟਬਿਨ ਦਾ ਸ਼ਿਗਾਰ ਬਣ ਜਾਂਦੀ ਹੈ, ਮਤਲਬ ਉਹ ਖਾਣਾ ਬਰਬਾਦ ਹੋ ਜਾਂਦਾ ਹੈ।

ਬਚੇ ਖਾਣੇ ਨੂੰ ਸੰਭਾਲਣ ਤੇ ਲੋੜਵੰਦ ਲੋਕਾਂ ਤੱਕ ਪਹੁੰਚਾਉਣ ਦਾ ਕੋਈ ਠੋਸ ਤੇ ਵਿਹਾਰਿਕ ਸਿਸਟਮ ਨਹੀਂ ਬਣਿਆ। ਫਿਰ ਵੀ ਕਈ ਜਗ੍ਹਾ ਦਿੱਲੀ, ਮੁੰਬਈ ਵਰਗੇ ਵੱਡੇ ਸ਼ਹਿਰਾਂ ਵਿੱਚ ਐੱਨ ਜੀ ਓ ਸਾਹਮਣੇ ਆਏ ਹਨ, ਜਿਹੜੇ ਬਚਿਆ ਹੋਇਆ ਖਾਣਾ ਲੋੜਵੰਦਾਂ ਤੱਕ ਪਹੁੰਚਾਉਂਦੇ ਹਨ। ਮੱਧ ਪ੍ਰਦੇਸ ਵਿੱਚ ਸਰਕਾਰ ਨੇ ਇੱਕ ਐਪ 'ਆਹਾਰ' ਨੈੱਟ 'ਤੇ ਬਣਾਈ ਹੈ, ਜਿਸ ਦੇ ਅਧੀਨ 'ਅੰਨਦਾਨ ਸਕੀਮ' ਹੇਠ ਇੰਦੌਰ ਸ਼ਹਿਰ ਵਿੱਚ ਐੱਨ ਜੀ ਓ ਸਮਾਜ ਸੇਵੀ ਸੰਸਥਾਵਾਂ ਅੱਗੇ ਆਈਆਂ ਹਨ। ਅਜਿਹੀਆਂ ਸੰਸਥਾਵਾਂ ਹਰ ਛੋਟੇ-ਵੱਡੇ ਸ਼ਹਿਰ ਵਿੱਚ ਹੋਣੀਆਂ ਚਾਹੀਦੀਆਂ ਹਨ, ਤਾਂ ਕਿ ਬਚਿਆ ਖਾਣਾ ਲੋੜਵੰਦਾਂਤੱਕ ਪਹੁੰਚ ਸਕੇ।

ਲੋਕਾਂ ਨੂੰ ਵੀ ਜਾਗਰੂਕ ਹੋਣਾ ਪਵੇਗਾ। ਖਾਣਾ ਓਨਾ ਹੀ ਆਪਣੀ ਪਲੇਟ ਵਿਚ ਪਾਉਣ, ਜਿੰਨਾ ਖਾ ਸਕਦੇ ਹੋਣ। ਭਾਰਤ ਦੇ ਉਦਯੋਗਪਤੀ ਰਤਨ ਟਾਟਾ ਨੇ ਜਰਮਨ ਦੇ ਇੱਕ ਰੈਸਟੋਰੈਂਟ ਵਿਚ ਖਾਣਾ ਖਾ ਕੇ ਬਚੇ ਹੋਏ ਖਾਣੇ ਲਈ ਰੈਸਟੋਰੇਂਟ ਦੇ ਮਾਲਕ ਵੱਲੋਂ ਕੀਤੇ ਜੁਰਮਾਨੇ ਦਾ ਟਵੀਟ ਕੀਤਾ ਹੈ। ਲੋਕਾਂ ਨੂੰ ਤਾਕੀਦ ਕੀਤੀ , 'ਪੈਸਾ ਤੁਹਾਡਾ ਹੈ, ਪਰ ਸਰੋਤ ਸਮਾਜ ਦੇ ਹਨ।' ਇਸ ਲਈ ਸਾਡੇ ਸੱਭਿਅਕ ਸਮਾਜ ਨੂੰ ਜਾਗਰੂਕ ਹੋਣ ਦੀ ਲੋੜ ਹੈ।

***# ਸੰਪਰਕ : 98786-46595***

# ਪੰਜਾਬ ਅੰਦਰ ਹੀ ਹੋ ਰਿਹਾ ਪੰਜਾਬੀ ਨਾਲ ਮਾੜਾ ਸਲੂਕ



**ਵਿੱਕੀ ਸੁਰਖਾਬ**

ਇਸ ਵਿਚ ਕੋਈ ਸ਼ੱਕ ਨਹੀਂ ਕਿ ਪੰਜਾਬ ਅੰਦਰ ਹੀ ਪੰਜਾਬੀ ਨਾਲ ਮਾੜਾ ਸਲੂਕ ਹੋ ਰਿਹਾ ਹੈ। ਜੇਕਰ ਆਪਣੇ ਅਧਿਕਾਰਿਕ ਖੇਤਰ ਵਿੱਚ ਹੀ ਇੱਕ ਭਾਸ਼ਾ ਨੂੰ ਵਾਰ-ਵਾਰ ਆਪਣਾ ਵਜੂਦ ਦਰਸਾਉਣਾ ਪਵੇ ਤਾਂ ਬਾਹਰਲੇ ਖੇਤਰਾਂ ਵਿੱਚ ਉਸ ਭਾਸ਼ਾ ਦਾ ਕੀ ਸਥਾਨ ਰਹਿ ਜਾਵੇਗਾ, ਇਸ ਦਾ ਅੰਦਾਜ਼ਾ ਅਸੀਂ ਸਹਿਜੇ ਹੀ ਲਗਾ ਸਕਦੇ ਹਾਂ। ਐਸੀਆਂ ਬਹੁਤ ਸਾਰੀਆਂ ਥਾਵਾਂ ਹਨ, ਜਿਨ੍ਹਾਂ 'ਤੇ ਪੰਜਾਬ ਵਿੱਚ ਹੀ ਮਤਰੇਈ ਮਾਂ ਵਾਲਾ ਸਲੂਕ ਹੋ ਰਿਹਾ ਹੈ। ਪਹਿਲਾਂ ਤਾਂ ਸੰਘਰਸ਼ ਵਿੱਢ ਕੇ ਧਰਨੇ, ਪ੍ਰਦਰਸ਼ਨ ਕਰਕੇ ਨੈਸ਼ਨਲ ਹਾਈਵੇ 'ਤੇ ਲੱਗੇ ਸਾਇਨ ਬੋਰਡਾਂ 'ਤੇ ਪੰਜਾਬੀ ਭਾਸ਼ਾ ਨੂੰ ਬਣਦਾ ਮਾਣ-ਸਤਿਕਾਰ ਦਿਵਾਇਆ ਗਿਆ ਸੀ, ਜਿਸ ਕਰਕੇ ਲੱਖਾ ਸਿਧਾਣਾ ਵਰਗੇ ਆਗੂ ਨੂੰ ਅਤੇ ਉਸ ਦੇ ਸਾਥੀਆਂ ਨੂੰ ਜੇਲ੍ਹ ਵੀ ਜਾਣਾ ਪਿਆ ਸੀ। ਇਹ ਮੰਦਭਾਗੀ ਘਟਨਾ ਸੀ ਕਿ ਆਪਣੀ ਭਾਸ਼ਾ ਵਾਸਤੇ ਸੰਘਰਸ਼ ਕਰਨਾ ਪਿਆ ਅਤੇ ਜੇਲ੍ਹ ਵੀ ਜਾਣਾ ਪਿਆ। ਇਸ ਤੋਂ ਬਾਅਦ ਪੰਜਾਬ ਦੇ ਸਰਕਾਰੀ ਅਤੇ ਅਰਧ ਸਰਕਾਰੀ ਦਫਤਰਾਂ ਅਤੇ ਸੰਸਥਾਵਾਂ ਵਿੱਚ ਵੀ ਸਾਰਾ ਕੰਮ ਪੰਜਾਬੀ ਵਿੱਚ ਕਰਨ ਵਾਸਤੇ ਮੰਗ ਪੱਤਰ ਦੇਣੇ ਪਏ ਸਨ, ਜਿਸ ਤੋਂ ਬਾਅਦ ਪੰਜਾਬ ਦੇ ਸਰਕਾਰੀ ਦਫਤਰਾਂ ਵਿੱਚ ਮੁਕੰਮਲ ਕੰਮ ਪੰਜਾਬੀ ਵਿੱਚ ਕਰਨ ਵਾਸਤੇ ਕਾਨੂੰਨ ਪਾਸ ਕੀਤਾ ਗਿਆ ਸੀ, ਪਰ ਪੰਜਾਬੀ ਨੂੰ ਪੰਜਾਬ ਅੰਦਰ ਹੀ ਬਣਦੀ ਥਾਂ ਨਹੀਂ ਮਿਲ ਰਹੀ ਹੈ। ਅਜੇ ਵੀ ਪੰਜਾਬੀ ਨੂੰ ਇਸ ਕੰਮ ਲਈ ਜੱਦੋ-ਜਹਿਦ ਕਰਨੀ ਪੈ ਰਹੀ ਹੈ। ਅਜੇ ਵੀ ਸਰਕਾਰ ਦੇ ਕਈ ਅਦਾਰੇ ਇਸ ਨੂੰ ਗੰਭੀਰਤਾ ਨਾਲ ਨਹੀਂ ਲੈ ਰਹੇ। ਇਸ ਪਾਸੇ ਸਰਕਾਰਾਂ ਵੀ ਪੂਰੀ ਤਰ੍ਹਾਂ ਚੌਕਸ ਨਹੀਂ ਲੱਗ ਰਹੀਆਂ ਤਾਂ ਹੀ ਇਹ ਸਿਲਸਿਲਾ ਖਤਮ ਹੋਣ ਦਾ ਨਾਂਅ ਨਹੀਂ ਲੈ ਰਿਹਾ।

ਜੇਕਰ ਅਸੀਂ ਆਪਣੇ ਆਲੇ-ਦੁਆਲੇ ਦੀ ਹੀ ਗੱਲ ਕਰੀਏ ਤਾਂ ਇਸ ਵਿੱਚ ਵੀ ਕਈ ਖਾਮੀਆਂ ਨਜ਼ਰ ਆਉਣਗੀਆਂ। ਜਿੱਥੋਂ ਤੱਕ ਅੱਜ-ਕੱਲ੍ਹ ਦੇ ਮਾਪਿਆਂ ਦਾ ਸੁਆਲ ਹੈ, ਹਰ ਮਾਂ-ਬਾਪ ਚਾਹੁੰਦੇ ਹਨ ਕਿ ਉਹਨਾਂ ਦਾ ਬੱਚਾ ਵੱਡੇ ਸਕੂਲਾਂ ਵਿੱਚ ਪੜ੍ਹੇ ਤਾਂ ਜੋ ਇਕ ਰੌਸ਼ਨ ਭਵਿੱਖ ਸਿਰਜਿਆ ਜਾ ਸਕੇ, ਪਰ ਅਸੀਂ ਜਿੱਥੇ ਆਪਣੇ ਬੱਚਿਆਂ ਨੂੰ ਪੜ੍ਹਾਉਣ ਦਾ ਸੁਪਨਾ ਲੈ ਰਹੇ ਹਾਂ ਜਾਂ ਪੜ੍ਹਾ ਹੀ ਰਹੇ ਹਾਂ ਉਥੇ ਪੰਜਾਬੀ ਨੂੰ ਫਾਡੀ ਰੱਖਿਆ ਜਾਂਦਾ ਹੈ। ਇਹ ਸਭ ਜਾਣਦੇ ਹੋਏ ਵੀ ਇੱਕ ਪੰਜਾਬੀ ਮਾਪੇ ਕੁਝ ਨਹੀਂ ਬੋਲਦੇ ਜਾਂ ਸਕੂਲ ਨੂੰ ਸਵਾਲ ਤੱਕ ਨਹੀਂ ਕਰਦੇ। ਸ਼ਾਇਦ ਉਹ ਸਕੂਲਾਂ ਦਾ ਦਬਾਅ ਮਹਿਸੂਸ ਕਰਦੇ ਹਨ। ਕਲਾਸਾਂ ਵਿਚ ਮਹਿਜ਼ ਖਾਨਾਪੂਰਤੀ ਵਾਸਤੇ ਪ੍ਰਾਈਵੇਟ ਸਕੂਲ ਪੰਜਾਬੀ ਨੂੰ ਤਰਜੀਹ ਦੇ ਰਹੇ ਹਨ। ਉਹ ਵੀ ਸਰਕਾਰ ਦੀਆਂ ਹਦਾਇਤਾਂ ਕਾਰਨ। ਨਹੀਂ ਤਾਂ ਇਹਨਾਂ ਸਕੂਲਾਂ ਨੂੰ ਕੋਈ ਭੈਅ ਨਾ ਹੋਵੇ। ਬਹੁਤ ਸਾਰੇ ਮਸਲਿਆਂ ਵਿੱਚ ਵੇਖਿਆ ਗਿਆ ਹੈ ਕਿ ਪ੍ਰਾਈਵੇਟ ਸਕੂਲਾਂ ਵਿੱਚ ਕਲਾਸਾਂ ਦੇ ਦੌਰਾਨ ਬੱਚਿਆਂ ਨੂੰ ਆਪਸੀ ਗੱਲਬਾਤ ਵਿਚ ਵੀ ਪੰਜਾਬੀ ਬੋਲਣ ਤੋਂ ਵਰਜਿਆ ਜਾਂਦਾ ਹੈ। ਕੇਵਲ ਤੇ ਕੇਵਲ ਅੰਗਰੇਜ਼ੀ ਜਾਂ ਹਿੰਦੀ ਬੋਲਣ ਨੂੰ ਤਰਜੀਹ ਦਿੱਤੀ ਜਾਂਦੀ ਹੈ। ਇਥੋਂ ਤੱਕ ਕਿ ਕਈ ਬੱਚਿਆਂ ਨੂੰ ਕਲਾਸਾਂ ਵਿਚ ਪੰਜਾਬੀ ਬੋਲਣ 'ਤੇ ਸਜ਼ਾਵਾਂ ਵੀ ਦਿੱਤੀਆਂ ਜਾਂਦੀਆਂ ਹਨ, ਜੋ ਕਿ ਸਕੂਲਾਂ ਵਾਸਤੇ ਬਹੁਤ ਸ਼ਰਮਨਾਕ ਹਰਕਤ ਹੈ। ਇਹ ਸਰਾਸਰ ਪੰਜਾਬੀ ਭਾਸ਼ਾ ਨਾਲ ਬੇਇਨਸਾਫੀ ਹੈ। ਪੰਜਾਬ ਸਰਕਾਰ ਅਤੇ ਪੰਜਾਬ ਸਕੂਲ ਸਿੱਖਿਆ ਬੋਰਡ ਨੂੰ ਅਜਿਹੇ ਸਕੂਲਾਂ ਵਿਰੁੱਧ ਤੁਰੰਤ ਕਦਮ ਚੁੱਕਣਾ ਚਾਹੀਦਾ ਹੈ ਅਤੇ ਪੰਜਾਬੀ ਭਾਸ਼ਾ ਅਤੇ ਪੰਜਾਬੀਅਤ ਦੇ ਫਿਕਰਮੰਦ ਲੋਕਾਂ ਨੂੰ ਇਸ ਵਿਰੁੱਧ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ। ਇਹ ਸਕੂਲ ਪੰਜਾਬ ਦੀ ਧਰਤੀ ਤੋਂ ਹੀ ਆਪਣਾ ਰੁਜ਼ਗਾਰ ਚਲਾ ਰਹੇ ਹਨ ਅਤੇ ਉਸੇ ਖਿੱਤੇ ਦੀ ਭਾਸ਼ਾ ਨਾਲ ਹੀ ਧ੍ਰੋਹ ਕਮਾ ਰਹੇ ਹਨ। ਇਹ ਸਕੂਲ ਪੰਜਾਬੀ ਨੂੰ ਇੱਕ ਪੱਛੜੀ ਅਤੇ ਪੇਂਡੂ ਖੇਤਰ ਦੀ ਭਾਸ਼ਾ ਸਮਝ ਕੇ ਇਸ ਨੂੰ ਅਣਗੌਲਿਆਂ ਕਰਦੇ ਹਨ। ਜੇਕਰ ਛੋਟੇ ਹੁੰਦੇ ਤੋਂ ਹੀ ਸਕੂਲਾਂ ਅੰਦਰ ਇਕ ਬੱਚੇ ਅੰਦਰ ਪੰਜਾਬੀ ਨੂੰ ਲੈ ਕੇ ਏਨੀ ਹੀਣਭਾਵਨਾ ਭਰ ਦਿੱਤੀ ਜਾਵੇਗੀ ਤਾਂ ਉਹ ਬੱਚਾ ਵੱਡਾ ਹੋ ਕੇ ਸੱਚ-ਮੁੱਚ ਹੀ ਆਪਣੀ ਮਾਂ-ਬੋਲੀ ਤੋਂ ਕਿਨਾਰਾ ਕਰ ਲਵੇਗਾ।




ਅੱਜ-ਕੱਲ੍ਹ ਤਾਂ ਆਪਣੇ ਘਰਾਂ ਵਿੱਚ ਵੀ ਛੋਟੇ-ਛੋਟੇ ਬੱਚਿਆਂ ਨੂੰ ਬੋਲੀ ਸਿਖਾਉਂਦੇ ਵੇਲੇ ਹਿੰਦੀ ਜਾਂ ਅੰਗਰੇਜ਼ੀ ਸ਼ਬਦਾਂ ਦਾ ਉਚਾਰਣ ਕੀਤਾ ਜਾਂਦਾ ਹੈ। ਆਮ ਪੰਜਾਬੀ ਘਰਾਂ ਵਿੱਚ ਵੀ ਆਪਣੇ ਬੱਚਿਆਂ ਨਾਲ ਹਿੰਦੀ ਜਾਂ ਅੰਗਰੇਜ਼ੀ ਬੋਲੀ ਜਾਂਦੀ ਹੈ। ਇੱਥੇ ਇੱਕ ਗੱਲ ਮਾਪੇ ਜ਼ਰੂਰ ਦੱਸਣ ਕਿ ਜੇਕਰ ਉਹ ਆਪਣੇ ਬੱਚਿਆਂ ਨੂੰ ਪੰਜਾਬੀ ਸਿਖਾਉਣਗੇ ਤਾਂ ਕੀ ਉਹਨਾਂ ਦਾ ਬੱਚਾ ਨਲਾਇਕ ਨਿਕਲ ਆਵੇਗਾ। ਜੇਕਰ ਅਸੀਂ ਪੰਜਾਬੀ ਨੂੰ ਪੱਛੜੇ ਲੋਕਾਂ ਦੀ ਬੋਲੀ ਸਮਝ ਕੇ ਇਸ ਨੂੰ ਅਣਗੌਲਿਆਂ ਕਰਦੇ ਰਹੇ ਤਾਂ ਆਉਣ ਵਾਲੇ ਸਮੇਂ ਵਿੱਚ ਪੰਜਾਬੀ ਲੇਖਕ, ਬੁੱਧੀਜੀਵੀ, ਕਹਾਣੀਕਾਰ, ਕਵੀ, ਦਾਰਸ਼ਨਿਕ ਕਿਵੇਂ ਪੈਦਾ ਹੋਣਗੇ ਅਤੇ ਸਭ ਤੋਂ ਜ਼ਰੂਰੀ ਚੀਜ਼ ਕਿ ਸਾਡੇ ਗੁਰੂਆਂ ਦੀ ਗੁਰੂ ਗ੍ਰੰਥ ਸਾਹਿਬ ਅੰਦਰ ਦਰਜ ਬਾਣੀ ਬੱਚੇ ਕਿਵੇਂ ਪੜ੍ਹਨਗੇ। ਹਰ ਭਾਸ਼ਾ ਸਿੱਖੋ, ਹਰ ਭਾਸ਼ਾ ਦਾ ਗਿਆਨ ਹੋਣਾ ਚੰਗੀ ਗੱਲ ਹੈ, ਪਰ ਆਪਣੇ-ਆਪ ਨੂੰ ਅਤੇ ਆਪਣੇ ਬੱਚਿਆਂ ਨੂੰ ਕਦੇ ਵੀ ਮਾਤ ਭਾਸ਼ਾ ਤੋਂ ਦੂਰ ਨਾ ਹੋਣ ਦਿਓ। ਸਾਡੇ ਬਾਹਰਲੇ ਮੁਲਕਾਂ ਵਿੱਚ ਬੈਠੇ ਪੰਜਾਬੀਆਂ ਦੇ ਬੱਚੇ ਤਾਂ ਪਹਿਲਾਂ ਹੀ ਪੰਜਾਬੀ ਤੋਂ ਟੁੱਟ ਚੁੱਕੇ ਹਨ ਅਤੇ ਅਸੀਂ ਇੱਥੇ ਰਹਿ ਕੇ ਵੀ ਪੰਜਾਬੀ ਨਾਲ ਨਹੀਂ ਜੁੜ ਰਹੇ। ਇਹ ਆਉਣ ਵਾਲੀ ਪੀੜ੍ਹੀ ਦਾ ਇਖ਼ਲਾਕੀ ਹੱਕ ਹੈ ਕਿ ਉਹਨਾਂ ਦੇ ਮਾਪੇ ਬੱਚਿਆਂ ਨੂੰ ਮਾਤ ਭਾਸ਼ਾ ਬਾਰੇ ਜਾਣਕਾਰੀ ਦੇਣ। ਜੇਕਰ ਹੁਣ ਦੇ ਸਮੇਂ ਦੀ ਗੱਲ ਕਰੀਏ ਤਾਂ ਨਵੀਂ ਪਨੀਰੀ ਦੀ ਗੱਲ ਛੱਡੋ, ਵੱਡੇ ਉਮਰ ਦੇ ਬਹੁਤ ਸਾਰੇ ਲੋਕ ਪੰਜਾਬੀ ਦੇ ਪੈਂਤੀ ਅੱਖਰ ਇਕ ਸਾਰ ਨਹੀਂ ਸੁਣਾ ਪਾਉਂਦੇ। ਇਹ ਸਾਡੇ ਲਈ ਨਾਮੋਸ਼ੀ ਦੀ ਗੱਲ ਹੈ। ਸੋਸ਼ਲ ਮੀਡੀਆ ਅਤੇ ਨਿਊਜ਼ ਵੈੱਬ ਚੈਨਲਾਂ 'ਤੇ ਵੀ ਪੰਜਾਬੀ ਦਾ ਉਚਾਰਣ ਦਰੁਸਤ ਨਹੀਂ ਕੀਤਾ ਜਾਂਦਾ ਹੈ। ਇਹ ਇਸ ਕਰਕੇ ਹੈ, ਕਿਉਂਕਿ ਪੰਜਾਬ ਅੰਦਰ ਬਹੁਤ ਸਾਰੀਆਂ ਥਾਵਾਂ 'ਤੇ ਗੈਰ ਪੰਜਾਬੀ ਕਾਬਜ਼ ਹਨ। ਜਿਨ੍ਹਾ ਦਾ ਪੰਜਾਬੀ ਨਾਲ ਕੋਈ ਸਰੋਕਾਰ ਨਹੀਂ ਹੈ ਬੇਸ਼ੱਕ ਪੰਜਾਬ ਸਰਕਾਰ ਵੱਲੋਂ ਪੰਜਾਬੀ ਭਾਸ਼ਾ ਨੂੰ ਪ੍ਰਫੁਲਿਤ ਕਰਨ ਅਤੇ ਇਸ ਦੇ ਪ੍ਰਸਾਰ ਵਿੱਚ ਵਾਧੇ ਵਾਸਤੇ ਇੱਕ ਮਾਂਹ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ, ਜਿਸ ਵਿੱਚ ਪੰਜਾਬੀ ਭਾਸ਼ਾ ਨੂੰ ਬਚਾਉਣ ਅਤੇ ਇਸ ਦੇ ਪ੍ਰਸਾਰ ਲਈ ਸੁਝਾਅ ਦਿੱਤੇ ਜਾਣਗੇ, ਪਰ ਹੁਣ ਲੋੜ ਮੈਦਾਨ ਵਿੱਚ ਆ ਕੇ ਸੰਘਰਸ਼ ਕਰਨ ਦੀ ਹੈ। ਬੰਦ ਕਮਰਾ ਮੀਟਿੰਗਾਂ ਅਤੇ ਕੁਰਸੀਆਂ, ਟੇਬਲਾਂ 'ਤੇ ਬੈਠ ਕੇ ਪੰਜਾਬੀ ਭਾਸ਼ਾ ਨੂੰ ਨਹੀਂ ਬਚਾਇਆ ਜਾ ਸਕਦਾ, ਕਿਉਂਕਿ ਪੰਜਾਬੀ ਭਾਸ਼ਾ ਦੀ ਗਾਗਰ ਵਿਚ ਛੇਕ ਕਰਨ ਵਾਸਤੇ ਬਹੁਤ ਸਾਰੇ ਲੋਕ ਹੱਥਾਂ ਵਿੱਚ ਤੀਰ ਕਮਾਨ ਲੈ ਕੇ ਖੜ੍ਹੇ ਹਨ। ਲੋੜ ਹੈ ਪੰਜਾਬੀ ਭਾਸ਼ਾ ਨੂੰ ਤਰਜੀਹ ਦੇਣ ਦੀ, ਕਿਉਂਕਿ ਪੰਜਾਬ ਦੇ ਮਿੱਤਰ ਘੱਟ ਅਤੇ ਦੁਸਮਣ ਜ਼ਿਆਦਾ ਹਨ। ਉਹਨਾਂ ਦਾ ਟੀਚਾ ਹੈ ਕਿ ਜੇਕਰ ਪੰਜਾਬੀ ਕੌਮ ਨੂੰ ਖਤਮ ਕਰਨਾ ਹੈ ਤਾਂ ਸਭ ਤੋਂ ਪਹਿਲਾਂ ਪੰਜਾਬੀ ਭਾਸ਼ਾ ਨੂੰ ਖਤਮ ਕੀਤਾ ਜਾਵੇ। ਦੁਸ਼ਮਣ ਤਾਂ ਸਾਜ਼ਿਸ਼ਾਂ ਘੜਦੇ ਹੀ ਰਹਿਣਗੇ। ਸੋਚਣਾ ਅਤੇ ਸਮਝਣਾ ਅਸੀਂ ਖੁਦ ਹੈ, ਜਿਸ ਨਾਲ ਦੁਸ਼ਮਣ ਆਪਣੇ ਮਕਸਦ ਵਿੱਚ ਕਾਮਯਾਬ ਨਾ ਹੋ ਸਕੇ।

***# ਸੰਪਰਕ : 84274-57224***

# 70 ਸਾਲ ਰਾਜ ਕਰਨ ਵਾਲੀਆਂ ਪਾਰਟੀਆਂ ਵੱਲੋਂ ਲੁੱਟੇ ਜਨਤਾ ਦੇ ਪੈਸੇ ਨਾਲ ਹੁਣ ਪੰਜਾਬ ਦਾ ਵਿਕਾਸ ਹੋਵੇਗਾ : ਭਗਵੰਤ ਮਾਨ

## ਜਗਰਾਉਂ ਸਿਵਲ ਹਸਪਤਾਲ 'ਚ ਬਣੇ ਜੱਚਾ-ਬੱਚਾ ਹਸਪਤਾਲ ਦਾ ਉਦਘਾਟਨ




**ਜਗਰਾਉਂ (ਅਮਿਤ ਖੰਨਾ, ਨਛੱਤਰ ਸੰਧੂ, ਸੰਜੀਵ ਅਰੋੜਾ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਜਗਰਾਉਂ ਸਿਵਲ ਹਸਪਤਾਲ ਵਿੱਚ ਛੇ ਕਰੋੜ ਦੀ ਲਾਗਤ ਨਾਲ ਬਣੇ ਜੱਚਾ ਬੱਚਾ ਹਸਪਤਾਲ ਦਾ ਉਦਘਾਟਨ ਕੀਤਾ ਗਿਆ। ਇਸ ਨੂੰ ਨਵੀਆਂ ਤੇ ਆਧੁਨਿਕ ਮਸ਼ੀਨਾਂ ਨਾਲ ਅਪਗ੍ਰੇਡ ਕੀਤਾ ਗਿਆ ਹੈ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਜਲਦ ਹੀ ਹੋਰ ਹਸਪਤਾਲਾਂ ਨੂੰ ਅੱਪਗ੍ਰੇਡ ਕਰਾਂਗੇ। ਮੇਰੀ ਸਰਕਾਰ ਯਕੀਨੀ ਬਣਾ ਰਹੀ ਹੈ ਕਿ ਪੰਜਾਬ 'ਚ ਬੱਚੇ ਨੂੰ ਜਨਮ ਦੇਣ ਵੇਲੇ ਮਾਂ ਨੂੰ ਕੋਈ ਪ੍ਰੇਸ਼ਾਨੀ ਨਾ ਹੋਵੇ, ਕਿਉਂਕਿ ਮਾਂ ਇਸ ਧਰਤੀ 'ਤੇ ਰੱਬ ਬਰਾਬਰ ਹੈ। ਉਨ੍ਹਾਂ ਕਿਹਾ ਕਿ ਪੰਜਾਬ 'ਚ 70 ਸਾਲ ਰਾਜ ਕਰਨ ਵਾਲੀਆਂ ਪਾਰਟੀਆਂ ਵੱਲੋਂ ਲੁੱਟੇ ਜਨਤਾ ਦੇ ਪੈਸੇ ਨਾਲ ਹੁਣ ਪੰਜਾਬ ਦਾ ਵਿਕਾਸ ਕੀਤਾ ਜਾਵੇਗਾ। ਉਨ੍ਹਾ ਕਿਹਾ ਕਿ ਚੋਣਾਂ ਮੌਕੇ ਆਮ ਆਦਮੀ ਪਾਰਟੀ ਵੱਲੋਂ ਜਦੋਂ ਪੰਜਾਬ ਦੇ ਲੋਕਾਂ ਨੂੰ ਗਾਰੰਟੀਆਂ ਦਿੱਤੀਆਂ ਜਾ ਰਹੀਆਂ ਸਨ ਤਾਂ ਇਹੀ ਵਿਰੋਧੀ ਟਿੱਪਣੀਆਂ ਕਰਦੀਆਂ ਸਨ ਕਿ ਇਹ ਸਭ ਕੁਝ ਕਰਨ ਲਈ ਸਰਕਾਰ ਕੋਲ ਪੈਸਾ ਕਿੱਥੋਂ ਆਵੇਗਾ। ਹੁਣ ਸਰਕਾਰ ਬਣਨ 'ਤੇ ਜਦੋਂ ਇਹ ਭ੍ਰਿਸ਼ਟਾਚਾਰੀ ਬਚਣ ਲਈ ਖੁਦ ਹੀ 50-50 ਲੱਖ ਰੁਪਿਆ ਲੈ ਕੇ ਆ ਰਹੇ ਹਨ ਤਾਂ ਉਸੇ ਪੈਸੇ ਨਾਲ ਪੰਜਾਬ 'ਚ ਵੱਡੇ-ਵੱਡੇ ਪ੍ਰੋਜੈਕਟ ਜਨਤਾ ਦੀ ਸਹੂਲਤਾਂ ਲਈ ਲਗਾਏ ਜਾ ਰਹੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ 'ਚ ਹੁਣ ਤੱਕ 112 ਲੱਖ 46 ਹਜ਼ਾਰ ਮੀਟਰਕ ਟਨ ਝੋਨੇ ਦੀ ਆਮਦ ਹੋ ਚੁੱਕੀ ਹੈ, ਜਿਨ੍ਹਾਂ ਵਿੱਚੋਂ ਇੱਕ ਸੌ ਦਸ ਲੱਖ ਮੀਟਰਕ ਟਨ ਝੋਨਾ ਖਰੀਦਿਆ ਜਾ ਚੁੱਕਾ ਹੈ ਅਤੇ ਇਸ ਵਿੱਚੋਂ ਨੱਬੇ ਲੱਖ ਮੀਟ੍ਰਿਕ ਟਨ ਝੋਨੇ ਦੀ ਲਿਫਟਿੰਗ ਵੀ ਹੋ ਚੁੱਕੀ ਹੈ। ਇਸ ਖਰੀਦੇ ਗਏ ਝੋਨੇ ਦੀ ਅਠਾਰਾਂ ਹਜ਼ਾਰ ਛੇ ਸੌ ਸੱਠ ਕਰੋੜ ਅਦਾਇਗੀ ਕਿਸਾਨਾਂ ਦੇ ਸਿੱਧੇ ਖਾਤਿਆਂ ਵਿੱਚ ਪਾ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਝੋਨੇ ਦੇ ਸੀਜ਼ਨ ਵਿੱਚ ਕਿਸਾਨਾਂ ਨੂੰ ਕਿਸੇ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਇਸ ਤੋਂ ਪਹਿਲਾਂ ਜਗਰਾਉਂ ਤੋਂ ਵਿਧਾਇਕ ਸਰਬਜੀਤ ਕੌਰ ਮਾਣੂੰਕੇ ਨੇ ਮੁੱਖ ਮੰਤਰੀ ਤੇ ਹੋਰ ਮਹਿਮਾਨਾਂ ਦਾ ਸਵਾਗਤ ਕੀਤਾ। ਸਮਾਗਮ ਦੌਰਾਨ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਚੇਤਨ ਸਿੰਘ ਜੌੜਾਮਾਜਰਾ, ਵਿਧਾਇਕ ਹਾਕਮ ਸਿੰਘ ਠੇਕੇਦਾਰ, ਮਦਨ ਲਾਲ ਬੱਗਾ, ਅਸ਼ੋਕ ਪ੍ਰਾਸ਼ਰ ਪੱਪੀ, ਹਰਦੀਪ ਸਿੰਘ ਮੁੰਡੀਆਂ ਤੇ ਜੀਵਨ ਸਿੰਘ ਸੰਗੋਵਾਲ ਤੋਂ ਇਲਾਵਾ ਸਿਹਤ ਸਕੱਤਰ ਅਜੋਏ ਸ਼ਰਮਾ, ਮੁੱਖ ਮੰਤਰੀ ਦੇ ਵਿਸ਼ੇਸ਼ ਪ੍ਰਮੁੱਖ ਸਕੱਤਰ ਰਵੀ ਭਗਤ, ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਦੇ ਚੇਅਰਮੈਨ ਸੁਰੇਸ਼ ਗੋਇਲ, ਚੇਅਰਮੈਨ ਜੰਗਲਾਤ ਵਿਕਾਸ ਕਾਰਪੋਰੇਸ਼ਨ ਨਵਜੋਤ ਸਿੰਘ ਜਰਗ, ਸੀਨੀਅਰ ਆਮ ਆਦਮੀ ਪਾਰਟੀ ਲੀਡਰ ਡਾ ਕੇ. ਐੱਨ ਐੱਸ ਕੰਗ, ਆਮ ਆਦਮੀ ਪਾਰਟੀ ਜ਼ਿਲ੍ਹਾ ਪ੍ਰਧਾਨ (ਦਿਹਾਤੀ) ਹਰਭੁਪਿੰਦਰ ਸਿੰਘ ਧਰੌੜ, ਆਮ ਆਦਮੀ ਪਾਰਟੀ ਜ਼ਿਲ੍ਹਾ ਪ੍ਰਧਾਨ (ਸ਼ਹਿਰੀ) ਸਰਨਪਾਲ ਸਿੰਘ ਮੱਕੜ, ਆਈ. ਜੀ. ਲੁਧਿਆਣਾ ਰੇਂਜ ਐੱਸ.ਪੀ.ਐੱਸ. ਪਰਮਾਰ, ਡਿਪਟੀ ਕਮਿਸ਼ਨਰ ਸੁਰਭੀ ਮਲਿਕ, ਐੱਸ.ਐੱਸ.ਪੀ. ਹਰਜੀਤ ਸਿੰਘ ਤੇ ਹੋਰ ਹਾਜ਼ਰ ਸਨ।

## ਸਾਬਕਾ ਫੌਜੀਆਂ ਵੱਲੋਂ ਕਾਲੇ ਝੰਡਿਆਂ ਨਾਲ ਵਿਰੋਧ ਪ੍ਰਦਰਸ਼ਨ



**ਜਗਰਾਉਂ (ਅਮਿਤ ਖੰਨਾ)**-ਮੁੱਖ ਮੰਤਰੀ ਭਗਵੰਤ ਮਾਨ ਦੇ ਜਗਰਾਉਂ ਪਹੁੰਚਣ 'ਤੇ ਸਾਬਕਾ ਸੈਨਿਕਾਂ ਨੇ ਕਾਲੀਆਂ ਝੰਡੀਆਂ ਨਾਲ ਪ੍ਰਦਰਸ਼ਨ ਕਰਦਿਆਂ ਜੀਓਜੀ ਨੂੰ ਝੂਠੇ ਤੱਥਾਂ ਦੇ ਆਧਾਰ 'ਤੇ ਬੰਦ ਦਾ ਵਿਰੋਧ ਕੀਤਾ। ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ 2022 ਦੀਆਂ ਵਿਧਾਨ ਸਭਾ ਚੋਣਾਂ 'ਚ ਆਮ ਆਦਮੀ ਪਾਰਟੀ ਦੇ ਆਗੂਆਂ ਨੇ ਸਰਕਾਰ ਬਣਨ 'ਤੇ ਉਨ੍ਹਾਂ ਦੀਆਂ ਸਾਰੀਆਂ ਮੰਗਾਂ ਪੂਰੀਆਂ ਕਰਨ ਦਾ ਵਾਅਦਾ ਕੀਤਾ ਸੀ। ਸਾਨੂੰ ਤੇ ਪੰਜਾਬ ਦੇ ਲੋਕਾਂ ਨੂੰ ਆਮ ਆਦਮੀ ਪਾਰਟੀ ਤੋਂ ਬਹੁਤ ਉਮੀਦਾਂ ਸਨ। ਭਵਿੱਖ ਵਿੱਚ ਵੀ ਆਸ ਕਰਦੇ ਹਾਂ ਕਿ ਆਮ ਆਦਮੀ ਪਾਰਟੀ ਸਮਾਜ ਦੇ ਹਰ ਵਰਗ ਨਾਲ ਕੀਤੇ ਆਪਣੇ ਵਾਅਦੇ ਪੂਰੇ ਕਰੇਗੀ। ਉਨ੍ਹਾਂ ਕਿਹਾ ਕਿ ਲੈਫਟੀਨੈਂਟ ਜਨਰਲ ਤੇਜਿੰਦਰ ਸਿੰਘ ਸ਼ੇਰ ਗਿੱਲ ਤੇ ਕੈਪਟਨ ਅਮਰਿੰਦਰ ਸਿੰਘ (ਸਾਬਕਾ ਮੁੱਖ ਮੰਤਰੀ ਪੰਜਾਬ) ਨੇ ਸਮਾਜ ਵਿੱਚੋਂ ਭ੍ਰਿਸ਼ਟਾਚਾਰ ਦਾ ਕਲੰਕ ਮਿਟਾਉਣ ਤੇ ਲੋੜਵੰਦ ਵਰਗ ਨੂੰ ਸਰਕਾਰ ਦੀਆਂ ਸਮਾਜ ਭਲਾਈ ਸਕੀਮਾਂ ਦਾ ਲਾਭ ਮਿਲਣਾ ਯਕੀਨੀ ਬਣਾਉਣ ਲਈ ਸਾਬਕਾ ਸੈਨਿਕਾਂ ਦੀਆਂ ਸੇਵਾਵਾਂ ਲਈਆਂ। ਉਨ੍ਹਾਂ ਕਿਹਾ ਕਿ ਜੀਓਜੀ ਤੋਂ ਪ੍ਰਾਪਤ ਫੀਡਬੈਕ ਰਿਪੋਰਟ 'ਤੇ ਸਬੰਧਤ ਵਿਭਾਗ ਵੱਲੋਂ ਕਾਰਵਾਈ ਕੀਤੀ ਜਾਣੀ ਹੈ, ਪਰ ਉਨ੍ਹਾਂ ਖਿਲਾਫ ਕਾਰਵਾਈ ਰੋਕ ਦਿੱਤੀ ਗਈ। ਜੇਕਰ ਸੋਧ ਕਰਨ ਦਾ ਇਰਾਦਾ ਹੁੰਦਾ ਤਾਂ ਇਸ ਕੁਤਾਹੀ ਦਾ ਜਵਾਬ ਦੇਣ ਲਈ ਸਬੰਧਤ ਅਧਿਕਾਰੀਆਂ ਨੂੰ ਬੁਲਾਇਆ ਜਾਂਦਾ। ਇਸ ਦੇ ਉਲਟ ਦੋਸ਼ੀਆਂ ਨੂੰ ਸਜ਼ਾਵਾਂ ਦੇਣ ਦੀ ਬਜਾਏ ਬਹਾਦਰ ਤੇ ਇਮਾਨਦਾਰ ਫੌਜੀ ਜਵਾਨਾਂ 'ਤੇ ਆਪਣਾ ਕੰਮ ਸਹੀ ਢੰਗ ਨਾਲ ਨਾ ਕਰਨ ਦਾ ਦੋਸ਼ ਲਾਉਂਦਿਆਂ ਇਕਪਾਸੜ ਫੈਸਲਾ ਲੈ ਕੇ ਯੋਜਨਾ ਨੂੰ ਟਾਲ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਸਰਕਾਰ ਦੇ ਇਸ ਫੈਸਲੇ ਕਾਰਨ ਅਸੀਂ ਪ੍ਰਸ਼ਾਸਨ ਤੇ ਸਿਆਸਤਦਾਨਾਂ ਤੋਂ ਠੱਗੇ ਹੋਏ ਮਹਿਸੂਸ ਕਰ ਰਹੇ ਹਾਂ। ਸਾਡੀ ਮੰਗ ਹੈ ਕਿ ਪੰਜ ਮੈਂਬਰੀ ਕਮੇਟੀ ਬਣਾਈ ਜਾਵੇ, ਜਿਸ ਵਿੱਚ ਇਕ ਮੈਂਬਰ ਜੀਓਜੀ ਟੀਮ ਤੇ ਇੱਕ ਵਿਰੋਧੀ ਪਾਰਟੀ ਦਾ ਹੋਵੇ। ਸਾਡੇ ਵੱਲੋਂ ਪ੍ਰਾਪਤ ਫੀਡਬੈਕ ਦੀ ਜਾਂਚ ਕੀਤੀ ਜਾਵੇ ਤੇ ਵਿਭਾਗ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇ।

## ਕਾਰ ਅੱਗੇ ਅਵਾਰਾ ਪਸ਼ੂ ਆਉਣ ਕਾਰਨ ਦੋ ਬੱਚਿਆਂ ਦੀ ਮੌਤ, 8 ਜ਼ਖ਼ਮੀ

### ਮਾਤਾ ਸ੍ਰੀ ਵੈਸ਼ਨੋ ਦੇਵੀ ਦੇ ਦਰਸ਼ਨਾਂ ਉਪਰੰਤ ਵਾਪਸ ਪਰਤਣ ਸਮੇਂ ਵਾਪਰਿਆ ਹਾਦਸਾ


ਹਾਦਸਾਗ੍ਰਸਤ ਵਾਹਨਾਂ ਦੀ ਤਸਵੀਰ।

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸਰਹਿੰਦ-ਰਾਜਪੁਰਾ ਜੀ. ਟੀ. ਰੋਡ 'ਤੇ ਪਿੰਡ ਨਬੀਪੁਰ ਨਜ਼ਦੀਕ ਵਾਪਰੇ ਇੱਕ ਸੜਕ ਹਾਦਸੇ 'ਚ ਕਾਰ ਸਵਾਰ ਦੋ ਬੱਚਿਆਂ ਦੀ ਮੌਤ ਹੋ ਜਾਣ ਅਤੇ 8 ਵਿਅਕਤੀਆਂ ਦੇ ਜ਼ਖ਼ਮੀ ਹੋ ਜਾਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਬੀਤੀ ਦੇਰ ਰਾਤ 11 ਵਜੇ ਦੇ ਕਰੀਬ ਸਹਾਰਨਪੁਰ ਤੇ ਯਮੁਨਾਨਗਰ ਨਾਲ ਸਬੰਧਤ ਆਪਸ 'ਚ ਰਿਸ਼ਤੇਦਾਰ ਦੱਸੇ ਜਾ ਰਹੇ ਕੁਝ ਵਿਅਕਤੀ ਮਾਤਾ ਸ੍ਰੀ ਵੈਸ਼ਨੋ ਦੇਵੀ ਦੇ ਦਰਸ਼ਨ ਕਰਨ ਉਪਰੰਤ ਈਟੀਓਸ ਲੀਵਾ ਕਾਰ ਨੰਬਰ ਐੱਚ.ਆਰ.02.ਏ.ਕੇ-2289 ਅਤੇ ਹਾਂਡਾ ਸਿਟੀ ਕਾਰ ਨੰਬਰ ਐੱਚ.ਆਰ.70.ਡੀ-7757 'ਚ ਸਵਾਰ ਹੋ ਕੇ ਵਾਪਸ ਆਪਣੇ ਘਰਾਂ ਨੂੰ ਜਾ ਰਹੇ ਸਨ ਤਾਂ ਨਬੀਪੁਰ ਨਜ਼ਦੀਕ ਈਟੀਓਸ ਕਾਰ ਇੱਕ ਅਵਾਰਾ ਪਸ਼ੂ ਅੱਗੇ ਆ ਜਾਣ ਕਾਰਨ ਹਾਦਸਾਗ੍ਰਸਤ ਹੋ ਗਈ ਤੇ ਇਸੇ ਦੌਰਾਨ ਪਿੱਛੇ ਆ ਰਹੀ ਹਾਂਡਾ ਸਿਟੀ ਕਾਰ ਵੀ ਈਟੀਓਸ ਦੇ ਪਿੱਛੇ ਜਾ ਟਕਰਾਈ। ਡੀ.ਐੱਸ.ਪੀ. ਫ਼ਤਹਿਗੜ੍ਹ ਸਾਹਿਬ ਸੁਖਬੀਰ ਸਿੰਘ ਵਾਹਲਾ ਨੇ ਦੱਸਿਆ ਕਿ ਇਸ ਹਾਦਸੇ 'ਚ ਇੱਕ ਢਾਈ ਸਾਲਾ ਬੱਚੀ ਇਸ਼ਿਕਾ ਤੇ ਸਾਢੇ ਚਾਰ ਸਾਲਾ ਬੱਚੀ ਪਾਵਨੀ ਦੀ ਮੌਤ ਹੋ ਗਈ ਅਤੇ 8 ਵਿਅਕਤੀ ਜ਼ਖ਼ਮੀ ਹੋ ਗਏ, ਜੋ ਕਿ ਇਸ ਸਮੇਂ ਚੰਡੀਗੜ੍ਹ ਤੇ ਪੰਚਕੂਲਾ ਦੇ ਵੱਖ-ਵੱਖ ਹਸਪਤਾਲਾਂ 'ਚ ਇਲਾਜ ਅਧੀਨ ਹਨ। ਉਨ੍ਹਾਂ ਦੱਸਿਆ ਕਿ ਹਾਦਸੇ 'ਚ ਜ਼ਖਮੀ ਹੋਏ ਵਿਅਕਤੀਆਂ ਦੀ ਪਹਿਚਾਣ ਮੌਨਿਕਾ, ਚੰਦਰ ਲੇਖਾ, ਹਿਮਾਂਸ਼ੂ ਸੇਠੀ, ਪ੍ਰੀਤੀ, ਰੰਜਨਾ, ਗੀਤਿਕਾ ਤੇ ਭੂਮੀ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਮ੍ਰਿਤਕ ਬੱਚੀਆਂ ਦੀਆਂ ਲਾਸ਼ਾਂ ਨੂੰ ਸਿਵਲ ਹਸਪਤਾਲ ਦੀ ਮੋਰਚਰੀ 'ਚ ਰਖਵਾਇਆ ਗਿਆ ਹੈ ਤੇ ਨਬੀਪੁਰ ਚੌਂਕੀ ਦੀ ਪੁਲਸ ਵੱਲੋਂ ਹਾਦਸਾਗ੍ਰਸਤ ਵਾਹਨਾਂ ਨੂੰ ਕਬਜ਼ੇ 'ਚ ਲੈ ਕੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਕਾਤਰਾਂ

### ਹਵਾਲਾਤੀ ਕੋਲੋਂ ਮੋਬਾਇਲ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੀ ਕੇਂਦਰੀ ਜੇਲ੍ਹ ਵਿੱਚ ਤਲਾਸ਼ੀ ਦੌਰਾਨ ਇਕ ਹਵਾਲਾਤੀ ਕੋਲੋਂ ਮੋਬਾਇਲ ਫੋਨ ਬਰਾਮਦ ਕਰਕੇ ਉਸ ਖਿਲਾਫ 52-ਏ ਪਰੀਸੰਨਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਅਯੂਬ ਮਸੀਹ ਨੇ ਦੱਸਿਆ ਕਿ ਪੱਤਰ ਨੰਬਰ 1394 ਰਾਹੀਂ ਕਸ਼ਮੀਰ ਚੰਦ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ 30 ਅਕਤੂਬਰ 2022 ਨੂੰ ਕਰੀਬ ਸਾਢੇ 7 ਵਜੇ ਸ਼ਾਮ ਉਹ ਕੇਂਦਰੀ ਜੇਲ੍ਹ ਫਿਰੋਜ਼ਪੁਰ ਸਮੇਤ ਸਾਥੀ ਕਰਮਚਾਰੀਆਂ ਦੇ ਪੁਰਾਣੀ ਬੈਰਕ ਦੀ ਤਲਾਸ਼ੀ ਕੀਤੀ ਗਈ ਤਾਂ ਤਲਾਸ਼ੀ ਦੌਰਾਨ ਹਵਾਲਾਤੀ ਮਨਪ੍ਰੀਤ ਸਿੰਘ ਉਰਫ ਬਗੀਚਾ ਪੁੱਤਰ ਪੂਰਨ ਸਿੰਘ ਵਾਸੀ ਲੰਗੇਆਣਾ ਕੋਲੋਂ 1 ਮੋਬਾਇਲ ਫੋਨ ਮਾਰਕਾ ਸੈਮਸੰਗ ਸਮੇਤ ਬੈਟਰੀ ਤੇ ਸਿੰਮ ਕਾਰਡ ਮਾਰਕਾ ਵੀਆਈ ਬਰਾਮਦ ਹੋਇਆ। ਪੁਲਸ ਨੇ ਦੱਸਿਆ ਕਿ ਉਕਤ ਹਵਾਲਾਤੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

### ਲੋਕ ਗਾਇਕ ਗੁਰਨਾਮ ਸਿੰਘ ਮੁਸਾਫਰ ਦੇ ਗੀਤਾਂ ਦੀ ਵੀਡੀਓ ਸ਼ੂਟਿੰਗ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪ੍ਰਸਿੱਧ ਪੰਜਾਬੀ ਲੋਕ ਗਾਇਕ ਤੇ ਗੀਤਕਾਰ ਗੁਰਨਾਮ ਸਿੰਘ ਮੁਸਾਫਰ ਦੇ ਗੀਤਾਂ ਦੀ ਬੀਤੇ ਦਿਨ ਵੱਖ ਵੱਖ ਲੋਕੇਸ਼ਨਾਂ 'ਤੇ ਵੀਡੀਓ ਸ਼ੂਟਿੰਗ ਕੀਤੀ ਗਈ। ਇਸ ਮੌਕੇ ਵੱਡੀ ਗਿਣਤੀ 'ਚ ਦਰਸ਼ਕ ਹਾਜ਼ਰ ਸਨ। ਜ਼ਿਕਰਯੋਗ ਹੈ ਕਿ ਗੁਰਨਾਮ ਸਿੰਘ ਮੁਸਾਫਰ ਪੰਜਾਬੀ ਸੱਭਿਆਚਾਰ ਨੂੰ ਆਪਣੇ ਦਿਲ 'ਚ ਸਮੋਈ ਬੈਠੇ ਹਨ। ਉਨ੍ਹਾਂ ਦਾ ਪੁਰਾਣੇ ਸਾਜ ਤੂੰਬੀ, ਨਗੋਜੇ, ਡੱਬਲੀ ਆਦਿ ਨਾਲ ਕਾਫੀ ਲਗਾਵ ਹੈ। ਉਨ੍ਹਾਂ ਦੇ ਇਸ ਤੋਂ ਪਹਿਲਾਂ ਕਾਫੀ ਗੀਤ ਰਿਕਾਰਡ ਹੋ ਚੁੱਕੇ ਹਨ। ਉਹ ਪਿਛਲੇ ਲੰਬੇ ਸਮੇਂ ਤੋਂ ਪੰਜਾਬੀ ਸੱਭਿਆਚਾਰ ਦੀ ਸੇਵਾ ਕਰ ਰਹੇ ਹਨ। ਉਨ੍ਹਾਂ ਦੇ ਮਾਰਕਿਟ 'ਚ ਆਏ ਕਾਫੀ ਗੀਤਾਂ ਨੂੰ ਲੋਕਾਂ ਵੱਲੋਂ ਭਰਵਾਂ ਪਿਆਰ ਦਿੱਤਾ ਗਿਆ ਤੇ ਹੁਣ ਉਹ ਮੁੜ ਆਪਣੇ ਕਦਮ ਮਾਰਕੀਟ 'ਚ ਰੱਖ ਰਹੇ ਹਨ। ਉਨ੍ਹਾਂ ਉਮੀਦ ਜ਼ਾਹਰ ਕੀਤੀ ਕਿ ਸਰੋਤੇ ਉਸ ਦੇ ਗੀਤਾਂ ਨੂੰ ਪਹਿਲਾਂ ਤੋਂ ਵੀ ਵੱਧ ਪਿਆਰ ਦੇਣਗੇ।

### ਹੈਰੋਇਨ ਤੇ ਲਾਹਣ ਸਮੇਤ ਦੋ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਘੱਲਖੁਰਦ ਤੇ ਥਾਣਾ ਮਮਦੋਟ ਪੁਲਸ ਨੇ ਗਸ਼ਤ ਤੇ ਛਾਪੇਮਾਰੀ ਦੌਰਾਨ ਦੋ ਵਿਅਕਤੀਆਂ ਨੂੰ 12 ਗ੍ਰਾਮ ਹੈਰੋਇਨ ਤੇ 30 ਲੀਟਰ ਲਾਹਣ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲੇ ਦਰਜ ਕੀਤੇ ਹਨ। ਥਾਣਾ ਘੱਲਖੁਰਦ ਦੇ ਏਐੱਸਆਈ ਹਰਪਾਲ ਸਿੰਘ ਨੇ ਦੱਸਿਆ ਕਿ ਬੀਤੇ ਦਿਨ ਗਸ਼ਤ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਮੁਲਜ਼ਮ ਲਖਵਿੰਦਰ ਸਿੰਘ ਉਰਫ ਫੌਜੀ ਪੁੱਤਰ ਅਨੋਤ ਸਿੰਘ ਵਾਸੀ ਮੁੱਦਕੀ ਹੈਰੋਇਨ ਵੇਚਣ ਦਾ ਆਦੀ ਹੈ, ਜੋ ਹੁਣ ਹੈਰੋਇਨ ਵੇਚਣ ਲਈ ਟੀ ਪੁਆਇੰਟ ਪਤਲੀ ਰੋਡ ਮੁੱਦਕੀ ਵਿਖੇ ਗਾਹਕਾਂ ਦੀ ਉਡੀਕ ਕਰ ਰਿਹਾ ਹੈ। ਜੇਕਰ ਹੁਣੇ ਇਸ 'ਤੇ ਛਾਪੇਮਾਰੀ ਕੀਤੀ ਜਾਵੇ ਤਾਂ ਕਾਬੂ ਆ ਸਕਦਾ ਹੈ। ਪੁਲਸ ਪਾਰਟੀ ਵੱਲੋਂ ਮੁਲਜ਼ਮ 'ਤੇ ਛਾਪੇਮਾਰੀ ਕਰਕੇ ਕਾਬੂ ਕੀਤਾ ਗਿਆ ਤੇ ਤਲਾਸ਼ੀ ਦੌਰਾਨ ਇਸ ਕੋਲੋਂ 12 ਗ੍ਰਾਮ ਹੈਰੋਇਨ ਬਰਾਮਦ ਹੋਈ। ਉਧਰ ਥਾਣਾ ਮਮਦੋਟ ਪੁਲਸ ਦੇ ਹੌਲਦਾਰ ਕਮਲਜੀਤ ਸਿੰਘ ਨੇ ਦੱਸਿਆ ਕਿ ਬੀਤੇ ਦਿਨ ਗਸ਼ਤ ਦੌਰਾਨ ਖਾਸ ਮੁਖ਼ਬਰ ਨੇ ਇਤਲਾਹ ਦਿੱਤੀ ਕਿ ਮੁਲਜ਼ਮ ਰਾਜ ਕੁਮਾਰ ਉਰਫ ਰਾਜੂ ਪੁੱਤਰ ਬਸ਼ੀਰ ਸਿੰਘ ਵਾਸੀ ਪਿੰਡ ਬਾਲੇ ਵਾਲਾ ਨਾਜਾਇਜ਼ ਸ਼ਰਾਬ ਵੇਚਣ ਦਾ ਆਦੀ ਹੈ। ਜੇਕਰ ਹੁਣੇ ਇਸ ਦੇ ਘਰ 'ਤੇ ਛਾਪੇਮਾਰੀ ਕੀਤੀ ਜਾਵੇ ਤਾਂ ਕਾਬੂ ਆ ਸਕਦਾ ਹੈ। ਪੁਲਸ ਪਾਰਟੀ ਵੱਲੋਂ ਮੁਲਜ਼ਮ 'ਤੇ ਛਾਪੇਮਾਰੀ ਕਰਕੇ ਕਾਬੂ ਕੀਤਾ ਗਿਆ ਤੇ ਮੌਕੇ 'ਤੇ 30 ਲੀਟਰ ਲਾਹਣ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਗਊਸ਼ਾਲਾ ਵਿਖੇ ਗਊ ਅਸ਼ਟਮੀ ਦਿਹਾੜਾ ਮਨਾਇਆ



**ਧਨੌਲਾ (ਕਰਮਜੀਤ ਸਿੰਘ ਸਾਗਰ)**-ਗਊਸ਼ਾਲਾ ਧਨੌਲਾ ਵਿਖੇ ਗਊਸ਼ਾਲਾ ਕਮੇਟੀ ਦੇ ਪ੍ਰਧਾਨ ਜੀਵਨ ਕੁਮਾਰ ਬਾਂਸਲ ਵੱਲੋਂ ਸ਼ਹਿਰ ਨਿਵਾਸੀਆਂ ਦੇ ਸਹਿਯੋਗ ਨਾਲ ਗਊ ਅਸ਼ਟਮੀ ਦਾ ਦਿਹਾੜਾ ਮਨਾਇਆ ਗਿਆ। ਇਸ ਮੌਕੇ ਹਵਨ ਯਗ ਦੀ ਪੂਰਨ ਆਹੂਤੀ ਵਿਸ਼ੇਸ਼ ਤੌਰ 'ਤੇ ਪਹੁੰਚੇ ਮਹਿਮਾਨ ਮੈਂਬਰ ਸੈਕਟਰੀ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਇੰਜੀਨੀਅਰ ਕਰੁਨੇਸ਼ ਗਰਗ ਵੱਲੋਂ ਪਾਈ ਗਈ। ਉਪਰੰਤ ਸ੍ਰੀ ਰਮਾਇਣ ਜੀ ਦੇ ਪਾਠ ਦੇ ਭੋਗ ਪਾਏ ਗਏ। ਖੇਡ ਤੇ ਉਚੇਰੀ ਸਿੱਖਿਆ ਮੰਤਰੀ ਪੰਜਾਬ ਗੁਰਮੀਤ ਸਿੰਘ ਮੀਤ ਹੇਅਰ ਦੇ ਓ ਐੱਸ ਡੀ ਹਸਨਪ੍ਰੀਤ ਭਾਰਦਵਾਜ ਨੇ ਆਪਣੀ ਹਾਜ਼ਰੀ ਲਵਾਉਂਦਿਆਂ ਗਊ ਪੂਜਨ ਕਰਵਾਇਆ ਤੇ ਗਊਆਂ ਨੂੰ ਹਰਾ ਚਾਰਾ ਪਾਇਆ। ਗਊਸ਼ਾਲਾ ਕਮੇਟੀ ਵੱਲੋਂ ਇੰਜੀਨੀਅਰ ਕਰੁਨੇਸ਼ ਗਰਗ, ਓ ਐੱਸ ਡੀ ਹਸਨਪ੍ਰੀਤ ਭਾਰਦਵਾਜ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਮਹਿਲਾ ਸੰਕੀਰਤਨ ਮੰਡਲ ਧਨੌਲਾ ਵੱਲੋਂ ਕੀਰਤਨ ਕੀਤਾ ਗਿਆ। ਇਸ ਮੌਕੇ ਮੈਨੇਜਰ ਗਊਸ਼ਾਲਾ ਪ੍ਰੇਮ ਕੁਮਾਰ, ਪੰਡਤ ਚੁੰਨੀ ਲਾਲ, ਚੀਨਾ ਪੇਪਰ ਮਿੱਲ ਤੋਂ ਐੱਸ. ਕੇ. ਗੁਪਤਾ, ਬਾਬੂ ਜਨਕ ਰਾਜ, ਡਾ. ਰੂਪ ਚੰਦ ਬਾਂਸਲ, ਅਰੁਣ ਕੁਮਾਰ ਰਾਜੂ ਪ੍ਰਧਾਨ ਅਗਰਵਾਲ ਸਭਾ, ਨੰਦ ਲਾਲ ਪ੍ਰਧਾਨ ਜ਼ਿਲ੍ਹਾ ਸੈਲਰ ਐਸੋਸੀਏਸ਼ਨ ਆਦਿ ਮੌਜੂਦ ਸਨ। ਮਾਰਕੀਟ ਕਮੇਟੀ ਧਨੌਲਾ ਦੇ ਸਾਬਕਾ ਚੇਅਰਮੈਨ ਤੇ ਗਊਸ਼ਾਲਾ ਕਮੇਟੀ ਦੇ ਪ੍ਰਧਾਨ ਜੀਵਨ ਕੁਮਾਰ, ਨਗਰ ਕੌਂਸਲ ਧਨੌਲਾ ਦੇ ਮੀਤ ਪ੍ਰਧਾਨ ਰਜਨੀਸ਼ ਕੁਮਾਰ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਦੌਰਾਨ ਛੋਲੇ-ਪੂਰੀਆਂ ਦਾ ਲੰਗਰ ਅਤੁੱਟ ਵਰਤਾਇਆ ਗਿਆ।

## ਦਲਿਤਾਂ 'ਤੇ ਸਮਾਜਕ ਅੱਤਿਆਚਾਰ ਦੇਸ਼ ਦੀ ਏਕਤਾ ਤੇ ਅਖੰਡਤਾ ਲਈ ਖਤਰਾ : ਚੌਹਾਨ

### ਖੇਤ ਮਜ਼ਦੂਰ ਤੇ ਦਲਿਤ ਜਥੇਬੰਦੀਆਂ ਵੱਲੋਂ ਕੌਮੀ ਪੱਧਰੀ ਕਨਵੈਨਸ਼ਨ ਦਿੱਲੀ 'ਚ 5 ਨੂੰ



**ਮਾਨਸਾ (ਆਤਮਾ ਸਿੰਘ ਪਮਾਰ)**

ਆਰ ਐੱਸ ਐੱਸ ਦੇ ਦਬਾਅ ਕਾਰਨ ਦਲਿਤ ਮਜ਼ਦੂਰਾਂ 'ਤੇ ਹੋ ਰਹੇ ਸਮਾਜਿਕ ਅੱਤਿਆਚਾਰ ਕਰਕੇ ਦੇਸ਼ ਦੀ ਏਕਤਾ ਤੇ ਅਖੰਡਤਾ ਖਤਰੇ ਵੱਲ ਵਧ ਰਹੀ ਹੈ, ਕਿਉਂਕਿ ਮੋਦੀ ਸਰਕਾਰ ਆਰ ਐੱਸ ਐੱਸ ਦੇ ਦਲਿਤ ਵਿਰੋਧੀ ਏਜੰਡੇ ਨੂੰ ਲਾਗੂ ਕਰਨ ਕਰਨ ਲਈ ਸੰਵਿਧਾਨਕ ਪ੍ਰੰਪਰਾ ਦੀਆਂ ਧੱਜੀਆਂ ਉੱਡਾ ਰਹੀ ਹੈ। ਦੇਸ਼ ਦੀਆਂ ਕੌਮੀ ਦਲਿਤ ਤੇ ਖੇਤ ਮਜ਼ਦੂਰ ਜਥੇਬੰਦੀਆਂ ਵੱਲੋਂ ਕੌਮੀ ਪੱਧਰ 'ਤੇ 5 ਨਵੰਬਰ ਨੂੰ ਦਿੱਲੀ ਵਿਖੇ ਵਿਸ਼ਾਲ ਕਨਵੈਨਸ਼ਨ ਕਰਕੇ ਦਲਿਤ ਮਜ਼ਦੂਰਾਂ ਨੂੰ ਲਾਮਬੰਦ ਕਰਨ ਦਾ ਪ੍ਰੋਗਰਾਮ ਬਣਾਇਆ ਜਾਵੇਗਾ। ਉੱਕਤ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾ ਮੀਤ ਪ੍ਰਧਾਨ ਕ੍ਰਿਸ਼ਨ ਚੌਹਾਨ ਤੇ ਜਥੇਬੰਦੀ ਦੇ ਜ਼ਿਲ੍ਹਾ ਜਨਰਲ ਸਕੱਤਰ ਸੀਤਾ ਰਾਮ ਗੋਬਿੰਦਪੁਰਾ ਨੇ ਜਥੇਬੰਦੀ ਮੀਟਿੰਗ ਵਿੱਚ ਸ਼ਾਮਲ ਸਾਥੀਆਂ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਬੇਸ਼ੱਕ ਦੇਸ਼ ਅਜ਼ਾਦ ਹੋਇਆਂ ਨੂੰ 75 ਸਾਲ ਬੀਤ ਗਏ ਹਨ, ਪ੍ਰੰਤੂ ਅੱਜ ਵੀ ਸੰਵਿਧਾਨ ਲਾਗੂ ਹੋਣ ਦੇ ਬਾਵਜੂਦ ਖੇਤ ਮਜ਼ਦੂਰ, ਦਲਿਤਾਂ ਤੇ ਔਰਤਾਂ ਤੇ ਸਮਾਜਿਕ ਜਬਰ ਦੀਆਂ ਘਟਨਾਵਾਂ ਵਧ ਰਹੀਆਂ ਹਨ ਅਤੇ ਮਨੁੱਖੀ ਮੌਲਿਕ ਅਧਿਕਾਰਾਂ ਨੂੰ ਛਿੱਕੇ ਟੰਗਿਆ ਜਾ ਰਿਹਾ ਹੈ।

ਆਗੂਆਂ ਨੇ ਕਿਹਾ ਕਿ ਕਨਵੈਨਸ਼ਨ ਦੌਰਾਨ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ ਲਾਮਬੰਦੀ ਸਾਂਝੇ ਤੌਰ 'ਤੇ ਕਰਨ ਲਈ ਜ਼ੋਰ ਦਿੱਤਾ ਜਾਵੇਗਾ। ਸਮਾਜਿਕ ਸੁਰੱਖਿਆ, ਪੈਨਸ਼ਨ ਘੱਟੋ-ਘੱਟ 5000 ਰੁਪਏ ਪ੍ਰਤੀ ਮਹੀਨਾ ਦਾ ਕਾਨੂੰਨ, ਰੁਜ਼ਗਾਰ ਦੇ ਸਾਧਨ ਵਧਾਉਣ, ਨਿੱਜੀ ਖੇਤਰ ਵਿੱਚ ਰਾਖਵਾਂਕਰਨ ਕਰਨ, ਮਨਰੇਗਾ ਕਾਨੂੰਨ ਨੂੰ ਪੂਰਨ ਰੂਪ ਵਿੱਚ ਲਾਗੂ ਕਰਨ, ਪ੍ਰਧਾਨ ਮੰਤਰੀ ਅਵਾਸ ਯੋਜਨਾ ਅਧੀਨ ਘਰ ਤੇ ਮਕਾਨ ਬਣਾਉਣ ਲਈ ਯੋਗ ਮੁਆਵਜ਼ਾ, ਪੰਚਾਇਤੀ ਜ਼ਮੀਨ 'ਚੋਂ 1/3 ਹਿੱਸੇ ਦੀ ਜ਼ਮੀਨ ਦੇਣ ਆਦਿ ਮੰਗਾਂ ਸਬੰਧੀ ਵਿਸ਼ੇਸ਼ ਤੌਰ 'ਤੇ ਵਿਚਾਰ ਕੀਤਾ ਜਾਵੇਗਾ। ਮੀਟਿੰਗ ਮੌਕੇ ਮੈਂਬਰਸ਼ਿਪ ਤੇ ਪਿੰਡ ਇਕਾਈਆ ਦੀ ਉਸਾਰੀ ਦੌਰਾਨ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ ਗਿਆ। ਇਸ ਮੌਕੇ ਜ਼ਿਲ੍ਹਾ ਆਗ ਜਗਸੀਰ ਕੁਸ਼ਲਾ, ਸੁਖਦੇਵ ਸਿੰਘ ਮਾਨਸਾ, ਕਪੂਰ ਸਿੰਘ ਕੋਟ ਲੱਲੂ, ਬੰਬੂ ਸਿੰਘ ਫੁੱਲੂਵਾਲਾ, ਲਾਭ ਮੰਢਾਲੀ, ਨਾਜਰ ਜੋੜਕੀਆਂ, ਹਰਪ੍ਰੀਤ, ਜੱਗਾ ਸਰਪੰਚ, ਬਾਰੂ ਸਿੰਘ ਮਾਨਸਾ, ਸੁਰੇਸ਼ ਭੈਣੀ ਬਾਘਾ, ਗੁਰਪ੍ਰੀਤ ਕੋਟ ਲੱਲੂ, ਨਰਿੰਦਰ ਕੌਰ ਆਦਿ ਆਗੂਆਂ ਨੇ ਸੰਬੋਧਨ ਕੀਤਾ।

## ਪੰਚਾਇਤੀ ਜ਼ਮੀਨ ਦੀ ਡੰਮੀ ਬੋਲੀ ਕਰਨ ਦੇ ਲਾਏ ਦੋਸ਼

**ਨਾਭਾ (ਵਰਿੰਦਰ ਵਰਮਾ)**-ਪਿੰਡ ਕੋਟ ਕਲਾਂ ਵਿਖੇ ਪੰਚਾਇਤੀ ਜ਼ਮੀਨ ਦੀ ਡੰਮੀ ਬੋਲੀ ਮਾਨਯੋਗ ਅਦਾਲਤ ਸੁਖਚੈਨ ਸਿੰਘ ਕੁਲੈਕਟਰ (ਪੰਚਾਇਤ ਲੈਂਡ) ਡੀ.ਡੀ.ਪੀ.ਓ. ਪਟਿਆਲਾ ਦੇ ਹੁਕਮ ਨੰਬਰ ਮਿਤੀ: 28-08-2022 ਅਨੁਸਾਰ ਰੱਦ ਕੀਤੀ ਗਈ ਸੀ ਅਤੇ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਨੂੰ ਦੁਬਾਰਾ ਬੋਲੀ ਕਰਨ ਦੀ ਹਦਾਇਤ ਕੀਤੀ ਗਈ ਸੀ। ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਨਾਭਾ ਨੇ ਆਪਣੇ ਪੱਤਰ ਨੰਬਰ ਮਿਤੀ : 20-10-2022 ਰਾਹੀਂ ਸਰਪੰਚ ਗ੍ਰਾਮ ਪੰਚਾਇਤ ਕੋਟ ਕਲ੍ਹਾਂ ਅਤੇ ਜਸਵਿੰਦਰ ਸਿੰਘ ਪ੍ਰਬੰਧਕ ਤੇ ਹਰਦੀਪ ਸਿੰਘ ਪੰਚਾਇਤ ਸਕੱਤਰ ਗ੍ਰਾਮ ਪੰਚਾਇਤ ਕੋਟ ਕਲਾਂ ਨੂੰ ਹਦਾਇਤ ਕੀਤੀ ਗਈ ਸੀ ਕਿ ਉਕਤ ਫੈਸਲੇ ਤੇ ਸਟੇਟਸ ਕੋਅ ਵਿਕੇਟ ਅਨੁਸਾਰ ਫਸਲ ਦੀ ਕਟਾਈ ਰੋਕਣ ਲਈ ਕਾਰਵਾਈ ਕਰਨ ਸਬੰਧੀ ਲਿਖਿਆ ਗਿਆ ਸੀ ਅਤੇ ਫ਼ਸਲ 'ਤੇ ਹੋਇਆ ਖਰਚਾ ਹਰਬਿਲਾਸ ਸਿੰਘ ਨੂੰ ਮਾਲ ਅਧਿਕਾਰੀਆਂ ਰਾਹੀਂ ਤਕਸੀਮ ਕਰਾ ਕੇ ਦਿੱਤੇ ਜਾਣ ਸੰਬੰਧੀ ਹੁਕਮ ਦਿੱਤੇ ਸਨ। ਇਸ ਦਾ ਉਤਾਰਾ ਪਿੱਠ ਅੰਕਣ ਨੰ: 3317 ਮਿਤੀ : 20-10-2022 ਰਾਹੀਂ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਪਟਿਆਲਾ ਨੂੰ ਸੂਚਨਾ ਹਿੱਤ ਭੇਜਿਆ ਗਿਆ ਸੀ, ਪਰ ਹਰਬਿਲਾਸ ਸਿੰਘ ਪੁੱਤਰ ਮੁਖਤਿਆਰ ਸਿੰਘ ਨੇ ਕਥਿਤ ਰੂਪ 'ਚ ਸਰਪੰਚ, ਪ੍ਰਬੰਧਕ ਤੇ ਪੰਚਾਇਤ ਸਕੱਤਰ ਦੀ ਮਿਲੀਭੁਗਤ ਨਾਲ ਉਚ ਅਧਿਕਾਰੀਆਂ/ਕੋਰਟਾਂ ਦੇ ਹੁਕਮਾਂ ਨੂੰ ਨਾ ਮੰਨਦੇ ਹੋਏ ਬੀਜੀ ਜੀਰੀ ਦੀ ਫ਼ਸਲ ਕੱਟ ਕੇ ਮੰਡੀ ਵਿੱਚ ਵੇਚ ਦਿੱਤੀ ਗਈ ਹੈ। ਇਸ ਸੰਬੰਧੀ ਪਿੰਡ ਕੋਟ ਕਲਾਂ ਦੇ ਕ੍ਰਿਸ਼ਨ ਸਿੰਘ, ਚਮਕੌਰ ਸਿੰਘ, ਬਘੇਲ ਸਿੰਘ, ਗੁਰਜੰਟ ਸਿੰਘ, ਨਛੱਤਰ ਸਿੰਘ, ਹਰਭਜਨ ਸਿੰਘ, ਲਖਵੀਰ ਸਿੰਘ ਆਦਿ ਵੱਲੋਂ ਬੀ.ਡੀ.ਪੀ.ਓ. ਨੂੰ ਸ਼ਿਕਾਇਤ ਕਰਨ 'ਤੇ ਕੋਈ ਵੀ ਕਾਰਵਾਈ ਨਹੀਂ ਕੀਤੀ ਗਈ ਹੈ। ਉਪਰੋਕਤ ਆਗੂਆਂ ਨੇ ਮਾਮਲੇ ਨਾਲ ਸਬੰਧਤ ਹਰਬਿਲਾਸ ਸਿੰਘ, ਸਰਪੰਚ ਤੇ ਕ੍ਰਮਚਾਰੀਆਂ ਵਿਰੁੱਧ ਯੋਗ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਲੱਗ ਰਹੇ ਦੋਸ਼ਾਂ ਨੂੰ ਸਿਰੇ ਤੋਂ ਨਕਾਰਦਿਆਂ ਬੀਡੀਪੀਓ ਨਾਭਾ ਪ੍ਰਦੀਪ ਸ਼ਾਰਦਾ ਨੇ ਦੱਸਿਆ ਕਿ ਉਪਰੋਕਤ ਮਾਮਲੇ 'ਚ ਆਏ ਫੈਸਲੇ ਵਿਰੁੱਧ ਦੂਜੀ ਧਿਰ ਉੱਚ ਅਦਾਲਤ ਚਲੀ ਗਈ, ਜਿਥੋਂ ਜਾਰੀ ਸਟੇਟਸ ਕੋਅ ਆਰਡਰਾਂ ਅਨੁਸਾਰ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਹਨ। ਪਿੰਡ ਦੀ ਪੰਚਾਇਤੀ ਜ਼ਮੀਨ ਦੀ ਬੋਲੀ ਲਈ ਪੰਚਾਇਤ ਨੂੰ ਲਿਖ ਦਿੱਤਾ ਗਿਆ ਹੈ, ਜਿਸ ਸਬੰਧੀ ਮਤਾ ਪਾਏ ਜਾਣ ਬਾਅਦ ਜਲਦ ਹੀ ਬੋਲੀ ਕਰਵਾ ਦਿੱਤੀ ਜਾਏਗੀ।

## ਵੱਖ-ਵੱਖ ਸੜਕ ਹਾਦਸਿਆਂ 'ਚ ਦੋ ਦੀ ਮੌਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਫਿਰੋਜ਼ਪੁਰ ਵਿੱਚ ਹੋਏ ਵੱਖ ਵੱਖ ਸੜਕ ਹਾਦਸਿਆਂ ਵਿੱਚ ਦੋ ਵਿਅਕਤੀਆਂ ਦੀ ਮੌਤ ਹੋ ਗਈ। ਇਸ ਸਬੰਧੀ ਥਾਣਾ ਮੱਖੂ ਤੇ ਥਾਣਾ ਗੁਰੂ ਹਰਸਹਾਏ ਪੁਲਸ ਨੇ ਬੱਸ ਚਾਲਕ ਤੇ ਅਣਪਛਾਤੇ ਟਰੱਕ ਡਰਾਈਵਰ ਖਿਲਾਫ ਵੱਖ ਵੱਖ ਧਾਰਾਵਾਂ ਤਹਿਤ ਮਾਮਲੇ ਦਰਜ ਕੀਤੇ ਹਨ। ਜਾਣਕਾਰੀ ਦਿੰਦੇ ਹੋਏ ਥਾਣਾ ਮੱਖੂ ਦੇ ਏ ਐੱਸ ਆਈ ਸੁਖਬੀਰ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸਵਰਨ ਸਿੰਘ ਪੁੱਤਰ ਕੁਲਵੰਤ ਸਿੰਘ ਵਾਸੀ ਪਿੰਡ ਚੋਹਲਾ ਨੇ ਦੱਸਿਆ ਕਿ ਉਸ ਦਾ ਪਿਤਾ ਕੁਲਵੰਤ ਸਿੰਘ (65) ਸਾਲ ਪੁੱਤਰ ਗਿਆਨ ਸਿੰਘ, ਜੋ ਵੱਖ ਵੱਖ ਮੋਟਰਸਾਈਕਲਾਂ 'ਤੇ ਸਵਾਰ ਹੋ ਕੇ ਆਪਣੀ ਰਿਸ਼ਤੇਦਾਰੀ ਵਿੱਚ ਮਿਲਣ ਲਈ ਪਿੰਡ ਬੂਲੇ ਨੇੜੇ ਕਰਤਾਰਪੁਰ ਜਾ ਰਹੇ ਸੀ, ਜਦ ਉਹ ਪਿੰਡ ਪੀਰ ਮੁਹੰਮਦ ਪਾਸ ਪੁੱਜੇ ਤਾਂ ਮੋਗਾ ਸਾਇਡ ਤੋਂ ਇੱਕ ਪੀ ਆਰ ਟੀ ਸੀ ਬੱਸ ਆਈ, ਜਿਸ ਦੇ ਡਰਾਈਵਰ ਬੂਟਾ ਸਿੰਘ ਪੁੱਤਰ ਨਾਜ਼ਮ ਸਿੰਘ ਵਾਸੀ ਪਿੰਡ ਪੱਖੋਕੇ ਜ਼ਿਲ੍ਹਾ ਬਰਨਾਲਾ ਨੇ ਬੱਸ ਤੇਜ਼ ਰਫਤਾਰ ਤੇ ਲਾਪ੍ਰਵਾਹੀ ਨਾਲ ਲਿਆ ਕੇ ਉਸ ਦੇ ਪਿਤਾ ਦੇ ਮੋਟਰਸਾਈਕਲ ਵਿੱਚ ਮਾਰੀ। ਇਸ ਹਾਦਸੇ ਵਿੱਚ ਉਸ ਦੇ ਪਿਤਾ ਕੁਲਵੰਤ ਸਿੰਘ ਦੇ ਗੰਭੀਰ ਸੱਟਾਂ ਲੱਗ ਗਈਆਂ ਤੇ ਮੋਟਰਸਾਈਕਲ ਨੁਕਸਾਨਿਆ ਗਿਆ। ਉਸ ਦੇ ਪਿਤਾ ਨੂੰ ਇਲਾਜ ਲਈ ਮੈਡੀਸਿਟੀ ਹਸਪਤਾਲ ਮੋਗਾ ਵਿਖੇ ਦਾਖਲ ਕਰਵਾਇਆ ਗਿਆ, ਜਿੱਥੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ।

ਉਧਰ ਥਾਣਾ ਗੁਰੂ ਹਰਸਹਾਏ ਪੁਲਸ ਦੇ ਏਐੱਸਆਈ ਤਰਲੋਕ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਪਿੱਪਲ ਸਿੰਘ ਪੁੱਤਰ ਚੰਨਾ ਸਿੰਘ ਵਾਸੀ ਬੀੜ ਹਰਬੰਸਪੁਰਾ ਨੇ ਦੱਸਿਆ ਕਿ ਉਹ ਤੇ ਉਸ ਦਾ ਭਤੀਜਾ ਬੌਬੀ (16 ਸਾਲ) ਪੁੱਤਰ ਸਤਪਾਲ ਵਾਸੀ ਬੀੜ ਹਰਬੰਸਪੁਰਾ ਥਾਣਾ ਗੁਰੂ ਹਰਸਹਾਏ ਆਪਣੇ ਆਪਣੇ ਮੋਟਰਸਾਈਕਲਾਂ 'ਤੇ ਸਵਾਰ ਹੋ ਕੇ ਗੁਰੂ ਹਰਸਹਾਏ ਜਾ ਰਹੇ ਸੀ, ਜਦ ਉਹ ਰੇਲਵੇ ਪੁਲ ਗੁਰੂ ਹਰਸਹਾਏ ਪੁੱਜੇ ਤਾਂ ਸਾਹਮਣੇ ਤੋਂ ਇੱਕ ਘੋੜਾ ਟਰਾਲਾ, ਜਿਸ ਨੂੰ ਕੋਈ ਅਣਪਛਾਤਾ ਵਿਅਕਤੀ ਚਲਾ ਰਿਹਾ ਸੀ, ਨੇ ਉਸ ਦੇ ਭਤੀਜੇ ਬੌਬੀ ਦੇ ਮੋਟਰਸਾਈਕਲ ਵਿੱਚ ਮਾਰਿਆ। ਇਸ ਹਾਦਸੇ ਵਿੱਚ ਉਸ ਦੇ ਭਤੀਜੇ ਬੌਬੀ ਦੀ ਮੌਕੇ 'ਤੇ ਮੌਤ ਹੋ ਗਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

## ਨਵੀਂ ਸਿੱਖਿਆ ਨੀਤੀ ਗੈਰ-ਵਿਗਿਆਨਕ, ਫਿਰਕੂ ਤੇ ਸਮਾਜਕ ਨਿਆਂ ਦੇ ਵਿਰੁੱਧ : ਸੀ ਪੀ ਆਈ

**ਲੁਧਿਆਣਾ (ਐੱਮ ਐੱਸ ਭਾਟੀਆ, ਰੈਕਟਰ ਕਥੂਰੀਆ)**

"ਸਰਕਾਰ ਦੀ ਜ਼ਿੰਮੇਵਾਰੀ ਹੇਠ ਕੋਠਾਰੀ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ ਪ੍ਰਵਾਨਿਤ ਕੌਮੀ ਸਿੱਖਿਆ ਨੀਤੀ 1968 ਦੇ ਤਹਿਤ ਭਾਰਤੀ ਲੋਕ ਸਭਾ ਵਿੱਚ ਪਾਸ ਭਾਰਤੀ ਸੰਵਿਧਾਨ ਦੇ ਉਦੇਸ਼ਾਂ ਦੀ ਪੂਰਤੀ ਲਈ ਦੇਸ਼ ਦੀ ਏਕਤਾ ਤੇ ਅਖੰਡਤਾ ਨੂੰ ਮਜ਼ਬੂਤ ਕਰਨ ਵਾਸਤੇ ਸਮਾਜ ਦੇ ਵੱਖ ਵੱਖ ਵਰਗਾਂ ਦੇ ਆਪਸੀ ਸੁਮੇਲ ਲਈ ਅਤੇ ਮਨੁੱਖੀ ਸੰਸਾਧਨਾਂ ਦੇ ਸਰਬਪੱਖੀ ਵਿਕਾਸ ਨੂੰ ਪੂਰਾ ਕਰਨ ਲਈ ਇਸ ਸਿੱਖਿਆ ਨੀਤੀ ਨੂੰ ਇੰਨ ਬਿੰਨ ਲਾਗੂ ਕੀਤਾ ਜਾਣਾ ਚਾਹੀਦਾ ਹੈ।" ਬੀਤੀ 14 ਤੋਂ 18 ਅਕਤੂਬਰ 2022 ਨੂੰ ਵਿਜੇਵਾੜਾ ਵਿਖੇ ਹੋਈ ਭਾਰਤੀ ਕਮਿਊਨਿਸਟ ਪਾਰਟੀ ਦੀ 24ਵੀਂ ਕਾਂਗਰਸ ਦੌਰਾਨ ਸਿੱਖਿਆ ਵਿੱਚ ਵਧ ਰਹੀਆਂ ਅਸਮਾਨਤਾਵਾਂ 'ਤੇ ਗੰਭੀਰ ਚਿੰਤਾ ਪ੍ਰਗਟ ਕੀਤੀ ਗਈ ਅਤੇ ਸਿੱਖਿਆ ਨੀਤੀ 'ਤੇ ਮਤਾ ਪਾਸ ਕੀਤਾ ਗਿਆ।

ਮਤੇ ਵਿੱਚ ਕਿਹਾ ਕਿ ਬ੍ਰਿਟਿਸ਼ ਸਰਕਾਰ ਨੇ ਵੱਖ-ਵੱਖ ਤਰ੍ਹਾਂ ਦੇ ਸਕੂਲਾਂ ਦਾ ਮਾਡਲ ਬਣਾਇਆ ਸੀ ਤਾਂ ਜੋ ਇੱਥੇ ਰਹਿਣ ਵਾਲੇ ਅੰਗਰੇਜ਼ਾਂ ਦੇ ਬੱਚਿਆਂ ਨੂੰ ਵੱਖਰੀ ਸਿੱਖਿਆ ਦਿੱਤੀ ਜਾ ਸਕੇ ਤੇ ਨਾਲ ਹੀ ਉਨ੍ਹਾਂ ਦੀ ਸੇਵਾ ਲਈ ਭਾਰਤੀਆਂ ਦੀ ਫਸਲ ਤਿਆਰ ਕੀਤੀ ਜਾ ਸਕੇ। ਇਸ ਲਈ ਕੋਠਾਰੀ ਕਮਿਸ਼ਨ ਨੇ ਸਾਂਝੇ ਸਕੂਲ ਪ੍ਰਣਾਲੀ ਨੂੰ ਅੱਗੇ ਵਧਾਇਆ, ਪਰ ਦੁੱਖ ਦੀ ਗੱਲ ਹੈ ਕਿ ਕੋਠਾਰੀ ਕਮਿਸ਼ਨ ਦੀਆਂ ਸਿਫਾਰਸ਼ਾਂ ਸਿਰਫ ਸ਼ਬਦਾਂ ਵਿੱਚ ਹੀ ਰਹਿ ਗਈਆਂ ਹਨ। ਇਨ੍ਹਾਂ ਨੂੰ ਲਾਗੂ ਕਰਨਾ ਤਾਂ ਦੂਰ ਦੀ ਗੱਲ ਹੈ, ਸਕੂਲਾਂ ਵਿੱਚ ਮਤਭੇਦ ਵਧ ਰਹੇ ਹਨ। ਸੰਨ 2009 ਵਿੱਚ ਪ੍ਰਾਈਵੇਟ ਸਕੂਲਾਂ 'ਚ 25 ਪ੍ਰਤੀਸ਼ਤ ਸੀਟਾਂ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ ਬੱਚਿਆਂ ਲਈ ਰਾਖਵੀਆਂ ਸਨ। ਇਸ ਨੇ ਪ੍ਰਾਈਵੇਟ ਸਿੱਖਿਆ ਦੀ ਉੱਤਮਤਾ ਤੇ ਸਕੂਲਾਂ ਦੇ ਵਿਤਕਰੇ ਦੇ ਸੰਕਲਪ ਨੂੰ ਹੋਰ ਮਜ਼ਬੂਤ ਕੀਤਾ। ਲੋੜ ਇਸ ਗੱਲ ਦੀ ਹੈ ਕਿ ਸਾਰੇ ਬੱਚਿਆਂ ਲਈ ਸਿੱਖਿਆ ਦਾ ਅਧਿਕਾਰ ਯਕੀਨੀ ਬਣਾਇਆ ਜਾਵੇ।

ਲੋੜ ਹੈ ਕਿ ਸਿੱਖਿਆ ਖੇਤਰ ਵਿੱਚ ਚੱਲ ਰਹੇ ਵੱਖ-ਵੱਖ ਮਾਡਲਾਂ ਦੇ ਸਾਰੇ ਸਕੂਲਾਂ ਨੂੰ ਸਾਂਝੇ ਸਕੂਲ ਪ੍ਰਣਾਲੀ ਵਿੱਚ ਸ਼ਾਮਲ ਕੀਤਾ ਜਾਵੇ। ਸਿੱਖਿਆ ਵਿੱਚ ਗੁਣਵੱਤਾ ਨੂੰ ਯਕੀਨੀ ਬਣਾਉਣ ਲਈ ਸਕੂਲਾਂ ਤੇ ਕਾਲਜਾਂ ਦੇ ਅਧਿਆਪਕਾਂ ਨੂੰ ਰੈਗੂਲਰ ਕੀਤਾ ਜਾਵੇ ਤੇ ਠੇਕਾ ਅਧਾਰਤ ਭਰਤੀ ਬੰਦ ਕੀਤੀ ਜਾਵੇ। ਆਨਲਾਈਨ ਸਿੱਖਿਆ ਪ੍ਰਣਾਲੀ ਨੂੰ ਅਪਣਾਉਣ ਨੂੰ ਤਰਜੀਹ ਦੇਣਾ ਮਨੁੱਖੀ ਵਿਕਾਸ ਲਈ ਹਾਨੀਕਾਰਕ ਹੋਵੇਗਾ ਤੇ ਸਮਾਜਿਕ ਵਿਕਾਸ ਵਿੱਚ ਨਵੇਂ ਵਿਤਕਰੇ ਅਤੇ ਅਸਮਾਨਤਾਵਾਂ ਪੈਦਾ ਕਰੇਗਾ।

ਸਿੱਖਿਆ ਨੀਤੀ 'ਤੇ ਹੋਰ ਗੰਭੀਰਤਾ ਨਾਲ ਵਿਚਾਰ ਕਰਨ ਲਈ ਦੇਸ਼ ਭਰ ਦੇ ਸਾਰੇ ਰਾਜਾਂ ਵਿੱਚ ਸਿੱਖਿਆ ਮਾਹਰਾਂ, ਵਿਦਿਆਰਥੀਆਂ ਤੇ ਸਬੰਧਤ ਅਧਿਆਪਕ ਜਥੇਬੰਦੀਆਂ ਅਤੇ ਸਮਾਜਿਕ ਦ੍ਰਿਸ਼ਟੀਕੋਣ ਵਾਲੇ ਚਿੰਤਕਾਂ ਦੀ ਸ਼ਮੂਲੀਅਤ ਯਕੀਨੀ ਬਣਾਈ ਜਾਣੀ ਚਾਹੀਦੀ ਹੈ। ਲੱਖਾਂ ਸਕੂਲਾਂ ਦਾ ਰਲੇਵਾਂ ਤੇ ਸਕੂਲ ਬੰਦ ਕਰਨੇ ਰੋਕਣੇ ਚਾਹੀਦੇ ਹਨ। ਦੇਸ਼ ਭਰ ਵਿੱਚ ਨਿਰਧਾਰਤ ਤਨਖਾਹ ਸਕੇਲਾਂ ਵਿੱਚ ਸਥਾਈ ਨਿਯੁਕਤੀ ਸ਼ੁਰੂ ਕੀਤੀ ਜਾਵੇ। ਸਿਲੇਬਸ ਤੇ ਪਾਠਕ੍ਰਮ ਵਿੱਚ ਧਰਮ ਨਿਰਪੱਖ, ਵਿਗਿਆਨਕ, ਸਮਾਵੇਸ਼ੀ ਤੇ ਖੇਤਰੀ ਸੱਭਿਆਚਾਰ ਦਾ ਸਾਰ ਹੋਣਾ ਚਾਹੀਦਾ ਹੈ। ਰਾਸ਼ਟਰੀ ਸਿੱਖਿਆ ਨੀਤੀ-2020 ਕੇਂਦਰ ਸਰਕਾਰ ਦੇ ਹਿੰਦੂ ਰਾਸ਼ਟਰ ਦੇ ਸੁਪਨੇ ਨੂੰ ਪੂਰਾ ਕਰਨ ਲਈ ਤਿਆਰ ਕੀਤਾ ਗਿਆ ਖਰੜਾ ਹੈ, ਇਹ ਗੈਰ-ਵਿਗਿਆਨਕ, ਫਿਰਕੂ ਤੇ ਸਮਾਜਿਕ ਨਿਆਂ ਦੇ ਵਿਰੁੱਧ ਹੈ। ਇਹ ਬਹੁ-ਸੱਭਿਆਚਾਰਕ, ਬਹੁ-ਭਾਸ਼ਾਈ, ਬਹੁ-ਧਾਰਮਿਕ ਸੰਵਿਧਾਨਕ ਧਾਰਨਾਵਾਂ ਦੇ ਤਾਣੇ-ਬਾਣੇ ਦੇ ਵਿਰੁੱਧ ਹੈ। ਇਹ ਦੇਸ਼ ਦੇ ਸੰਵਿਧਾਨ ਦੇ ਸੰਘੀ ਢਾਂਚੇ ਨੂੰ ਵੀ ਤੋੜਦਾ ਹੈ। ਕੇਂਦਰ ਸਰਕਾਰ ਵੱਲੋਂ ਲਿਆਂਦੀ ਗਈ ਸਿੱਖਿਆ ਨੀਤੀ 2020 ਨੂੰ ਰੱਦ ਕੀਤਾ ਜਾਣਾ ਚਾਹੀਦਾ ਹੈ, ਜਿਸ ਦੇ ਉਪਬੰਧ ਪੂਰੀ ਤਰ੍ਹਾਂ ਗਲਤ ਹਨ ਤੇ ਭਾਰਤੀ ਸੰਵਿਧਾਨ ਦੇ ਨਿਰਦੇਸ਼ਾਂ ਅਨੁਸਾਰ ਨਹੀਂ ਹਨ। ਮਿਆਰੀ ਸਿੱਖਿਆ ਨੂੰ ਯਕੀਨੀ ਬਣਾਉਣ ਲਈ 1:20 ਅਧਿਆਪਕ ਵਿਦਿਆਰਥੀ ਅਨੁਪਾਤ ਯਕੀਨੀ ਬਣਾਇਆ ਜਾਵੇ।

## ਲੁਹਾਰਾ 'ਚ ਬਣ ਰਹੀ ਗਲੀ ਦਾ 'ਆਪ' ਟੀਮ ਵੱਲੋਂ ਜਾਇਜ਼ਾ



**ਨਿਹਾਲ ਸਿੰਘ ਵਾਲਾ (ਨਛੱਤਰ ਸੰਧੂ)**-ਜਦੋਂ ਤੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਅਤੇ ਭਗਵੰਤ ਮਾਨ ਮੁੱਖ ਮੰਤਰੀ ਬਣੇ ਹਨ, ਉਦੋਂ ਤੋਂ ਹੀ ਪੰਜਾਬ ਦੇ ਆਮ ਲੋਕਾਂ ਦੇ ਹੱਕ ਵਿੱਚ ਫੈਸਲੇ ਹੋ ਰਹੇ ਹਨ। ਇਸੇ ਲੜੀ ਤਹਿਤ ਹੀ ਹਲਕਾ ਨਿਹਾਲ ਸਿੰਘ ਵਾਲਾ ਤੋਂ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਿੰਡ ਲੁਹਾਰਾ ਵਿੱਚ ਬਲਾਕ ਸੰਮਤੀ ਦੁਆਰਾ ਜਾਰੀ ਕੀਤੇ ਗਏ ਫੰਡਾਂ ਨਾਲ ਗਲੀ ਵਿੱਚ ਇੰਟਰਲੌਕ ਟਾਇਲ ਲਗਾਉਣ ਦਾ ਕੰਮ ਲੁਹਾਰਾ ਤੋਂ ਆਪ ਆਗੂ ਦਵਿੰਦਰ ਸਿੰਘ ਖੰਨਾ ਦੀ ਅਗਵਾਈ ਵਿੱਚ ਸ਼ੁਰੂ ਕੀਤਾ ਗਿਆ, ਜਿਸ ਦਾ ਜਾਇਜ਼ਾ ਲੈਣ ਵਾਸਤੇ ਐੱਮ ਐੱਲ ਏ ਦਫਤਰ ਨਿਹਾਲ ਸਿੰਘ ਵਾਲਾ ਦੀ ਟੀਮ ਖਾਸ ਤੌਰ 'ਤੇ ਪਿੰਡ ਲੁਹਾਰਾ ਪਹੁੰਚੀ, ਜਿਸ ਵਿੱਚ ਬਲਾਕ ਪ੍ਰਧਾਨ ਜੀਵਨ ਸਿੰਘ ਸੈਦੋਕੇ, ਪਾਰਟੀ ਦੇ ਬੁਲਾਰੇ ਅੰਮ੍ਰਿਤਪਾਲ ਸਿੰਘ ਖਾਲਸਾ, ਦਫਤਰ ਇੰਚਾਰਜ ਸੁਖਦੀਪ ਸਿੰਘ ਭਾਗੀਕੇ, ਸੁਰਜੀਤ ਸਿੰਘ ਪ੍ਰਧਾਨ, ਸੁਖਵੀਰ ਸਿੰਘ ਡੀ ਸੀ ਹਾਜ਼ਰ ਸਨ। ਇਸ ਮੌਕੇ ਪਿੰਡ ਵਾਸੀ ਗੁਰਜੰਟ ਸਿੰਘ ਰਿਟ: ਜੇ ਈ, ਹਰਜਿੰਦਰ ਸਿੰਘ ਸਾਬਕਾ ਸੈਨਿਕ, ਇੰਦਰਪੀਤ ਸਿੰਘ, ਮਾਤਾ ਗੁਰਦੇਵ ਕੌਰ ਤੇ ਠੇਕੇਦਾਰ ਰਮਨਦੀਪ ਸਿੰਘ ਹਾਜ਼ਰ ਸਨ।

## ਅਮਨ ਅਰੋੜਾ ਨੇ ਸਰਕਾਰੀ ਪ੍ਰਾਇਮਰੀ ਸਕੂਲ ਸ਼ਾਹਪੁਰ ਕਲਾਂ ਦੇ ਨਵੇਂ ਕਮਰਿਆਂ ਦੀ ਨੀਂਹ ਰੱਖੀ



**ਚੀਮਾਂ ਮੰਡੀ (ਡਾ ਰਵਿੰਦਰ ਚੀਮਾ)**-ਪਿੰਡ ਸ਼ਾਹਪੁਰ ਕਲਾਂ ਵਿਖੇ ਸਰਕਾਰੀ ਪ੍ਰਾਇਮਰੀ ਸਕੂਲ ਦੇ ਕਮਰਿਆਂ ਦੀ ਨੀਂਹ ਹਲਕਾ ਸੁਨਾਮ ਤੋਂ ਆਮ ਆਦਮੀ ਪਾਰਟੀ ਦੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਵੱਲੋਂ ਰੱਖੀ ਗਈ। ਪ੍ਰਿੰਸੀਪਲ ਅੰਮ੍ਰਿਤਪਾਲ ਸਿੰਘ ਤੇ ਸਰਕਾਰੀ ਪ੍ਰਾਇਮਰੀ ਸਕੂਲ ਦੇ ਮੁੱਖ ਅਧਿਆਪਕ ਨਰਿੰਦਰ ਸ਼ਰਮਾ ਅਤੇ ਸ਼ਾਹਪੁਰ ਕਲਾਂ ਅਧਿਕਾਰਤ ਪੰਚ ਰਜਿੰਦਰ ਕੌਰ ਤੋਂ ਇਲਾਵਾ ਗ੍ਰਾਮ ਪੰਚਾਇਤ ਸਾਹਪੁਰ ਕਲਾਂ ਵੱਲੋਂ ਕੈਬਨਿਟ ਮੰਤਰੀ ਅਮਨ ਅਰੋੜਾ ਦਾ ਨਿੱਘਾ ਸਵਾਗਤ ਕੀਤਾ ਗਿਆ। ਸਮਾਗਮ ਦੌਰਾਨ ਕੈਬਨਿਟ ਮੰਤਰੀ ਨੇ ਪ੍ਰਾਇਮਰੀ ਸਕੂਲ ਕਮਰਿਆਂ ਦੀ ਨੀਂਹ ਰੱਖਣ ਤੋਂ ਇਲਾਵਾ ਸੈਕੰਡਰੀ ਸਕੂਲ ਵਿੱਚ ਨਵੇਂ ਬਣੇ ਕਮਰੇ ਤੇ ਰਾਈਫਲ ਸ਼ੂਟਿੰਗ ਦਾ ਉਦਾਘਟਨ ਕਰਦਿਆਂ ਕਿਹਾ ਕਿ ਸਕੂਲ ਦੋਵੇਂ ਸਕੂਲ ਦੀਆਂ ਬੁਨਿਆਦੀ ਲੋੜਾਂ ਨੂੰ ਪੂਰਾ ਕਰਨ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕਦੇ ਵੀ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਸ ਮੌਕੇ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਮਲਕੀਤ ਸਿੰਘ ਸ਼ਾਹਪੁਰ ਕਲਾਂ, ਮਾਸਟਰ ਗੁਰਪ੍ਰੀਤ ਸਿੰਘ ਟੋਨੀ, ਬਲਜੀਤ ਸਿੰਘ ਗੋਜੇ ਸਿੱਖ ਕਾ, ਪੰਚ ਗੁਰਮਤ ਸਿੰਘ, ਪੰਚ ਹਰਜੀਤ ਸਿੰਘ ਡੀ ਸੀ, ਪੰਚ ਦਰਸ਼ਨ ਸਿੰਘ, ਪੰਚ ਬੰਤ ਸਿੰਘ, ਪੰਚ ਸੁਖਵਿੰਦਰ ਸਿੰਘ ਤੋਂ ਇਲਾਵਾ ਸਕੂਲ ਅਧਿਆਪਕ ਹਰਦੇਵ ਸਿੰਘ ਚੀਮਾ, ਕਿਰਨਦੀਪ ਕੌਰ, ਹਰਦੀਪ ਕੌਰ, ਸੁਖਪਾਲ ਕੌਰ, ਗਗਨਦੀਪ ਕੌਰ, ਗੁਰਮੀਤ ਕੌਰ, ਰਾਣੀ ਕੌਰ ਤੇ ਸੈਕੰਡਰੀ ਸਕੂਲ ਦਾ ਸਮੁੱਚਾ ਸਟਾਫ਼ ਤੇ ਪਿੰਡ ਦੇ ਪਤਵੰਤੇ ਸੱਜਣ ਮੌਜੂਦ ਸਨ।

## ਆਕਸਫੋਰਡ ਸੰਸਥਾ ਨੂੰ ਮਿਲਿਆ ਬੈਸਟ ਸਕੂਲ ਦਾ ਸਨਮਾਨ



**ਭਗਤਾ ਭਾਈ ਕਾ (ਗੋਇਲ)**

ਬੀਤੇ ਦਿਨੀਂ ਚੰਡੀਗੜ੍ਹ ਯੂਨੀਵਰਸਿਟੀ ਵਿੱਚ 'ਫੈਡਰੇਸ਼ਨ ਆਫ਼ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਸ ਆਫ਼ ਪੰਜਾਬ' ਵੱਲੋਂ ਇੱਕ ਨੈਸ਼ਨਲ ਇਨਾਮ ਵੰਡ ਸਮਾਰੋਹ ਕੀਤਾ ਗਿਆ, ਜਿਸ ਤਹਿਤ ਪੂਰੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਨਾਮੀ ਸਕੂਲਾਂ ਨੂੰ ਬੁਲਾਇਆ ਗਿਆ।

ਜ਼ਿਕਰਯੋਗ ਹੈ ਕਿ ਆਕਸਫੋਰਡ ਸਕੂਲ ਇਲਾਕੇ ਦੇ ਬੈਸਟ ਸਕੂਲ ਵਜੋਂ ਇਨਾਮ ਲਈ ਚੁਣਿਆ ਗਿਆ। ਬੀਤੇ ਦਿਨੀਂ 29 ਅਕਤੂਬਰ 2022 ਨੂੰ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਪੰਜਾਬ ਦੇ ਗਵਰਨਰ ਸ੍ਰੀ ਬਨਵਾਰੀ ਲਾਲ ਪੁਰੋਹਿਤ ਤੇ ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ ਸ੍. ਸਤਨਾਮ ਸਿੰਘ ਸੰਧੂ ਦੁਆਰਾ ਆਕਸਫੋਰਡ ਸੰਸਥਾ ਦੇ ਪ੍ਰਿੰਸੀਪਲ ਸ਼੍ਰੀ ਰੂਪ ਲਾਲ ਬਾਂਸਲ ਨੂੰ ਇਹ ਐਵਾਰਡ ਭੇਟ ਕੀਤਾ ਗਿਆ। ਇਸ ਮੌਕੇ ਫੈਪ ਸੰਸਥਾ ਦੇ ਪ੍ਰਧਾਨ ਜਗਜੀਤ ਸਿੰਘ ਧੂਰੀ ਵੀ ਮੌਜੂਦ ਸਨ। ਪ੍ਰਿੰਸੀਪਲ ਨਾਲ ਗੱਲਬਾਤ ਦੌਰਾਨ ਉਨ੍ਹਾਂ ਕਿਹਾ ਕਿ ਇਹ ਸਾਡੇ ਸਕੂਲ ਲਈ ਬੜੇ ਮਾਣ ਵਾਲੀ ਗੱਲ ਹੈ, ਜੋ ਪੂਰੇ ਇਲਾਕੇ ਵਿੱਚੋਂ ਸਾਡਾ ਸਕੂਲ ਇਸ ਬੈਸਟ ਸਕੂਲ ਐਵਾਰਡ ਲਈ ਚੁਣਿਆ ਗਿਆ।

ਉਨ੍ਹਾ ਕਿਹਾ ਕਿ ਇਹ ਮਾਣ ਸਕੂਲ ਦੀ ਮੈਨੇਜਮੈਂਟ ਕਮੇਟੀ ਤੇ ਪੂਰੀ ਟੀਮ ਦੇ ਭਰਪੂਰ ਸਹਿਯੋਗ ਅਤੇ ਯੋਗ ਅਗਵਾਈ ਦੇ ਕਾਰਨ ਹੀ ਹਾਸਲ ਹੋਇਆ ਹੈ। ਸਕੂਲ ਦੇ ਡਾਇਰੈਕਟਰ ਸ਼੍ਰੀਮਤੀ ਨੀਰੂ ਗਾਂਧੀ ਨੇ ਪ੍ਰਿੰਸੀਪਲ ਤੇ ਸਮੁੱਚੀ ਟੀਮ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੱਤੀ। ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਹਰਦੇਵ ਸਿੰਘ ਬਰਾੜ, ਚੇਅਰਮੈਨ ਹਰਗੁਰਪ੍ਰੀਤ ਸਿੰਘ ਬਰਾੜ, ਵਾਇਸ ਚੇਅਰਮੈਨ ਪਰਮਪਾਲ ਸਿੰਘ ਸ਼ੈਰੀ ਢਿੱਲੋਂ, ਪ੍ਰਧਾਨ ਗੁਰਮੀਤ ਸਿੰਘ ਗਿੱਲ ਤੇ ਵਿੱਤ ਸਕੱਤਰ ਗੁਰਮੀਤ ਸਿੰਘ ਸਰਪੰਚ ਵੱਲੋਂ ਵੀ ਸਕੂਲ ਦੇ ਪ੍ਰਿੰਸੀਪਲ, ਡਾਇਰੈਕਟਰ ਮੈਡਮ ਸ਼੍ਰੀਮਤੀ ਨੀਰੂ ਗਾਂਧੀ ਅਤੇ ਸਮੂਹ ਆਕਸਫੋਰਡ ਪਰਿਵਾਰ ਨੂੰ ਵਧਾਈ ਦਿੱਤੀ ਗਈ।

## ਧਲੇਕੇ ਤੋਂ ਕਾਂਗਰਸੀ ਸਰਪੰਚ ਸਮਰਥਕਾਂ ਸਮੇਤ 'ਆਪ' 'ਚ ਸ਼ਾਮਲ



**ਮੋਗਾ (ਅਮਰਜੀਤ ਬੱਬਰੀ)**-ਪਿੰਡ ਧਲੇਕੇ ਦੇ ਸਰਪੰਚ ਹਰਦੇਵ ਸਿੰਘ ਨੇ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਦਾ ਪੱਲਾ ਫੜਿਆ ਹੈ। ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਉਨ੍ਹਾਂ ਦਾ ਆਮ ਆਦਮੀ ਪਾਰਟੀ ਵਿੱਚ ਸਵਾਗਤ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਦੇ ਸਮਰਥਕ ਵੀ ਉਨ੍ਹਾਂ ਨਾਲ ਮੌਜੂਦ ਸਨ।

ਵਿਧਾਇਕਾ ਡਾ. ਅਰੋੜਾ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਆਮ ਆਦਮੀ ਪਾਰਟੀ ਦੇ ਕੀਤੇ ਹੋਏ ਕੰਮਾਂ ਨੂੰ ਗਿਣਾਇਆ। ਉਨ੍ਹਾਂ ਕਿਹਾ ਕਿ ਸਾਡੇ ਕੰਮ ਕਰਨ ਦਾ ਸਟਾਈਲ ਕਾਂਗਰਸ, ਬੀਜੇਪੀ, ਅਕਾਲੀ ਦਲ ਨਾਲੋਂ ਵੱਖਰਾ ਹੈ।

ਉਨ੍ਹਾਂ ਕਿਹਾ ਕਿ ਅਸੀਂ ਛੇ ਮਹੀਨੇ ਫਿਲਹਾਲ ਪੰਜਾਬ ਦੀ ਸਥਿਤੀ ਨੂੰ ਹੀ ਸਮਝਿਆ ਹੈ, ਸਥਿਤੀ ਨੂੰ ਸਮਝਣ ਤੋਂ ਬਾਅਦ ਅਸੀਂ ਕੰਮ ਕਰਨ ਦੀ ਤਿਆਰੀ ਕਰ ਰਹੇ ਹਾਂ। ਪੰਜਾਬ ਦੇ ਕਈ ਵੱਡੇ ਮੁੱਦੇ ਹਨ ਜਿਵੇਂ ਨਸ਼ਿਆਂ ਦਾ ਮੁੱਦਾ ਹੈ, ਇਸ ਨੂੰ ਸਾਫ਼ ਕਰਨ ਵਿੱਚ ਸਮਾਂ ਲੱਗੇਗਾ। 'ਆਪ' ਦੇ ਸਾਰੇ ਵਿਧਾਇਕ ਪਹਿਲੀ ਵਾਰ ਚੁਣੇ ਗਏ ਹਨ, ਇਸ ਕਰਕੇ ਹਾਲੇ ਪਿਛਲੀਆਂ ਸਰਕਾਰਾਂ ਵੱਲੋਂ ਪਾਏ ਗਏ ਖਿਲਾਰੇ ਨੂੰ ਹੀ ਸਮਝਿਆ ਗਿਆ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਨੂੰ ਪੰਜਾਬ ਬਣਾਉਣ ਦੀ ਜੰਗ ਆਮ ਆਦਮੀ ਪਾਰਟੀ ਦੀ ਸਰਕਾਰ ਆਉਣ ਤੋਂ ਬਾਅਦ ਸ਼ੁਰੂ ਹੋਈ ਹੈ। ਉਨ੍ਹਾਂ ਕਿਹਾ ਕਿ ਇਲੈਕਸ਼ਨ ਦੌਰਾਨ ਆਮ ਆਦਮੀ ਪਾਰਟੀ ਵੱਲੋਂ ਕੀਤੇ ਹਰੇਕ ਵਾਅਦੇ ਤੇ ਸਰਕਾਰ ਖਰੀ ਉਤਰੇਗੀ। ਜਿੱਥੋਂ ਤੱਕ ਗੱਲ ਕਰੀਏ ਮੋਗਾ ਦੀ ਪਿਛਲੇ ਦਿਨੀਂ ਬਾਰਟਰ ਗੰਜ ਦੀਆਂ ਰਜਿਸਟਰੀਆਂ ਦਾ ਵਾਅਦਾ ਕੀਤਾ ਗਿਆ ਸੀ, ਜੋ ਪੂਰਾ ਕਰ ਦਿੱਤਾ ਗਿਆ ਹੈ। ਸਹਿਰੋ ਬਾਹਰ ਪਲੇਠੀ ਦਾ ਵਾਅਦਾ, ਸਿਵਲ ਹਸਪਤਾਲ ਵਿੱਚ ਸਿਟੀ ਸਕੈਨ ਮਸ਼ੀਨ ਲਿਆਂਦੀ ਗਈ ਹੈ। ਇਨ੍ਹਾਂ ਸਾਰੇ ਕਾਰਜਾਂ ਨੂੰ ਦੇਖਦੇ ਹੋਏ ਪਿੰਡ ਧਲੇਕੇ ਦੀ ਸਮੁੱਚੀ ਪੰਚਾਇਤ ਸਰਪੰਚ ਹਰਦੇਵ ਸਿੰਘ, ਪੰਚ ਸਾਧੂ ਸਿੰਘ, ਮੰਗਲ ਸਿੰਘ, ਨਿਰਭੈਅ ਸਿੰਘ, ਬੂਟਾ ਸਿੰਘ, ਸੁਖਮਿੰਦਰ ਸਿੰਘ, ਕੇਵਲ ਸਿੰਘ, ਪੰਚ ਸਹਿਬਾਨ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਹਨ।

## ਈ-ਲਰਨਿੰਗ ਲੈਬ ਦਾ ਉਦਘਾਟਨ ਕੀਤਾ

**ਧੂਰੀ (ਰਾਜੇਸ਼ਵਰ ਪਿੰਟੂ, ਬਿਨੀ ਗਰਗ)**-ਮਾਲਵਾ ਖ਼ਾਲਸਾ ਸਕੂਲ ਐਲੂਮਨੀ ਐਸੋਸੀਏਸ਼ਨ ਵੱਲੋਂ ਮਾਲਵਾ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਬਣਾਈ ਗਈ 'ਈ ਲਰਨਿੰਗ ਲੈਬ' ਦਾ ਉਦਘਾਟਨ ਐਸੋਸੀਏਸ਼ਨ ਦੇ ਚੇਅਰਮੈਨ ਹਰਜੀਤ ਸਿੰਘ ਸੋਹੀ ਨੇ ਕੀਤਾ। ਇਸ ਸਮੇਂ ਸਕੂਲ ਵਿੱਚ ਕਰਾਏ ਸੰਖੇਪ ਤੇ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਐਸੋਸੀਏਸ਼ਨ ਦੇ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਉਨ੍ਹਾਂ ਨੇ ਇਸ ਸਕੂਲ ਤੋਂ ਮੁਢਲੀ ਸਿੱਖਿਆ ਪ੍ਰਾਪਤ ਕੀਤੀ ਹੈ, ਪਰ ਦਹਾਕੇ ਬੀਤਣ ਤੋਂ ਬਾਅਦ ਵੀ ਅੱਜ ਵੀ ਉਨ੍ਹਾਂ ਦੀਆਂ ਯਾਦਾਂ ਇਸ ਸਕੂਲ ਨਾਲ ਜੁੜੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਸਕੂਲ ਵਿੱਚ 'ਈ-ਲਰਨਿੰਗ ਲੈਬ' ਬਣਨ ਨਾਲ ਜਿੱਥੇ ਵਿਦਿਆਰਥੀਆਂ ਨੂੰ ਵੱਖ-ਵੱਖ ਵਿਸ਼ਿਆਂ ਦੀ ਜਾਣਕਾਰੀ ਮਿਲਦੀ ਰਹੇਗੀ, ਉਹ ਸਮਝ ਤੇ ਸਮਝਾਉਣ ਵਿੱਚ ਸੌਖ ਹੋਵੇਗੀ। ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਬੰਧਕਾਂ ਗੁਰਜੀਤ ਸਿੰਘ ਚਾਂਗਲੀ, ਐਡਵੋਕੇਟ ਜਤਿੰਦਰ ਸਿੰਘ ਸੋਨੀ ਮੰਡੇਰ ਤੇ ਸ਼ਿਵਦੇਵ ਸਿੰਘ, ਸਕੂਲ ਦੀ ਪ੍ਰਿੰਸੀਪਲ ਸਰਬਜੀਤ ਕੌਰ ਨੇ ਸੰਸਥਾਂ ਦੇ ਉੱਦਮ ਦੀ ਸ਼ਲਾਘਾ ਕਰਦਿਆਂ ਉਮੀਦ ਕੀਤੀ ਕਿ ਭਵਿੱਖ ਵਿੱਚ ਵੀ ਸੰਸਥਾਂ ਵੱਲੋਂ ਸਕੂਲ ਦੀ ਬੇਹਤਰੀ ਲਈ ਸਹਿਯੋਗ ਦਿੱਤਾ ਜਾਂਦਾ ਰਹੇਗਾ। ਇਸ ਮੌਕੇ ਐਸੋਸੀਏਸ਼ਨ ਦੇ ਉਪ ਚੇਅਰਮੈਨ ਚਰਨ ਸਿੰਘ ਮੁਸਾਫ਼ਿਰ ਅਤੇ ਸਕੱਤਰ ਬਾਲ ਕ੍ਰਿਸ਼ਨ ਕਲਸੀ ਵੀ ਹਾਜ਼ਰ ਸਨ।



## ਜ਼ਿਲ੍ਹਾ ਪੱਧਰੀ ਗੱਤਕਾ ਟੂਰਨਾਮੈਂਟ ਦੇ ਟਰਾਇਲ ਕਰਾਏ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਗੱਤਕਾ ਐਸੋਸੀਏਸ਼ਨ ਪੰਜਾਬ ਨਾਲ ਸਬੰਧਤ ਜ਼ਿਲ੍ਹਾ ਗੱਤਕਾ ਐਸੋਸੀਏਸ਼ਨ ਦੀ ਟੀਮਾਂ ਦੀ ਚੋਣ ਲਈ, ਜ਼ਿਲ੍ਹਾ ਪੱਧਰੀ ਗੱਤਕਾ ਟਰਾਇਲ ਮਾਤਾ ਸਾਹਿਬ ਕੌਰ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਗੁੰਦੜ ਢੰਡੀ ਰੋਡ, ਨੇੜੇ ਰੇਲਵੇ ਕਰਾਸਿੰਗ ਫਾਟਕ ਵਿਖੇ ਕਰਾਏ ਗਏ। ਇਸ ਸਬੰਧੀ ਜ਼ਿਲ੍ਹਾ ਗੱਤਕਾ ਐਸੋਸੀਏਸ਼ਨ ਦੇ ਪ੍ਰਧਾਨ ਕਮਲਪਾਲ ਸਿੰਘ ਨੇ ਦੱਸਿਆ ਕਿ ਇਸ ਟਰਾਇਲ ਵਿੱਚ ਅੰਡਰ 14, ਅੰਡਰ 17, ਅੰਡਰ 19, ਅੰਡਰ 22 ਤੇ ਅੰਡਰ 25 ਦੇ ਲਗਭਗ 100 ਮੁੰਡੇ ਤੇ 50 ਕੁੜੀਆਂ ਨੇ ਭਾਗ ਲਿਆ। ਇਸ ਟਰਾਇਲ ਤੋਂ ਮੁੰਡੇ ਤੇ ਕੁੜੀਆਂ ਦੀਆਂ ਟੀਮਾਂ ਦਾ ਚੋਣ ਕਰਕੇ ਨਵੰਬਰ ਮਹੀਨੇ ਦੇ ਵਿੱਚ ਹੋਣ ਵਾਲੀ ਰਾਜ ਪੱਧਰੀ ਟੂਰਨਾਮੈਂਟ ਵਿੱਚ ਭਾਗ ਲੈਣਗੇ। ਟੀਮਾਂ ਦੇ ਟਰਾਇਲਾਂ ਸਬੰਧੀ ਮਾਤਾ ਸਾਹਿਬ ਕੌਰ ਸੀ. ਸੈ. ਪਬਲਿਕ ਸਕੂਲ ਦੇ ਪ੍ਰਿੰਸੀਪਲ ਡਾ. ਪੰਕਜ ਧਮੀਜਾ ਨੇ ਦੱਸਿਆ ਕਿ ਇਸ ਟਰਾਇਲ ਵਿੱਚ ਹਲਕਾ ਗੁਰੂਹਰਸਹਾਏ ਤੋਂ ਮਾਤਾ ਸਾਹਿਬ ਕੌਰ ਸੀ. ਸੈ. ਪਬਲਿਕ ਸਕੂਲ ਗੁਰੂ ਹਰਸਹਾਏ, ਗੁਰੂ ਤੇਗ ਬਹਾਦਰ ਪਬਲਿਕ ਸਕੂਲ, ਸਰਕਾਰੀ ਸੀ. ਸੈ. ਸਕੂਲ ਲੜਕੀਆਂ, ਖਾਲਸਾ ਮਿਸ਼ਨ ਅਕੈਡਮੀ, ਭਾਈ ਗੁਰਤੇਜ ਸਿੰਘ ਗੱਤਕਾ ਅਖਾੜਾ, ਸਰਦਾਰ ਜਗਤ ਸਿੰਘ ਸਪੋਰਟਸ ਅਕੈਡਮੀ ਦੇ ਨਾਲ ਫ਼ਿਰੋਜ਼ਪੁਰ ਤੋਂ ਤੱਤ ਖਾਲਸਾ ਗੱਤਕਾ ਅਖਾੜਾ, ਮਖੂ ਤੋਂ ਬਾਬਾ ਸ਼ਾਮ ਸਿੰਘ ਸੀ. ਸੈ. ਸਕੂਲ, ਜ਼ੀਰਾ ਤੋਂ ਵਿਰਾਤ-ਏ-ਗੱਤਕਾ ਅਖਾੜਾ ਜ਼ੀਰੇ ਤੋਂ, ਦਿਲਾ ਰਾਮ ਤੋਂ ਭਾਈ ਗੁਰਤੇਜ ਸਿੰਘ ਗੱਤਕਾ ਅਖਾੜਾ ਦੇ ਖਿਡਾਰੀ ਨੇ ਭਾਗ ਲਿਆ। ਇਸ ਮੌਕੇ ਤਲਵਿੰਦਰ ਸਿੰਘ, ਵਿਕਰਮ ਸਿੰਘ, ਅਸ਼ਰਦੀਪ ਕੌਰ, ਮਨਜਿੰਦਰ ਸਿੰਘ, ਪਰਮਦੀਪ ਸਿੰਘ, ਮਨਵੀਰ ਸਿੰਘ ਫ਼ਿਰੋਜ਼ਪੁਰ, ਤਰਨਪ੍ਰੀਤ ਸਿੰਘ ਦਿਲਾਰਾਮ, ਗੁਰਪ੍ਰੀਤ ਸਿੰਘ ਮਖੂ, ਮਨਜੀਤ ਸਿੰਘ ਜੀਰਾ ਤੇ ਹਰਪ੍ਰੀਤ ਸਿੰਘ ਅਤੇ ਸਤਨਾਮ ਸਿੰਘ ਗੁਰੂਹਰਸਹਾਏ ਤੋਂ ਹਾਜ਼ਰ ਸਨ।

# ਪਰਾਲੀ ਨੂੰ ਅੱਗ ਲਾਉਣ ਦੀ ਰਿਪੋਰਟ ਕਰਨ ਗਏ ਅਧਿਕਾਰੀਆਂ ਦਾ ਕਿਸਾਨਾਂ ਵੱਲੋਂ ਵਿਰੋਧ

## ਮਸ਼ੀਨਾਂ ਨਾ ਪਹੁੰਚਣ 'ਤੇ ਮਜਬੂਰੀ ਵਸ ਕਿਸਾਨਾਂ ਨੂੰ ਲਗਾਉਣੀ ਪੈ ਰਹੀ ਹੈ ਅੱਗ : ਭੱਲਮਾਜਰਾ



ਰੁੜਕੀ ਵਿਖੇ ਵਿਰੋਧ ਕਰਦੇ ਕਿਸਾਨ ਤੇ ਕਿਸਾਨ ਆਗੂ।

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸਰਹਿੰਦ-ਪਟਿਆਲਾ ਮਾਰਗ 'ਤੇ ਸਥਿਤ ਪਿੰਡ ਰੁੜਕੀ ਵਿਖੇ ਪਰਾਲੀ ਨੂੰ ਲੱਗੀ ਅੱਗ ਦੀ ਰਿਪੋਰਟ ਕਰਨ ਪਹੁੰਚੇ ਮਾਲ ਪਟਵਾਰੀ ਤੇ ਨੋਡਲ ਅਧਿਕਾਰੀ ਨੂੰ ਕਿਸਾਨ ਆਗੂਆਂ ਤੇ ਕਿਸਾਨਾਂ ਵੱਲੋਂ ਘੇਰ ਕੇ ਸਰਕਾਰ ਵਿਰੁੱਧ ਰੋਸ ਜਤਾਇਆ ਗਿਆ। ਪਿੰਡ ਰੁੜਕੀ ਵਿਖੇ ਘੇਰੇ ਗਏ ਨੋਡਲ ਅਧਿਕਾਰੀ ਅਜੈ ਪਾਂਡੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਦੀ ਰਿਪੋਰਟ ਕਰਨ ਸਬੰਧੀ ਉਨ੍ਹਾਂ ਦੀ ਡਿਊਟੀ ਲੱਗੀ ਹੋਈ ਹੈ ਤੇ ਅੱਗ ਲੱਗਣ ਦੀ ਸੂਚਨਾ ਮਿਲਣ 'ਤੇ ਉਹ ਪਟਵਾਰੀ ਮਨਦੀਪ ਸਿੰਘ ਸਮੇਤ ਰੁੜਕੀ ਵਿਖੇ ਰਿਪੋਰਟ ਕਰਨ ਪਹੁੰਚੇ ਸਨ, ਜਿੱਥੇ ਮੌਜੂਦ ਕਿਸਾਨ ਜਥੇਬੰਦੀਆਂ ਦੇ ਆਗੂਆਂ ਵੱਲੋਂ ਇਸ ਕਾਰਵਾਈ ਦਾ ਵਿਰੋਧ ਜਤਾਇਆ ਗਿਆ। ਮੌਕੇ 'ਤੇ ਮੌਜੂਦ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹਰਨੇਕ ਸਿੰਘ ਭੱਲਮਾਜਰਾ ਤੇ ਮੀਤ ਪ੍ਰਧਾਨ ਹਰਿੰਦਰ ਸਿੰਘ ਨੇ ਕਿਹਾ ਕਿ ਪਰਾਲੀ ਸਾੜਨਾ ਕਿਸਾਨਾਂ ਦੀ ਮਜਬੂਰੀ ਹੈ, ਕਿਉਂਕਿ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਵਾਅਦੇ ਮੁਤਾਬਿਕ ਲੋੜੀਂਦੀ ਗਿਣਤੀ 'ਚ ਪਿੰਡਾਂ ਵਿੱਚ ਪਰਾਲੀ ਚੁੱਕਣ ਵਾਲੀਆਂ ਮਸ਼ੀਨਾਂ ਮੁਹੱਈਆ ਨਹੀਂ ਕਰਵਾਈਆਂ ਗਈਆਂ, ਜਿਸ ਕਾਰਨ ਕਣਕ ਦੀ ਬਿਜਾਈ ਪੱਛੜ ਰਹੀ ਹੈ। ਉਨ੍ਹਾਂ ਦੱਸਿਆ ਕਿ ਜਥੇਬੰਦੀਆਂ ਵੱਲੋਂ ਡਿਪਟੀ ਕਮਿਸ਼ਨਰ ਨੂੰ ਅਲਟੀਮੇਟਮ ਵੀ ਦਿੱਤਾ ਗਿਆ ਸੀ ਕਿ ਜੇਕਰ ਇੱਕ ਹਫਤੇ ਦੇ ਅੰਦਰ ਖੇਤਾਂ 'ਚੋਂ ਪਰਾਲੀ ਨਾ ਚੁੱਕੀ ਗਈ ਤਾਂ ਕਿਸਾਨਾਂ ਨੂੰ ਪਰਾਲੀ ਸਾੜਨੀ ਪਵੇਗੀ ਤੇ ਹੁਣ ਜਦੋਂ ਮਜਬੂਰੀ ਵੱਸ ਕਿਸਾਨਾਂ ਵੱਲੋਂ ਪਰਾਲੀ ਨੂੰ ਅੱਗ ਲਗਾਈ ਜਾ ਰਹੀ ਹੈ ਤਾਂ ਜੁਰਮਾਨੇ ਕਰਨ ਤੇ ਮਾਲ ਰਿਕਾਰਡ 'ਚ ਲਾਲ ਐਂਟਰੀਆਂ ਕਰਨ ਜਿਹੀਆਂ ਕਿਸਾਨ ਵਿਰੋਧੀ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ, ਜਿਸ ਦਾ ਅਸੀਂ ਡੱਟਵਾਂ ਵਿਰੋਧ ਕਰਦੇ ਹਾਂ।

## ਪੰਜਾਬ ਪੈਨਸ਼ਨਰਜ਼ ਯੂਨੀਅਨ ਵੱਲੋਂ ਮਹਾਂ-ਲੇਖਾਕਾਰ ਨੂੰ ਪੈਨਸ਼ਨ ਸੁਧਾਈ ਦੇ ਕੇਸ ਜਲਦ ਮਨਜ਼ੂਰ ਕਰਨ ਦੀ ਅਪੀਲ



**ਮੁੱਲਾਂਪੁਰ ਦਾਖਾ (ਪੱਤਰ ਪ੍ਰੇਰਕ)**-ਪੰਜਾਬ ਪੈਨਸ਼ਨਰਜ਼ ਯੂਨੀਅਨ (ਰਜਿ:) ਦੇ ਚੇਅਰਮੈਨ ਗੁਰਦੀਪ ਸਿੰਘ ਮੋਤੀ, ਸੂਬਾ ਪ੍ਰਧਾਨ ਗੁਰਮੇਲ ਸਿੰਘ ਮੈਲਡੇ, ਜਨਰਲ ਸਕੱਤਰ ਅਵਤਾਰ ਸਿੰਘ ਗਗੜਾ ਤੇ ਜਗਦੀਸ਼ ਸਿੰਘ ਜਗਰਾਉਂ ਨੇ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਜਗਰਾਉਂ ਵਿਖੇ ਵਿਚਾਰ ਵਟਾਂਦਰਾ ਕੀਤਾ ਕਿ ਕਈ-ਕਈ ਮਹੀਨਿਆਂ ਤੋਂ 01-01-2016 ਤੋਂ ਬਾਅਦ ਸੇਵਾਮੁਕਤ ਹੋਏ ਪੈਨਸ਼ਨਰਾਂ ਦੇ ਸੁਧਾਈ ਦੇ ਕੇਸ ਪੈਂਡਿੰਗ ਪਏ ਹਨ। ਇਸ ਲਈ ਸਬੰਧਤ ਪੈਨਸ਼ਨਰਾਂ ਵਿੱਚ ਬਹੁਤ ਬੇਚੈਨੀ ਪਾਈ ਜਾ ਰਹੀ ਹੈ।

ਕੁਝ ਕੇਸਾਂ ਨੂੰ 5-5 ਮਹੀਨੇ ਵੀ ਹੋ ਗਏ ਹਨ। ਅਜਿਹਾ ਵੀ ਹੁੰਦਾ ਹੈ ਕਿ ਕੁਝ ਛੋਟੇ ਮੋਟੇ ਇਤਰਾਜ਼ ਲਗਾ ਕੇ ਪੈਨਸ਼ਨ ਕੇਸ ਵਿਭਾਗਾਂ ਨੂੰ ਭੇਜ ਦਿੱਤੇ ਜਾਂਦੇ ਹਨ। ਇਸੇ ਤਰ੍ਹਾਂ ਇਹ ਸਿਲਸਿਲਾ ਚੱਲਦਾ ਰਹਿੰਦਾ ਹੈ। ਪੰਜਾਬ ਪੈਨਸ਼ਨਰਜ਼ ਯੂਨੀਅਨ (ਰਜਿ:) ਸੂਬਾ ਕਮੇਟੀ ਦੇ ਮੁੱਖ ਆਗੂ ਗੁਰਦੀਪ ਸਿੰਘ ਮੋਤੀ ਚੇਅਰਮੈਨ, ਗੁਰਮੇਲ ਸਿੰਘ ਮੈਲਡੇ ਪ੍ਰਧਾਨ ਤੇ ਅਵਤਾਰ ਸਿੰਘ ਗਗੜਾ ਜਨਰਲ ਸਕੱਤਰ ਨੇ ਮਹਾਂ-ਲੇਖਾਕਾਰ ਪੰਜਾਬ ਚੰਡੀਗੜ੍ਹ ਨੂੰ ਪੈਨਸ਼ਨ ਸੁਧਾਈ ਦੇ ਕੇਸ ਜਲਦੀ ਮਨਜ਼ੂਰ ਕਰਨ ਦੀ ਅਪੀਲ ਕੀਤੀ ਤਾਂ ਕਿ ਪੈਨਸ਼ਨਰਾਂ ਨੂੰ ਇਨਸਾਫ ਮਿਲ ਸਕੇ।

# ਬੁਰਜ ਮੱਖਣ ਸਿੰਘ ਵਾਲਾ ਡਰੇਨ ਦੀ ਨਿਸ਼ਾਨਦੇਹੀ ਤੇ ਖਲਾਈ ਕਰਾਉਣ ਲਈ ਵਫ਼ਦ ਤਹਿਸੀਲਦਾਰ ਨੂੰ ਮਿਲਿਆ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**



ਬੁਰਜ ਮੱਖਣ ਸਿੰਘ ਵਾਲਾ ਡਰੇਨ ਦੀ ਨਿਸ਼ਾਨਦੇਹੀ ਤੇ ਖਲਾਈ ਨੂੰ ਲੈ ਕੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਦਾ ਵਫ਼ਦ ਬਲਾਕ ਪ੍ਰਧਾਨ ਗੁਰਬੇਜ ਸਿੰਘ ਲੋਹੜਾ ਨਵਾਬ ਦੀ ਅਗਵਾਈ ਵਿੱਚ ਨਾਇਬ ਤਹਿਸੀਲਦਾਰ ਨੂੰ ਮਿਲਿਆ। ਵਫ਼ਦ ਵੱਲੋਂ ਮੰਗ ਕੀਤੀ ਗਈ ਕਿ ਪਿਛਲੇ ਲੰਮੇ ਸਮੇਂ ਤੋਂ ਬੰਦ ਪਈ ਡਰੇਨ ਦੀ ਨਿਸ਼ਾਨਦੇਹੀ ਕਰਾ ਕੇ ਇਸ ਦੀ ਖਲਾਈ ਕਰਵਾਈ ਜਾਵੇ। ਜੇਕਰ ਸਰਕਾਰ ਵੱਲੋਂ 5 ਦਿਨ ਅੰਦਰ ਖਲਾਈ ਸ਼ੁਰੂ ਨਾ ਕੀਤੀ ਗਈ ਤਾਂ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਤਿੱਖਾ ਸੰਘਰਸ਼ ਵਿੱਢੇਗੀ।

ਆਗੂਆਂ ਨੇ ਦੱਸਿਆ ਕਿ ਪਿਛਲੇ ਵੀਹ ਸਾਲਾਂ ਤੋਂ ਕੁੱਝ ਰਸੂਖਦਾਰ ਵਿਅਕਤੀਆਂ ਵੱਲੋਂ ਡਰੇਨ ਦਾ ਦੋ ਕਿਲੋਮੀਟਰ ਲੰਬਾ ਹਿੱਸਾ ਮਿੱਟੀ ਪਾ ਕੇ ਉੱਪਰ ਨਜਾਇਜ਼ ਕਬਜ਼ਾ ਕੀਤਾ ਹੋਇਆ ਹੈ, ਜਿਸ ਕਾਰਨ ਬਾਰਿਸ਼ ਦੇ ਦਿਨਾਂ ਵਿੱਚ ਹਰੇਕ ਸਾਲ ਕਿਸਾਨਾਂ ਦੀ ਫ਼ਸਲ ਡੁੱਬ ਜਾਂਦੀ ਹੈ ਤੇ ਸੈਂਕੜੇ ਕਿਸਾਨਾਂ ਦਾ ਨੁਕਸਾਨ ਹੁੰਦਾ ਹੈ। ਇਸ ਸੰਬੰਧੀ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਪਿਛਲੇ ਛੇ ਮਹੀਨਿਆਂ ਤੋਂ ਇਸ ਡਰੇਨ ਦੀ ਖਲਾਈ ਕਰਾਉਣ ਲਈ ਜੱਦੋ ਜਹਿਦ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਾਰਾ ਰਿਕਾਰਡ ਮਿਲ ਜਾਣ ਤੋਂ ਬਾਅਦ ਡਰੇਨ ਵਿਭਾਗ ਵੱਲੋਂ ਤਹਿਸੀਲਦਾਰ ਨੂੰ ਨਿਸ਼ਾਨਦੇਹੀ ਕਰਾਉਣ ਲਈ ਲਿਖਤੀ ਪੱਤਰ ਕੱਢਿਆ ਗਿਆ ਸੀ, ਪਰ ਮਹਿਕਮੇ ਵੱਲੋਂ ਫ਼ਸਲ ਖੜ੍ਹੀ ਹੋਣ ਦਾ ਬਹਾਨਾ ਲਾਇਆ ਗਿਆ ਸੀ, ਪਰ ਦੋ ਮਹੀਨੇ ਬੀਤਣ ਦੇ ਬਾਵਜੂਦ ਜਦੋਂ ਕੰਮ ਨਾ ਸ਼ੁਰੂ ਹੋਇਆ ਤਾਂ ਜਥੇਬੰਦੀ ਵੱਲੋਂ ਇਸ ਦਾ ਸਖ਼ਤ ਨੋਟਿਸ ਲਿਆ ਗਿਆ ਹੈ।

ਆਗੂਆਂ ਨੇ ਕਿਹਾ ਕਿ ਇਸ ਵਕਤ ਜ਼ਮੀਨ ਖਾਲੀ ਹੈ, ਜਿਸ ਕਰਕੇ ਨਿਸ਼ਾਨਦੇਹੀ ਕਰਨ ਤੇ ਖਲਾਈ ਕਰਨ ਵਿੱਚ ਕੋਈ ਦਿੱਕਤ ਨਹੀਂ ਆਵੇਗੀ। ਪਰ ਜੇਕਰ ਨਿਸ਼ਾਨਦੇਹੀ ਕਰਨ ਵਿੱਚ ਦੇਰੀ ਕੀਤੀ ਜਾਂਦੀ ਹੈ, ਅਗਲੇ ਦਿਨਾਂ ਵਿਚ ਫਿਰ ਕਣਕ ਦੀ ਬਿਜਾਈ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਇਸਦੀ ਤੁਰੰਤ ਖਲਾਈ ਨਾ ਹੋਈ ਤਾਂ ਆਉਣ ਵਾਲੇ ਦਿਨਾਂ ਵਿੱਚ ਬਾਰਿਸ਼ ਨਾਲ ਫਿਰ ਤੋਂ ਕਿਸਾਨਾਂ ਦੀ ਫ਼ਸਲ ਦਾ ਵੱਡਾ ਨੁਕਸਾਨ ਹੋਵੇਗਾ। ਇਸ ਮੌਕੇ ਹਾਜ਼ਰ ਨਾਇਬ ਤਹਿਸੀਲਦਾਰ ਬਲਵਿੰਦਰ ਸਿੰਘ ਵੱਲੋਂ ਤੁਰੰਤ ਨਿਸ਼ਾਨਦੇਹੀ ਕਰਾਉਣ ਦਾ ਭਰੋਸਾ ਦਿਵਾਇਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰੂਹਰਸਹਾਏ ਬਲਾਕ ਦੇ ਪ੍ਰਧਾਨ ਜਸਵਿੰਦਰ ਸਿੰਘ ਸ਼ਰੀਂਹਵਾਲਾ, ਪ੍ਰਤਾਪ ਸਿੰਘ ਲਖਮੀਰਪੁਰਾ, ਗੋਪਾਲ ਸਿੰਘ ਲਖਮੀਰਪੁਰਾ, ਸੁਖਮੇਹਰ ਸਿੰਘ ਬੁਰਜ, ਬਾਜ ਸਿੰਘ ਬੁਰਜ, ਹਰਵਿੰਦਰ ਸਿੰਘ ਨੰਬਰਦਾਰ, ਗੁਰਚੇਤ ਸਿੰਘ ਲੋਹੜਾ ਨਵਾਬ, ਹਾਕਮ ਚੰਦ ਬਾਜੇ ਕੇ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਆਗੂ ਹਾਜ਼ਰ ਸਨ।

## ਕਾਤਰਾਂ

### ਕਿਡਜ਼ ਫਿਟਨੈੱਸ ਕਾਰਨੀਵਲ 12 ਤੋਂ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪਿਛਲੇ ਸਾਲਾਂ ਵਾਂਗ ਇਸ ਸਾਲ ਵੀ ਚਿਲਡਰਨ ਡੇਅ ਦੇ ਸੰਬੰਧ 'ਚ ਬਠਿੰਡਾ ਵਿੱਚ ਕਿਡਜ਼ ਫਿਟਨੈੱਸ ਕਾਰਨੀਵਲ ਕੀਤਾ ਜਾ ਰਿਹਾ ਹੈ। ਇਸ ਵਿੱਚ 3-16 ਸਾਲ ਦੇ ਬੱਚਿਆਂ ਦਾ ਡਾਂਸ ਕੰਪੀਟੀਸ਼ਨ ਤੇ ਕਿਡਜ਼ ਰਨ ਕਰਵਾਈ ਜਾਵੇਗੀ। ਇਸ ਕਾਰਨੀਵਲ ਦਾ ਆਯੋਜਨ ਮਧੁਮਿਤਾ ਇੰਸੰਬਲ ਤੇ ਸਕਿੱਲ ਸਟਰੀਟ ਗਰੁੱਪ ਵੱਲੋਂ ਕਰਾਇਆ ਜਾਂਦਾ ਹੈਂ ਤੇ ਇਸ ਵਾਰ ਕਾਰਨੀਵਲ ਦਾ ਤੀਸਰਾ ਐਡੀਸ਼ਨ ਹੈ। ਮੀਡੀਆ ਸਲਾਹਕਾਰ ਅਮਿਤਾ ਗਰਗ ਨੇ ਦੱਸਿਆ ਕਿ 12 ਨਵੰਬਰ ਨੂੰ ਡਾਂਸ ਮੁਕਾਬਲੇ ਤੇ 13 ਨਵੰਬਰ ਨੂੰ ਬੱਚਿਆਂ ਦੀਆਂ ਦੌੜਾਂ ਜੋਗਰਜ਼ ਪਾਰਕ ਵਿਖੇ ਸਵੇਰੇ 7 ਵਜੇ ਕਰਵਾਈਆਂ ਜਾਣਗੀਆਂ। ਇਵੈਂਟ ਮੈਨੇਜਰ ਦਿਸ਼ਾਂਤ ਸਚਦੇਵਾ ਨੇ ਦੱਸਿਆ ਕਿ ਇਸ ਕਾਰਨੀਵਲ ਦਾ ਮਕਸਦ ਬੱਚਿਆਂ ਨੂੰ ਉਤਸ਼ਾਹਤ ਤੇ ਪ੍ਰੋਤਸਾਹਤ ਕਰਨਾ ਹੈ, ਜਿਸ ਵਿੱਚ ਕਿਸੇ ਨਾ ਕਿਸੇ ਤਰੀਕੇ ਹਰ ਬੱਚੇ ਨੂੰ ਮੈਡਲ ਤੇ ਸਰਟੀਫਿਕੇਟ ਦਿੱਤਾ ਜਾਵੇਗਾ, ਜਿਸ ਨਾਲ ਉਨ੍ਹਾਂ ਦੀ ਹੌਸਲਾ ਅਫਜ਼ਾਈ ਹੋਵੇ ਤੇ ਕੰਪੀਟੀਸ਼ਨ 'ਚ ਭਾਗ ਲੈਣ ਦਾ ਝਾਕਾ ਖੁੱਲ੍ਹੇ।

### ਕੁੱਟਮਾਰ ਦੇ ਦੋਸ਼ 'ਚ 5 ਖਿਲਾਫ ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪਿੰਡ ਵਾਸਲ ਮੋਹਨ ਕੇ ਵਿਖੇ ਝੋਨੇ ਦੀ ਫਸਲ ਵੱਢ ਕੇ ਜ਼ਮੀਨ 'ਤੇ ਕਬਜ਼ਾ ਕਰਨ ਦੀ ਰੰਜਿਸ਼ ਨੂੰ ਲੈ ਕੇ ਇੱਕ ਵਿਅਕਤੀ ਦੀ ਕੁੱਟਮਾਰ ਕਰਨ ਦੇ ਦੋਸ਼ ਵਿੱਚ ਥਾਣਾ ਗੁਰੂ ਹਰਸਹਾਏ ਪੁਲਿਸ ਨੇ 5 ਲੋਕਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸੁਖਵਿੰਦਰ ਸਿੰਘ ਪੁੱਤਰ ਹੰਸ ਰਾਜ ਵਾਸੀ ਵਾਸਲ ਮੋਹਨ ਕੇ ਨੇ ਦੱਸਿਆ ਕਿ ਉਸ ਦੀ ਮਾਲਕੀ ਜ਼ਮੀਨ 5 ਕਿੱਲੇ ਹੈ, ਜਿਸ ਵਿੱਚ ਉਸ ਨੇ ਝੋਨੇ ਦੀ ਫਸਲ ਬੀਜੀ ਹੋਈ ਹੈ, ਜਿਸ 'ਤੇ ਸੁਰਜੀਤ ਸਿੰਘ ਪੁੱਤਰ ਬੂਟਾ ਸਿੰਘ ਧੱਕੇ ਨਾਲ ਝੋਨਾ ਵੱਢ ਕੇ ਕਬਜ਼ਾ ਕਰਨਾ ਚਾਹੁੰਦਾ ਹੈ। ਸੁਖਵਿੰਦਰ ਸਿੰਘ ਨੇ ਦੱਸਿਆ ਕਿ ਇਸੇ ਰੰਜਿਸ਼ ਨੂੰ ਲੈ ਕੇ ਦੋਸ਼ੀਆਨ ਗੁਰਮੀਤ ਸਿੰਘ ਪੁੱਤਰ ਦੇਸ ਰਾਜ ਵਾਸੀ ਵਾਸਲ ਮੋਹਨ ਕੇ, ਅਮੋਲਕ ਪੁੱਤਰੀ ਖੀਵਾ ਰਾਮ, ਦੌਲਤ ਰਾਮ ਪੁੱਤਰ ਖੀਵਾ ਰਾਮ ਵਾਸੀ ਬੱਪਾ, ਸਿਰਸਾ, ਸੁਰਜੀਤ ਸੰਘਿ, ਅਮੋਲਕ ਪੁੱਤਰ ਗੁਰਦਾਸ ਰਾਮ ਵਾਸੀ ਚੱਕ ਨਿਧਾਨਾ ਨੇ ਹਮਮਸ਼ਵਰਾ ਹੋ ਕੇ ਉਸ ਦੀ ਕੁੱਟਮਾਰ ਕੀਤੀ ਤੇ ਸੱਟਾਂ ਮਾਰੀਆਂ। ਇਸ ਮਾਮਲੇ ਦੀ ਜਾਂਚ ਕਰ ਰਹੇ ਏਐੱਸਆਈ ਗਹਿਣਾ ਰਾਮ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

### ਮੈਰਿਟ ਲਿਸਟ ਜਾਰੀ ਨਾ ਕਰਨਾ ਵਿਭਾਗ ਦੀ ਨਲਾਇਕੀ : ਡੀ ਟੀ ਐੱਫ

**ਲੌਂਗੋਵਾਲ (ਪ੍ਰਦੀਪ ਸੱਪਲ)**-ਡੈਮੋਕ੍ਰੇਟਿਕ ਟੀਚਰਜ਼ ਫਰੰਟ ਵੱਲੋਂ ਈ.ਟੀ.ਟੀ (ਡਿਪਲੋਮਾ ਇਨ ਐਲੀਮੈਂਟਰੀ ਐਜੂਕੇਸ਼ਨ) ਦੀ ਦਾਖਲਿਆਂ ਸੰਬੰਧੀ ਮੈਰਿਟ ਨਾ ਜਾਰੀ ਕਰਨ 'ਤੇ ਸਰਕਾਰ ਨੂੰ ਘੇਰਿਆ ਗਿਆ। ਟੈਲੀਫੋਨ ਰਾਹੀਂ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਕਮੇਟੀ ਮੈਂਬਰ ਸਤਨਾਮ ਉੱਭਾਵਾਲ ਤੇ ਇਕਾਈ ਚੀਮਾਂ ਦੇ ਪ੍ਰਧਾਨ ਜਸਵੀਰ ਨਮੋਲ ਨੇ ਦੱਸਿਆ ਕਿ ਵਿਭਾਗ ਵੱਲੋਂ ਉਕਤ ਕੋਰਸ ਵਿੱਚ ਦਾਖਲੇ ਲਈ ਐਪਲੀਕੇਸ਼ਨਜ਼ ਦੀ ਆਨਲਾਈਨ ਮੰਗ ਕੀਤੀ ਸੀ, ਜਿਸ ਦੀ ਮੈਰਿਟ ਲਿਸਟ ਤਿੰਨ ਅਕਤੂਬਰ ਨੂੰ ਜਾਰੀ ਕਰਨ ਦਾ ਦਾਅਵਾ ਕੀਤਾ ਗਿਆ ਸੀ, ਪਰ ਅੱਜ ਤੱਕ ਕੋਈ ਮੈਰਿਟ ਲਿਸਟ ਜਾਰੀ ਨਹੀਂ ਕੀਤੀ ਗਈ। ਵਿਦਿਆਰਥੀ ਖੱਜਲ ਖੁਆਰ ਹੋ ਰਹੇ ਹਨ ਅਤੇ ਹੋਰ ਪ੍ਰਾਈਵੇਟ ਕਾਲਜਾਂ ਵੱਲ ਭੱਜ ਰਹੇ ਹਨ, ਜੋ ਸਰਕਾਰ ਤੇ ਵਿਭਾਗ ਦੀ ਲੇਟ-ਲਤੀਫੀ ਦੀ ਉਦਾਹਰਣ ਹੈ। ਉਨ੍ਹਾਂ ਕਿਹਾ ਕਿ ਸਰਕਾਰ ਟੇਢੇ ਢੰਗ ਰਾਹੀਂ ਆਮ ਘਰਾਂ ਦੇ ਬੱਚੇ ਬੱਚੀਆਂ ਨੂੰ ਪ੍ਰਾਈਵੇਟ ਅਦਾਰਿਆਂ ਹੱਥੋਂ ਲੁੱਟ ਹੋਣ ਲਈ ਮਜਬੂਰ ਕਰ ਰਹੀ ਹੈ। ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਮੈਂਬਰ ਤੇ ਜ਼ਿਲ੍ਹਾ ਪ੍ਰਧਾਨ ਸ੍ਰੀ ਬਲਬੀਰ ਚੰਦ ਲੌਂਗੋਵਾਲ ਵੱਲੋਂ ਮੰਗ ਕੀਤੀ ਗਈ ਹੈ ਕਿ ਜਲਦੀ ਤੋਂ ਜਲਦੀ ਈ.ਟੀ.ਟੀ. (ਡਿਪਲੋਮਾ ਦੋ ਸਾਲਾ) ਦੀ ਦਾਖਲਾ ਮੈਰਿਟ ਜਲਦ ਤੋਂ ਜਲਦ ਜਾਰੀ ਕੀਤੀ ਜਾਵੇ।

### ਜ਼ਮੀਨੀ ਵਿਵਾਦ ਨੂੰ ਲੈ ਕੇ ਦਾਦੀ-ਪੋਤੇ ਦੀ ਕੁੱਟਮਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪਿੰਡ ਸੋਢੀ ਨਗਰ ਵਿਖੇ ਜ਼ਮੀਨੀ ਝਗੜੇ ਨੂੰ ਲੈ ਕੇ ਦਾਦੀ- ਪੋਤੇ ਦੀ ਕੁੱਟਮਾਰ ਕਰਨ ਦੇ ਦੋਸ਼ ਵਿੱਚ ਥਾਣਾ ਘੱਲ ਖੁਰਦ ਪੁਲਸ ਨੇ 5 ਬਾਏ ਨੇਮ ਵਿਅਕਤੀਆਂ ਸਮੇਤ 7-8 ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਕੁਲਵੰਤ ਕੌਰ ਪਤਨੀ ਸਾਧੂ ਸਿੰਘ ਵਾਸੀ ਸੋਢੀ ਨਗਰ ਨੇ ਦੱਸਿਆ ਕਿ ਉਸ ਦਾ ਪੋਤਰਾ ਮਨਦੀਪ ਸਿੰਘ ਮਸ਼ੀਨ ਲੈ ਕੇ ਝੋਨਾ ਵੱਢ ਰਿਹਾ ਸੀ ਤੇ ਉਹ ਉਸ ਲਈ ਚਾਹ ਲੈ ਕੇ ਖੇਤ ਗਈ ਸੀ, ਤਾਂ ਕੁਝ ਸਮੇਂ ਦੋਸ਼ੀਆਨ ਕੇਵਲ ਸਿੰਘ ਪੁੱਤਰ ਜੱਗਾ ਸਿੰਘ, ਸੁਖਦੇਵ ਸਿੰਘ, ਅਮਰਜੀਤ ਸਿੰਘ, ਗੁਰਮੇਲ ਸਿੰਘ, ਬਲਵਿੰਦਰ ਸਿੰਘ ਪੁੱਤਰਾਨ ਕੇਵਲ ਸਿੰਘ ਵਾਸੀਅਨ ਸੋਢੀ ਨਗਰ ਤੇ 7-8 ਅਣਪਛਾਤੇ ਆਦਮੀ ਜੋ ਖੇਤਾਂ ਵਿੱਚ ਆ ਗਏ ਤੇ ਝੋਨਾ ਵੱਢਣ ਤੋਂ ਰੋਕ ਦਿੱਤਾ ਤੇ ਉਨ੍ਹਾਂ ਨਾਲ ਝਗੜਾ ਕਰਨ ਲੱਗੇ ਤੇ ਉਸ ਦੇ ਸੱਟਾਂ ਮਾਰੀਆਂ ਤੇ ਰੌਲਾ ਪੈਣ 'ਤੇ ਦੋਸ਼ੀਆਨ ਮੌਕੇ ਤੋਂ ਫਰਾਰ ਹੋ ਗਏ। ਇਸ ਮਾਮਲੇ ਦੀ ਜਾਂਚ ਕਰ ਰਹੇ ਏਐੱਸਆਈ ਸਰਬਜੀਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

### ਨਜਾਇਜ਼ ਸ਼ਰਾਬ ਰੱਖਣ ਦੇ ਮਾਮਲੇ 'ਚੋਂ ਬਰੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੀ ਅਦਾਲਤ ਨੇ ਨਜਾਇਜ਼ ਸ਼ਰਾਬ ਰੱਖਣ ਦੇ ਮਾਮਲੇ 'ਚ ਭੁਗਤੀਆਂ ਗਵਾਈਆਂ ਨੂੰ ਵੇਖਦੇ ਹੋਏ ਇੱਕ ਵਿਅਕਤੀ ਨੂੰ ਨਿਰਦੋਸ਼ ਕਰਾਰ ਦੇ ਕੇ ਬਰੀ ਕੀਤਾ ਹੈ। ਮਿਲੀ ਜਾਣਕਾਰੀ ਅਨੁਸਾਰ ਥਾਣਾ ਮਮਦੋਟ ਪੁਲਸ ਵੱਲੋਂ 5 ਸਤੰਬਰ 2018 ਨੂੰ ਦਰਜ ਕੀਤੇ ਮਾਮਲੇ 'ਚ ਏਐੱਸਆਈ ਸੰਦੀਪ ਕੁਮਾਰ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਸ਼ੱਕੀ ਪੁਰਸ਼ਾਂ ਦੀ ਤਲਾਸ਼ 'ਚ ਗਸ਼ਤ ਦੌਰਾਨ ਮਮਦੋਟ ਦੇ ਬਿਜਲੀ ਘਰ ਕੋਲ ਪੁੱਜਾ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਨਾਮਜ਼ਦ ਅੰਗਰੇਜ ਸਿੰਘ ਪੁੱਤਰ ਚਮਨ ਸਿੰਘ ਵਾਸੀ ਤਰਾਂਵਾਲੀ ਨਜਾਇਜ਼ ਸ਼ਰਾਬ ਬਣਾ ਕੇ ਵੇਚਣ ਦਾ ਗੈਰ-ਕਾਨੂੰਨੀ ਧੰਦਾ ਕਰਦਾ ਹੈ ਤੇ ਇਸ ਸਮੇਂ ਆਪਣੇ ਘਰ 'ਚ ਨਜਾਇਜ਼ ਸ਼ਰਾਬ ਸਮੇਤ ਗਾਹਕਾਂ ਦੀ ਉਡੀਕ ਕਰ ਰਿਹਾ ਹੈ। ਸੂਚਨਾ ਦੇ ਆਧਾਰ 'ਤੇ ਪੁਲਸ ਨੇ ਛਾਪੇਮਾਰੀ ਕਰਦੇ ਹੋਏ 50 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ ਕਰਦੇ ਹੋਏ ਆਬਕਾਰੀ ਐਕਟ ਅਧੀਨ ਮਾਮਲਾ ਦਰਜ ਕਰਕੇ ਅੰਗਰੇਜ ਸਿੰਘ ਨੂੰ ਗ੍ਰਿਫਤਾਰ ਕਰ ਲਿਆ। ਇਸ ਸੰਬਧੀ ਚੱਲੇ ਮਾਮਲੇ 'ਚ ਬਚਾਅ ਧਿਰ ਦੇ ਵਕੀਲ ਠਾਕੁਰ ਵਿਕਰਮ ਸਿੰਘ ਦੀ ਬਹਿਸ ਸੁਣਨ ਉਪਰੰਤ ਜੁਡੀਸ਼ਲ ਮੈਜਿਸਟ੍ਰੇਟ ਫਸਟ ਕਲਾਸ ਫਿਰੋਜ਼ਪੁਰ ਡਾ. ਜਸਵੀਰ ਸਿੰਘ ਦੀ ਅਦਾਲਤ ਨੇ ਨਾਮਜ਼ਦ ਅੰਗਰੇਜ ਸਿੰਘ ਨੂੰ ਬੇਗੁਨਾਹ ਕਰਾਰ ਦਿੱਤਾ।

# ਰਾਹੁਲ ਭੰਡਾਰੀ ਨੇ ਲਿਆ ਝੋਨੇ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ



**ਧੂਰੀ (ਬਿੰਨੀ ਗਰਗ)**-ਖੁਰਾਕ ਅਤੇ ਸਪਲਾਈ ਵਿਭਾਗ ਦੇ ਪ੍ਰਮੁੱਖ ਸਕੱਤਰ ਸ਼੍ਰੀ ਰਾਹੁਲ ਭੰਡਾਰੀ ਆਈ.ਏ.ਐਸ. ਵੱਲੋਂ ਡਿਪਟੀ ਕਮਿਸ਼ਨਰ ਸ਼੍ਰੀ ਜਤਿੰਦਰ ਜੋਰਵਾਲ ਨੂੰ ਨਾਲ ਲੈ ਕੇ ਦਾਣਾ ਮੰਡੀ ਦਾ ਦੌਰਾ ਕਰਦਿਆਂ ਝੋਨੇ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਮਾਰਕਿਟ ਕਮੇਟੀ ਦਫ਼ਤਰ ਵਿਖੇ ਸ਼੍ਰੀ ਰਾਹੁਲ ਭੰਡਾਰੀ ਨੇ ਦੱਸਿਆ ਕਿ ਝੋਨੇ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਅਤੇ ਖਰੀਦ ਏਜੰਸੀਆਂ ਨਾਲ ਖਰੀਦ ਨੂੰ ਲੈ ਕੇ ਮੁਲਾਕਾਤ ਕਰਨ ਦੇ ਮਕਸਦ ਨੂੰ ਲੈ ਕੇ ਉਹ ਪੰਜਾਬ ਦੀਆਂ ਵੱਖ-ਵੱਖ ਮੰਡੀਆਂ ਦਾ ਦੌਰਾ ਕਰ ਰਹੇ ਹਨ ਅਤੇ ਛੋਟੀਆਂ-ਮੋਟੀਆਂ ਸਮੱਸਿਆਵਾਂ ਦਾ ਮੌਕੇ 'ਤੇ ਹੀ ਨਿਪਟਾਰਾ ਕਰ ਰਹੇ ਹਨ। ਧੂਰੀ ਮੰਡੀ ਵਿਖੇ ਚੱਲ ਰਹੇ ਖਰੀਦ ਪ੍ਰਬੰਧਾਂ ਉੱਪਰ ਤਸੱਲੀ ਪ੍ਰਗਟ ਕਰਦਿਆਂ ਸ਼੍ਰੀ ਭੰਡਾਰੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ਼੍ਰੀ ਭਗਵੰਤ ਮਾਨ ਦੇ ਆਦੇਸ਼ ਅਨੁਸਾਰ ਆਉਣ ਵਾਲੇ ਇੱਕ ਹਫ਼ਤੇ ਦੇ ਅੰਦਰ-ਅੰਦਰ ਮੰਡੀਆਂ ਵਿੱਚੋਂ ਲੱਗਪੱਗ ਮੁਕੰਮਲ ਤੌਰ ਤੇ ਝੋਨਾ ਖਰੀਦ ਲਿਆ ਜਾਵੇਗਾ ਅਤੇ ਕਿਸਾਨਾਂ ਦੇ ਖਾਤਿਆਂ ਵਿੱਚ ਉਹਨਾਂ ਦੀ ਫਸਲ ਦੀ ਬਣਦੀ ਅਦਾਇਗੀ ਕਰ ਦਿੱਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਇਸ ਵਾਰ ਕਿਸਾਨਾਂ ਨੂੰ ਝੋਨੇ ਦੀ ਅਦਾਇਗੀ ਬਹੁਤ ਜਲਦ ਕੀਤੀ ਜਾ ਰਹੀ ਹੈ ਅਤੇ ਇਸ ਵਾਰ ਇਹ ਰਿਕਾਰਡ ਪੇਮੈਂਟ ਦੇ ਰੂਪ ਵਿੱਚ ਅਦਾਇਗੀ ਹੋ ਰਹੀ ਹੈ। ਮੰਡੀ ਬੋਰਡ ਨਾਲ ਸਬੰਧਤ ਅਨਾਜ ਮੰਡੀ ਨਾਲ ਜੁੜੀਆਂ ਸੜਕਾਂ ਦੀ ਮਾੜੀ ਹਾਲਤ ਬਾਰੇ ਇੱਕ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਇਸ ਸਬੰਧੀ ਆਉਣ ਵਾਲੇ ਕਣਕ ਦੇ ਸੀਜ਼ਨ ਤੋਂ ਪਹਿਲਾਂ-ਪਹਿਲਾਂ ਸੜਕਾਂ ਦੀ ਹਾਲਤ ਪੂਰੀ ਤਰ੍ਹਾਂ ਸੁਧਾਰ ਦਿੱਤੀ ਜਾਵੇਗੀ। ਉਨ੍ਹਾਂ ਅਨਾਜ ਮੰਡੀ ਦੀ ਚਾਰਦੀਵਾਰੀ ਬਣਾਏ ਜਾਣ ਦਾ ਭਰੋਸਾ ਦਿੰਦਿਆਂ ਕਿਹਾ ਕਿ ਇਸ ਨਾਲ ਅਵਾਰਾ ਪਸ਼ੂਆਂ, ਚੋਰੀ ਆਦਿ ਦੀਆਂ ਘਟਨਾਵਾਂ ਬੰਦ ਹੋ ਜਾਣਗੀਆਂ। ਅਨਾਜ ਮੰਡੀ ਵਿੱਚ ਬਾਰਦਾਨੇ ਦੀ ਘਾਟ ਬਾਰੇ ਬੋਲਦਿਆਂ ਉਨ੍ਹਾਂ ਕਿਹਾ ਕਿ ਅਨਾਜ ਮੰਡੀ ਵਿਖੇ ਬਾਰਦਾਨੇ ਦੀ ਕੋਈ ਕਮੀ ਨਹੀਂ ਹੈ ਪ੍ਰੰਤੂ ਖਰੀਦ ਏਜੰਸੀਆਂ ਵਿੱਚ ਬਾਰਦਾਨੇ ਦੀ ਹੋਈ ਘਾਟ-ਵਾਧ ਨੂੰ ਲੈ ਕੇ ਰੀ-ਅਡਜਸਟਮੈਂਟ ਕਰਨ ਲਈ ਉੱਚ ਅਧਿਕਾਰੀਆਂ ਨੂੰ ਕਹਿ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ 15 ਨਵੰਬਰ ਤੋਂ ਰਾਈਸ ਸ਼ੈਲਰਾਂ ਰਾਹੀਂ ਝੋਨੇ ਦੀ ਮਿਲਿੰਗ ਦਾ ਕੰਮ ਸ਼ੁਰੂ ਕਰਾ ਦਿੱਤਾ ਜਾਵੇਗਾ। ਮੰਡੀ ਬੋਰਡ ਤੋਂ ਜ਼ਮੀਨ ਦਾ ਕੇਸ ਹਾਰ ਜਾਣ ਵਾਲੇ ਕਿਸਾਨ ਤੋਂ ਜ਼ਮੀਨ ਦਾ ਕਬਜ਼ਾ ਲੈਣ ਬਾਰੇ ਉਨ੍ਹਾਂ ਕਿਹਾ ਕਿ ਇਸ ਸਬੰਧੀ ਡਿਪਟੀ ਕਮਿਸ਼ਨਰ ਨੂੰ ਇਹ ਕਬਜ਼ਾ ਲੈਣ ਲਈ ਕਹਿ ਦਿੱਤਾ ਗਿਆ ਹੈ।

ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਜਗਤਾਰ ਸਿੰਘ ਸਮਰਾ ਨੇ ਕਿਹਾ ਕਿ ਕਿਸਾਨਾਂ, ਆੜ੍ਹਤੀਆਂ, ਖਰੀਦ ਏਜੰਸੀਆਂ ਅਤੇ ਮਾਰਕਿਟ ਕਮੇਟੀ ਦੇ ਅਧਿਕਾਰੀਆਂ ਦੇ ਸਹਿਯੋਗ ਨਾਲ ਅਨਾਜ ਮੰਡੀ ਵਿਖੇ ਝੋਨੇ ਦੀ ਖਰੀਦ ਦਾ ਕੰਮ ਤਸੱਲੀਬਖ਼ਸ਼ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਆੜ੍ਹਤੀਆਂ ਤੇ ਕਿਸਾਨਾਂ ਨੂੰ ਪੇਸ਼ ਆ ਰਹੀਆਂ ਮੁਸ਼ਕਿਲਾਂ ਬਾਰੇ ਵੀ ਸ਼੍ਰੀ ਰਾਹੁਲ ਭੰਡਾਰੀ ਨੂੰ ਜਾਣੂ ਕਰਾ ਦਿੱਤਾ ਹੈ ਅਤੇ ਜਲਦ ਹੀ ਇਹ ਸਮੱਸਿਆਵਾਂ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ ਹੈ। ਇਸ ਮੌਕੇ ਐਸ.ਡੀ.ਐਮ. ਸ਼੍ਰੀ ਅਮਿਤ ਕੁਮਾਰ, ਜਗਤਾਰ ਸਿੰਘ ਸਮਰਾ, ਪ੍ਰੇਮ ਬਾਂਸਲ, ਸ਼੍ਰੀ ਪਵਨ ਵਰਮਾ, ਹਰਦੇਵ ਸਿੰਘ ਵੜੈਚ ਅਤੇ ਬਸੰਤ ਕੁਮਾਰ ਆਦਿ ਹਾਜ਼ਰ ਸਨ।

# ਸੰਧਵਾਂ ਦੇ ਗ੍ਰਹਿ ਵਿਖੇ ਹੋਇਆ ਕਥਾ-ਕੀਰਤਨ ਸਮਾਗਮ



**ਕੋਟਕਪੂਰਾ (ਸ਼ਾਮ ਲਾਲ ਚਾਵਲਾ)**-ਬੇਬੇ ਨਾਨਕੀ ਦੀ ਮਾਤਾ ਜੀ ਦਾ ਨਾਮ ਕੀ, ਬਾਬੇ ਨਾਨਕ ਦਾ ਕਦੋਂ ਹੋਇਆ ਸੀ ਵਿਆਹ, ਅੱਜ ਵਾਲਾ ਹੁਕਮਨਾਮਾ ਕਿਸ ਗੁਰੂ ਸਾਹਿਬਾਨ ਦਾ ਸੀ, ਗੁਰੂ ਨਾਨਕ ਦੀ ਪਛਾਣ ਪਹਿਲਾਂ ਕਿਸ ਨੇ ਕੀਤੀ? ਵਰਗੇ ਛੋਟੇ ਬੱਚਿਆਂ ਨੂੰ ਪੁੱਛੇ ਗਏ ਸਵਾਲਾਂ ਦੇ ਜਵਾਬ ਦੇਣ ਲਈ ਦਰਜਨਾਂ ਬੱਚਿਆਂ ਵੱਲੋਂ ਹੱਥ ਖੜਾ ਕਰਨ ਤੋਂ ਇੰਝ ਪ੍ਰਤੀਤ ਹੁੰਦਾ ਸੀ ਕਿ ਜਿਵੇਂ ਵਾਹਿਗੁਰੂ ਸਿਮਰਨ ਕੇਂਦਰ ਵੱਲੋਂ ਬੱਚਿਆਂ ਨੂੰ ਗੁਰਬਾਣੀ ਦੀ ਸੰਥਿਆ ਸਮੇਤ ਗੁਰਮਤਿ ਵਿੱਦਿਆ ਤੇ ਇਤਿਹਾਸ ਤੋਂ ਜਾਣੂ ਕਰਵਾਉਣ ਦਾ ਢੰਗ ਤਰੀਕਾ ਬਹੁਤ ਹੀ ਵਧੀਆ ਹੈ। ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਦੇ ਗ੍ਰਹਿ ਪਿੰਡ ਸੰਧਵਾਂ ਵਿਖੇ ਗੁਰੂ ਨਾਨਕ ਪਾਤਸ਼ਾਹ ਜੀ ਦੇ ਗੁਰਪੁਰਬ ਨੂੰ ਸਮਰਪਤ ਵਾਹਿਗੁਰੂ ਸਿਮਰਨ ਕੇਂਦਰ ਵੱਲੋਂ ਸ਼ੁਰੂ ਹੋਈਆਂ ਪ੍ਰਭਾਤ ਫੇਰੀਆਂ ਦੀ ਲੜੀ ਵਿੱਚ ਹੋਏ ਪ੍ਰੋਗਰਾਮ ਦੌਰਾਨ ਨਿਸ਼ਕਾਮ ਬੱਚਿਆਂ, ਵੀਰ-ਭੈਣਾਂ ਨੇ ਰਸਭਿੰਨਾ ਕੀਰਤਨ ਕੀਤਾ, ਭਾਈ ਜਤਿੰਦਰਪਾਲ ਸਿੰਘ ਨੇ ਪੰਜਾ ਸਾਹਿਬ ਦੇ ਇਤਿਹਾਸ ਦਾ ਵਰਨਣ ਕਰਦਿਆਂ ਸੰਗਤ ਵੱਲੋਂ ਕੇਸਾਂ ਸੁਆਸਾਂ ਨਾਲ ਨਿਭਾਏ ਸਿੱਖੀ ਸਿਦਕ ਦੀਆਂ ਅਨੇਕਾਂ ਉਦਾਹਰਣਾਂ ਦਿੱਤੀਆਂ। ਅਰਦਾਸ ਤੋਂ ਬਾਅਦ ਛੋਟੀ ਉਮਰ ਦੇ ਬੱਚਿਆਂ ਨੂੰ ਗੁਰੂ ਨਾਨਕ ਪਾਤਸ਼ਾਹ ਜੀ ਦੀ ਜੀਵਨੀ ਨਾਲ ਸਬੰਧਤ ਪੁੱਛੇ ਗਏ ਸਵਾਲਾਂ ਦਾ ਜਵਾਬ ਦੇਣ ਲਈ ਲਗਭਗ ਸਾਰੇ ਬੱਚਿਆਂ ਵੱਲੋਂ ਹੱਥ ਖੜਾ ਕਰਕੇ ਪਹਿਲਾਂ ਜਵਾਬ ਦੇਣ ਦੀ ਪ੍ਰਕਿਰਿਆ ਤੋਂ ਇੰਝ ਪ੍ਰਤੀਤ ਹੁੰਦਾ ਸੀ ਕਿ ਜਿਵੇਂ ਬੱਚੇ ਇਸ ਕੁਇੱਜ਼ ਪ੍ਰੋਗਰਾਮ ਵਿੱਚ ਪੂਰੀ ਦਿਲਚਸਪੀ ਲੈਂਦੇ ਹਨ, ਕਿਉਂਕਿ ਬੀਤੀ 20 ਅਕਤੂਬਰ ਤੋਂ ਅਗਾਮੀ 8 ਨਵੰਬਰ ਅਰਥਾਤ ਅਵਤਾਰ ਦਿਹਾੜੇ ਵਾਲੇ ਦਿਨ ਤੱਕ ਉਕਤ ਸਵਾਲ-ਜਵਾਬ ਦੀ ਲੜੀ ਦਾ ਸਿਲਸਿਲਾ ਜਾਰੀ ਰਹਿੰਦਾ ਹੈ। ਐਡਵੋਕੇਟ ਬੀਰਇੰਦਰ ਸਿੰਘ ਸੰਧਵਾਂ ਨੇ ਸਾਰਿਆਂ ਦਾ ਧੰਨਵਾਦ ਕੀਤਾ ਤੇ ਭਾਈ ਬਲਤੇਜ ਸਿੰਘ ਮੜਾਕ ਨੇ ਅਗਲੇਰੇ ਪ੍ਰੋਗਰਾਮਾਂ ਦੀ ਜਾਣਕਾਰੀ ਸਾਂਝੀ ਕੀਤੀ।

## ਡਾ. ਰਾਜਵਿੰਦਰ ਕੌਰ ਬੈਸਟ ਪ੍ਰਿੰਸੀਪਲ ਐਵਾਰਡ ਨਾਲ ਸਨਮਾਨਤ



**ਧਰਮਕੋਟ (ਗੁਰਦੀਪ ਸਿੰਘ ਭੁੱਲਰ)**

ਯੂ.ਕੇ ਇੰਟਰਨੈਸ਼ਨਲ ਸਕੂਲ ਦੇ ਪ੍ਰਿੰਸੀਪਲ ਮੈਡਮ ਡਾ. ਰਾਜਵਿੰਦਰ ਕੌਰ ਨੂੰ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਹੋਏ ਫੈਡਰੇਸ਼ਨ ਆਫ਼ ਪ੍ਰਾਈਵੇਟ ਸਕੂਲ ਐਸੋਸੀਏਸ਼ਨ ਆਫ਼ ਪੰਜਾਬ ਦੁਆਰਾ ਆਯੋਜਤ ਨੈਸ਼ਨਲ ਬੈਸਟ ਪ੍ਰਿੰਸੀਪਲ ਐਵਾਰਡ 2022, ਜਗਜੀਤ ਸਿੰਘ ਧੂਰੀ ਦੀ ਅਗਵਾਈ ਹੇਠ ਕੇਂਦਰੀ ਰਾਜ ਮੰਤਰੀ ਸੋਮ ਪ੍ਰਕਾਸ਼ ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ ਸਤਨਾਮ ਸਿੰਘ ਤੇ ਹੋਰ ਮਹਾਨ ਸ਼ਖ਼ਸੀਅਤਾਂ ਵੱਲੋਂ ਵਿਸ਼ੇਸ਼ ਪ੍ਰਿੰਸੀਪਲ ਦਾ ਐਵਾਰਡ ਦੇ ਕੇ ਸਨਮਾਨਤ ਕੀਤਾ ਗਿਆ।

ਇਸ ਮੌਕੇ ਪੂਰੇ ਭਾਰਤ ਦੇ ਅਲੱਗ-ਅਲੱਗ ਸਕੂਲਾਂ ਦੇ ਪ੍ਰਿੰਸੀਪਲ ਸ਼ਾਮਲ ਸਨ। ਉਨ੍ਹਾਂ ਪ੍ਰਿੰਸੀਪਲ ਮੈਡਮ ਡਾਕਟਰ ਰਾਜਵਿੰਦਰ ਕੌਰ ਦੀ ਮਿਹਨਤ ਤੇ ਲਗਨ ਦੀ ਪ੍ਰਸ਼ੰਸਾ ਕੀਤੀ ਤੇ ਉਨ੍ਹਾਂ ਦੀ ਕਾਮਯਾਬੀ ਦੀ ਵਧਾਈ ਦਿੱਤੀ। ਡਾ. ਰਾਜਵਿੰਦਰ ਕੌਰ ਨੂੰ ਵੀਹ ਸਾਲ ਦੇ ਤਜਰਬੇ ਸਦਕਾ ਪਹਿਲਾਂ ਵੀ ਬਹੁਤ ਵਾਰ ਪ੍ਰਿੰਸੀਪਲ ਐਵਾਰਡ ਦਿੱਤੇ ਗਏ ਹਨ। ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਰਾਣਾ ਬਾਸੀ, ਕੁਲਵੰਤ ਸਿੰਘ ਚੀਮਾ, ਬਲਿਹਾਰ ਸਿੰਘ, ਬਲਕਾਰ ਸਿੰਘ ਤੇ ਸਮੂਹ ਸਟਾਫ਼ ਮੈਂਬਰਾਂ ਨੇ ਪ੍ਰਿੰਸੀਪਲ ਮੈਡਮ ਨੂੰ ਉਨ੍ਹਾਂ ਦੇ ਇਸ ਐਵਾਰਡ ਦੀ ਵਧਾਈ ਦਿੱਤੀ ਅਤੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ।

## ਹੋਲੀ ਹਾਰਟ ਸਕੂਲ ਨੇ ਈਕੋ ਫਰੈਂਡਲੀ ਕੈਟਾਗਰੀ 'ਚ ਮਾਰੀ ਬਾਜ਼ੀ



**ਛਾਜਲੀ (ਜਸਵੀਰ ਲਾਡੀ)**

ਹੋਲੀ ਹਾਰਟ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਛਾਜਲੀ ਦੇ ਐੱਮ. ਡੀ. ਸ੍ਰੀ ਮਨਦੀਪ ਚੱਠਾ ਨੇ ਆਪਣੇ ਪ੍ਰੈੱਸ ਨੋਟਿਸ ਰਾਹੀਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਫੈਡਰੇਸ਼ਨ ਆਫ ਪ੍ਰਾਈਵੇਟ ਅਨਏਡਿਡ ਸਕੂਲਜ਼ ਤੇ ਐਸੋਸੀਏਸ਼ਨ ਆਫ ਪੰਜਾਬ ਵੱਲੋਂ ਸਾਂਝੇ ਤੌਰ 'ਤੇ ਇਕ ਸਮਾਰੋਹ ਕਰਾਇਆ ਗਿਆ, ਜਿਸ ਵਿੱਚ ਸਕੂਲ ਦੀ ਨੌਂ ਕੈਟਾਗਰੀ ਵਿੱਚੋਂ ਵਧੀਆ ਪ੍ਰਦਰਸ਼ਨ ਕਰਨ ਲਈ ਲੱਗਭਗ 213 ਨਿੱਜੀ ਸਕੂਲਾਂ ਨੂੰ ਸਨਮਾਨਤ ਕੀਤਾ ਗਿਆ ਅਤੇ 63 ਤੋਂ ਵੱਧ ਸਕੂਲਾਂ ਦੇ ਪ੍ਰਿੰਸੀਪਲਾਂ ਨੂੰ ਵੀ ਤਿੰਨ ਕੈਟਾਗਿਰੀ ਵਿੱਚ ਉਨ੍ਹਾਂ ਦੀ ਵਧੀਆ ਕਾਰਗੁਜ਼ਾਰੀ ਲਈ ਸਨਮਾਨਤ ਕੀਤਾ ਗਿਆ। ਇਸ ਸਮਾਰੋਹ ਵਿੱਚ ਪੰਜਾਬ ਦੇ ਗਵਰਨਰ ਬਨਵਾਰੀ ਲਾਲ ਪੁਰੋਹਿਤ, ਕੇਂਦਰੀ ਉਦਯੋਗ ਮੰਤਰੀ ਸੋਮ ਪ੍ਰਕਾਸ਼, ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਪੰਜਾਬ ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ ਸ. ਸਤਨਾਮ ਸਿੰਘ ਸੰਧੂ ਵੀ ਹਾਜ਼ਰ ਰਹੇ। ਇਸ ਨੈਸ਼ਨਲ ਐਵਾਰਡ ਵਿੱਚ ਪੂਰੇ ਭਾਰਤ ਵਿੱਚੋਂ ਪ੍ਰਾਈਵੇਟ ਸਕੂਲਾਂ ਨੇ ਹਿੱਸਾ ਲਿਆ, ਜਿਸ ਵਿੱਚ ਹੋਲੀ ਹਾਰਟ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਛਾਜਲੀ ਨੂੰ ਈਕੋ ਫਰੈਂਡਲੀ ਕੈਟਾਗਰੀ 'ਚ ਬੈਸਟ ਸਕੂਲ ਦੇ ਐਵਾਰਡ ਨਾਲ ਸਨਮਾਨਤ ਕੀਤਾ ਗਿਆ ਅਤੇ ਸਕੂਲ ਦੀ ਪ੍ਰਿੰਸੀਪਲ ਮੈਡਮ ਮਮਤਾ ਰਾਣੀ ਨੂੰ ਡਾਈਨਮਿਕ ਪ੍ਰਿੰਸੀਪਲ ਦੇ ਐਵਾਰਡ ਨਾਲ ਸਨਮਾਨਤ ਕੀਤਾ ਗਿਆ। ਇਹ ਸਮਾਰੋਹ ਦੋ ਦਿਨ ਚੱਲ ਕੇ ਆਪਣੀ ਅਨੋਖੀ ਛਾਪ ਛੱਡਦਾ ਹੋਇਆ ਸਮਾਪਤ ਹੋਇਆ।

## ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਕੁਰੜ ਨੂੰ ਮਿਲਿਆ ਬੈੱਸਟ ਐਵਾਰਡ



**ਮਹਿਲ ਕਲਾਂ (ਗੁਰਪ੍ਰੀਤ ਸਿੰਘ ਅਣਖੀ)**-ਚੰਡੀਗੜ੍ਹ ਯੂਨੀਵਰਸਿਟੀ ਘੜੂੰਆਂ ਵਿਖੇ ਫੈਡਰੇਸ਼ਨ ਆਫ ਐਸੋਸੀਏਸ਼ਨਜ਼ ਐਂਡ ਪ੍ਰਾਈਵੇਟ ਸਕੂਲਜ਼ ਵੱਲੋਂ ਤਕਸੀਮ ਕੀਤੇ ਨੈਸ਼ਨਲ ਐਵਾਰਡ ਸਮਾਰੋਹ ਵਿੱਚ ਗੁਰੂ ਗੋਬਿੰਦ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕੁਰੜ (ਬਰਨਾਲਾ) ਨੂੰ ਬੈਸਟ ਬਜਟ ਸਕੂਲ ਐਵਾਰਡ ਦਿੱਤਾ ਗਿਆ। ਇਸ ਮੌਕੇ ਫੈਪ ਪ੍ਰਧਾਨ ਡਾ: ਜਗਜੀਤ ਸਿੰਘ ਧੂਰੀ ਤੇ ਸਤਨਾਮ ਸਿੰਘ ਸੰਧੂ ਚਾਂਸਲਰ ਚੰਡੀਗੜ੍ਹ ਯੂਨੀਵਰਸਿਟੀ ਘੜੂੰਆਂ, ਪੰਜਾਬ ਦੇ ਰਾਜਪਾਲ ਅਤੇ ਯੂ ਟੀ ਪ੍ਰਸ਼ਾਸਕ ਬਨਵਾਰੀ ਲਾਲ ਪ੍ਰੋਹਿਤ ਫੈਡਰੇਸ਼ਨ ਆਫ਼ ਪ੍ਰਾਈਵੇਟ ਸਕੂਲਜ਼ ਐਂਡ 'ਨੈਸ਼ਨਲ ਸਕੂਲ ਐਵਾਰਡ-2022' ਸਮਾਗਮ ਦੌਰਾਨ ਬਤੌਰ ਮੁੱਖ ਮਹਿਮਾਨ ਮੌਜੂਦ ਸਨ। ਸੰਸਥਾ ਦੀ ਇਸ ਵੱਡਮੁੱਲੀ ਪ੍ਰਾਪਤੀ 'ਤੇ ਸੰਸਥਾ ਦੇ ਚੇਅਰਮੈਨ ਕੌਰ ਸਿੰਘ ਧਾਲੀਵਾਲ ਤੇ ਐੱਮ ਡੀ ਸੁਖਵਿੰਦਰ ਕੌਰ ਧਾਲੀਵਾਲ ਅਤੇ ਪ੍ਰਿੰਸੀਪਲ ਰੁਪਿੰਦਰ ਕੌਰ ਚੀਮਾ ਨੇ ਸਮੂਹ ਸਟਾਫ, ਵਿਦਿਆਰਥੀਆਂ ਤੇ ਮਾਪਿਆਂ ਨੂੰ ਵਧਾਈ ਦਿੱਤੀ। ਵਾਇਸ ਪ੍ਰਿੰਸੀਪਲ ਪ੍ਰਦੀਪ ਸਿੰਘ ਤੇ ਸੁਖਵਿੰਦਰ ਸਿੰਘ ਨੇ ਸੰਸਥਾ ਵੱਲੋਂ ਇਹ ਐਵਾਰਡ ਪ੍ਰਾਪਤ ਕੀਤਾ। ਅਕਾਦਮਿਕ ਇੰਚਾਰਜ ਕੁਲਦੀਪ ਸਿੰਘ ਮੰਡ ਨੇ ਮੈਨੇਜਮੈਂਟ, ਸਟਾਫ, ਵਿਦਿਆਰਥੀਆਂ ਤੇ ਮਾਪਿਆਂ ਨੂੰ ਵਧਾਈ ਦਿੱਤੀ।

## ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੇ ਅਧਿਕਾਰੀਆਂ ਨੂੰ ਮੁਅੱਤਲ ਕਰਨ ਵਿਰੁੱਧ ਭਾਰੀ ਰੋਸ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪਿਛਲੇ ਲਗਭਗ ਤਿੰਨ ਮਹੀਨਿਆਂ ਤੋਂ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਸਬੰਧੀ ਜਾਗਰੂਕ ਕਰਨ ਲਈ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੇ ਸਮੂਹ ਸਟਾਫ ਵੱਲੋਂ ਦਿਨ-ਰਾਤ ਇੱਕ ਕਰਕੇ ਪੂਰੀ ਤਨਦੇਹੀ ਨਾਲ ਲੋਕ ਚੇਤਨਾ ਮੁਹਿੰਮ ਚਲਾਈ ਜਾ ਰਹੀ ਹੈ, ਪ੍ਰੰਤੂ ਸਰਕਾਰ ਵੱਲੋਂ ਵਿਭਾਗ ਦੇ ਚਾਰ ਅਧਿਕਾਰੀਆਂ ਨੂੰ ਮੁਅੱਤਲ ਕਰ ਦੇਣ ਨਾਲ ਵਿਭਾਗ ਦੇ ਅਧਿਕਾਰੀਆਂ/ਕਰਮਚਾਰੀਆਂ ਦਾ ਮਨੋਬਲ ਡਿੱਗਿਆ ਹੈ ਅਤੇ ਸਮੂਹ ਸਟਾਫ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਖੇਤੀ ਟੈਕਨੋਕ੍ਰੇਟਸ ਦੀ ਸਾਂਝੀ ਜਥੇਬੰਦੀ 'ਐਗਰੀਕਲਚਰ ਟੈਕਨੋਕ੍ਰੇਟਸ ਐਕਸ਼ਨ ਕਮੇਟੀ ਪੰਜਾਬ' ਨੇ ਸਰਕਾਰ ਦੇ ਚੁੱਕੇ ਇਸ ਕਦਮ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕੀਤੀ ਅਤੇ ਰੋਸ ਵਜੋਂ ਜ਼ਿਲ੍ਹਾ ਪੱਧਰੀ ਰੋਸ ਪ੍ਰਦਰਸ਼ਨ ਕੀਤਾ ਗਿਆ। ਦੱਸਣਯੋਗ ਹੈ ਕਿ ਪਰਾਲੀ ਪ੍ਰਬੰਧਨ ਵਿੱਚ ਹੋਰ ਵੀ ਕਈ ਵਿਭਾਗਾਂ ਦੀਆਂ ਡਿਊਟੀਆਂ ਲੱਗੀਆਂ ਹਨ, ਪ੍ਰੰਤੂ ਬਾਖੂਬੀ ਆਪਣੀ ਸੇਵਾ ਨਿਭਾਅ ਰਹੇ ਖੇਤੀ ਅਧਿਕਾਰੀਆਂ ਉੱਤੇ ਕਾਰਵਾਈ ਕਰਨਾ ਬਿਲਕੁਲ ਵੀ ਜਾਇਜ਼ ਨਹੀਂ ਹੈ। ਖੇਤੀਬਾੜੀ ਵਿਭਾਗ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਤਕਨੀਕੀ ਪੱਖੋਂ ਸਿੱਖਿਅਤ ਕਰਨ ਲਈ ਕਿਸਾਨ ਜਾਗਰੂਕਤਾ ਕੈਂਪਾਂ ਰਾਹੀਂ, ਪ੍ਰਚਾਰ ਵੈਨਾਂ ਰਾਹੀਂ, ਸਕੂਲਾਂ ਵਿੱਚ ਬੱਚਿਆਂ ਨੂੰ ਜਾਗਰੂਕ ਕਰਕੇ ਤੇ ਹੋਰ ਕਈ ਪਸਾਰ ਮਾਧਿਅਮਾਂ ਰਾਹੀਂ ਘਰ-ਘਰ ਪਰਾਲੀ ਨਾ ਸਾੜਨ ਦਾ ਸੁਨੇਹਾ ਪਹੁੰਚਾਉਣ ਵਿੱਚ ਕਾਮਯਾਬ ਹੋਇਆ ਹੈ। ਇਸ ਤੋਂ ਇਲਾਵਾ ਸਰਕਾਰ ਵੱਲੋਂ ਪਰਾਲੀ ਸਾਂਭਣ ਲਈ ਮੁਹੱਈਆ ਕਰਵਾਈ ਗਈ ਖੇਤੀ ਮਸ਼ੀਨਰੀ ਕਿਸਾਨਾਂ ਨੂੰ ਸਮੇਂ ਸਿਰ ਉਪਲਬਧ ਕਰਵਾਉਣਾ ਯਕੀਨੀ ਬਣਾਇਆ ਗਿਆ ਹੈ। ਖੇਤੀ ਪਸਾਰ ਸੇਵਾਵਾਂ ਦੇ ਪਿਛਲੇ ਸਮੇਂ ਦੌਰਾਨ ਵਧੇ ਰੋਲ ਕਾਰਨ ਹੀ ਕਿਸਾਨ ਝੋਨੇ ਦੀ ਪਰਾਲੀ ਨਾ ਸਾੜਨ ਲਈ ਮਾਨਸਿਕ ਤੌਰ 'ਤੇ ਤਿਆਰ ਹੋ ਰਹੇ ਹਨ ਅਤੇ ਪਿਛਲੇ ਸਾਲਾਂ ਦੇ ਮੁਕਾਬਲੇ ਪਰਾਲੀ ਨੂੰ ਅੱਗ ਲਾਉਣ ਦੇ ਕੇਸਾਂ ਵਿੱਚ ਵੀ ਭਾਰੀ ਕਮੀ ਆਈ ਹੈ। ਜੇਕਰ ਫਿਰ ਵੀ ਕੁਝ ਕਿਸਾਨ ਆਪਣੇ ਖੇਤਾਂ ਵਿੱਚ ਅੱਗ ਲਾ ਰਹੇ ਹਨ ਤਾਂ ਉਸ ਲਈ ਸਰਕਾਰ ਵੱਲੋਂ ਅਪਣਾਏ ਜਾ ਰਹੇ ਦੂਹਰੇ ਮਾਪਦੰਡ ਜ਼ਿੰਮੇਵਾਰ ਹਨ। ਜਥੇਬੰਦੀ ਦੇ ਜਨਰਲ ਸਕੱਤਰ ਡਾ. ਸੁਖਬੀਰ ਸਿੰਘ ਸੰਧੂ ਨੇ ਸਰਕਾਰ ਨੂੰ ਇਹ ਫੈਸਲਾ ਤੁਰੰਤ ਵਾਪਸ ਲੈ ਕੇ ਚਲਾਈ ਜਾ ਰਹੀ ਜਨ ਚੇਤਨਾ ਮੁਹਿੰਮ ਨੂੰ ਹੋਰ ਪ੍ਰਚੰਡ ਕਰਨ ਲਈ ਵਿਭਾਗ ਦੇ ਸਟਾਫ ਨੂੰ ਉਤਸ਼ਾਹਤ ਕਰਨ ਦੀ ਅਪੀਲ ਕੀਤੀ ਅਤੇ ਕਿਹਾ ਕਿ ਜੇਕਰ ਸਰਕਾਰ ਨੇ ਇਹ ਜਾਰੀ ਕੀਤੇ ਹੁਕਮ ਤੁਰੰਤ ਵਾਪਸ ਨਾ ਲਏ ਤਾਂ ਅਸੀਂ ਸਾਂਝੇ ਤੌਰ 'ਤੇ ਵਿਆਪਕ ਸੰਘਰਸ਼ ਕਰਨ ਲਈ ਮਜਬੂਰ ਹੋਵਾਂਗੇ। ਇਸ ਸਬੰਧੀ ਜ਼ਿਲ੍ਹਾ ਬਠਿੰਡਾ ਦੇ ਖੇਤੀ ਭਵਨ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਰੋਸ ਪ੍ਰਦਰਸ਼ਨ ਧਰਨੇ ਵਿੱਚ ਖੇਤੀਬਾੜੀ ਵਿਭਾਗ ਦੀਆਂ ਵੱਖ ਵੱਖ ਜਥੇਬੰਦੀਆਂ ਵੱਲੋਂ ਹਿੱਸਾ ਲਿਆ ਗਿਆ। ਇਸ ਮੌਕੇ ਡਾ. ਜਗਦੀਸ਼ ਸਿੰਘ ਏ ਓ, ਡਾ. ਜਸਕਰਨ ਸਿੰਘ, ਡਾ. ਧਰਮ ਪਾਲ, ਡਾ. ਬਲਜਿੰਦਰ ਸਿੰਘ, ਅਸਮਾਨਪ੍ਰੀਤ ਸਿੰਘ ਏ ਡੀ ਓ, ਡਾ. ਮਨਜਿੰਦਰ ਸਿੰਘ, ਸੁਖਦੀਪ ਸਿੰਘ ਜੇ ਟੀ, ਹਰਵਿੰਦਰ ਸਿੰਘ ਏ ਟੀ ਐੱਮ ਆਦਿ ਹਾਜ਼ਰ ਸਨ।

# ਤੰਬਾਕੂ ਮੁਕਤ ਪਿੰਡ ਟਿੱਬੀ ਭਰਾਈਆਂ ਵਿਖੇ 'ਜਸ਼ਨ-ਏ-ਮਾਣ' ਰੈਲੀ ਕੱਢੀ



**ਕੋਟਕਪੂਰਾ (ਸ਼ਾਮ ਲਾਲ ਚਾਵਲਾ)**

ਪੰਜਾਬ ਤੰਬਾਕੂ ਰਹਿਤ ਹਫ਼ਤੇ ਦੀ ਸ਼ੁਰੂਆਤ ਮੌਕੇ ਪੀ.ਐਚ.ਸੀ ਜੰਡ ਸਾਹਿਬ, ਸਿਹਤ ਵਿਭਾਗ ਦੀ ਟੀਮ ਵੱਲੋਂ ਬਲਾਕ ਨੋਡਲ ਅਫਸਰ ਤੰਬਾਕੂ ਕੰਟਰੋਲ ਸੈੱਲ ਬੀ.ਈ.ਈ ਡਾ. ਪ੍ਰਭਦੀਪ ਸਿੰਘ ਚਾਵਲਾ ਦੀ ਯੋਗ ਅਗਵਾਈ ਹੇਠ ਨੇੜਲੇ ਪਿੰਡ ਟਿੱਬੀ ਭਰਾਈਆਂ ਵਿਖੇ ਪਿੰਡ ਦੇ ਤੰਬਾਕੂ ਮੁਕਤ ਹੋਣ ਤੇ ਪਿੰਡ ਵਾਸੀਆਂ ਤੇ ਸਕੂਲੀ ਬੱਚਿਆਂ ਨੇ ਵੱਖਰੇ ਹੀ ਅੰਦਾਜ਼ 'ਚ ਖੁਸ਼ੀ ਅਤੇ ਮਾਣ ਦਾ ਪ੍ਰਗਟਾਵਾ ਢੋਲਕੀ ਤੇ ਛੈਣੇ ਵਜਾ ਕੇ ਬੜੇ ਜੋਸ਼ ਤੇ ਉਤਸ਼ਾਹ ਨਾਲ ਤੰਬਾਕੂ ਵਿਰੋਧੀ ਨਾਅਰੇ ਲਾਉਂਦਿਆਂ ਜਸ਼ਨ-ਏ-ਮਾਣ ਰੈਲੀ ਦੇ ਰੂਪ ਵਿੱਚ ਪਿੰਡ ਦਾ ਚੱਕਰ ਲਾ ਕੇ ਕੀਤਾ।

ਡਾ. ਪ੍ਰਭਦੀਪ ਨੇ ਦੱਸਿਆ ਕਿ ਕਿਹਾ ਜਾਂਦਾ ਹੈ ਕਿ ਨਸ਼ਿਆਂ ਦੀ ਦੁਨੀਆ ਦਾ ਐਂਟਰੀਗੇਟ ਤੰਬਾਕੂ ਹੈ, ਜਿਥੇ ਪੰਜਾਬ 'ਚ ਨਸ਼ਿਆਂ ਦਾ ਮਸਲਾ ਇਨ੍ਹੀਂ ਦਿਨੀਂ ਕੁਝ ਜ਼ਿਆਦਾ ਹੀ ਭਖਿਆ ਹੋਇਆ ਹੈ, ਆਉਣ ਵਾਲੀ ਪੀੜ੍ਹੀ ਨੂੰ ਬਚਾਉਣ ਲਈ ਪਿੰਡ ਵੱਲੋਂ ਇਹ ਇਕ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਕੀਤਾ ਗਿਆ ਹੈ।

ਪੀ.ਐਚ.ਸੀ ਜੰਡ ਸਾਹਿਬ ਨੇ ਪੰਜਾਬ ਤੰਬਾਕੂ ਮੁਕਤ ਮੁਹਿੰਮ ਵਿੱਚ ਅਹਿਮ ਯੋਗਦਾਨ ਪਾ ਕਿ ਸੂਬੇ ਭਰ 'ਚ ਮਿਸਾਲ ਕਾਇਮ ਕੀਤੀ ਹੈ। ਪਿਛਲੇ ਸਾਲਾਂ ਵਿੱਚ ਬਲਾਕ ਦੇ 35 ਪਿੰਡ ਤੰਬਾਕੂਨੋਸ਼ੀ ਮੁਕਤ ਘੋਸ਼ਿਤ ਹੋ ਚੁੱਕੇ ਹਨ। ਇਨ੍ਹਾਂ ਪਿੰਡਾਂ ਦੀਆਂ ਪੰਚਾਇਤਾਂ ਨੇ ਸਿਹਤ ਵਿਭਾਗ ਨੂੰ ਤੰਬਾਕੂ ਵਿਰੋਧੀ ਮਤਾ ਵੀ ਪਾਸ ਕਰਕੇ ਸੌਂਪਿਆ ਹੈ। ਇਨ੍ਹਾਂ ਪਿੰਡਾਂ ਨੂੰ 'ਜੀ ਆਇਆਂ ਨੂੰ ਤੰਬਾਕੂਨੋਸ਼ੀ ਰਹਿਤ ਪਿੰਡ ਵਿੱਚ ਆਪ ਜੀ ਦਾ ਸਵਾਗਤ ਹੈ' ਦੇ ਬੋਰਡ ਵੀ ਤਕਸੀਮ ਕੀਤੇ ਗਏ ਹਨ ਅਤੇ ਇਨ੍ਹਾਂ ਪਿੰਡਾਂ ਵਿੱਚ ਤੰਬਾਕੂ ਉਤਪਾਦਾਂ ਦੀ ਵੇਚ-ਖਰੀਦ ਵੀ ਮੁਕੰਮਲ ਤੌਰ 'ਤੇ ਬੰਦ ਕੀਤੀ ਗਈ ਹੈ। ਫਰੀਦਕੋਟ ਜ਼ਿਲ੍ਹੇ ਦੇ ਇਹ ਪਿੰਡ ਪੂਰੇ ਸੂਬੇ ਲਈ ਪ੍ਰੇਰਨਾ ਸਰੋਤ ਹਨ।

ਸਿਹਤ ਵਿਭਾਗ ਵੱਲੋਂ ਸਰਪੰਚ ਗੁਰਪ੍ਰੀਤ ਕੌਰ, ਕੋਆਰਡੀਨੇਟਰ ਪਰਮਜੀਤ ਸਿੰਘ ਅਤੇ ਪਿੰਡ ਵਾਸੀਆਂ ਨੂੰ ਪ੍ਰਮਾਣ-ਪੱਤਰ ਤੇ ਜਾਗਰੂਕਤਾ ਸਮੱਗਰੀ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ ਗਿਆ। ਅੰਤ ਵਿੱਚ ਸੈਕਟਰ ਦੇ ਮਲਟੀਪਰਪਜ਼ ਹੈਲਥ ਸੁਪਰਵਾਈਜ਼ਰ ਬਲਵਿੰਦਰ ਸਿੰਘ ਬਰਾੜ ਨੇ ਤੰਬਾਕੂ ਦੇ ਮਾੜੇ ਪ੍ਰਭਾਵਾਂ ਸਬੰਧੀ ਜਾਣਕਾਰੀ ਦਿੰਦਿਆਂ ਸਾਰਿਆਂ ਨੂੰ ਤੰਬਾਕੂ ਵਿਰੋਧੀ ਸਹੁੰ ਚੁਕਾਈ ਅਤੇ ਹੋਰ ਪਿੰਡਾਂ, ਦਫ਼ਤਰਾਂ, ਜਨਤਕ ਸਥਾਨਾਂ ਸੰਸਥਾਵਾਂ ਨੂੰ ਤੰਬਾਕੂ ਮੁਕਤ ਬਨਾਉਣ ਦੀ ਅਪੀਲ ਵੀ ਕੀਤੀ।

ਇਸ ਮੌਕੇ ਪਿੰਡ ਦੀ ਸਰਪੰਚ ਗੁਰਪ੍ਰੀਤ ਕੌਰ, ਪ੍ਰੋਗਰਾਮ ਕੋਆਰਡੀਨੇਟਰ ਪਰਮਜੀਤ ਸਿੰਘ, ਪੰਚ ਮਨਦੀਪ ਸਿੰਘ, ਪੰਚ ਜਸਵਿੰਦਰ ਸਿੰਘ, ਪੰਚ ਲਾਜਵੰਤੀ, ਨੰਬਰਦਾਰ ਵਿਜੈ ਕੁਮਾਰ, ਏ.ਐਨ.ਐਮ ਰਜੇਸ਼ ਰਾਣੀ, ਹੈਲਥ ਵਰਕਰ ਸੁਨੀਲ ਕੁਮਾਰ, ਆਂਗਣਵਾੜੀ ਵਰਕਰ ਸੁਖਜਿੰਦਰ ਕੌਰ, ਆਸ਼ਾ ਸੁਪਰਵਾਈਜ਼ਰ ਸਰਬਜੀਤ ਕੌਰ, ਆਸ਼ਾ ਸੁਪਰਵਾਈਜ਼ਰ ਸਿਮਰਜੀਤ ਕੌਰ, ਆਸ਼ਾ ਵਰਕਰਾਂ ਰੇਸ਼ਮਾ ਰਾਣੀ, ਜਸਵਿੰਦਰ ਕੌਰ, ਨਰਿੰਦਰਪਾਲ ਕੌਰ, ਆਂਗਣਵਾੜੀ ਹੈਲਪਰ ਚੰਮੇਲੀ ਕੌਰ, ਚੌਂਕੀਦਾਰ ਸਰਬਨ ਸਿੰਘ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਸਰਕਾਰਾਂ ਸਾਡਾ ਵਰਤਮਾਨ ਤੇ ਭਵਿੱਖ ਤਬਾਹ ਕਰਨ 'ਤੇ ਤੁਲੀਆਂ : ਦਬੁਰਜੀ

- ਘਲੋਟੀ 'ਚ ਸ੍ਰੀ ਗੁਰੂ ਰਵਿਦਾਸ ਫੈਡਰੇਸ਼ਨ ਦੀ ਭਰਵੀਂ ਇਕੱਤਰਤਾ
- ਸ੍ਰੀ ਗੁਰੂ ਰਵਿਦਾਸ ਮਹਾਰਾਜ ਦਾ ਸੂਬਾ ਪੱਧਰੀ ਪ੍ਰਕਾਸ਼ ਦਿਹਾੜਾ ਮਨਾਉਣ ਸਬੰਧੀ ਕੀਤੀਆਂ ਵਿਚਾਰਾਂ



ਸ੍ਰੀ ਗੁਰੂ ਰਵਿਦਾਸ ਫੈਡਰੇਸ਼ਨ ਪੰਜਾਬ ਸਰਕਲ ਰਾੜਾ ਸਾਹਿਬ ਦੇ ਨਵ-ਨਿਯੁਕਤ ਪ੍ਰਧਾਨ ਸ੍ਰ. ਦਲਜੀਤ ਸਿੰਘ ਜੀਰਖ ਦੀ ਅਗਵਾਈ ਵਿੱਚ ਹੋਈ ਮੀਟਿੰਗ ਦੌਰਾਨ ਆਗੂ।

**ਦੋਰਾਹਾ (ਹਰਮਿੰਦਰ ਸੇਠ)**-ਸ੍ਰੀ ਗੁਰੂ ਰਵਿਦਾਸ ਫੈਡਰੇਸ਼ਨ ਪੰਜਾਬ ਦੇ ਸਰਕਲ ਰਾੜਾ ਸਾਹਿਬ ਦੇ ਨਵ-ਨਿਯੁਕਤ ਪ੍ਰਧਾਨ ਸ੍ਰ. ਦਲਜੀਤ ਸਿੰਘ ਜੀਰਖ ਦੀ ਅਗਵਾਈ ਵਿੱਚ ਰਾੜਾ ਸਾਹਿਬ ਦੇ ਨੇੜਲੇ ਪਿੰਡ ਘਲੋਟੀ ਵਿਖੇ ਸ੍ਰੀ ਗੁਰੂ ਰਵਿਦਾਸ ਫੈਡਰੇਸ਼ਨ ਦੀ ਅਹਿਮ ਮੀਟਿੰਗ ਹੋਈ। ਇਸ ਮੌਕੇ ਯੂਥ ਤੇ ਲੇਬਰ ਵਿੰਗ ਦੇ ਸੂਬਾ ਪ੍ਰਧਾਨ ਸ੍ਰ. ਸਿਮਰਦੀਪ ਸਿੰਘ ਦਬੁਰਜੀ ਨੇ ਕਿਹਾ ਕਿ ਸਰਕਾਰਾਂ ਸਾਡਾ ਵਰਤਮਾਨ ਤੇ ਭਵਿੱਖ ਤਬਾਹ ਕਰਨ 'ਤੇ ਤੁਲੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਸੈਂਟਰ ਸਰਕਾਰ ਨੇ ਆਰ.ਟੀ.ਈ. ਐਕਟ ਲਿਆ ਕੇ ਸਾਡੇ ਸਮਾਜ ਦੀਆਂ ਤਿੰਨ ਪੀੜ੍ਹੀਆਂ ਖ਼ਤਮ ਕਰ ਦਿੱਤੀਆਂ, ਜਿਸ ਦਾ ਆਮ ਲੋਕਾਂ ਨੂੰ ਪਤਾ ਵੀ ਨਹੀਂ ਲੱਗਿਆ। ਸਰਕਾਰ ਨੇ ਸਭ ਲਈ ਸਿੱਖਿਆ ਦੇ ਨਾਂਅ 'ਤੇ ਸਾਡੇ ਨਾਲ ਧੋਖਾ ਕੀਤਾ ਹੈ। ਅੱਠਵੀਂ ਪਾਸ ਕਰਨ ਵਾਲਾ ਬਿਨਾਂ ਪੜ੍ਹਿਆ ਬੱਚਾ, ਨੌਵੀਂ ਵਿੱਚ ਦਾਖਲ ਹੋਣ ਵਾਲਾ ਬੱਚਾ ਸਭ ਤੋਂ ਕਮਜ਼ੋਰ ਵਿਦਿਆਰਥੀ ਸਾਬਿਤ ਹੋਇਆ ਹੈ। ਉਹ ਜੇਕਰ ਨੌਵੀਂ ਜਮਾਤ ਪਾਸ ਕਰ ਵੀ ਗਿਆ ਤਾਂ ਦਸਵੀਂ ਵਿੱਚੋਂ ਫੇਲ੍ਹ ਹੋ ਕੇ ਘਰ ਬੈਠ ਜਾਂਦਾ ਹੈ। ਇਹੋ ਕੁਝ ਸਰਕਾਰ ਤੇ ਕਾਰਪੋਰੇਟ ਘਰਾਣੇ ਚਾਹੁੰਦੇ ਸਨ। ਉਨ੍ਹਾਂ ਨੇ ਬੀਤੇ 10 ਸਾਲਾਂ 'ਚ ਬਹੁਤ ਵੱਡੀ ਤਾਦਾਦ ਵਿੱਚ ਲੇਬਰ ਵਰਗ ਪੈਦਾ ਕਰ ਲਿਆ। ਉਨਾ ਕਿਹਾ ਕਿ ਜੇ ਨਾ ਸੰਭਲੇ ਤਾਂ ਸਿੱਟੇ ਇਸ ਤੋਂ ਵੀ ਭਿਆਨਕ ਹੋਣਗੇ। ਨਾਲ ਹੀ ਉਨ੍ਹਾ ਕਿਹਾ ਕਿ ਸਾਨੂੰ ਨਿੱਕੀਆਂ ਮੋਟੀਆਂ ਰਿਆਇਤਾਂ ਤੋਂ ਉੱਪਰ ਉੱਠ ਕੇ ਰੁਜ਼ਗਾਰ, ਸਿਹਤ ਤੇ ਬਰਾਬਰ ਸਿੱਖਿਆ ਦੀ ਮੰਗ ਕਰਨੀ ਚਾਹੀਦੀ ਹੈ। ਉਨ੍ਹਾ ਸਾਰੇ ਕਿਰਤੀ ਵੀਰਾਂ ਦੀ ਹਰ ਮੁਸ਼ਕਲ ਵਿੱਚ ਉਨ੍ਹਾਂ ਦਾ ਸਾਥ ਦੇਣ ਦਾ ਪ੍ਰਣ ਵੀ ਲਿਆ। ਲੁਧਿਆਣਾ ਦਿਹਾਤੀ ਦੇ ਮੀਤ ਪ੍ਰਧਾਨ ਰਛਪਾਲ ਸਿੰਘ ਤੇ ਬਲਾਕ ਮਲੌਦ ਦੇ ਪ੍ਰਧਾਨ ਹਰਟਹਿਲ ਸਿੰਘ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਸਰਕਾਰ ਕੋਈ ਵੀ ਹੋਵੇ, ਸਾਨੂੰ ਬਿਨਾਂ ਸੰਘਰਸ਼ ਕੀਤੇ ਕਿਸੇ ਕਿਸਮ ਦੀ ਪ੍ਰਾਪਤੀ ਨਹੀਂ ਹੋਵੇਗੀ। ਸਰਕਾਰਾਂ ਦਿਨੋਂ ਦਿਨ ਸਾਡੇ ਹੱਕਾਂ ਦਾ ਘਾਣ ਕਰ ਰਹੀਆਂ ਹਨ। ਸਮਾਜਿਕ ਏਕਾ ਹੀ ਸਾਡੇ ਮਸਲਿਆਂ ਦਾ ਇੱਕੋ ਇੱਕ ਹੱਲ ਹੈ। ਅੰਤ ਵਿੱਚ ਸਰਕਲ ਰਾੜਾ ਸਾਹਿਬ ਦੇ ਪ੍ਰਧਾਨ ਦਲਜੀਤ ਸਿੰਘ ਜੀਰਖ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ ਸੂਬਾ ਪੱਧਰੀ ਪ੍ਰਕਾਸ਼ ਦਿਹਾੜਾ, ਜੋ ਕਿ ਮਲੌਦ ਦਾਣਾ ਮੰਡੀ ਵਿੱਚ ਫਰਵਰੀ 2023 ਦੇ ਆਖਰੀ ਹਫ਼ਤੇ ਮਨਾਇਆ ਜਾਣਾ ਹੈ, ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ। ਉਨ੍ਹਾਂ ਸਮੂਹ ਨਗਰ ਦਾ ਫੈਡਰੇਸ਼ਨ ਨੂੰ ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਇਸ ਮੀਟਿੰਗ 'ਚ ਉਪਰੋਕਤ ਬੁਲਾਰਿਆਂ ਤੋਂ ਇਲਾਵਾ ਰਾਮ ਸਿੰਘ ਭੀਖੀ ਜਨਰਲ ਸਕੱਤਰ ਲੁਧਿਆਣਾ ਦਿਹਾਤੀ, ਗੁਰਪ੍ਰੀਤ ਸਿੰਘ ਗੁਰੀ, ਪਰਮਜੀਤ ਸਿੰਘ, ਜਗਜੀਤ ਸਿੰਘ, ਗੁਰਕੀਰਤ ਸਿੰਘ, ਹਰਦੀਪ ਸਿੰਘ, ਇੰਦਰਜੀਤ ਸਿੰਘ, ਲਾਭ ਸਿੰਘ ਆਦਿ ਹਾਜ਼ਰ ਸਨ।

# ਖੇਤਰੀ ਯੁਵਕ ਤੇ ਲੋਕ ਮੇਲਾ ਅਮਿੱਟ ਪੈੜਾਂ ਛੱਡਦਾ ਹੋਇਆ ਸਮਾਪਤ



**ਸੰਗਰੂਰ (ਪ੍ਰਵੀਨ ਸਿੰਘ)**-ਸਰਕਾਰੀ ਰਣਬੀਰ ਕਾਲਜ ਸੰਗਰੂਰ ਵਿਖੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸੰਗਰੂਰ ਜ਼ੋਨ ਦਾ ਕਰਵਾਇਆ ਜਾ ਰਿਹਾ ਚਾਰ ਰੋਜ਼ਾ ਯੁਵਕ ਮੇਲਾ ਅਮਿੱਟ ਪੈੜਾਂ ਛੱਡਦਾ ਹੋਇਆ ਸਮਾਪਤ ਹੋ ਗਿਆ। ਯੁਵਕ ਮੇਲੇ ਦੇ ਅਖੀਰਲੇ ਦਿਨ ਸ੍ਰੀਮਤੀ ਮਨਪ੍ਰੀਤ ਕੌਰ ਮਾਨ ਮੁੱਖ ਮਹਿਮਾਨ ਵਜੋਂ ਪਹੁੰਚੇ। ਮੈਡਮ ਨਰਿੰਦਰ ਕੌਰ ਭਰਾਜ ਐੱਮ. ਐੱਲ. ਏ. ਸੰਗਰੂਰ ਤੇ ਜਸਬੀਰ ਸਿੰਘ ਜੱਸੀ ਸੇਖੋਂ 'ਸਪੋਕਸਮੈਨ ਆਪ' ਨੇ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਵੱਲੋਂ ਆਪਣੇ ਭਾਸ਼ਣ ਦੌਰਾਨ ਕਿਹਾ ਗਿਆ ਕਿ ਯੁਵਕ ਮੇਲੇ ਜਿੱਥੇ ਨੌਜਵਾਨਾਂ ਦੇ ਮਨਾਂ ਨੂੰ ਤਰੋ ਤਾਜ਼ਾ ਕਰਦੇ ਹਨ, ਉਥੇ ਵਿਦਿਆਰਥੀਆਂ ਅੰਦਰ ਛੁਪੇ ਹੁਨਰ ਨੂੰ ਵੀ ਵਿਕਸਤ ਕਰਦੇ ਹਨ। ਇਸ ਤੋਂ ਇਲਾਵਾ ਜਸਵੀਰ ਕੌਰ ਸ਼ੇਰਗਿੱਲ, ਜੁਆਇੰਟ ਸਕੱਤਰ, ਆਮ ਆਦਮੀ ਪਾਰਟੀ ਤੇ ਉੱਘੇ ਕਾਰੋਬਾਰੀ ਸ੍ਰੀ ਦੀਪਕ ਜਿੰਦਲ ਨੇ ਵੀ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ। ਕਾਲਜ ਪ੍ਰਿੰਸੀਪਲ ਪ੍ਰੋਫੈਸਰ ਸੁਖਬੀਰ ਸਿੰਘ ਵੱਲੋਂ ਯੁਵਕ ਮੇਲੇ ਦੇ ਅਖੀਰਲੇ ਦਿਨ ਪਹੁੰਚੇ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ ਤੇ ਹੋਰ ਪਤਵੰਤਿਆਂ ਸੱਜਣਾਂ ਨੂੰ ਜੀ ਆਇਆਂ ਆਖਿਆ। ਯੁਵਕ ਮੇਲੇ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਵਿੱਚ ਸਮੂਹ ਸਟਾਫ ਵੱਲੋਂ ਦਿੱਤੇ ਸਹਿਯੋਗ ਦਾ ਦਿਲੋਂ ਧੰਨਵਾਦ ਵੀ ਕੀਤਾ। ਯੁਵਕ ਮੇਲੇ ਦਾ ਚੌਥਾ ਤੇ ਅਖੀਰਲਾ ਦਿਨ ਗਿੱਧਾ, ਰਵਾਇਤੀ ਲੋਕ ਗੀਤ, ਕਲੀ ਗਾਇਣ, ਵਾਰ ਗਾਇਨ, ਕਵੀਸਰੀ, ਕਲਾਸੀਕਲ ਡਾਂਸ ਆਦਿ ਦੇ ਨਾਮ ਰਿਹਾ । ਇਸ ਮੌਕੇ ਕਾਲਜ ਦੇ ਯੂਥ ਕੋਆਰਡੀਨੇਟਰ ਡਾ. ਹਰਦੀਪ ਸਿੰਘ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਮੇਲੇ ਦੇ ਤੀਸਰੇ ਦਿਨ ਹੋਏ ਵੱਖ-ਵੱਖ ਮੁਕਾਬਲਿਆਂ ਵਿੱਚ ਸਰਕਾਰੀ ਰਣਬੀਰ ਕਾਲਜ, ਸੰਗਰੂਰ ਦੇ ਵਿਦਿਆਰਥੀਆਂ ਨੇ ਇਕਾਂਗੀ ਨਾਟਕ ਤੇ ਲੋਕ ਸਾਜ ਵਿੱਚ ਪਹਿਲਾ ਸਥਾਨ, ਮਿਮਿਕਰੀ ਤੇ ਫੋਕ ਆਰਕੈਸਟਰਾ ਵਿੱਚ ਦੂਸਰਾ ਸਥਾਨ ਅਤੇ ਵਾਦ-ਵਿਵਾਦ ਵਿੱਚ ਤੀਸਰਾ ਸਥਾਨ ਹਾਸਲ ਕੀਤਾ। ਕਾਲਜ ਨੇ ਯੁਵਕ ਮੇਲੇ ਦੀ ਓਵਰਆਲ ਟਰਾਫੀ 'ਤੇ ਕਬਜ਼ਾ ਕੀਤਾ। ਇਸ ਟਰਾਫੀ ਨੂੰ ਪ੍ਰਾਪਤ ਕਰਨ 'ਤੇ ਪ੍ਰਿੰਸੀਪਲ ਸੁਖਬੀਰ ਸਿੰਘ ਨੇ ਯੂਥ ਕੋਆਰਡੀਨੇਟਰ, ਟੀਮ ਇੰਚਾਰਜਾਂ ਤੇ ਵਿਦਿਆਰਥੀਆਂ ਨੂੰ ਵਧਾਈ ਵੀ ਦਿੱਤੀ।

# ਪਰਾਲੀ ਦੇ ਸੁੱਚਜੇ ਪ੍ਰਬੰਧਨ ਲਈ ਕਿਸਾਨਾਂ ਨੂੰ ਵਹਾਈ ਵਾਸਤੇ ਮੁਫਤ ਮੁਹੱਈਆ ਕਰਵਾਈ ਮਸ਼ੀਨਰੀ

**ਜਲੰਧਰ (ਸ਼ੈਲੀ ਐਲਬਰਟ)**

ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਛੋਟੇ ਅਤੇ ਦਰਮਿਆਨੇ ਕਿਸਾਨਾਂ ਨੂੰ ਵਹਾਈ ਲਈ ਮੁਫਤ ਮਸ਼ੀਨਰੀ ਮੁਹੱਈਆ ਕਰਵਾਉਣ ਦੀ ਲੜੀ ਤਹਿਤ ਵਿਧਾਇਕ ਰਮਨ ਅਰੋੜਾ ਅਤੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਵਰਿੰਦਰਪਾਲ ਸਿੰਘ ਬਾਜਵਾ ਦੀ ਅਗਵਾਈ ਵਿੱਚ ਸਥਾਨਕ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੇ ਦਫਤਰ ਤੋਂ ਬਲਾਕ ਜਲੰਧਰ ਪੂਰਬੀ ਤੇ ਪੱਛਮੀ ਦੇ ਕਿਸਾਨਾਂ ਨੂੰ ਮਸ਼ੀਨਾਂ ਦਿੱਤੀਆਂ ਗਈਆਂ। ਮਸ਼ੀਨਾਂ ਨੂੰ ਰਵਾਨਾ ਕਰਨ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਰਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ। ਜਿਥੇ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਵਿਆਪਕ ਜਾਗਰੂਕਤਾ ਲਹਿਰ ਚਲਾਈ ਜਾ ਰਹੀ ਹੈ ਉਥੇ ਸਬਸਿਡੀ 'ਤੇ ਮਸ਼ੀਨਰੀ ਵੀ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਜਾਗਰੂਕਤਾ ਮੁਹਿੰਮ ਨੂੰ ਕਿਸਾਨਾਂ ਵੱਲੋਂ ਹਾਂ-ਪੱਖੀ ਹੁੰਗਾਰਾ ਦਿੱਤਾ ਜਾ ਰਿਹਾ ਹੈ। ਵਿਧਾਇਕ ਨੇ ਕਿਸਾਨਾਂ ਨੂੰ ਵਾਤਾਵਰਣ ਦੀ ਸਵੱਛਤਾ ਲਈ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਦੇ ਰੁਝਾਨ ਨੂੰ ਛੱਡ ਕੇ ਇਸ ਦਾ ਸੁਚੱਜਾ ਪ੍ਰਬੰਧਨ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਲਾਉਣਾ ਕਿਸੇ ਪੱਖੋਂ ਵੀ ਫਾਇਦੇਮੰਦ ਨਹੀਂ ਹੈ। ਇਸ ਨਾਲ ਸਿਰਫ ਨੁਕਸਾਨ ਹੀ ਹੁੰਦਾ ਹੈ। ਉਨ੍ਹਾਂ ਕਿਹਾ ਕਿ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਅਸੀਂ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ-ਸੁਥਰੇ ਤੇ ਪ੍ਰਦੂਸ਼ਣ ਮੁਕਤ ਵਾਤਾਵਰਣ ਨੂੰ ਬਰਕਰਾਰ ਰੱਖੀਏ, ਜਿਸ ਲਈ ਇਸ ਮਾੜੇ ਰੁਝਾਨ ਨੂੰ ਛੱਡਣਾ ਬੇਹੱਦ ਜ਼ਰੂਰੀ ਹੈ। ਵਧੀਕ ਡਿਪਟੀ ਕਮਿਸ਼ਨਰ ਵਰਿੰਦਰਪਾਲ ਸਿੰਘ ਬਾਜਵਾ ਨੇ ਦੱਸਿਆ ਕਿ ਜ਼ਿਲ੍ਹੇ ਦੇ 10 ਬਲਾਕਾਂ ਦੇ ਛੋਟੇ ਤੇ ਦਰਮਿਆਨੇ ਕਿਸਾਨ, ਜੋ ਮਸ਼ੀਨਾਂ ਦੀ ਖਰੀਦ ਨਹੀਂ ਕਰ ਸਕਦੇ, ਉਨ੍ਹਾਂ ਨੂੰ ਮੁਹੱਈਆ ਕਰਵਾਉਣ ਖਾਤਰ ਕੁੱਲ 50 ਲੱਖ ਰੁਪਏ ਦੀ ਮਸ਼ੀਨਰੀ ਦੀ ਖਰੀਦ ਕੀਤੀ ਗਈ ਹੈ ਅਤੇ ਹਰੇਕ ਬਲਾਕ ਵਿੱਚ ਅਜਿਹੇ ਕਿਸਾਨਾਂ ਲਈ 5-5 ਲੱਖ ਰੁਪਏ ਦੀ ਮਸ਼ੀਨਰੀ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਕਿਸਾਨ ਬਲਾਕ ਪੱਧਰ 'ਤੇ ਸਥਾਪਤ ਖੇਤੀ ਮਸ਼ੀਨਰੀ ਸੇਵਾ ਕੇਂਦਰਾਂ ਰਾਹੀਂ ਇਹ ਮਸ਼ੀਨਾਂ ਮੁਫਤ ਵਿੱਚ ਵਹਾਈ ਲਈ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮਸ਼ੀਨਾਂ ਵਿੱਚ ਸੁਪਰ ਸੀਡਰ, ਸਮਾਰਟ ਸੀਡਰ, ਮਲਚਰ, ਆਰ.ਐਮ.ਪੀ. ਪਲਾਓ, ਅਤੇ ਜ਼ੀਰੋ ਡਰਿੱਲ ਸ਼ਾਮਲ ਹਨ। ਮੁੱਖ ਖੇਤੀਬਾੜੀ ਅਫਸਰ ਡਾ. ਜਸਵੰਤ ਰਾਏ ਨੇ ਦੱਸਿਆ ਕਿ ਸਬੰਧਤ ਬਲਾਕ ਖੇਤੀਬਾੜੀ ਅਫਸਰ ਨਾਲ ਸੰਪਰਕ ਕਰਕੇ ਕਿਸਾਨ ਇਹ ਮਸ਼ੀਨਾਂ ਪ੍ਰਾਪਤ ਕਰ ਸਕਦੇ ਹਨ। ਇਸ ਤੋਂ ਇਲਾਵਾ ਮਸ਼ੀਨਾਂ ਕਿਰਾਏ 'ਤੇ ਲੈਣ ਲਈ ਕਿਸਾਨ ਆਈ-ਖੇਤ ਐਪ ਦੀ ਵਰਤੋਂ ਕਰ ਸਕਦੇ ਹਨ, ਜਿਸ 'ਤੇ ਜ਼ਿਲ੍ਹੇ ਵਿੱਚ ਉਪਲਬਧ ਮਸ਼ੀਨਾਂ ਬਾਰੇ ਪੂਰੇ ਵੇਰਵਿਆਂ ਸਹਿਤ ਜਾਣਕਾਰੀ ਮੁਹੱਈਆ ਕਰਵਾਈ ਗਈ ਹੈ। ਇਸ ਮੌਕੇ ਪਿੰਡ ਰੰਧਾਵਾਂ ਮੱਸਦਾ ਦੇ ਕਿਸਾਨ ਰਛਪਾਲ ਸਿੰਘ, ਪਿੰਡ ਸੰਧਰਾ ਦੇ ਕਿਸਾਨ ਹਰਦਿਆਲ ਸਿੰਘ, ਪਿੰਡ ਦਿਵਾਲੀ ਦੇ ਕਿਸਾਨ ਸੁਖਵਿੰਦਰ ਸਿੰਘ ਵੱਲੋਂ ਮਸ਼ੀਨਾਂ ਪ੍ਰਾਪਤ ਕੀਤੀਆਂ ਗਈਆਂ। ਇਸ ਮੌਕੇ ਇੰਜ ਨਵਦੀਪ ਸਿੰਘ, ਡਾ. ਹਰਪ੍ਰੀਤ ਸਿੰਘ, ਡਾ. ਪ੍ਰਵੀਨ ਕੁਮਾਰੀ, ਡਾ. ਤੇਜਵੀਰ ਸਿੰਘ, ਡਾ. ਮਨਦੀਪ ਸਿੰਘ ਆਦਿ ਮੌਜੂਦ ਸਨ।



# ਕੈਬਨਿਟ ਮੰਤਰੀ ਵੱਲੋਂ ਲੋਕ ਨਿਰਮਾਣ ਵਿਭਾਗ ਦੇ ਦਫਤਰ 'ਤੇ ਛਾਪਾ

**ਰੋਪੜ( ਬਿੰਦਰਾ)**- ਲੋਕ ਨਿਰਮਾਣ ਤੇ ਊਰਜਾ ਮੰਤਰੀ ਹਰਭਜਨ ਸਿੰਘ ਈਟੀਓ ਵਲੋਂ ਲੋਕ ਨਿਰਮਾਣ ਵਿਭਾਗ ਦੇ ਦਫਤਰ ਤੇ ਅਚਾਨਕ ਛਾਪਾ ਮਾਰਿਆ ਗਿਆ। ਮੰਤਰੀ ਸਵੇਰੇ 9ਵਜੇ ਦਫਤਰ ਪੁਜ ਗਏ। ਉਹਨਾਂ ਮੁਖ ਗੇਟ ਬੰਦ ਕਰਵਾ ਦਿੱਤਾ ਅਤੇ ਹਾਜਰੀ ਰਜਿਸਟਰ ਕਬਜੇ ਵਿੱਚ ਲੈਣ ਲਿਆ। ਉਹਨਾਂ ਨੇ ਲੇਟ ਆਉਣ ਵਾਲੇ ਮੁਲਾਜਮਾਂ ਨੂੰ ਕਾਰਨ ਪੁੱਛਿਆ। ਉਹਨਾਂ ਕਿਹਾ ਕਿ ਸਮੇਂ ਸਿਰ ਦਫਤਰ ਨਾ ਆਉਣ ਵਾਲੇ ਮੁਲਾਜਮਾਂ ਵਿਰੁੱਧ ਕਾਰਵਾਈ ਕੀਤੀ ਜਾਵੇਗੀ। ਇਸ ਉਪਰੰਤ ਉਨ੍ਹਾਂ ਨੇ ਡਿਪਟੀ ਕਮਿਸਨਰ ਰੂਪਨਗਰ ਡਾ ਪ੍ਰੀਤੀ ਯਾਦਵ ਅਤੇ ਸਹਿਰ ਦੇ ਪਤਵੰਤਿਆਂ ਨਾਲ ਮੁਲਾਕਾਤ ਕੀਤੀ। ਬਿਜਲੀ ਦਾ ਬਿੱਲ ਅਦਾ ਨਾ ਕਰਨ ਕਾਰਨ ਬਾਈਪਾਸ ਦੀਆਂ ਟਰੈਫਿਕ ਲਾਈਟਾਂ ਬੰਦ ਹੋਣਾ ਉਨ੍ਹਾਂ ਦੇ ਨੋਟਿਸ ਵਿੱਚ ਲਿਆਇਆ ਗਿਆ , ਸਰਹਿੰਦ ਨਹਿਰ ਦੇ ਰੁਕੇ ਕਮ ਨੂੰ ਚਾਲੂ ਕਰਵਾਉਣ ਬਾਰੇ ਵੀ ਕਿਹਾ ਗਿਆ। ਮੰਤਰੀ ਨੇ ਭਰੋਸਾ ਦਿੱਤਾ ਕਿ ਪੁਲ ਦਾ ਮਾਰਚ ਤਕ ਮੁਕਮਲ ਹੋ ਜਾਵੇਗਾ। ਹਲਕਾ ਵਿਧਾਇਕ ਦਿਨੇਸ ਚੱਢਾ ਨੇ ਵੀ ਉਹਨਾਂ ਨਾਲ ਮੁਲਾਕਾਤ ਕੀਤੀ।

# ਰਾਸਾ ਵੱਲੋਂ ਸਕੂਲ ਬੱਸਾਂ ਟੈਕਸ ਮੁਕਤ ਕਰਨ ਲਈ ਟਰਾਂਸਪੋਰਟ ਮੰਤਰੀ ਨੂੰ ਮੰਗ ਪੱਤਰ

**ਮੁਹਾਲੀ (ਗੁਰਜੀਤ ਬਿੱਲਾ)**

ਰੈਕੋਗਨਾਈਜ਼ਡ ਅਤੇ ਐਫੀਲੀਏਟਿਡ ਸਕੂਲਜ਼ ਐਸੋਸੀਏਸ਼ਨ ਪੰਜਾਬ ਰਾਸਾ ਦੇ ਵਫ਼ਦ ਵੱਲੋਂ ਸਕੂਲ ਟਰਾਂਸਪੋਰਟ ਨੂੰ ਆ ਰਹੀਆਂ ਸਮੱਸਿਆਵਾਂ ਦੇ ਹੱਲ ਲਈ ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਮੰਗ ਪੱਤਰ ਦਿੱਤਾ। ਪਿਛਲੇ ਲੰਮੇ ਸਮੇਂ ਤੋਂ ਟਰਾਂਸਪੋਰਟ ਵਿਭਾਗ ਕੋਲ ਲਟਕਦੀਆਂ ਆ ਰਹੀਆਂ ਮੰਗਾਂ ਸਬੰਧੀ ਪੰਜਾਬ ਰਾਸਾ ਦੇ ਚੇਅਰਮੈਨ ਪ੍ਰਿੰ:ਗੁਰਦੀਪ ਸਿੰਘ ਰੰਧਾਵਾ,ਪ੍ਰਧਾਨ ਜਗਤਪਾਲ ਮਹਾਜਨ,ਜਨਰਲ ਸਕੱਤਰ ਸੁਜੀਤ ਸ਼ਰਮਾ ਬੱਬਲੂ,ਸੀ:ਮੀਤ ਪ੍ਰਧਾਨ ਸਕੱਤਰ ਸਿੰਘ ਸੰਧੂ ਦੀ ਅਗਵਾਈ ਵਿੱਚ ਟਰਾਂਸਪੋਰਟ ਮੰਤਰੀ ਨੂੰ ਸੌਂਪੇ ਮੰਗ ਪੱਤਰ ਵਿੱਚ ਰਾਸਾ ਨੇ ਮੰਗ ਕੀਤੀ ਕਿ ਸਕੂਲ ਬੱਸਾਂ ਦੇ ਚੱਲਣ ਦੀ ਮਿਆਦ ਕਮਰਸ਼ੀਅਲ ਵਹੀਕਲ ਵਾਂਗ 15 ਸਾਲ ਹੈ ਜਿਸ ਨੂੰ ਵਧਾ ਕੇ 25 ਸਾਲ ਕੀਤੀ ਜਾਵੇ। ਕਿਉਂਕਿ ਸਕੂਲ ਬੱਸਾਂ ਇੱਕ ਦਿਨ ਵਿੱਚ ਵੱਧ ਤੋਂ ਵੱਧ 50 ਕਿਲੋਮੀਟਰ ਚਲਦੀਆਂ ਹਨ ਜਦੋਂ ਕਿ ਕਮਰਸ਼ੀਅਲ ਵਹੀਕਲਾਂ 500 ਤੋਂ 1000 ਕਿਲੋਮੀਟਰ ਪ੍ਰਤੀ ਚਲਦੀਆਂ ਹਨ। ਉਹਨਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਸਕੂਲੀ ਵਾਹਨਾਂ ਨੂੰ ਗਵਾਂਢੀ ਰਾਜਾਂ ਹਰਿਆਣਾ, ਹਿਮਾਚਲ, ਰਾਜਸਥਾਨ ਅਤੇ ਜੰਮੂ ਕਸ਼ਮੀਰ ਦੀ ਤਰਜ਼ 'ਤੇ ਟੈਕਸ ਮੁਕਤ ਕਰੇ ਕਿਉਂਕਿ ਸਕੂਲਾਂ ਵਿੱਚ ਚਲ ਰਹੀਆਂ ਬੱਸਾਂ ਬੱਚਿਆਂ ਦੀ ਸਹੂਲਤ ਲਈ ਹਨ,ਇਹਨਾਂ ਦਾ ਕੋਈ ਵਪਾਰਕ ਮਕਸਦ ਨਹੀਂ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਮਨਪ੍ਰੀਤ ਸਿੰਘ ਗਿੱਲ ਪ੍ਰਧਾਨ ਰਾਸਾ ਤਰਨਤਾਰਨ, ਜਗਜੀਤ ਸਿੰਘ ਚੀਫ਼ ਅਡਵਾਈਜ਼ਰ,ਸੁਖਜਿੰਦਰ ਸਿੰਘ ਗਿੱਲ ਸਾਬਕਾ ਪ੍ਰਧਾਨ, ਚਰਨਜੀਤ ਸਿੰਘ ਪਾਰੋਵਾਲ ਮੀਤ ਪ੍ਰਧਾਨ, ਇੰਦਰਜੀਤ ਸਿੰਘ ਸੰਧੂ ਜਨਰਲ ਸਕੱਤਰ ਤਰਨਤਾਰਨ, ਨਵਜੋਤ ਸਿੰਘ ਭੰਗੂ, ਅਮਰਬੀਰ ਸਿੰਘ ਕੰਗ, ਨਰਪਿੰਦਰ ਸਿੰਘ, ਅਮਰਜੀਤ ਸਿੰਘ,ਰਜਿੰਦਰ ਸਿੰਘ ਰੰਧਾਵਾ,ਪ੍ਰਗਟ ਸਿੰਘ,ਸਤੀਸ਼ ਕੁਮਾਰ ਜੀ,ਪਰਮਜੀਤ ਸਿੰਘ ਸੋਹਲ, ਅਮਨਦੀਪ ਸਿੰਘ ਕੰਗ ਆਦਿ ਵੀ ਹਾਜ਼ਰ ਸਨ।




# ਨਸ਼ੇ ਦੀ ਸਪਲਾਈ ਕਰਨ ਵਾਲਾ ਨੌਜਵਾਨ ਦੋ ਚੋਰੀਸ਼ੁਦਾ ਮੋਟਰਸਾਈਕਲਾਂ ਸਮੇਤ ਗ੍ਰਿਫਤਾਰ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**

ਜ਼ਿਲ੍ਹਾ ਪੁਲਿਸ ਮੁਖੀ ਸਰਤਾਜ ਸਿੰਘ ਚਾਹਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਟਾਂਡਾ ਪੁਲਿਸ ਵੱਲੋਂ ਨਸ਼ਾ ਸਪਲਾਈ ਕਰਨ ਵਾਲੇ ਇਕ ਨੌਜਵਾਨ ਨੂੰ ਗ੍ਰਿਫਤਾਰ ਕਰਦਿਆਂ ਉਸ ਕੋਲੋਂ ਨਸ਼ੀਲਾ ਪਦਾਰਥ ਅਤੇ 2 ਚੋਰੀਸ਼ੁਦਾ ਮੋਟਰਸਾਈਕਲ ਬਰਾਮਦ ਕੀਤੇ ਗਏ ਹਨ । ਇਸ ਸੰਬੰਧੀ ਜਾਣਕਾਰੀ ਦਿੰਦਿਆਂ ਥਾਣਾ ਮੁਖੀ ਟਾਂਡਾ ਐਸ ਆਈ ਮਲਕੀਅਤ ਸਿੰਘ ਨੇ ਦੱਸਿਆ ਕਿ ਡੀ ਐਸ ਪੀ ਟਾਂਡਾ ਕੁਲਵੰਤ ਸਿੰਘ ਦੀ ਅਗਵਾਈ ਵਿੱਚ ਸਰਕਾਰੀ ਹਸਪਤਾਲ ਚੌਕ ਵਿੱਚ ਨਜ਼ਦੀਕ ਏ.ਐਸ.ਆਈ ਦਲਜੀਤ ਸਿੰਘ ਦੀ ਪੁਲਿਸ ਪਾਰਟੀ ਵੱਲੋਂ ਲਗਾਏ ਗਏ ਨਾਕੇ ਦੌਰਾਨ ਪੁਲਿਸ ਦੀ ਗ੍ਰਿਫਤ ਵਿਚ ਆਏ ਨੌਜਵਾਨ ਦੀ ਪਹਿਚਾਣ ਲਖਵਿੰਦਰ ਸਿੰਘ ਪੁੱਤਰ ਪੁੱਤਰ ਬਲਕਾਰ ਸਿੰਘ ਵਾਸੀ ਭੱਟੀਆਂ ਭੋਗਪੁਰ ਵਜੋਂ ਹੋਈ ਅਤੇ ਉਸ ਕੋਲੋਂ ਟਾਂਡਾ ਪੁਲਿਸ ਨੇ 510 ਗ੍ਰਾਮ ਨਸ਼ੀਲਾ ਪਾਊਡਰ ਅਤੇ 2 ਚੋਰੀਸ਼ੁਦਾ ਮੋਟਰਸਾਈਕਲ ਬਰਾਮਦ ਕੀਤੇ ਹਨ। ਐੱਸ.ਐੱਚ.ਓ ਮਲਕੀਤ ਸਿੰਘ ਨੇ ਹੋਰ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਟਾਂਡਾ ਪੁਲਸ ਨੇ ਪਹਿਲਾਂ ਹੀ ਚੋਰੀ ਦੀ ਧਾਰਾ ਅਧੀਨ ਮਾਮਲਾ ਦਰਜ ਕੀਤਾ ਸੀ ਅਤੇ ਹੁਣ ਇਸ ਵਿੱਚ ਵਾਧਾ ਕਰਦੇ ਹੋਏ ਐੱਨ.ਡੀ.ਪੀ.ਐੱਸ ਐਕਟ ਅਧੀਨ ਮਾਮਲਾ ਦਰਜ ਕਰ ਲਿਆ ਗਿਆ ਹੈ।

# ਖਰੀਦ 'ਚ ਕੋਈ ਵੀ ਬੇਨਿਯਮੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਕਟਾਰੂ ਚੱਕ

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਸੂਬਾ ਸਰਕਾਰ ਵੱਲੋਂ ਚਲਦੇ ਸੀਜ਼ਨ ਦੌਰਾਨ ਝੋਨੇ ਦੀ ਸਰਕਾਰੀ ਖਰੀਦ ਵਿੱਚ ਕੋਈ ਵੀ ਬੇਨਿਯਮੀ ਨੂੰ ਸਹਿਣ ਨਾ ਕਰਨ ਦੀ ਨੀਤੀ ਉੱਤੇ ਪੁਰਜ਼ੋਰ ਢੰਗ ਨਾਲ ਪਹਿਰਾ ਦਿੱਤਾ ਜਾ ਰਿਹਾ ਹੈ ਅਤੇ ਬੇਨਿਯਮੀਆਂ ਕਰਨ ਵਾਲਿਆਂ ਖਿਲਾਫ਼ ਮਿਸਾਲੀ ਕਾਰਵਾਈ ਕੀਤੀ ਜਾ ਰਹੀ ਹੈ ਕਿਉਂਜੋ ਇਕ ਪਾਰਦਰਸ਼ੀ ਅਤੇ ਸਾਫ਼-ਸੁਥਰਾ ਪ੍ਰਸ਼ਾਸਨ ਲੋਕਾਂ ਨੂੰ ਮੁਹੱਈਆ ਕਰਵਾਉਣ ਦਾ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਅਹਿਦ ਕੀਤਾ ਹੈ।ਇਹ ਜਾਣਕਾਰੀ ਦਿੰਦੇ ਹੋਏ ਸੂਬੇ ਦੇ ਖੁਰਾਕ, ਸਿਵਲ ਸਪਲਾਈ ਅਤੇ ਖ਼ਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਇਸੇ ਸਿਲਸਿਲੇ ਤਹਿਤ ਮੈਸਰਜ਼ ਭਾਈ ਲਹਿਣਾ ਜੀ ਰਾਈਸ ਮਿੱਲਜ਼, ਬਰੀਵਾਲਾ ਦੀ ਝੋਨੇ ਦੀ ਅਲਾਟਮੈਂਟ ਰੱਦ ਕਰਦੇ ਹੋਏ ਮਿੱਲ ਨੂੰ 3 ਸਾਲ ਲਈ ਬਲੈਕ ਲਿਸਟ ਕੀਤਾ ਗਿਆ ਹੈ। ਉਹਨਾਂ ਅੱਗੇ ਜਾਣਕਾਰੀ ਦਿੱਤੀ ਕਿ ਵਿਭਾਗ ਦੀ ਸੀ.ਵੀ.ਸੀ. ਟੀਮ ਨੇ ਉਪਰੋਕਤ ਮਿੱਲ ਦੇ ਝੋਨੇ ਦੇ ਸਟਾਕ ਦੀ ਪੜਤਾਲ ਕੀਤੀ ਅਤੇ ਪਾਇਆ ਕਿ ਮਿੱਲ ਵਿੱਚ 8000 ਬੋਰੀਆਂ (3000 ਕੁਇੰਟਲ) ਝੋਨਾ ਵੱਧ ਹੈ, ਜਿਸ ਦੀ ਸਰਕਾਰੀ ਕੀਮਤ 75 ਲੱਖ ਰੁਪਏ ਬਣਦੀ ਹੈ। ਉਹਨਾਂ ਇਹ ਵੀ ਕਿਹਾ ਕਿ ਅਜਿਹੀ ਜਮ੍ਹਾਂਖੋਰੀ ਹਰਗਿਜ਼ ਵੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਕਿਉਂਜੋ ਇਸ ਨਾਲ ਸਿੱਧਾ ਪ੍ਰਭਾਵ ਸੂਬੇ ਦੀ ਕਿਸਾਨੀ ਉੱਤੇ ਪੈਂਦਾ ਹੈ। ਵਿਭਾਗ ਦੇ ਪ੍ਰਮੁੱਖ ਸਕੱਤਰ ਰਾਹੁਲ ਭੰਡਾਰੀ ਨੇ ਵਧੇਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਿਤੀ 29-10-2022 ਨੂੰ ਵਿਭਾਗ ਦੀ ਵਿਜੀਲੈਂਸ ਟੀਮ ਵਲੋਂ ਮਾਰਕਫੈੱਡ ਏਜੰਸੀ ਨੂੰ ਅਲਾਟ ਉਕਤ ਮਿਲ ਦੀ ਵਾਸਤਵਿਕ ਪੜਤਾਲ ਕੀਤੀ ਗਈ। ਮਾਰਕਫੈੱਡ ਵੱਲੋਂ ਵੱਖੋ-ਵੱਖ ਖ਼ਰੀਦ ਕੇਂਦਰਾਂ ਤੋਂ ਮਿੱਲ ਵਿੱਚ ਭੇਜੇ ਗਏ ਝੋਨੇ ਅਤੇ ਮਿੱਲ ਵਿੱਚ ਸਥਾਪਤ ਆਰਜ਼ੀ ਖ਼ਰੀਦ ਕੇਂਦਰ ਵਿੱਚ ਪਏ ਸਟਾਕ ਦਾ ਮਿਲਾਣ ਕਰਨ ਉੱਤੇ ਉਪਰੋਕਤ ਬੇਨਿਯਮੀ ਸਾਹਮਣੇ ਆਈ। ਮਿੱਲ ਵਿੱਚ 39563 ਬੋਰੀਆਂ ਦੇ ਬਦਲੇ 45102 ਬੋਰੀਆਂ ਅਤੇ ਆਰਜ਼ੀ ਖ਼ਰੀਦ ਕੇਂਦਰ ਵਿੱਚ 402 ਬੋਰੀਆਂ ਝੋਨੇ ਦੇ ਬਦਲੇ 2863 ਬੋਰੀਆਂ ਪਾਈਆਂ ਗਈਆਂ। ਇਸ ਤਰ੍ਹਾਂ ਮਿੱਲ ਵਿੱਚ 5539 ਅਤੇ ਆਰਜ਼ੀ ਖ਼ਰੀਦ ਕੇਂਦਰ ਵਿੱਚ 2461 ਬੋਰੀਆਂ ਝੋਨਾ ਵੱਧ ਪਾਇਆ ਗਿਆ। ਉਹਨਾਂ ਦੱਸਿਆ ਕਿ ਇਸ ਤੋਂ ਇਹ ਜਾਪਦਾ ਹੈ ਕਿ ਮਿੱਲਰ ਨੇ ਅਣਅਧਿਕਾਰਤ ਤੌਰ ਜਾਂ ਘੱਟ ਕੀਮਤ ਤੇ ਝੋਨਾ ਖਰੀਦ ਕੇ ਰੀਸਾਈਕਲ ਕਰਨ ਦੇ ਮੰਤਵ ਨਾਲ ਸਰਕਾਰ ਨੂੰ ਚੂਨਾ ਲਾਉਣ ਦੀ ਕੋਸ਼ਿਸ਼ ਕੀਤੀ ਹੈ। ਇਸੇ ਨੂੰ ਮੁੱਖ ਰੱਖਦੇ ਹੋਏ ਸਰਕਾਰ ਦੀ ਕਸਟਮ ਮਿਲਿੰਗ ਨੀਤੀ 2022-23 ਦੀ ਅਨੁਸਾਰ ਜਿਲਾ ਅਲਾਟਮੈਂਟ ਕਮੇਟੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਉਪਰੋਕਤ ਮਿੱਲ ਦੀ ਅਲਾਟਮੈਂਟ ਰੱਦ ਕਰਨ ਅਤੇ ਮਿਲ ਨੂੰ ਤਿੰਨ ਸਾਲਾਂ ਲਈ ਬਲੈਕ ਲਿਸਟ ਕਰਨ ਦੀ ਕਾਰਵਾਈ ਕੀਤੀ ਗਈ ਹੈ। ਮਿੱਲ ਦੀ ਅਲਾਟਮੈਂਟ ਰੱਦ ਹੋਣ ਕਾਰਣ ਮਿਲ ਵਿੱਚ ਭੰਡਾਰ ਪੈਡੀ ਮਿਲਰ ਦੇ ਰਿਸਕ ਅਤੇ ਕਾਸਟ ਤੇ ਹੋਰ ਮਿੱਲਾਂ ਵਿੱਚ ਸ਼ਿਫਟ ਕਰਨ ਸਬੰਧੀ ਵੀ ਹੁਕਮ ਜਾਰੀ ਕੀਤੀ ਗਏ ਹਨ। ਇਸ ਤੋਂ ਇਲਾਵਾ ਮਿਲ ਨੂੰ ਬਤੌਰ ਆਰਜ਼ੀ ਕੇਂਦਰ ਡੀ-ਨੋਟੀਫਾਈ ਕਰਨ ਲਈ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ। ਉਨਾਂ ਦੱਸਿਆ ਕਿ ਰਾਜ ਸਰਕਾਰ ਵੱਲੋਂ ਖਰੀਫ ਸੀਜ਼ਨ 2022-23 ਦੌਰਾਨ ਸੂਬੇ ਵਿੱਚ ਬਾਹਰਲੇ ਰਾਜਾਂ ਤੋਂ ਸਸਤੇ ਭਾਅ 'ਤੇ ਖਰੀਦਿਆ ਝੋਨਾ/ ਚੌਲ ਪੰਜਾਬ ਰਾਜ ਵਿੱਚ ਲਿਆ ਕੇ ਵੇਚਣ ਅਤੇ ਝੋਨੇ/ ਚੌਲ ਦੀ ਬੋਗਸ ਬਿਲਿੰਗ ਨੂੰ ਰੋਕਣ ਲਈ ਮੁਹਿੰਮ ਵਿੱਢੀ ਹੋਈ ਹੈ, ਤਾਂ ਜੋ ਝੋਨੇ/ ਚੌਲਾਂ ਦੀ ਰੀਸਾਈਕਲਿੰਗ ਨੂੰ ਰੋਕਿਆ ਜਾ ਸਕੇ। ਰਾਜ ਸਰਕਾਰ ਇਨ੍ਹਾਂ ਮਾਮਲਿਆਂ ਨੂੰ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਅਪਣਾਉਂਦਿਆਂ ਦੋਸ਼ੀਆਂ ਵਿਰੁੱਧ ਸਖਤੀ ਨਾਲ ਕਾਰਵਾਈ ਕਰੇਗੀ ਅਤੇ ਜੇਕਰ ਸਰਕਾਰ ਦੇ ਕਿਸੇ ਮੁਲਾਜ਼ਮ ਦੀ ਮਿਲੀਭੁਗਤ ਅਜਿਹੇ ਮਾਮਲਿਆਂ ਵਿੱਚ ਪਾਈ ਗਈ ਤਾਂ ਉੱਸ ਵਿਰੁੱਧ ਵੀ ਪੂਰੀ ਸਖਤੀ ਨਾਲ ਕਾਰਵਾਈ ਕੀਤੀ ਜਾਵੇਗੀ।

# ਸ੍ਰੀ ਅਰਜੁਨ ਕਲੱਬ ਟਾਂਡਾ ਦੇ ਨਵੇਂ ਅਹੁਦੇਦਾਰਾਂ ਦੀ ਚੋਣ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**

ਸ੍ਰੀ ਅਰਜੁਨ ਕਲੱਬ ਟਾਂਡਾ ਦੀ ਇਕ ਵਿਸ਼ੇਸ਼ ਮੀਟਿੰਗ ਵਿੱਚ ਹਨੂੰਮਾਨ ਮੰਦਰ ਟਾਂਡਾ ਵਿਖੇ ਕੀਤੀ ਗਈ। ਵਿਸ਼ਵ ਸ਼ਾਂਤੀ ਦੀ ਪ੍ਰਾਰਥਨਾ ਨਾਲ ਹੋਈ ਇਹ ਮੀਟਿੰਗ ਸ੍ਰੀ ਅਰਜੁਨ ਕਲੱਬ ਦੇ ਨਵੇਂ ਅਹੁਦੇਦਾਰਾਂ ਦੀ ਚੋਣ ਕੀਤੀ ਗਈ। ਸਰਬਸੰਮਤੀ ਨਾਲ ਕੀਤੀ ਗਈ ਚੋਣ ਵਿਚ ਅਸ਼ੋਕ ਕੁਮਾਰ ਵਰਮਾ ਨੂੰ ਕਲੱਬ ਪ੍ਰਧਾਨ ਨਿਯੁਕਤ ਕੀਤਾ ਗਿਆ ਜਦਕਿ ਦੇਸ ਰਾਜ ਡੋਗਰਾ ਅਤੇ ਰਾਹੁਲ ਵਰਮਾ ਨੂੰ ਵਾਈਸ ਪ੍ਰਧਾਨ, ਜਗਮੋਹਨ ਖੁਰਾਨਾ ਨੂੰ ਖਜ਼ਾਨਚੀ, ਜਸਵਿੰਦਰ ਸਿੰਘ ਨੂੰ ਜਨਰਲ ਸਕੱਤਰ, ਚਰਨ ਦਾਸ ਮਲਹੋਤਰਾ ਨੂੰ ਮੁੱਖ ਸਲਾਹਕਾਰ, ਸਤੀਸ਼ ਭਾਰਦਵਾਜ ਜੁਆਇੰਟ ਜਨਰਲ ਸਕੱਤਰ ,ਉਦੇ ਵਰਮਾ ਅਤੇ ਬੋਨੀ ਵੈਦ ਨੂੰ ਸਟੋਰਕੀਪਰ ਨਿਯੁਕਤ ਕੀਤਾ ਗਿਆ। ਇਸ ਮੌਕੇ ਸੈਨਾ ਸਮਾਜਵਾਦੀ ਪਾਰਟੀ ਦੇ ਪ੍ਰਧਾਨ ਵੀਨੂੰ ਪੰਡਤ, ਪੰਡਤ ਸੰਜੀਵ ਸਿਆਲ ,ਵਾਲਮੀਕ ਸਭਾ ਟਾਂਡਾ ਦੇ ਪ੍ਰਧਾਨ ਸੈਰੀ ਖੋਸਲਾ, ਵਾਈਸ ਪ੍ਰਧਾਨ ਕਾਲਾ, ਦਲਵੀਰ ਸਿੰਘ, ਸਚਿਵ ਭਵਾਨੀ ਕਲੱਬ ਤੋ ਜਸਵੀਰ ਸੇਰਾ, ਸੋਨੂੰ ਖੁੱਲਰ, ਪ੍ਰਮੋਦ ਕਾਲੀਆ, ਸੁੱਖਦੇਵ ਭਾਰਦਵਾਜ, ਸੰਜੀਵ ਮਲਹੋਤਰਾ, ਹਰਜੀਤ ਸੇਠੀ, ਵਿਜੇ ਭਾਰਦਵਾਜ ,ਸਤਨਾਮ ਮੱਤਾ,ਪਾਲਾ ਰਾਮ,ਟੀਟੂ ਲਾਲਾ, ਸੋਢੀ ਸਾਬ, ਗੌਤਮ ਸੇਠੀ, ਪ੍ਰਿੰਸ ਰਾਣਾ, ਰਾਜਿੰਦਰ ਵਰਮਾ, ਤਰਲੋਕ ਰਾਏ, ਮੋਨੂੰ ਸੇਠੀ, ਬਿੱਟੂ ਮਲਹੌਤਰਾ, ਸਨੀ ਡੋਗਰਾ, ਸੌਰਵ ਵਰਮਾ, ਸਨੀ ਮਦਾਨ, ਪੰਡਿਤ ਰਾਮ ਜੀ, ਦਰਸਨ ਵਰਮਾ, ਵਿੱਕੀ, ਸ਼ਿਵਾ, ਸਾਹਿਲ ਵਰਮਾ, ਵਿਜੇ ਵਰਮਾ, ਰਣਜੀਤ ਨੀਟਾ, ਰਾਜੂ ਖੋਸਲਾ, ਵੀਰ ਸਿੰਘ ਵੀਰ, ਆਤੁਰ ਕੁਮਾਰ ਨੇ ਨਵ ਨਿਯੁਕਤ ਅਹੁਦੇਦਾਰਾਂ ਨੂੰ ਮੁਬਾਰਕਬਾਦ ਦਿੱਤੀ।



# ਡੇਂਗੂ ਬੁਖਾਰ ਨੂੰ ਨਜ਼ਰਅੰਦਾਜ਼ ਨਾ ਕੀਤਾ ਜਾਵੇ : ਡਾ. ਗੁਰਦਿਆਲ ਸਿੰਘ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**

ਸਿਵਲ ਸਰਜਨ ਕਪੂਰਥਲਾ ਡਾ. ਗੁਰਿੰਦਰਬੀਰ ਕੌਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਸੀਨੀਅਰ ਮੈਡੀਕਲ ਅਫ਼ਸਰ ਪੀ.ਐਚ.ਸੀ ਢਿੱਲਵਾਂ ਡਾ. ਗੁਰਦਿਆਲ ਸਿੰਘ ਦੀ ਰਹਿਨੁਮਾਈ ਹੇਠ ਬਲਾਕ ਢਿੱਲਵਾਂ ਅਧੀਨ ਪੈਂਦੇ ਕਈ ਪਿੰਡਾਂ 'ਚ ਹੈਲਥ ਸੁਪਰਵਾਈਜ਼ਰ ਅਤੇ ਮੇਲ ਵਰਕਰਾਂ ਵੱਲੋਂ ਡੇਂਗੂ ਦੀ ਰੋਕਥਾਮ ਸੰਬੰਧੀ ਘਰਾਂ ਦੇ ਆਲੇ-ਦੁਆਲੇ ਅਤੇ ਪਿੰਡਾਂ 'ਚ ਸਾਂਝੀਆਂ ਥਾਵਾਂ ਦਾ ਦੌਰਾ ਕਰਦਿਆਂ ਲੋਕਾਂ ਨੂੰ ਡੇਂਗੂ ਦੀ ਰੋਕਥਾਮ ਸੰਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਮੌਕੇ ਜਾਣਕਾਰੀ ਦਿੰਦਿਆਂ ਐਸ.ਐਮ.ਓ ਡਾ. ਗੁਰਦਿਆਲ ਸਿੰਘ ਨੇ ਕਿਹਾ ਕਿ ਡੇਂਗੂ ਦੀ ਰੋਕਥਾਮਾ 'ਚ ਘਰਾਂ ਦੇ ਅੰਦਰ ਅਤੇ ਘਰਾਂ ਦੇ ਆਲੇ-ਦੁਆਲੇ ਸਾਫ਼ ਸਫ਼ਾਈ ਦਾ ਅਹਿਮ ਰੋਲ ਹੈ, ਸਾਫ਼-ਸਫ਼ਾਈ ਹੋਣ ਕਰਕੇ ਹੀ ਡੇਂਗੂ ਮੱਛਰਾਂ ਤੋਂ ਬੱਚਿਆ ਜਾ ਸਕਦਾ ਹੈ। ਉਨ੍ਹਾਂ ਵੱਲੋਂ ਵਿਸ਼ੇਸ਼ ਤੌਰ 'ਤੇ ਲੋਕਾਂ ਨੂੰ ਵਾਧੂ ਨਾ ਵਰਤਣ ਵਾਲੇ ਸਾਫ਼ ਪਾਣੀ ਨੂੰ ਡੋਲ੍ਹਣ ਦੀ ਹਦਾਇਤ ਕੀਤੀ ਗਈ ਤਾਂ ਜੋ ਡੇਂਗੂ ਮੱਛਰ ਦੀ ਰੋਕਥਾਮ ਕੀਤੀ ਜਾ ਸਕੇ। ਇਸ ਮੌਕੇ ਉਨ੍ਹਾਂ ਦੱਸਿਆ ਕਿ ਡੇਂਗੂ ਬੁਖਾਰ ਏਡੀਜ਼ ਅਜੈਪਟੀ ਨਾਂਅ ਦੇ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਇਸ ਦੇ ਲੱਛਣਾਂ ਦਾ ਪਤਾ ਲਗਦੇ ਹੀ ਸਮੇਂ ਸਿਰ ਨਜ਼ਦੀਕੀ ਸਰਕਾਰੀ ਸਿਹਤ ਕੇਂਦਰ ਵਿਖੇ ਖ਼ੂਨ ਜਾਂਚ ਕਰਵਾਉਣ ਉਪਰੰਤ ਇਲਾਜ ਕਰਵਾਉਣ ਦੀ ਸਲਾਹ ਦਿੱਤੀ। ਇਸੇ ਤਹਿਤ ਅੱਜ ਨਡਾਲਾ ਵਿਖੇ ਮਲਟੀਪਰਪਜ਼ ਹੈਲਥ ਸੁਪਰਵਾਈਜ਼ਰ ਜਸਵਿੰਦਰ ਸਿੰਘ ਦੁਆਰਾ ਸਕੂਲ ਦੇ ਬੱਚਿਆਂ ਨੂੰ ਜਾਗਰੂਕ ਕੀਤਾ ਗਿਆ । ਢਿਲਵਾਂ ਵਿਖੇ ਬਲਕਾਰ ਸਿੰਘ ਮਲਟੀਪਰਪਜ਼ ਹੈਲਥ ਸੁਪਰਵਾਈਜ਼ਰ ਅਤੇ ਟੀਮ ਦੁਆਰਾ ਡੇਂਗੂ ਸੰਬੰਧੀ ਜਾਣਕਾਰੀ ਦੇ ਪਰਚੇ ਘਰ ਘਰ ਜਾ ਕੇ ਵੰਡੇ ਗਏ । ਇਸ ਮੌਕੇ ਉਨ੍ਹਾਂ ਡੇਂਗੂ ਬੁਖਾਰ ਸੰਬੰਧੀ ਕੁਝ ਖ਼ਾਸ ਜਾਣਕਾਰੀ ਦਿੱਤੀ ਇਸ ਮੌਕੇ ਬਲਾਕ ਐਕਸਟੈਂਸ਼ਨ ਐਜੂਕੇਟਰ ਬਿਕਰਮਜੀਤ ਸਿੰਘ ਅਤੇ ਮੋਨਿਕਾ ਨੇ ਹੋਰ ਜਾਣਕਾਰੀ ਦਿੰਦਿਆਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਦਿੱਤੀਆਂ ਗਈਆਂ ਇਨ੍ਹਾਂ ਹਦਾਇਤਾ ਦਾ ਧਿਆਨ ਰੱਖਣ ਨਾਲ ਡੇਂਗੂ ਦੀ ਬਿਮਾਰੀ ਤੋਂ ਬਚਿਆ ਜਾ ਸਕਦਾ ਹੈ।



# ਲੋਕਾਂ ਨੂੰ ਮਿਆਰੀ ਸਿਹਤ ਸੰਭਾਲ ਸੇਵਾਵਾਂ ਮੁਹੱਈਆ ਕਰਨਾ ਸੂਬਾ ਸਰਕਾਰ ਦੀ ਮੁੱਖ ਤਰਜੀਹ : ਮੁੱਖ ਮੰਤਰੀ

**ਫਗਵਾੜਾ (ਜਸਵਿੰਦਰ ਢੱਡਾ, ਰਘਬੀਰ ਸਿੰਘ,ਇੰਦਰਜੀਤ ਮਠਾੜੂ, ਡਾ.ਰਮਨ)**

ਲੋਕਾਂ ਦੀ ਭਲਾਈ ਯਕੀਨੀ ਬਣਾਉਣ ਲਈ ਆਮ ਆਦਮੀ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦੁਹਰਾਉਂਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਮੰਗਲਵਾਰ ਨੂੰ ਕਿਹਾ ਕਿ ਸੂਬਾ ਸਰਕਾਰ ਨੇ ਲੋਕਾਂ ਨੂੰ ਮਿਆਰੀ ਸਿਹਤ ਸੰਭਾਲ ਸੇਵਾਵਾਂ ਮੁਹੱਈਆ ਕਰਨ ਨੂੰ ਮੁੱਖ ਤਰਜੀਹ ਦਿੱਤੀ ਹੈ। ਇੱਥੇ ਸਥਾਨਕ ਸਬ-ਡਵੀਜ਼ਨਲ ਹਸਪਤਾਲ ਵਿੱਚ ਜੱਚਾ-ਬੱਚਾ ਸੰਭਾਲ ਹਸਪਤਾਲ ਲੋਕਾਂ ਨੂੰ ਸਮਰਪਿਤ ਕਰਦਿਆਂ ਮੁੱਖ ਮੰਤਰੀ ਨੇ ਉਮੀਦ ਜਤਾਈ ਕਿ ਇਹ ਨਵਾਂ ਬਣਿਆ ਹਸਪਤਾਲ ਗਰਭਵਤੀ ਔਰਤਾਂ ਤੇ ਨਵਜੰਮੇ ਬੱਚਿਆਂ ਨੂੰ ਮਿਆਰੀ ਸਿਹਤ ਸੰਭਾਲ ਸੇਵਾਵਾਂ ਮੁਹੱਈਆ ਕਰੇਗਾ। ਉਨ੍ਹਾਂ ਕਿਹਾ ਕਿ ਇਸ ਕਦਮ ਦਾ ਉਦੇਸ਼ ਇਨ੍ਹਾਂ ਹਸਪਤਾਲਾਂ ਰਾਹੀਂ ਲੋਕਾਂ ਨੂੰ ਮਿਆਰੀ ਸਿਹਤ ਸੰਭਾਲ ਸੇਵਾਵਾਂ ਯਕੀਨੀ ਬਣਾਉਣਾ ਹੈ। ਭਗਵੰਤ ਮਾਨ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਸੂਬੇ ਭਰ ਵਿੱਚ ਅਜਿਹੇ ਹੋਰ ਹਸਪਤਾਲ ਬਣਾਏ ਜਾਣਗੇ। ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸਰਕਾਰੀ ਹਸਪਤਾਲਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰਨ ਲਈ ਸ਼ਿੱਦਤ ਨਾਲ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵਿੱਚ ਖ਼ਾਲੀ ਪਈਆਂ ਆਸਾਮੀਆਂ ਭਰਨ ਲਈ ਵੱਡੇ ਪੱਧਰ ਉਤੇ ਭਰਤੀ ਪ੍ਰਕਿਰਿਆ ਸ਼ੁਰੂ ਕੀਤੀ ਗਈ ਹੈ। ਭਗਵੰਤ ਮਾਨ ਨੇ ਕਿਹਾ ਕਿ ਇਸ ਕਦਮ ਦਾ ਇਕੋ-ਇਕ ਮਕਸਦ ਸੂਬੇ ਦੇ ਲੋਕਾਂ ਨੂੰ ਬਿਹਤਰੀਨ ਸਿਹਤ ਸੰਭਾਲ ਸੇਵਾਵਾਂ ਯਕੀਨੀ ਬਣਾਉਣਾ ਹੈ। ਮੁੱਖ ਮੰਤਰੀ ਨੇ ਮੈਡੀਕਲ ਤੇ ਪੈਰਾ-ਮੈਡੀਕਲ ਸਟਾਫ ਨੂੰ ਆਪਣੀ ਡਿਊਟੀ ਸਮਰਪਿਤ ਭਾਵਨਾ ਤੇ ਸੰਜੀਦਗੀ ਨਾਲ ਨਿਭਾਉਣ ਲਈ ਆਖਿਆ। ਉਨ੍ਹਾਂ ਕਿਹਾ ਕਿ ਸਮੇਂ ਦੀ ਲੋੜ ਹੈ ਕਿ ਲੋਕਾਂ ਲਈ ਸਰਕਾਰੀ ਹਸਪਤਾਲਾਂ ਵਿਚ ਮਿਆਰੀ ਸਿਹਤ ਸੇਵਾਵਾਂ ਯਕੀਨੀ ਬਣਾਈਆਂ ਜਾਣ। ਭਗਵੰਤ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਸਰਕਾਰੀ ਸਿਹਤ ਸੰਭਾਲ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵਿਚ ਕੋਈ ਕਸਰ ਬਾਕੀ ਨਹੀਂ ਛੱਡੇਗੀ ਤਾਂ ਕਿ ਲੋਕਾਂ ਨੂੰ ਇਲਾਜ ਤੇ ਜਾਂਚ ਦੀਆਂ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਸਕਣ। ਮੁੱਖ ਮੰਤਰੀ ਨੇ ਸਿਹਤ ਸੇਵਾਵਾਂ ਦਾ ਜਾਇਜ਼ਾ ਲੈਣ ਲਈ ਅਪਰੇਸ਼ਨ ਥੀਏਟਰ, ਟੀਕਾਕਰਨ ਵਾਰਡ, ਓ.ਪੀ.ਡੀ. ਆਦਿ ਦਾ ਵੀ ਨਿਰੀਖਣ ਕੀਤਾ। ਉਨ੍ਹਾਂ ਨੇ ਹਸਪਤਾਲ ਦੇ ਵੱਖ-ਵੱਖ ਵਾਰਡਾਂ ਦਾ ਦੌਰਾ ਕਰਕੇ ਮਰੀਜ਼ਾਂ ਨਾਲ ਗੱਲਬਾਤ ਵੀ ਕੀਤੀ ਤਾਂ ਕਿ ਹਸਪਤਾਲ ਵਿਚ ਸਰਕਾਰੀ ਕੰਮਕਾਜ ਬਾਰੇ ਜਾਣਕਾਰੀ ਹਾਸਲ ਕੀਤੀ ਜਾ ਸਕੇ। ਭਗਵੰਤ ਮਾਨ ਨੇ ਡਾਕਟਰਾਂ ਤੇ ਪੈਰਾ-ਮੈਡੀਕਲ ਸਟਾਫ ਨਾਲ ਵੀ ਵਿਸਥਾਰ ਵਿਚ ਗੱਲਬਾਤ ਕਰਕੇ ਹਸਪਤਾਲ ਦੀਆਂ ਸਹੂਲਤਾਂ ਬਾਰੇ ਵੀ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ, ਮੁੱਖ ਮੰਤਰੀ ਦੇ ਵਿਸ਼ੇਸ਼ ਪ੍ਰਮੁੱਖ ਸਕੱਤਰ ਰਵੀ ਭਗਤ, ਆਈ.ਜੀ. ਡਾਕਟਰ ਐਸ. ਭੂਪਤੀ, ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ, ਐਸ.ਐਸ.ਪੀ. ਨਵਨੀਤ ਸਿੰਘ ਬੈਂਸ, ਆਪ ਨੇਤਾ ਤੇ ਸਾਬਕਾ ਮੰਤਰੀ ਜੋਗਿੰਦਰ ਸਿੰਘ ਮਾਨ, ਆਪ ਦੇ ਜ਼ਿਲ੍ਹਾ ਪ੍ਰਧਾਨ ਲਲਿਤਾ ਸਿਕਲਾਨੀ, ਮੰਜੂ ਰਾਣਾ, ਸੱਜਣ ਸਿੰਘ ਚੀਮਾ ਤੇ ਹੋਰ ਹਾਜ਼ਰ ਸਨ।

# ਸੀਟੀ ਪਬਲਿਕ ਸਕੂਲ 'ਚ ਹੈਲੋਵੀਨ ਦਾ ਤਿਉਹਾਰ ਮਨਾਇਆ




**ਜਲੰਧਰ (ਸ਼ੈਲੀ ਐਲਬਰਟ)**- ਸੀਟੀ ਪਬਲਿਕ ਸਕੂਲ ਆਪਣੇ ਵਿਦਿਆਰਥੀਆਂ ਨੂੰ ਹਮੇਸ਼ਾ ਜੀਵਨ ਬਾਰੇ ਇੱਕ ਅਨੁਭਵ ਦੇਣ ਲਈ ਅਤੇ ਦੁਨੀਆ ਭਰ ਵਿੱਚ ਪ੍ਰਚਲਿਤ ਵੱਖ-ਵੱਖ ਤਿਉਹਾਰਾਂ, ਪਰੰਪਰਾਵਾਂ ਅਤੇ ਸੱਭਿਆਚਾਰਾਂ ਬਾਰੇ ਬੱਚਿਆਂ ਨੂੰ ਸਿਖਾਉਣ ਲਈ ਮੋਹਰੀ ਰਿਹਾ ਹੈ। ਹੈਲੋਵੀਨ ਦੁਨੀਆ ਭਰ ਵਿੱਚ 31 ਅਕਤੂਬਰ ਨੂੰ ਬੁਰਾਈ ਤੋਂ ਬਚਣ ਲਈ ਮਨਾਇਆ ਜਾਂਦਾ ਹੈ। ਸੀਟੀ ਕਿੰਡਰਗਾਰਟਨ ਦੇ ਵਿਦਿਆਰਥੀਆਂ ਨੇ ਹੈਲੋਵੀਨ ਦੇ ਪਹਿਰਾਵੇ ਪਹਿਨੇ ਅਤੇ ਚਿਹਰਿਆਂ ਨੂੰ ਪੇਂਟ ਕੀਤਾ। ਉਹਨਾਂ ਨੇ ਮਠਿਆਈਆਂ ਵੀ ਖਾਧੀਆਂ ਇਸਦੇ ਨਾਲ ਹੀ ਵਿਦਿਆਰਥੀਆਂ ਨੂੰ ਇਸ ਦਿਨ ਦੀ ਮਹੱਤਤਾ ਬਾਰੇ ਦੱਸਿਆ ਗਿਆ।

# ਦੁਆਬਾ ਪਬਲਿਕ ਸਕੂਲ ਦੋਹਲਰੋਂ ਨੂੰ ਮਾਣ-ਸਨਮਾਨ



**ਮਾਹਿਲਪੁਰ (ਸਫਰੀ)**

ਦੋਆਬਾ ਪਬਲਿਕ ਸਕੂਲ ਦੋਹਲਰੋਂ ਵਿਚ ਉਸ ਸਮੇਂ ਖ਼ੁਸ਼ੀ ਦੀ ਲਹਿਰ ਦੌੜ ਗਈ, ਜਦੋਂ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ ਅਤੇ ਐਸੋਸੀਏਸ਼ਨ ਆਫ ਪੰਜਾਬ ਵੱਲੋਂ ਨੈਸ਼ਨਲ ਐਵਾਰਡ (2022) ਵਿੱਚ ਸਕੂਲ ਸਕੂਲ ਨੂੰ " ਸਰਵਉਤਮ ਸਕੂਲ ਇੰਫਰਾਸਟਰੱਕਚਰ ਅਵਾਰਡ" ਲਈ ਚੰਡੀਗੜ੍ਹ ਯੂਨੀਵਰਸਿਟੀ ਘੜੂੰਆਂ ਵਿਖੇ ਸਨਮਾਨ ਕੀਤਾ ਗਿਆ। ਇਹ ਸਨਮਾਨ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ ਦੇ ਪ੍ਰਧਾਨ ਜਗਜੀਤ ਸਿੰਘ ਧੂਰੀ ਵੱਲੋਂ ਸਕੂਲ ਦੇ ਡਾਇਰੈਕਟਰ ਹਰਜਿੰਦਰ ਸਿੰਘ ਗਿੱਲ ਅਤੇ ਪ੍ਰਿੰਸੀਪਲ ਅਰੁਣ ਗੁਪਤਾ ਨੂੰ ਦਿੱਤਾ ਗਿਆ। ਇਸ ਮੌਕੇ ਪ੍ਰਿੰਸੀਪਲ ਅਰੁਣ ਗੁਪਤਾ ਨੇ ਕਿਹਾ ਕਿ ਸਕੂਲ ਪ੍ਰਸ਼ਾਸਨ ਅਧਿਆਪਕਾਂ , ਸਕੂਲ ਦੇ ਵਿਦਿਆਰਥੀਆਂ ਅਤੇ ਹੋਰ ਸਭ ਕਰਮਚਾਰੀਆਂ ਦੀ ਅਣਥੱਕ ਮਿਹਨਤ ਦਾ ਹੀ ਨਤੀਜਾ ਹੈ ਜੋ ਅਸੀਂ ਅੱਜ ਇਸ ਉਪਲਬਧੀ ਨੂੰ ਹਾਸਲ ਕਰ ਸਕਦੇ ਹਾਂ। ਉਨ੍ਹਾਂ ਦੱਸਿਆ ਕਿ ਸਾਡੀ ਸੰਸਥਾ ਦਾ ਹਮੇਸ਼ਾ ਇਹ ਹੀ ਉਦੇਸ਼ ਰਿਹਾ ਹੈ ਕਿ ਵਿਦਿਆਰਥੀਆਂ ਨੂੰ ਉੱਚ - ਕੋਟੀ ਦੀਆਂ ਆਧੁਨਿਕ ਸਹੂਲਤਾਂ ਦੇ ਹੀ ਚੰਗੇ ਅਤੇ ਯੋਗ ਨਾਗਰਿਕ ਬਣਾਇਆ ਜਾਵੇ। ਇਸ ਉਪਰੰਤ ਉਨ੍ਹਾਂ ਨੇ ਸਕੂਲ ਸਟਾਫ , ਵਿਦਿਆਰਥੀਆਂ ਅਤੇ ਹੋਰ ਸਭ ਕਰਮਚਾਰੀਆਂ ਨੂੰ ਅੱਗੇ ਤੋਂ ਹੋਰ ਵੀ ਸਖਤ ਮਿਹਨਤ ਕਰਨ ਦੀ ਪ੍ਰੇਰਨਾ ਦਿੱਤੀ। ਇਸ ਸਮਾਗਮ ਵਿੱਚ ਕਈ ਸਕੂਲਾਂ ਦੇ ਮੈਨੇਜਮੈਂਟ ਮੈਂਬਰ , ਪ੍ਰਿੰਸੀਪਲ ਅਤੇ ਦੇਸ਼ ਦੀਆਂ ਬਹੁਤ ਸਾਰੀਆਂ ਮਾਣਯੋਗ ਸ਼ਖਸੀਅਤਾਂ ਹਾਜ਼ਰ ਸਨ । ਪੰਜਾਬ ਦੇ ਗਵਰਨਰ ਬਨਵਾਰੀ ਲਾਲ ਪ੍ਰੋਹਿਤ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।

# ਆਂਗਣਵਾੜੀ ਮੁਲਾਜ਼ਮ ਯੂਨੀਅਨ ਦੀ 12ਵੀਂ ਕਾਨਫ਼ਰੰਸ ਫਿਲੌਰ 'ਚ ਹੋਈ

**ਫਿਲੌਰ (ਨਿਰਮਲ)**

ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ (ਸੀਟੂ) ਦੀ 12ਵੀਂ ਕਾਨਫਰੰਸ ਫਿਲੌਰ ਵਿਖੇ ਹੋਈ। ਪ੍ਰਧਾਨਗੀ ਮੰਡਲ ਵਿੱਚ ਬੀਬੀ ਜਸਵੀਰ ਕੌਰ,ਸਤਵੰਤ ਕੌਰ,ਰਾਜਿੰਦਰ ਕੌਰ ਨੂੰ ਸ਼ਾਮਿਲ ਕੀਤਾ ਗਿਆ। ਜਥੇਬੰਦੀ ਦਾ ਝੰਡਾ ਬੀਬੀ ਜਸਬੀਰ ਕੌਰ ਪ੍ਰਧਾਨ ਵੱਲੋਂ ਲਹਿਰਾਇਆ ਗਿਆ। ਸਭ ਤੋਂ ਪਹਿਲਾਂ ਵਿਛੜੇ ਹੋਏ ਸਾਥੀਆਂ ਨੂੰ 2 ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ 'ਤੇ ਕਾਮਰੇਡ ਰਘੂਨਾਥ ਸਿੰਘ ਮਾਸਟਰ ਪ੍ਰਸ਼ੋਤਮ ਬਿਲਗਾ ਨੇ ਕਾਨਫਰੰਸ ਦਾ ਉਦਘਾਟਨ ਕੀਤਾ। ਉਨ੍ਹਾਂ ਕਿਹਾ ਕਿ ਤੁਹਾਡੀ ਏਕਤਾ ਨਾਲ ਸਭ ਮਸਲੇ ਹੱਲ ਹੋ ਜਾਣਗੇ। ਇਸ ਮੌਕੇ ਪਿਛਲੇ ਤਿੰਨ ਸਾਲਾਂ ਦੀ ਰਿਪੋਰਟ ਪੇਸ਼ ਕੀਤੀ ਗਈ ਜਿਸ ਉਤੇ ਭਰਵੀਂ ਬਹਿਸ ਹੋਈ ਜਿਨ੍ਹਾਂ ਨੂੰ ਸਰਬਸੰਮਤੀ ਨਾਲ ਸਵੀਕਾਰ ਕਰ ਲਿਆ ਗਿਆ। ਮੀਟਿੰਗ ਵਿਚ 9 ਮੀਤ ਪ੍ਰਧਾਨ, 9 ਜੁਆਇੰਟ ਸੈਕਟਰੀ,। 1 ਦਫਤਰੀ ਮੈਂਬਰ (ਪ੍ਰੈੱਸ ਸਕੱਤਰ) 8 ਕਾਰਜਕਾਰੀ ਮੈਂਬਰਾਂ ਦਾ ਐਲਾਨ ਕੀਤਾ ਗਿਆ। ਮੀਟਿੰਗ ਵਿੱਚ ਭੈਣ ਧਰਮਜੀਤ ਕੌਰ ਨੂੰ ਸਰਪ੍ਰਸਤ ਅਤੇ ਜਸਵੀਰ ਕੌਰ ਨੂੰ ਚੇਅਰ ਪਰਸਨ ਜ਼ਿਲ੍ਹਾ ਪ੍ਰਧਾਨ ਬੀਬੀ ਨਿਰਲੇਪ ਕੌਰ, ਕ੍ਰਿਸ਼ਨਾ ਪੁਆਦੜਾ ਨੂੰ ਜਨਰਲ ਸਕੱਤਰ,ਕੈਸ਼ੀਅਰ ਪਰਮਜੀਤ ਕੌਰ ਥਾਪਿਆ ਗਿਆ। ਇਸ ਮੌਕੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਸੂਬਾਈ ਆਗੂ ਸਾਥੀ ਸਰਦਾਰ ਮੁਹੰਮਦ ਉੱਪਲ ਭੂਪਾ ਦੀ ਮੌਤ 'ਤੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।



# ਸ਼ਹੀਦ-ਏ-ਆਜ਼ਮ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਲਈ ਨੌਜਵਾਨ ਕਰਨ ਅਪਲਾਈ : ਡਿਪਟੀ ਕਮਿਸ਼ਨਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਪੰਜਾਬ ਸਰਕਾਰ ਵਲੋਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਸਾਲ 2021-22 ਲਈ ਯੋਗ ਉਮੀਦਵਾਰਾਂ ਤੋਂ ਬਿਨੈਪੱਤਰਾਂ ਦੀ ਮੰਗ ਕੀਤੀ ਗਈ ਹੈ। ਇਸ ਪੁਰਸਕਾਰ ਲਈ ਚੁਣੇ ਗਏ ਨੌਜਵਾਨ (ਲੜਕੇ-ਲੜਕੀਆਂ) ਨੂੰ ਮੈਡਲ, ਸਕਰੋਲ, ਸਰਟੀਫਿਕੇਟ ਅਤੇ 51 ਹਜ਼ਾਰ ਰੁਪਏ ਨਕਦ ਇਨਾਮ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਸੰਦੀਪ ਹੰਸ ਨੇ ਦੱਸਿਆ ਕਿ ਸ਼ਹੀਦ-ਏ-ਆਜ਼ਮ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਯੁਵਕ ਗਤੀਵਿਧੀਆਂ ਵਿਚ ਸ਼ਲਾਘਾਯੋਗ ਕੰਮ ਕਰਨ ਵਾਲੇ ਨੌਜਵਾਨਾਂ ਨੂੰ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਪੁਰਸਕਾਰ ਲਈ ਨੌਜਵਾਨ ਪਿਛਲੇ ਸਾਲ ਤੋਂ ਵੱਖ-ਵੱਖ ਗਤੀਵਿਧੀਆਂ ਜਿਵੇਂ ਕਿ ਯੁਵਕ ਭਲਾਈ ਗਤੀਵਿਧੀਆਂ, ਕੌਮੀ ਸੇਵਾ ਯੋਜਨਾ, ਐਨ.ਸੀ.ਸੀ. ਸੱਭਿਆਚਾਰਕ ਗਤੀਵਿਧੀਆਂ, ਪਰਬਤਰੋਹਣ, ਹਾਈਕਿੰਗ ਟ੍ਰੈਕਿੰਗ, ਖੇਡਾਂ, ਸਮਾਜ ਸੇਵਾ, ਰਾਸ਼ਟਰੀ ਏਕਤਾ, ਖ਼ੂਨਦਾਨ, ਨਸ਼ਿਆਂ ਵਿਰੁੱਧ ਜਾਗਰੂਕਤਾ, ਵਿੱਦਿਅਕ ਯੋਗਤਾ, ਬਹਾਦਰੀ ਦੇ ਕਾਰਨਾਮੇ, ਸਕਾਊਟਿੰਗ ਤੇ ਗਾਈਡਿੰਗ ਅਤੇ ਸਾਹਸੀ ਗਤੀਵਿਧੀਆਂ ਵਿਚ ਹਿੱਸਾ ਲੈਂਦਾ ਰਿਹਾ ਹੋਵੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਪੁਰਸਕਾਰ ਸਿਰਫ ਪੰਜਾਬ ਦੇ ਨੌਜਵਾਨਾਂ ਲਈ ਹੈ ਅਤੇ ਉਮੀਦਵਾਰ ਦੀ ਉਮਰ 31 ਮਾਰਚ 2022 ਨੂੰ 15 ਸਾਲ ਤੋਂ ਘੱਟ ਅਤੇ 35 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ। ਉਨ੍ਹਾਂ ਕਿਹਾ ਕਿ ਉਮੀਦਵਾਰ ਯੁਵਕ ਭਲਾਈ ਗਤੀਵਿਧੀਆਂ ਜਾਂ ਸਮਾਜ ਸੇਵਾ ਵਿਚ ਸ਼ਾਮਲ ਹੁੰਦਾ ਰਿਹਾ ਹੋਵੇ ਅਤੇ ਪੁਰਸਕਾਰ ਪ੍ਰਾਪਤ ਹੋਣ ਤੋਂ ਬਾਅਦ ਵੀ 2 ਸਾਲ ਬਾਅਦ ਇਨ੍ਹਾਂ ਗਤੀਵਿਧੀਆਂ ਨੂੰ ਜਾਰੀ ਰੱਖਣ ਦਾ ਇੱਛੁਕ ਹੋਵੇ ਅਤੇ ਇਹ ਗਤੀਵਿਧੀਆਂ ਸਮਾਜ ਸੇਵਾ ਤੇ ਨੌਜਵਾਨਾਂ ਦੇ ਵਿਕਾਸ ਵਿਚ ਸਹਾਇਕ ਹੋਣੀਆਂ ਚਾਹੀਦੀਆਂ ਹਨ। ਸੰਦੀਪ ਹੰਸ ਨੇ ਕਿਹਾ ਕਿ ਇਸ ਪੁਰਸਕਾਰ ਲਈ ਚੋਣ ਉਸ ਦੀ ਸਮਾਜ ਸੁਧਾਰ ਵਿਚ ਅਸਲ ਇੱਛਾ ਤੇ ਪ੍ਰਤੀਨਿਧਤਾ ਦੇ ਆਧਾਰ 'ਤੇ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਪੁਰਸਕਾਰ ਸਬੰਧੀ ਪ੍ਰੋਫਾਰਮਾਂ ਵਿਭਾਗ ਦੀ ਵੈਬ ਸਾਈਟ 'ਤੇ ਜਾਂ ਜ਼ਿਲ੍ਹੇ ਦੇ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਦੇ ਦਫ਼ਤਰ ਤੋਂ ਪ੍ਰਾਪਤ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਇਸ ਪੁਰਸਕਾਰ ਲਈ ਯੋਗ ਉਮੀਦਵਾਰ ਆਪਣੇ ਬਿਨੈਪੱਤਰ ਅਤੇ ਪ੍ਰਾਪਤੀਆਂ ਸਬੰਧੀ ਆਪਣਾ ਬਿਨੈਪੱਤਰ ਅਤੇ ਪ੍ਰਾਪਤੀਆਂ (ਦਸਤਾਵੇਜ਼) ਦੀ ਫਾਈਲ ਜ਼ਿਲ੍ਹੇ ਦੇ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਦੇ ਦਫ਼ਤਰ ਵਿਚ 30 ਨਵੰਬਰ 2022 ਤੱਕ ਭੇਜ ਸਕਦੇ ਹਨ। ਕਿਸੇ ਤਰ੍ਹਾਂ ਦੀ ਸਮੱਸਿਆ ਆਉਣ 'ਤੇ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਹੁਸ਼ਿਆਰਪੁਰ ਦੇ ਮੋਬਾਇਲ ਨੰਬਰ 98158-81016 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

# ਆਦਰਸ਼ ਸਕੂਲਾਂ ਦੇ ਸਾਇੰਸ ਅਧਿਆਪਕਾਂ ਤੇ ਪ੍ਰਿੰਸੀਪਲਾਂ ਲਈ ਓਰੀਐਂਟੇਸ਼ਨ ਪ੍ਰੋਗਰਾਮ

**ਐੱਸ.ਏ.ਐੱਸ.ਨਗਰ, (ਗੁਰਜੀਤ ਬਿੱਲਾ)**

ਪੰਜਾਬ ਸਕੂਲ ਸਿੱਖਿਆ ਬੋਰਡ ਨੇ ਸੋਮਵਾਰ ਨੂੰ ਪੰਜਾਬ ਸਟੇਟ ਕਾਉਂਸਿਲ ਫ਼ਾਰ ਸਾਇੰਸ ਐਂਡ ਟੈਕਨਾਲੋਜੀ ਅਤੇ ਵਿਗਿਆਨ ਪ੍ਰਸਾਰ, ਜੋ ਕਿ ਰਾਸ਼ਟਰੀ ਪੱਧਰ ਦੀ ਸੰਸਥਾ ਹੈ, ਨਾਲ ਸਮਝੌਤਿਆਂ ਤਹਿਤ ਪੰਜਾਬ ਵਿੱਚ ਸਕੋਪ (ਸਾਇੰਸ, ਕਮਿਊਨੀਕੇਸ਼ਨ, ਪਾਪੂਲਰਾਈਜ਼ੇਸ਼ਨ ਐਂਡ ਇਟਸ ਐਕਸਟੈਂਸ਼ਨ) ਨਾਂਅ ਹੇਠ ਇੱਕ ਨਵੇਂ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ। ਪੰਜਾਬ ਸਟੇਟ ਕਾਊਂਸਿਲ ਫ਼ਾਰ ਸਾਇੰਸ ਐਂਡ ਟੈਕਨਾਲੋਜੀ ਦੇ ਸਹਿਯੋਗ ਨਾਲ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਮੁੱਖ ਦਫ਼ਤਰ ਵਿਖੇ ਸਾਰੇ ਆਦਰਸ਼ ਸਕੂਲਾਂ ਦੇ ਸਾਇੰਸ ਅਧਿਆਪਕਾਂ ਅਤੇ ਪ੍ਰਿੰਸੀਪਲਾਂ ਲਈ ਓਰੀਐਂਟੇਸ਼ਨ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਤਿੰਨ ਸਾਲ ਦੇ ਇਸ ਪ੍ਰੋਜੈਕਟ ਦਾ ਮੁੱਖ ਉਦੇਸ਼ ਪੰਜਾਬੀ ਭਾਸ਼ਾ ਵਿੱਚ ਵਿਗਿਆਨ ਅਤੇ ਤਕਨਾਲੋਜੀ ਨੂੰ ਉਤਸ਼ਾਹਿਤ ਕਰਨਾ ਹੈ। ਸਿੱਖਿਆ ਬੋਰਡ ਵੱਲੋਂ ਜਾਰੀ ਜਾਣਕਾਰੀ ਅਨੁਸਾਰ ਇਸ ਪ੍ਰੋਜੈਕਟ ਵਿੱਚ ਵਿਗਿਆਨ ਅਤੇ ਵਾਤਾਵਰਨ ਵਿਸ਼ਿਆਂ ਦੀਆਂ ਨਵੀਆਂ ਕਿਤਾਬਾਂ ਦੀ ਤਿਆਰੀ, ਪ੍ਰਕਾਸ਼ਨ, ਅਨੁਵਾਦ, ਸਮਰੱਥਾ ਨਿਰਮਾਣ ਵਰਕਸ਼ਾਪਾਂ ਦੇ ਨਾਲ-ਨਾਲ ਵਿਦਿਆਰਥੀਆਂ ਲਈ ਵਿਗਿਆਨ ਅਤੇ ਵਾਤਾਵਰਨ ਬਾਰੇ ਜਾਗਰੂਕਤਾ ਲਈ ਲਘੂ ਫ਼ਿਲਮਾਂ ਅਤੇ ਵੀਡੀਓਜ਼ ਬਣਾਉਣ ਸਮੇਤ ਕਈ ਭਾਗ ਹੋਣਗੇ। ਮੈਗਜ਼ੀਨ ਅਤੇ ਹੋਰ ਸਾਫ਼ਟ/ਹਾਰਡ ਰਿਸੋਰਸ ਸਮੱਗਰੀ ਜੋ ਕਿ ਇਸ ਪ੍ਰੋਜੈਕਟ ਅਧੀਨ ਤਿਆਰ ਕੀਤੇ ਜਾਣਗੇ, ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਚਲਾਏ ਜਾ ਰਹੇ ਗਿਆਰਾਂ ਆਦਰਸ਼ ਸਕੂਲਾਂ, ਜਿਨ੍ਹਾਂ ਨੂੰ ਸਰਕਾਰੀ ਸਕੂਲਾਂ ਦੇ ਨਾਲ ਇਸ ਪ੍ਰੋਜੈਕਟ ਵਿੱਚ ਸ਼ਾਮਲ ਕੀਤਾ ਗਿਆ ਹੈ, ਨੂੰ ਪਹਿਲ ਦੇ ਅਧਾਰ 'ਤੇ ਮੁਹੱਈਆ ਕਰਵਾਏ ਜਾਣਗੇ।

ਇਸ ਆਯੋਜਨ ਵਿੱਚ ਮੁੱਖ ਮਹਿਮਾਨ ਵੱਜੋਂ ਸ਼ਾਮਲ ਹੋਏ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਚੇਅਰਮੈਨ ਪ੍ਰੋ.ਯੋਗਰਾਜ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਿੱਖਿਆ ਬੋਰਡ ਵੱਲੋਂ ਚਲਾਏ ਜਾ ਰਹੇ ਆਦਰਸ਼ ਸਕੂਲਾਂ ਵਿੱਚ ਪੜ੍ਹਾਈ ਕਰ ਰਹੇ ਵਿਦਿਆਰਥੀਆਂ ਵਿੱਚ ਵਿਗਿਆਨਕ ਸੁਭਾਅ ਪੈਦਾ ਕਰਨ ਲਈ ਵਿਸ਼ੇਸ਼ ਕਦਮ ਚੁੱਕੇ ਜਾਣਗੇ। ਉਨ੍ਹਾਂ ਅੱਗੇ ਕਿਹਾ ਕਿ ਆਦਰਸ਼ ਸਕੂਲਾਂ ਵਿੱਚ ਵਿਗਿਆਨ ਅਤੇ ਵਾਤਾਵਰਨ ਵਿਸ਼ਿਆਂ ਨੂੰ ਪੰਜਾਬੀ ਭਾਸ਼ਾ ਵਿੱਚ ਪੜ੍ਹਾਉਣ 'ਤੇ ਵੀ ਜ਼ੋਰ ਦਿੱਤਾ ਜਾਵੇਗਾ। ਪ੍ਰੋ. ਯੋਗਰਾਜ ਅਨੁਸਾਰ ਇਹ ਪ੍ਰੋਜੈਕਟ ਵਿਦਿਆਰਥੀਆਂ ਦੇ ਨਾਲ ਨਾਲ ਅਧਿਆਪਕਾਂ ਲਈ ਵੀ ਬਹੁਤ ਹੀ ਲਾਹੇਵੰਦ ਸਾਬਤ ਹੋਵੇਗਾ।

ਪੰਜਾਬ ਸਟੇਟ ਕਾਊਂਸਿਲ ਫ਼ਾਰ ਸਾਇੰਸ ਐਂਡ ਟੈਕਨਾਲੋਜੀ ਦੇ ਜੁਆਇੰਟ ਡਾਇਰੈਕਟਰ ਡਾ. ਕੁਲਬੀਰ ਸਿੰਘ ਬਾਠ ਨੇ ਪ੍ਰੋਜੈਕਟ ਸੰਬੰਧੀ ਵਿਸਥਾਰਪੂਰਵਕ ਜਾਣਕਾਰੀ ਦੇਣ ਦੇ ਨਾਲ-ਨਾਲ ਆਯੋਜਨ ਵਿੱਚ ਹਾਜ਼ਰ ਸਮੂਹ ਆਦਰਸ਼ ਸਕੂਲਾਂ ਦੇ ਅਧਿਆਪਕਾਂ, ਪ੍ਰਿੰਸੀਪਲਾਂ ਅਤੇ ਵਿਸ਼ਾ ਮਾਹਰਾਂ ਨੂੰ ਪ੍ਰੋਜੈਕਟ ਵਿੱਚ ਵਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਵੀ ਕੀਤਾ। ਪੰਜਾਬ ਸਟੇਟ ਕਾਊਂਸਿਲ ਫ਼ਾਰ ਸਾਇੰਸ ਐਂਡ ਟੈਕਨਾਲੋਜੀ ਦੇ ਹੀ ਡਾ. ਮੰਦਾਕਿਨੀ ਨੇ ਵੀ ਪ੍ਰੋਜੈਕਟ ਸੰਬੰਧੀ ਚਰਚਾ ਕੀਤੀ। ਵਿਸ਼ਾ ਮਾਹਰ ਵਿਗਿਆਨ ਅਤੇ ਆਦਰਸ਼ ਸਕੂਲਾਂ ਦੇ ਇੰਚਾਰਜ ਉਪਨੀਤ ਕੌਰ ਉਚੇਚੇ ਤੌਰ 'ਤੇ ਆਯੋਜਨ ਵਿੱਚ ਸ਼ਾਮਲ ਹੋਏ। ਵਿਸ਼ਾ ਮਾਹਰ ਵਾਤਾਵਰਣ ਡਾ. ਸ਼ਰੁਤੀ ਸ਼ੁਕਲਾ ਜੋ ਕਿ ਇਸ ਆਯੋਜਨ ਦੇ ਕੋ-ਆਰਡੀਨੇਟਰ ਵੀ ਸਨ, ਨੇ ਵਾਤਾਵਰਣ ਸੰਬੰਧੀ ਮੁੱਦਿਆਂ 'ਤੇ ਚਰਚਾ ਕੀਤੀ।

# ਤੁਹਾਡੀ ਤੇ ਤੁਹਾਡੇ ਬੱਚੇ ਦੀ ਸਿਹਤ ਦਾ ਰੱਖਿਅਕ ਆਇਓਡੀਨ ਯੁਕਤ ਨਮਕ : ਡਾ. ਪ੍ਰੀਤ ਮਹਿੰਦਰ ਸਿੰਘ

**ਮੇਹਟੀਆਣਾ (ਜਗਤਰ ਸਿੰਘ ਭੁੰਗਰਨੀ )**

ਆਇਓਡੀਨ ਦੀ ਘਾਟ ਕਾਰਨ ਮਨੁੱਖੀ ਸਿਹਤ ਨੂੰ ਹੋਣ ਵਾਲੇ ਨੁਕਸਾਨ ਵਾਰੇ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਸਿਹਤ ਵਿਭਾਗ ਵੱਲੋਂ ਅੱਜ ਸੀਨੀਅਰ ਸੈਕੰਡਰੀ ਸਕੂਲ ਪੁਰਹੀਰਾਂ ਵਿਖੇ ਗਲੋਬਲ ਆਇਓਡੀਨ ਡੈਫੀਸੈਂਸੀ ਡਿਸਆਰਡਰ ਪ੍ਰਵੈਂਸ਼ਨ ਡੇਅ ਦੇ ਸੰਬੰਧ ਵਿੱਚ ਸੈਮੀਨਾਰ ਕਰਵਾਇਆ ਗਿਆ। ਇਸ ਪ੍ਰੋਗਰਾਮ ਦੀ ਸ਼ੁਰੂਆਤ ਕਰਦਿਆਂ ਮੈਡਮ ਸੁਖਜੀਤ ਕੌਰ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ। ਸੈਮੀਨਾਰ ਨੂੰ ਸੰਬੋਧਨ ਕਰਦਿਆਂ ਸਿਵਲ ਸਰਜਨ ਡਾਕਟਰ ਪ੍ਰੀਤ ਮਹਿੰਦਰ ਸਿੰਘ ਨੇ ਦੱਸਿਆ ਕਿ ਆਇਓਡੀਨ ਇਕ ਅਜਿਹਾ ਤੱਤ ਹੈ ਜੋ ਮਨੁੱਖੀ ਸਰੀਰ ਲਈ ਬਹੁਤ ਜ਼ਰੂਰੀ ਹੈ, ਜੇਕਰ ਇਸ ਦੀ ਕਮੀ ਸਰੀਰ ਵਿੱਚ ਆ ਜਾਵੇ ਤਾਂ ਮਾਨਸਿਕ ਅਤੇ ਸਰੀਰਕ ਵਿਕਾਸ ਹਮੇਸ਼ਾ ਲਈ ਰੁਕ ਜਾਦਾ ਹੈ । ਆਇਓਡੀਨ ਦੀ ਘਾਟ ਨਾਲ ਸਰੀਰ ਵਿੱਚ ਗਿੱਲ੍ਹੜ ਰੋਗ, ਬੋਲਾਪਨ, ਅੱਖਾਂ ਦਾ ਟੇਢਾਪਨ ਅਤੇ ਗਰਭਵਤੀ ਮਾਵਾਂ ਨੂੰ ਬੱਚੇ ਮੰਦਬੁੱਧੀ ਤੇ ਸਰੀਰਕ ਤੌਰ 'ਤੇ ਕਮਜ਼ੋਰ ਪੈਦਾ ਹੋ ਸਕਦੇ ਹਨ । ਇਸ ਲਈ ਬੱਚਿਆਂ ਦੇ ਸਰੀਰਕ ਵਾਧੇ, ਦਿਮਾਗ ਦੇ ਵਿਕਾਸ ਲਈ ਅਤੇ ਗਰਭਵਤੀ ਅਵਸਥਾ ਵਿੱਚ ਬੱਚੇ ਦੇ ਵਿਕਾਸ ਲਈ ਆਇਓਡੀਨ ਯੁਕਤ ਲੂਣ ਹੀ ਵਰਤਣਾ ਚਹੀਦਾ ਹੈ। ਉਨ੍ਹਾਂ ਨੇ ਦੱਸਿਆ ਕਿ ਗਰਭਵਤੀ ਔਰਤਾਂ ਦਾ ਗਰਭ ਦੇ ਸ਼ੁਰੂਆਤੀ ਸਮੇਂ ਵਿੱਚ ਹੀ ਥਾਇਰਾਡ ਦਾ ਟੈਸਟ ਕਰਵਾਉਣਾ ਲਾਜ਼ਮੀ ਹੈ ਤਾਂ ਕਿ ਸਮਾਂ ਰਹਿੰਦਿਆਂ ਹੀ ਇਸ ਦਾ ਇਲਾਜ ਕੀਤਾ ਜਾ ਸਕੇ। ਇਸ ਮੌਕੇ ਉਹਨਾ ਦੱਸਿਆ ਕਿ ਸਾਨੂੰ ਰੋਜ਼ਾਨਾ 150 ਮਾਇਕਰੋਗ੍ਰਾਮ ਆਇਓਡੀਨ ਦੀ ਜ਼ਰੂਰਤ ਹੁੰਦੀ ਹੈ ਅਤੇ ਗਰਭਵਾਤੀ ਮਾਵਾਂ ਨੂੰ ਇਸ ਦੀ ਮਾਤਰਾ 200 ਮਾਈਕਰੋਗ੍ਰਾਮ ਤੱਕ ਰੋਜ਼ਾਨਾ ਦੀ ਜ਼ਰੂਰਤ ਹੁੰਦੀ ਹੈ ਜੋ ਕਿ ਸਾਨੂੰ ਆਇਓਡੀਨ ਯੂਕਤ ਨਮਕ ਦੇ ਰਾਹੀਂ ਪ੍ਰਾਪਤ ਹੋ ਜਾਦੀ ਹੈ। ਉਹਨਾ ਦੱਸਿਆ ਕਿ ਨਮਕ ਨੂੰ ਹਮੇਸ਼ਾ ਬੰਦ ਡੱਬੇ ਵਿੱਚ ਪਾ ਕੇ ਰੱਖਣਾ ਚਾਹੀਦਾ ਹੈ ਅਤੇ ਧੁੱਪ ਅਤੇ ਸਿੱਲ੍ਹ ਵਾਲੀ ਜਗ੍ਹਾ 'ਤੇ ਨਹੀਂ ਰੱਖਣਾ ਚਾਹੀਦਾ ਅਤੇ ਆਇਓਡੀਨ ਯੁਕਤ ਲੂਣ ਦੀ ਵਰਤੋਂ 6 ਮਹੀਨੇ ਦੇ ਅੰਦਰ-ਅੰਦਰ ਕਰ ਲੈਣੀ ਚਾਹੀਦੀ ਹੈ। ਇਸ ਸੰਬੰਧ ਵਿੱਚ ਡਾਕਟਰ ਵਿਵੇਕ ਏ ਐਮ ਓ (ਆਰ ਬੀ ਐਸ ਕੇ) ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਆਇਓਡੀਨ ਅਜਿਹਾ ਖਣਿਜ ਹੈ ਕਿ ਜਿਹੜਾ ਸਾਡੀ ਸਰੀਰਕ ਅਤੇ ਮਾਨਸਿਕ ਸਿਹਤ ਲਈ ਬਹੁਤ ਜ਼ਰੂਰੀ ਹੈ। ਇਸ ਦੀ ਘਾਟ ਨਾਲ ਵਾਲਾਂ ਦਾ ਝੜਨਾ, ਚਮੜੀ ਦਾ ਖੁਸ਼ਕ ਹੋਣਾ, ਹੱਡੀਆਂ ਦੀ ਕਮਜ਼ੋਰੀ, ਮਾਨਸਿਕ ਤੇ ਸਰੀਰਕ ਵਿਕਾਸ ਵਿੱਚ ਰੁਕਾਵਟ ਆਦਿ ਲੱਛਣ ਪਾਏ ਜਾਂਦੇ ਹਨ। ਆਇਓਡੀਨ ਦੀ ਅਪੂਰਤੀ ਚੜ੍ਹਦੇ ਸੂਰਜ ਦੇ ਨਿਸ਼ਾਨ ਵਾਲਾ ਆਇਓਡਾਈਜ਼ਡ ਨਮਕ, ਸੀ-ਫੂਡ, ਡੇਅਰੀ ਪ੍ਰੋਡਕਟ, ਦੁੱਧ, ਦਹੀਂ ਅਤੇ ਪਨੀਰ ਰਾਹੀਂ ਕੀਤੀ ਜਾ ਸਕਦੀ ਹੈ। ਡਿਪਟੀ ਮਾਸ ਮੀਡੀਆ ਅਫ਼ਰਸ ਤ੍ਰਿਪਤਾ ਦੇਵੀ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਸਮੇਂ-ਸਮੇਂ 'ਤੇ ਫੀਲਡ ਵਰਕਰਾਂ ਰਾਹੀਂ ਘਰਾਂ ਵਿੱਚੋਂ ਨਮਕ ਦੇ ਨਮੂਨੇ ਇੱਕਠੇ ਕਰਕੇ ਜਾਂਚ ਕੀਤੀ ਜਾਂਦੀ ਹੈ ਤਾਂ ਕਿ ਪੱਤਾ ਲੱਗ ਸਕੇ ਕਿ ਜਿਹੜਾ ਨਮਕ ਅਸੀ ਖਾਂਦੇ ਹਾਂ ਉਹ ਸਾਡੀ ਆਇਓਡੀਨ ਦੀ ਰੋਜ਼ਾਨਾ ਦੀ ਲੋੜ ਨੂੰ ਪੂਰਾ ਕਰਦਾ ਹੈ ਜਾਂ ਨਹੀਂ। ਇਸ ਮੌਕੇ ਡਾਕਟਰ ਮਨਦੀਪ ਕੌਰ ਏ ਐਮ ਓ (ਆਰ ਬੀ ਐਸ ਕੇ), ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਪਰਸ਼ੋਤਮ ਲਾਲ, ਅਮਨਦੀਪ ਸਿੰਘ (ਬੀ ਸੀ ਸੀ), ਰੰਜਨਾ ਕੁਮਾਰੀ ਸਟਾਫ ਨਰਸ ਅਤੇ ਸਕੂਲ ਦੇ ਅਧਿਆਪਕ ਹਾਜ਼ਰ ਸਨ।



2-Nov-PAGE-9.qxd 11/1/2022 10:19 PM Page 1



# ਮੁੱਖ ਸਕੱਤਰ ਵੱਲੋਂ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਪ੍ਰਭਾਵੀ ਢੰਗ ਨਾਲ ਕੰਟਰੋਲ ਕਰਨ ਦੀਆਂ ਹਦਾਇਤਾਂ



**ਚੰਡੀਗੜ੍ਹ, (ਗੁਰਜੀਤ ਬਿੱਲਾ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਪਰਾਲੀ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਨੂੰ ਪ੍ਰਭਾਵੀ ਢੰਗ ਨਾਲ ਰੋਕਣ ਦੀਆਂ ਕੋਸ਼ਿਸ਼ਾਂ ਤਹਿਤ ਮੁੱਖ ਸਕੱਤਰ ਵਿਜੇ ਕੁਮਾਰ ਜੰਜੂਆ ਨੇ ਪਰਾਲੀ ਸਾੜੇ ਜਾਣ ਵਾਲੇ ਸੰਭਾਵਤ ਖੇਤਰਾਂ 'ਚ ਅਜਿਹੀਆਂ ਘਟਨਾਵਾਂ ਨੂੰ ਕੰਟਰੋਲ ਕਰਨ ਦੀਆਂ ਹਦਾਇਤਾਂ ਦਿੱਤੀਆਂ। ਪਿਛਲੇ ਦਿਨਾਂ ਦੌਰਾਨ ਸਾਰੇ ਜ਼ਿਲ੍ਹਿਆਂ ਦਾ ਦੌਰਾ ਕਰਕੇ ਆਏ ਸਕੱਤਰ ਇੰਚਾਰਜਾਂ ਤੋਂ ਪਰਾਲੀ ਸਾੜਨ ਦੀਆਂ ਘਟਨਾਵਾਂ ਦਾ ਜਾਇਜ਼ਾ ਅਤੇ ਮੁਕਾਮੀ ਪੱਧਰ ਦੀ ਸਥਿਤੀ ਅਨੁਸਾਰ ਸੁਝਾਅ ਲੈਂਦਿਆਂ ਮੁੱਖ ਸਕੱਤਰ ਨੇ ਪਰਾਲੀ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਰੋਕਣ ਲਈ ਨੰਬਰਦਾਰਾਂ ਦੀ ਜ਼ਿੰਮੇਵਾਰੀ ਤੈਅ ਕਰਨ ਦੀ ਹਦਾਇਤ ਵੀ ਦਿੱਤੀ ਹੈ। ਉਨ੍ਹਾਂ ਕਿਹਾ ਕਿ ਨੰਬਰਦਾਰ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਜਾਗਰੂਕ ਕਰਨ ਅਤੇ ਜਿਨ੍ਹਾਂ ਪਿੰਡਾਂ ਵਿੱਚ ਅੱਗ ਲਾਉਣ ਦੇ ਮਾਮਲੇ ਸਾਹਮਣੇ ਆਉਂਦੇ ਹਨ, ਉਥੋਂ ਦੇ ਨੰਬਰਦਾਰਾਂ ਦੀ ਜਵਾਬਦੇਹੀ ਤੈਅ ਕੀਤੀ ਜਾਵੇ। ਇਥੇ ਪਰਾਲੀ ਪ੍ਰਬੰਧਨ ਲਈ ਇਕ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਸਕੱਤਰ ਨੇ ਅਧਿਕਾਰੀਆਂ ਨੂੰ ਹਦਾਇਤ ਦਿੱਤੀ ਕਿ ਅਗਲੇ ਦਿਨਾਂ ਦੌਰਾਨ ਪਰਾਲੀ ਸਾੜਨ ਦੀਆਂ ਘਟਨਾਵਾਂ ਰੋਕਣ ਲਈ ਜ਼ਿਆਦਾ ਤਵੱਜੋ ਦਿੱਤੀ ਜਾਵੇ ਅਤੇ ਅੱਗ ਲਾਉਣ ਦੀਆਂ ਘਟਨਾਵਾਂ ਨੂੰ ਕੰਟਰੋਲ ਕੀਤਾ ਜਾਵੇ। ਜ਼ਿਲ੍ਹਿਆਂ ਦਾ ਦੌਰਾ ਕਰਕੇ ਆਏ ਸਕੱਤਰ ਇੰਚਾਰਜਾਂ ਨੇ ਮੁੱਖ ਸਕੱਤਰ ਨੂੰ ਜਾਣੂ ਕਰਵਾਇਆ ਕਿ ਸੂਬੇ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਵਿੱਚ ਗਿਰਾਵਟ ਪਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ 27 ਅਕਤੂਬਰ 2021 ਤੱਕ ਪਰਾਲੀ ਸਾੜਨ ਵਾਲਾ ਰਕਬਾ 400.35 ਹਜ਼ਾਰ ਹੈਕਟੇਅਰ ਸੀ, ਜੋ 26 ਅਕਤੂਬਰ 2022 ਤੱਕ ਘਟ ਕੇ 295.60 ਹਜ਼ਾਰ ਹੈਕਟੇਅਰ ਰਹਿ ਗਿਆ ਹੈ। ਮੁੱਖ ਸਕੱਤਰ ਨੇ ਅਧਿਕਾਰੀਆਂ ਨੂੰ ਪਰਾਲੀ ਨਾ ਸਾੜਨ ਲਈ ਕਿਸਾਨਾਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਨਾ ਯਕੀਨੀ ਬਣਾਉਣ ਦੇ ਆਦੇਸ਼ ਵੀ ਦਿੱਤੇ। ਉਨ੍ਹਾਂ ਹਦਾਇਤ ਕੀਤੀ ਕਿ ਠੇਕੇ 'ਤੇ ਦਿੱਤੀਆਂ ਸਰਕਾਰੀ ਜ਼ਮੀਨਾਂ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਬਿਲਕੁਲ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ।

# ਪਲੇਸਮੈਂਟ ਕੈਂਪ ਅੱਜ

**ਮੁਹਾਲੀ (ਗੁਰਜੀਤ ਬਿੱਲਾ)**-ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਓਰੋ, ਐਸ.ਏ.ਐਸ ਨਗਰ ਵੱਲੋਂ ਜ਼ਿਲ੍ਹੇ ਦੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਦੇ ਅਵਸਰ ਮੁੱਹਈਆ ਕਰਵਾਉਣ ਲਈ 2 ਨਵੰਬਰ ਨੂੰ ਸਵੇਰੇ 9.30 ਵਜੇ ਡੀ.ਬੀ.ਈ.ਈ, ਕਮਰਾ ਨੰ 461, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੈਕਟਰ-76, ਐਸ.ਏ.ਐਸ ਨਗਰ ਵਿਖੇ ਕੀਤਾ ਪਲੇਸਮੈਂਟ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਕੈਂਪ ਵਿੱਚ ਪ੍ਰਾਈਵੀ ਸਲਿਊਸ਼ਨ ਪ੍ਰਾ: ਲਿਮ:, ਐਸ.ਆਈ.ਐਸ. ਸਕਿਓਰਿਟੀ, ਏਅਰਨ ਆਈ.ਟੀ. ਸਲਿਊਸ਼ਨ ਪ੍ਰਾ: ਲਿਮ: ਅਤੇ ਰਿਲਾਇੰਸ ਲਾਈਫ ਇੰਸ਼ੋਰੈਂਸ ਕੰਪਨੀ ਲਿਮ: ਆਦਿ ਕੰਪਨੀਆਂ ਦੇ ਨਿਯੋਜਕਾਂ ਵਲੋਂ ਭਾਗ ਲਿਆ ਜਾਵੇਗਾ। ਜਿਸ ਵਿੱਚ ਮੈਟ੍ਰਿਕ, ਬਾਰਵੀਂ ਅਤੇ ਗ੍ਰੈਜੂਏਸ਼ਨ ਵਿਦਿਅਕ ਯੋਗਤਾ ਵਾਲੇ ਪ੍ਰਾਰਥੀ ਭਾਗ ਲੈ ਸਕਦੇ ਹਨ। ਇਸ ਤੋਂ ਇਲਾਵਾ ਫੋਰਨ ਅਕਾਊਂਟਿੰਗ ਲਈ ਬੀ.ਕਾਮ. ਨਾਲ ਸਬੰਧਿਤ ਵਿਦਿਅਕ ਯੋਗਤਾ ਵਾਲੇ ਪ੍ਰਾਰਥੀ ਭਾਗ ਲੈ ਸਕਦੇ ਹਨ। ਵਧੇਰੇ ਜਾਣਕਾਰੀ ਦਿੰਦਿਆਂ ਮੀਨਾਕਸ਼ੀ ਗੋਇਲ, ਡਿਪਟੀ ਡਾਇਰੈਕਟਰ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਘਰ-2 ਰੋਜ਼ਗਾਰ ਮਿਸ਼ਨ ਅਧੀਨ ਪਲੇਸਮੈਂਟ ਕੈਂਪ, ਸਵੈ-ਰੋਜ਼ਗਾਰ ਕੈਂਪ, ਸਕਿੱਲ੍ਹ ਕੈਂਪ ਆਦਿ ਦਾ ਆਯੋਜਨ ਸਮੇਂ-ਸਮੇਂ ਤੇ ਕੀਤਾ ਜਾਂਦਾ ਹੈ ਤਾਂ ਜੋ ਜ਼ਿਲ੍ਹੇ ਦੇ ਬੇਰੁਜ਼ਗਾਰ ਨੌਜਵਾਨਾਂ ਨੂੰ ਵੱਧ ਤੋਂ ਵੱਧ ਰੋਜ਼ਗਾਰ ਦੇ ਅਵਸਰ ਮੁਹੱਈਆ ਕਰਵਾਏ ਜਾ ਸਕਨ ਅਤੇ ਉਨ੍ਹਾਂ ਨੂੰ ਆਰਥਿਕ ਪੱਖੋਂ ਆਤਮਨਿਰਭਰ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਬੇਰੁਜ਼ਗਾਰ ਯੋਗ ਪ੍ਰਾਰਥੀਆਂ ਨੂੰ ਆਪਣੇ ਲੋੜੀਂਦੇ ਦਸਤਾਵੇਜ ਅਤੇ ਰਿਜ਼ਿਊਮ ਨਾਲ ਲੈ ਕੇ ਦਫਤਰ ਵਿਖੇ ਪਹੁੰਚਣ ਅਤੇ ਇਸ ਪਲੇਸਮੈਂਟ ਕੈਂਪ ਦਾ ਵੱਧ ਤੋਂ ਵੱਧ ਲਾਭ ਲੈ ਸਕਣ।

# ਮਿਸ਼ਨ ਮਿਲਾਪ ਮੁਹਿੰਮ ਤਹਿਤ ਸੱਤ ਲਾਵਾਰਿਸ ਪ੍ਰਾਣੀਆਂ ਨੂੰ ਵਾਰਸਾਂ ਦੇ ਸਪੁਰਦ ਕੀਤਾ

**ਕੁਰਾਲੀ (ਮੋਹਨ ਅੱਗਰਵਾਲ ਜੋਗਾ)**

ਸ਼ਹਿਰ ਵਿਚ ਲਾਵਾਰਿਸ ਨਾਗਰਿਕਾਂ ਦੀ ਸੇਵਾ ਸੰਭਾਲ ਕਰ ਰਹੀ ਪ੍ਰਭ ਆਸਰਾ ਸੰਸਥਾਂ ਦੇ ਪ੍ਰਬੰਧਕਾਂ ਵੱਲੋਂ 'ਮਿਸ਼ਨ ਮਿਲਾਪ' ਮੁਹਿੰਮ ਤਹਿਤ ਸੱਤ ਹੋਰ ਲਾਵਾਰਿਸ ਪ੍ਰਾਣੀਆਂ ਨੂੰ ਇਲਾਜ ਉਪਰੰਤ ਉਹਨਾਂ ਦੇ ਵਾਰਸਾਂ ਦੇ ਸਪੁਰਦ ਕੀਤਾ ਗਿਆ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਸੰਸਥਾਂ ਦੇ ਮੁੱਖ ਪ੍ਰਬੰਧਕ ਭਾਈ ਸ਼ਮਸ਼ੇਰ ਸਿੰਘ ਤੇ ਬੀਬੀ ਰਾਜਿੰਦਰ ਕੌਰ ਪਡਿਆਲਾ ਨੇ ਦੱਸਿਆ ਕਿ ਹਰਪ੍ਰੀਤ (20) ਜਿਸ ਦੀ ਮਾਨਸਿਕ ਹਾਲਤ ਠੀਕ ਨਹੀਂ ਸੀ ਨੂੰ ਪੰਜ ਸਾਲ ਪਹਿਲਾ ਅੰਬਾਲਾ ਵਲੋਂ ਸੰਸਥਾ ਵਿਚ ਦਾਖਿਲ ਕਰਵਾਇਆ ਗਿਆ ਸੀ। ਪਰਮਾਤਮਾ ਦੀ ਕਿਰਪਾ, ਆਪ ਸਭ ਦੇ ਸਹਿਯੋਗ ਅਤੇ ਪ੍ਰਭ ਆਸਰਾ ਦੀ ਟੀਮ ਦੀ ਦਿਨ ਰਾਤ ਮਿਹਨਤ ਸਦਕਾ ਮਿਸ਼ਨ ਮਿਲਾਪ ਮੁਹਿੰਮ ਤਹਿਤ ਹਰਪ੍ਰੀਤ ਦੇ ਘਰਦਿਆਂ ਨਾਲ ਸੰਪਰਕ ਕੀਤਾ ਤਾਂ ਇਸ ਨੂੰ ਘਰ ਲਿਜਾਣ ਲਈ ਮਾਤਾ, ਪਿਤਾ ਤੇ ਚਾਚਾ ਆਏ ਉਹਨਾਂ ਦਸਿਆ 5 ਸਾਲ ਪਹਿਲਾ ਇਹ ਖੇਡਣ ਲਈ ਘਰੋਂ ਨਿਕਲਿਆ ਤੇ ਵਾਪਸ ਨਾ ਆਇਆ। ਉਹਨਾਂ ਇਸਨੂੰ ਲੱਭਣ ਦੀ ਬਹੁਤ ਕੋਸ਼ਿਸ਼ ਕੀਤੀ, ਪਰ ਨਹੀਂ ਮਿਲਿਆ ਉਹਨਾਂ ਦੱਸਿਆ ਉਸ ਵੇਲੇ ਸਾਡੀ ਖੁਸ਼ੀ ਦਾ ਕੋਈ ਟਿਕਾਣਾ ਨਾ ਰਿਹਾ ਜਦੋਂ ਸਾਨੂੰ ਪਤਾ ਲੱਗਿਆ ਕਿ ਸਾਡਾ ਬੱਚਾ ਸਹੀ ਸਲਾਮਤ ਪ੍ਰਭ ਆਸਰਾ ਕੁਰਾਲੀ ਵਿਚ ਹੈ ਅਸੀਂ ਉਸੇ ਵੇਲੇ ਨੰਗੇ ਪੈਰ ਹੀ ਮੀਂਹ ਪੈਂਦੇ ਵਿਚ ਸਰਪੰਚ ਦੇ ਘਰ ਪ੍ਰਭ ਆਸਰਾ ਵੱਲੋਂ ਆਇਆ ਫੋਨ ਸੁਣਨ ਗਏ ਤੇ ਉਸ ਨੂੰ ਲੈਣ ਲਈ ਪ੍ਰਭ




ਆਸਰਾ ਕੁਰਾਲੀ ਵਿਖੇ ਆ ਗਏ ਇਸੇ ਤਰ੍ਹਾਂ ਊਸ਼ਾ (50) ਜੋ ਕਿ 5 ਸਾਲ ਪਹਿਲਾ ਘਰੋਂ ਨਿਕਲੀ ਤੇ ਮਾਨਸਿਕ ਪ੍ਰੇਸ਼ਾਨੀ ਕਾਰਨ ਘਰ ਦਾ ਰਸਤਾ ਭੁੱਲ ਗਈ। ਇਸਨੂੰ ਥਾਣਾ ਡੇਰਾ ਬੱਸੀ ਵਲੋਂ ਲਾਵਾਰਿਸ ਹਾਲਤ ਵਿਚ ਰੁੱਲ ਰਹੀ ਨੂੰ ਸੇਵਾ ਸੰਭਾਲ ਤੇ ਇਲਾਜ ਲਈ ਸੰਸਥਾ ਵਿਚ ਦਾਖਿਲ ਕਰਵਾ ਦਿੱਤਾ ਗਿਆ ਸੀ ਨੂੰ ਵਾਰਸ ਦੇ ਹਵਾਲੇ ਕੀਤਾ ਗਿਆ ਆਰਤੀ (21) ਮਾਨਸਿਕ ਪ੍ਰੇਸ਼ਾਨੀ ਕਾਰਨ ਘਰੋਂ ਨਿਕਲ ਗਈ ਸੀ ਤੇ ਮੁੜ ਕੇ ਘਰ ਨਹੀਂ ਆਈ ਉਸਨੂੰ ਘਰ ਲੈ ਕੇ ਜਾਣ ਲਈ ਉਸਦੇ ਪਿਤਾ ਜੀ ਤੇ ਭੈਣ ਲਖਨਊ ਤੋਂ ਸੰਸਥਾ ਵਿਚ ਪਹੁੰਚੇ ਉਹਨਾਂ ਦਸਿਆ ਕਿ ਆਰਤੀ ਪਿਛਲੇ 4 ਸਾਲ ਤੋਂ ਘਰੋਂ ਨਿਕਲੀ ਹੋਈ ਹੈ ਮੋਨਾ ਦੇਵੀ (43) ਜਿਸਦੀ ਦਿਮਾਗੀ ਹਾਲਤ ਠੀਕ ਨਹੀਂ ਸੀ ਨੂੰ ਮੋਹਾਲੀ ਵਲੋਂ ਬੜੀ ਹੀ ਤਰਸਯੋਗ ਤੇ ਲਾਵਾਰਿਸ ਹਾਲਤ ਵਿਚ ਸੋਹਣਾ ਸਾਹਿਬ ਗੁਰਦਵਾਰੇ ਦੇ ਬਾਹਰ ਰੁੱਲ ਰਹੀ ਨੂੰ ਚੁੱਕ ਕੇ ਸੰਸਥਾ ਵਿਚ ਦਾਖਿਲ ਕਰਵਾਇਆ ਗਿਆ ਸੀ ਸਕੀਨਾ (35) ਜੋ ਕਿ ਮਾਨਸਿਕ ਪ੍ਰੇਸ਼ਾਨੀ ਕਾਰਨ ਏਅਰਪੋਰਟ ਰੋਡ ਤੇ ਲਾਵਾਰਿਸ ਹਾਲਤ ਵਿਚ ਘੁੰਮ ਰਹੀ ਸੀ ਨੂੰ ਸੋਹਣਾ ਪੁਲਿਸ ਵਲੋਂ ਦਾਖਿਲ ਕਰਵਾਇਆ ਗਿਆ ਸੀ ਇਸੇ ਤਰਾਂ ਤੇਜਾ ਦੇਵੀ (45) ਜੋ ਕਿ ਘੜੋਲੀ ਪਿੰਡ ਦੇ ਮੰਦਿਰ ਵਿਚ ਕਈ ਦਿਨਾਂ ਤੋਂ ਲਾਵਰਿਸ਼ ਹਾਲਤ ਵਿਚ ਬੈਠੀ ਸੀ ਨੂੰ ਉਥੋਂ ਦੇ ਸਮਾਜਦਰਦੀ ਸਜਨਾ ਵਲੋਂ ਮੁੱਲਾਪੁਰ ਦੀ ਪੁਲਿਸ ਦੀ ਮਦਦ ਨਾਲ ਸੰਸਥਾ ਵਿਚ ਦਾਖਿਲ ਕਰਵਾਇਆ ਗਿਆ ਸੀ ਮੋਨਿਕਾ (35) ਮਾਨਸਿਕ ਰੋਗ ਤੋਂ ਪੀੜਤ ਨੂੰ ਖਰੜ ਵੱਲੋ ਸੇਵਾ ਸੰਭਾਲ ਤੇ ਇਲਾਜ ਲਈ ਸੰਸਥਾ ਵਿਚ ਦਾਖਿਲ ਕਰਵਾਇਆ ਗਿਆ ਸੀ ਸੰਸਥਾਂ ਦੇ ਪ੍ਰਬੰਧਕਾਂ ਵੱਲੋਂ ਵਾਰਸਾਂ ਦੀ ਸਨਾਖਤ ਕਰਨ ਉਪਰੰਤ ਨਾਗਰਿਕਾਂ ਨੂੰ ਉਹਨਾਂ ਦੇ ਵਾਰਸਾਂ ਦੇ ਸਪੁਰਦ ਕੀਤਾ ਗਿਆ . ਵਾਰਸਾਂ ਨੇ ਪ੍ਰਬੰਧਕਾਂ ਦਾ ਧੰਨਵਾਦ ਕੀਤਾ ਤੇ ਸੰਸਥਾ ਦੇ ਕਾਰਜ ਦੀ ਸ਼ਲਾਘਾ ਕੀਤੀ।

# ਭ੍ਰਿਸ਼ਟਾਚਾਰ ਦੇ ਖਾਤਮੇ ਲਈ ਲੋਕਾਂ ਦੀ ਜਾਗਰੂਕਤਾ ਅਹਿਮ ਭੂਮਿਕਾ ਨਿਭਾਏਗੀ : ਵਰਿੰਦਰ ਕੁਮਾਰ



**ਚੰਡੀਗੜ੍ਹ, (ਗੁਰਜੀਤ ਬਿੱਲਾ)**

ਸਮਾਜ ਵਿੱਚ ਪਾਰਦਰਸ਼ਤਾ, ਜਵਾਬਦੇਹੀ ਅਤੇ ਇਮਾਨਦਾਰੀ ਨੂੰ ਉਤਸਾਹਿਤ ਕਰਨ ਲਈ ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਭ੍ਰਿਸ਼ਟਾਚਾਰ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕਤਾ ਫੈਲਾਉਣ ਲਈ 'ਵਿਜੀਲੈਂਸ ਜਾਗਰੂਕਤਾ ਹਫਤਾ' ਮਨਾਉਂਦਿਆਂ ਆਪਣੇ ਅਧਿਕਾਰੀਆਂ/ਕਰਮਚਾਰੀਆਂ ਨੂੰ ਜਾਗਰੂਕ ਕੀਤਾ ਗਿਆ। ਇਸ ਜਾਗਰੂਕਤਾ ਹਫਤੇ ਦੀ ਸ਼ੁਰੂਆਤ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਸੂਬੇ 'ਚ ਭ੍ਰਿਸ਼ਟਾਚਾਰ ਮੁਕਤ ਪ੍ਰਸਾਸਨ ਮੁਹੱਈਆ ਕਰਵਾਉਣ ਲਈ ਸਰਕਾਰ ਦੀ ਭ੍ਰਿਸ਼ਟਾਚਾਰ ਵਿਰੋਧੀ ਮੁਹਿੰਮ 'ਚ ਲੋਕਾਂ ਨੂੰ ਸਹਿਯੋਗ ਦੇਣ ਦਾ ਸੰਦੇਸ਼ ਦਿੱਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਏ.ਡੀ.ਜੀ.ਪੀ.-ਕਮ-ਚੀਫ ਡਾਇਰੈਕਟਰ ਵਰਿੰਦਰ ਕੁਮਾਰ ਨੇ ਦੱਸਿਆ ਕਿ ਇਹ ਸਪਤਾਹ ਮਨਾਉਣ ਦਾ ਉਦੇਸ ਸਰਕਾਰੀ ਦਫਤਰਾਂ ਅਤੇ ਸਮਾਜ 'ਚੋਂ ਭ੍ਰਿਸ਼ਟਾਚਾਰ ਦੇ ਖਾਤਮੇ ਲਈ ਅਹਿਮ ਭੂਮਿਕਾ ਨਿਭਾਉਣ ਵਾਸਤੇ ਆਮ ਲੋਕਾਂ ਨੂੰ ਜਾਗਰੂਕ ਕਰਨਾ ਹੈ। ਉਨ੍ਹਾਂ ਕਿਹਾ ਕਿ 'ਭ੍ਰਿਸ਼ਟਾਚਾਰ ਮੁਕਤ ਸੂਬਾ' ਯਕੀਨੀ ਬਣਾਉਣ ਲਈ ਲੋਕਾਂ ਦੀ ਸਰਗਰਮ ਭੂਮਿਕਾ ਵਾਸਤੇ ਸਾਡੇ ਲਗਾਤਾਰ ਯਤਨਾਂ ਦੇ ਹਿੱਸੇ ਵਜੋਂ ਇਹ ਜਾਗਰੂਕਤਾ ਹਫਤਾ ਮਨਾਇਆ ਜਾ ਰਿਹਾ ਹੈ। ਵਿਜੀਲੈਂਸ ਬਿਊਰੋ ਦੇ ਮੁਖੀ ਨੇ ਅਧਿਕਾਰੀਆਂ/ਕਰਮਚਾਰੀਆਂ ਨੂੰ ਕੁਸ਼ਲਤਾ ਨਾਲ ਕੰਮ ਕਰਨ ਅਤੇ ਲੰਬਿਤ ਵਿਜੀਲੈਂਸ ਕੇਸਾਂ ਦਾ ਜਲਦ ਨਿਪਟਾਰਾ ਕਰਨ ਲਈ ਕਿਹਾ। ਵਿਜੀਲੈਂਸ ਜਾਗਰੂਕਤਾ ਹਫਤੇ ਦੀ ਸ਼ੁਰੂਆਤ ਮੌਕੇ ਵਿਜੀਲੈਂਸ ਬਿਊਰੋ ਦੇ ਸੰਯੁਕਤ ਡਾਇਰੈਕਟਰ ਪ੍ਰਸਾਸ਼ਨ ਕੰਵਲਦੀਪ ਸਿੰਘ ਨੇ ਬਿਊਰੋ ਦੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਇਮਾਨਦਾਰੀ ਦੀ ਸਹੁੰ ਚੁਕਾਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿਜੀਲੈਂਸ ਬਿਊਰੋ ਦੇ ਡਾਇਰੈਕਟਰ ਰਾਹੁਲ ਐਸ. ਅਤੇ ਮੁੱਖ ਦਫਤਰ ਦੇ ਸਮੂਹ ਅਧਿਕਾਰੀ/ਕਰਮਚਾਰੀ ਹਾਜ਼ਰ ਸਨ।

# ਸੰਯੁਕਤ ਕਿਸਾਨ ਮੋਰਚੇ ਦੇ ਸਮਰਥਕ ਗਦਰੀ ਬਾਬਿਆਂ ਨੂੰ ਸਿਜਦਾ ਕਰਨ ਯਾਦਗਾਰ ਹਾਲ ਮੇਲੇ 'ਚ ਪਹੁੰਚੇ

**ਮਾਹਿਲਪੁਰ (ਸਫਰੀ)**

ਗਦਰੀ ਬਾਬਿਆਂ ਦੇ ਮੇਲੇ ਦੇ ਦੂਜੇ ਦਿਨ ਇਲਾਕਾ ਮਾਹਿਲਪੁਰ ਚੱਬੇਵਾਲ ਦੇ ਸੰਯੁਕਤ ਕਿਸਾਨ ਮੋਰਚੇ ਦੇ ਸਮਰਥਕਾਂ ਨੇ ਦੇਸ਼ ਭਗਤ ਯਾਦਗਾਰ ਹਾਲ ਵਿਖੇ ਪਹੁੰਚ ਕੇ ਗਦਰੀ ਬਾਬਿਆਂ ਨੂੰ ਸਿਜਦਾ ਕੀਤਾ ਤੇ ਆਉਣ ਵਾਲੇ ਸਮੇਂ ਦੇ ਸੰਘਰਸ਼ਾਂ ਲਈ ਆਸ਼ੀਰਵਾਦ ਪ੍ਰਾਪਤ ਕੀਤਾ। ਦੇਸ਼ ਦੀ ਆਜ਼ਾਦੀ ਦੇ ਸੰਗਰਾਮ ਦਾ ਮੁੱਢ ਬੰਨ੍ਹਣ ਵਾਲੇ ਗਦਰੀ ਬਾਬਿਆਂ ਦਾ 31ਵਾਂ ਸਲਾਨਾ ਮੇਲਾ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਵਲੋਂ ਸਮੂਹ ਸੰਘਰਸ਼ਸ਼ੀਲ ਲੋਕਾਂ ਦੇ ਸਹਿਯੋਗ ਨਾਲ ਬਹੁਤ ਹੀ ਜੋਸ਼,ਉਤਸ਼ਾਹ ਤੇ ਸਤਿਕਾਰ ਸਹਿਤ ਮਨਾਇਆ ਜਾ ਰਿਹਾ ਹੈ। ਇਸ ਵਿੱਚ ਪੂਰੇ ਦੇਸ਼ ਦੇ ਵੱਖ-ਵੱਖ ਕੋਨਿਆਂ ਤੋਂ ਦੇਸ਼ ਭਗਤ ਵਿਦਵਾਨਾਂ, ਵਿਦਿਆਰਥੀਆਂ ਤੇ ਕਿਰਤੀ ਲੋਕਾਂ ਵੱਲੋਂ ਸਮੂਲੀਅਤ ਕੀਤੀ ਜਾ ਰਹੀ। ਹਰ ਸਾਲ ਇਸ ਵਿੱਚ ਹਾਜ਼ਰੀ ਲਗਵਾਉਣ ਵਾਲੇ ਜਮਹੂਰੀਅਤ ਪਸੰਦ ਲੋਕਾਂ ਦੀ ਗਿਣਤੀ ਵਧਦੀ ਜਾਂਦੀ ਹੈ । ਅੱਜ ਦੇ ਦਿਨ ਵੱਡੀ ਗਿਣਤੀ ਵਿੱਚ ਸਕੂਲੀ ਵਿਦਿਆਰਥੀਆਂ ਨੇ ਵੱਖ ਵੱਖ ਮੁਕਾਬਲਿਆਂ ਵਿੱਚ ਭਾਗ ਲਿਆ ਤੇ ਮਾਨ ਸਨਮਾਨ ਪ੍ਰਾਪਤ ਕੀਤੇ। ਮੇਲੇ ਦੀ ਸਿਖਰ 'ਤੇ ਭਲਕੇ ਵੀ ਮਾਹਿਲਪੁਰ ਇਲਾਕੇ ਦੇ ਸਾਥੀਆਂ ਵਲੋਂ ਵੱਡੀ ਗਿਣਤੀ ਵਿੱਚ ਹਾਜ਼ਰੀ ਲਗਵਾਉਣ ਲਈ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਇਲਾਕੇ ਦੇ ਲੋਕਾਂ ਨੂੰ ਵੀ ਵੱਧ ਤੋਂ ਵੱਧ ਗਿਣਤੀ ਵਿੱਚ ਪਰਿਵਾਰਾਂ ਸਮੇਤ ਗਦਰੀ ਬਾਬਿਆਂ ਦੇ ਮੇਲੇ ਵਿੱਚ ਪਹੁੰਚਣ ਲਈ ਬੇਨਤੀਆਂ ਕੀਤੀਆਂ ਜਾ ਰਹੀਆਂ ਹਨ। ਇਸ ਮੌਕੇ ਦੇਸ਼ ਦੀ ਬੁਲੰਦ ਆਵਾਜ਼ ਤੇ ਸਮਾਗਮ ਦੇ ਮੁੱਖ ਬੁਲਾਰੇ ਹਿਮਾਂਸ਼ੂ ਕੁਮਾਰ ਤੇ ਦੇਸ਼ ਭਗਤ



ਯਾਦਗਾਰ ਕਮੇਟੀ ਦੇ ਅਹੁਦੇਦਾਰਾਂ ਰਣਜੀਤ ਸਿੰਘ ਔਲਖ, ਸੁਰਿੰਦਰ ਕੁਮਾਰੀ ਕੋਛੜ, ਅਮੋਲਕ ਸਿੰਘ, ਚਰੰਜੀਲਾਲ ਕੰਗਣੀਵਾਲ, ਕਾਮਰੇਡ ਜਗਰੂਪ ਸਿੰਘ ਨਾਲ ਵੀ ਮੁਲਾਕਾਤ ਕਰਕੇ ਗਦਰੀ ਬਾਬਿਆਂ ਬਾਰੇ ਵਿਚਾਰਾਂ ਦੀ ਸਾਂਝ ਪਾਈ ਗਈ। ਅੱਜ ਕਿਸਾਨ ਆਗੂ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ,ਮਹਿੰਦਰ ਸਿੰਘ ਖੈਰੜ,ਸੁਖਦੇਵ ਸਿੰਘ ਸੰਘਾ,ਸੁਰਜੀਤ ਸਿੰਘ ਸਾਦੀ,ਬ੍ਰਹਮਜੋਤ ਸਿੰਘ ਬੱਲਾ, ਗੁਰਮਿੰਦਰ ਸਿੰਘ ਕੈਂਡੋਵਾਲ, ਜਸਵਿੰਦਰ ਸਿੰਘ ਬੰਗਾ ਨੇ ਸਾਥੀਆਂ ਸਮੇਤ ਪਹੁੰਚ ਕੇ ਹਾਜ਼ਰੀ ਲਗਵਾਈ।

# ਕੈਬਨਿਟ ਮੰਤਰੀ ਨੇ ਛਠ ਪੂਜਾ 'ਚ ਪਹੁੰਚ ਕੇ ਲਿਆ ਆਸ਼ੀਰਵਾਦ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਹੁਸ਼ਿਆਰਪੁਰ ਦੇ ਭੀਮ ਨਗਰ ਅਤੇ ਸੁੰਦਰ ਨਗਰ ਵਿਚ ਆਯੋਜਿਤ ਛਠ ਪੂਜਾ ਵਿਚ ਪਹੁੰਚ ਕੇ ਅਸਤ ਹੁੰਦੇ ਸੂਰਜ ਨੂੰ ਅਰਗ ਦੇ ਕੇ ਛਠੀ ਮਾਂ ਦਾ ਅਸ਼ੀਰਵਾਦ ਲਿਆ। ਉਨ੍ਹਾਂ ਨੇ ਸੂਬਾ ਵਾਸੀਆਂ ਦੇ ਸੁੱਖ, ਸ਼ਾਂਤੀ, ਖੁਸ਼ਹਾਲੀ ਤੇ ਅਰੋਗਤਾ ਹੋਣ ਦੀ ਕਾਮਨਾ ਕਰਦੇ ਹੋਏ ਸੂਰਜ ਦੇਵ ਅਤੇ ਕੁਦਰਤ ਦੀ ਉਪਾਸਨਾ ਨੂੰ ਸਮਰਪਿਤ ਛਠ ਪਰਵ ਦੀਆਂ ਸਾਰਿਆਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਦੌਰਾਨ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਲੋਕ ਆਸਥਾ ਨਾਲ ਜੁੜਿਆ ਇਹ ਮਹਾਪਰਵ ਸਾਨੂੰ ਸਾਤਵਿਕਤਾ, ਤਿਆਗ, ਸੰਜਮ ਅਤੇ ਸਮਰਪਣ ਦਾ ਸੰਦੇਸ਼ ਦਿੰਦਾ ਹੈ। ਉਨ੍ਹਾਂ ਕਿਹਾ ਕਿ ਸੂਰਜ ਦੀ ਉਪਾਸਨਾ ਦੀ ਪ੍ਰੰਪਰਾ ਇਸ ਗੱਲ ਦਾ ਪ੍ਰਮਾਣ ਹੈ ਕਿ ਸਾਡੀ ਸੰਸਕ੍ਰਿਤੀ, ਸਾਡੀ ਆਸਥਾ ਦਾ ਕੁਦਰਤ ਨਾਲ ਕਿੰਨਾ ਡੂੰਘਾ ਰਿਸ਼ਤਾ ਹੈ। ਉਨ੍ਹਾਂ ਕਿਹਾ ਕਿ ਛਠ ਪੂਜਾ ਰਾਹੀਂ ਸਾਡੇ ਜੀਵਨ ਵਿਚ ਸੂਰਜ ਦੇ ਪ੍ਰਕਾਸ਼ ਦਾ ਮਹੱਤਵ ਸਮਝਾਇਆ ਗਿਆ ਹੈ ਅਤੇ ਸੰਦੇਸ਼ ਦਿੱਤਾ ਗਿਆ ਹੈ ਕਿ ਉਤਰਾਅ-ਚੜ੍ਹਾਅ ਜੀਵਨ ਦਾ ਇਕ ਅਨਿੱਖੜਵਾਂ ਹਿੱਸਾ ਹੈ ਅਤੇ ਸਾਨੂੰ ਹਰ ਸਥਿਤੀ ਵਿਚ ਸੰਤੁਲਨ ਬਣਾਈ ਰੱਖਣਾ ਚਾਹੀਦਾ ਹੈ।



ਉਨ੍ਹਾਂ ਕਿਹਾ ਕਿ ਸਾਡੇ ਤਿਉਹਾਰ, ਸਾਡੇ ਅਮੀਰ ਸੱਭਿਆਚਾਰ ਨੂੰ ਦਰਸਾਉਂਦੇ ਹਨ ਅਤੇ ਸਾਨੂੰ ਸਾਰਿਆਂ ਨੂੰ ਆਪਣੇ ਸੱਭਿਆਚਾਰ 'ਤੇ ਮਾਣ ਕਰਨਾ ਚਾਹੀਦਾ ਹੈ। ਇਸ ਮੌਕੇ ਕੌਂਸਲਰ ਚੰਦਰਾਵਤੀ, ਬਲਵਿੰਦਰ ਬਿੰਦੀ, ਅਮਰੀਕ ਚੌਹਾਨ, ਸਾਬਕਾ ਕੌਂਸਲਰ ਗੰਗਾ ਪ੍ਰਸ਼ਾਦ, ਸੰਦੀਪ ਚੇਚੀ, ਚੰਦਨ ਲੱਕੀ, ਸੰਜੇ ਸ਼ਰਮਾ ਵੀ ਮੌਜੂਦ ਸਨ।

# ਮਹਿੰਦਰ ਸਿੰਘ ਭੰਗੜਾ ਕੋਚ ਦਾ ਕੀਤਾ ਨਿੱਘਾ ਸਵਾਗਤ

**ਮੋਹਾਲੀ (ਗੁਰਜੀਤ ਬਿੱਲਾ)** ਪੰਜਾਬ ਆਰਟਸ ਇੰਟਰਨੈਸ਼ਲ ਦੇ ਡਾਇਰੈਕਟਰ ਡਾ. ਨਰਿੰਦਰ ਨਿੰਦੀ ਵੱਲੋਂ ਭੰਗੜਾ ਤੇ ਬੈਲੇ ਡਾਂਨਸਰ ਦੇ ਪ੍ਰਮੁੱਖ ਅਮਰੀਕਾ ਤੋਂ ਆਏ ਮਹਿੰਦਰ ਸਿੰਘ ਮਹਿੰਦਰਾ ਥਿਏਟਰ ਦੇ ਡਾਇਰੈਕਟਰ ਦਾ ਇਥੇ ਪੁਜਣ 'ਤੇ ਨਿੱਘਾ ਸਵਾਗਤ ਕੀਤਾ ਗਿਆ। ਜਿਨ੍ਹਾਂ ਨੇ ਪੰਜਾਬ ਯੂਨੀਵਰਸਿਟੀ ਦੇ ਇਵਨਿੰਗ ਕਾਲਜ ਤੋਂ ਲੈ ਕੇ ਦੇਸ਼ਾਂ ਵਿਦੇਸ਼ਾਂ ਵਿੱਚ ਪੰਜਾਬੀ ਥਿਏਟਰ ਤੇ ਹੋਰ ਸਭਿਆਚਾਰਕ ਗੱਤੀ ਵਿੱਧੀਆਂ ਬਾਰੇ ਵਿਚਾਰ ਵਟਾਂਦਰ ਕੀਤਾ ਗਿਆ। ਇਸ ਮੌਕੇ ਕਲਾਕਾਰ ਸਵਰਨ ਸਿੰਘ, ਲੋਕਧਾਰਾ ਭਾਈ ਚਾਰਾ ਫੈਡਰੇਸ਼ਨ, ਹੁਸਨ ਲਾਲ ਕੈਪਟਨ ਭੰਗੜਾ, ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਉਘੇ ਰੰਗ ਕਰਮੀ ਮਲਕੀਤ ਮਲੰਗਾਂ ਤੇ ਕਮਲ ਪਤੰਗਾਂ, ਪਰਮਜੀਤ ਪੱਡਾ ਲੋਕ ਸਾਜਿੰਦਾ, ਸਿਮਰਤ ਪਾਲ ਕੌਰ ਬੀ ਐਮ ਪੰਜਾਬੀ ਅਤੇ ਲੋਕ ਨਾਂਚ, ਹਰਪ੍ਰੀਤ ਕੌਰ ਚਿਤਰਕਾਰ, ਜਗਜੀਤ ਸਿੰਘ ਜੱਗਾ ਪ੍ਰਧਾਨ ਲਾਇਨ ਕਲੱਬ ਪੰਚਕੁਲਾ। ਇਸ ਮੌਕੇ ਨਰਿੰਦਰ ਨਿੰਦੀ ਨੇ ਦੱਸਿਆ ਕਿ ਉਹ ਜਲਦੀ ਹੀ ਲੋਕ ਨਾਂਚਾਂ ਦੀ ਕਿਤਾਬ ਰਲੀਜ਼ ਕਰ ਰਿਹਾ ਹਾਂ ਜਿਸ ਵਿੱਚ ਆਉਣ ਵਾਲੇ ਭੰਗੜਾ ਦੇ ਕਲਾਕਾਰਾਂ ਨੂੰ ਉਤਸ਼ਾਹਿਤ ਕਰੇਗੀ ਤੇ ਸਭਿਆਚਾਰ ਦੀਆਂ ਗਤੀ ਵਿਧਿਆਂ ਬਾਰੇ ਜਾਣਕਾਰੀ ਮਿਲੇਗੀ।



# ਕਲੋਆ ਵਿਖੇ 6ਵਾਂ ਮਹਾਨ ਸੰਤ ਸੰਮੇਲਨ ਕਰਵਾਇਆ



**ਟਾਂਡਾ ਉੜਮੁੜ, ਅੱਡਾ ਸਰਾਂ (ਜਸਵਿੰਦਰ ਸੰਧੂ, ਉਂਕਾਰ ਸਿੰਘ, ਜਸਵੀਰ ਕਾਜਲ)**

ਸ੍ਰੀ ਗੁਰੂ ਰਵਿਦਾਸ ਜੀ ਦੀ ਵਿਚਾਰਧਾਰਾ ਨੂੰ ਸਮਰਪਿਤ 6ਵਾਂ ਮਹਾਨ ਸੰਤ ਸੰਮੇਲਨ ਪਿੰਡ ਕਲੋਆ ਵਿਖੇ ਕਰਵਾਇਆ ਗਿਆ। ਜਿਸ ਵਿੱਚ ਵੱਡੀ ਗਿਣਤੀ 'ਚ ਸੰਗਤਾਂ ਨੇ ਆਪਣੀ ਹਾਜ਼ਰੀ ਲਗਵਾਈ। ਡੇਰਾ ਸੱਚਖੰਡ ਬੱਲਾਂ ਦੇ ਮੌਜੂਦਾ ਗੱਦੀ ਨਸ਼ੀਨ ਸੰਤ ਬਾਬਾ ਨਰੰਜਣ ਦਾਸ ਜੀ ਦੀ ਅਗਵਾਈ ਵਿੱਚ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਗੁਰੂ ਰਵਿਦਾਸ ਸੀ ਕਲੋਆ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਗਏ ਇਸ ਸੰਤ ਸੰਮੇਲਨ ਦੌਰਾਨ ਸਭ ਤੋਂ ਪਹਿਲਾਂ ਸ੍ਰੀ ਅੰਮ੍ਰਿਤ ਬਾਣੀ ਦੇ ਭੋਗ ਪਾਏ ਗਏ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਉਪਰੰਤ ਸਜਾਏ ਗਏ ਸੰਤ ਸੰਮੇਲਨ ਦੌਰਾਨ ਸੰਤ ਨਰੇਸ਼ ਗਿਰ ਨੰਗਲ ਖੂੰਗਾ, ਸੰਤ ਸੁਖਵਿੰਦਰ ਦਾਸ, ਸੰਤ ਰਾਮ ਗਿਰੀ, ਸੰਤ ਬਾਬਾ ਪ੍ਰੀਤਮ ਦਾਸ, ਸੰਤ ਲੇਖ ਰਾਜ ਨੂਰਪੁਰ, ਹੋਰਨਾਂ ਪ੍ਰਚਾਰਕਾਂ ਤੇ ਮਿਸ਼ਨਰੀ ਗਾਇਕਾਂ ਨੇ ਸਤਿਗੁਰੂ ਸ੍ਰੀ ਗੁਰੂ ਰਵਿਦਾਸ ਦੀ ਮਹਿਮਾ ਦਾ ਗੁਣਗਾਨ ਕਰਦੇ ਹੋਏ ਉਨ੍ਹਾਂ ਵੱਲੋਂ ਦਰਸਾਏ ਗਏ ਭਗਤੀ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਸਮਾਗਮ ਦੌਰਾਨ ਪ੍ਰਧਾਨ ਕਸ਼ਮੀਰ ਸਿੰਘ, ਸਰਪੰਚ ਦਲਵੀਰ ਸਿੰਘ, ਜੱਸਾ ਸਿੰਘ, ਕਮਲਜੀਤ ਸਿੰਘ ਲਿੱਤਰਾਂ, ਮਨਪ੍ਰੀਤ ਸਿੰਘ, ਗਿਆਨ ਸਿੰਘ, ਕਰਨ ਸਿੰਘ, ਸਤਪਾਲ ਸਿੰਘ, ਹਰਜੀਤ ਕੌਰ, ਤਰਸੇਮ ਕੌਰ, ਕਮਲਜੀਤ ਸਿੰਘ, ਸੰਸਾਰ ਸਿੰਘ ਦਲਜੀਤ ਕਲੋਆ, ਲਾਲ ਸਿੰਘ, ਲਖਵਿੰਦਰ ਸਿੰਘ, ਹਰਮਨ ਰੱਤੂ, ਪਵਨ ਕਲੋਆ, ਗੁਰਪ੍ਰੀਤ ਸਿੰਘ, ਭੀਮਾ ਕਲੋਆ, ਕਰਮਜੀਤ ਰੂਬੀ, ਸਤਨਾਮ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

# ਹਵਾਲਾਤੀਆਂ/ਕੈਦੀਆਂ ਦੇ ਕੇਸਾਂ ਸੰਬੰਧੀ ਮੁਫਤ ਕਾਨੂੰਨੀ ਸਹਾਇਤਾ ਸਕੀਮ

**ਜਲੰਧਰ :** ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਪੰਜਾਬ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਨਿਰਦੇਸ਼ਾਂ ਮੁਤਾਬਕ ਮੈਡਮ ਰੁਪਿੰਦਰਜੀਤ ਚਹਿਲ ਮਾਣਯੋਗ ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਕਮ ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਦੀ ਯੋਗ ਰਹਿਨੁਮਾਈ ਹੇਠ ਅਜ਼ਾਦੀ ਦੀ 75ਵੇਂ ਸਾਲ ਨੂੰ ਸਮਰਪਿਤ ਦੋ ਕਾਨੂੰਨੀ ਭਲਾਈ ਸਕੀਮਾਂ (1) ਕੇਂਦਰੀ ਜੇਲ੍ਹ ਕਪੂਰਥਲਾ ਵਿਖੇ ਬੰਦ ਹਵਾਲਾਤੀਆਂ/ਕੈਦੀਆਂ ਦੇ ਕੇਸਾਂ ਸੰਬੰਧੀ ਹਵਾਲਾਤੀਆਂ/ਕੈਦੀਆਂ ਦੇ ਕੇਸਾਂ ਸੰਬੰਧੀ ਕਾਰਡ ਅਤੇ ਉਨ੍ਹਾਂ ਦੇ ਕਾਨੂੰਨੀ ਅਧਿਕਾਰ ਜਿਵੇਂ , ਅਪੀਲ ਕਰਨ ਦਾ ਅਧਿਕਾਰ, ਪਲੀ ਬਾਰਗੇਨਿੰਗ ਅਤੇ ਸਿਹਤ ਸੇਵਾਵਾਂ ਸੰਬੰਧੀ ਜਾਣਕਾਰੀ ਪ੍ਰਾਪਤ ਕਰਨ (2) ਅਤੇ ਜ਼ਿਲ੍ਹੇ ਦੇ ਹਰ ਪਿੰਡ ਵਿੱਚ ਮੁਫਤ ਕਾਨੂੰਨੀ ਸਹਾਇਤਾ, ਲੋਕ ਅਦਾਲਤਾਂ, ਮੀਡੀਏਸ਼ਨ, ਪੀੜਤ ਮੁਆਵਜ਼ਾ ਸਕੀਮਾਂ ਦੇ ਨਾਲ ਨਾਲ ਲੋਕਾਂ ਨੂੰ ਮੁੱਢਲੇ ਅਧਿਕਾਰਾਂ ਅਤੇ ਫਰਜ਼ਾਂ ਪ੍ਰਤੀ ਜਾਗਰੂਕ ਕਰਨ ਸੰਬੰਧੀ ਸਕੀਮ ਦਾ ਆਰੰਭ ਅੱਜ ਮਿਤੀ 31.10.2022 ਤੋਂ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਮੈਡਮ ਡਾ. ਗਗਨਦੀਪ ਕੌਰ, ਸੀ.ਜੇ.ਐੱਮ. ਕਮ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਨੇ ਦੱਸਿਆਂ ਕਿ ਜ਼ਿਲ੍ਹਾ ਜਲੰਧਰ ਦੇ 11 ਬਲਾਕਾਂ ਦੇ 890 ਪਿੰਡਾ ਵਿੱਚ ਮਿਤੀ 31.10.2022 ਤੋਂ 13.11.2022 ਤੱਕ ਵਕੀਲਾਂ/ਪੈਰਾ ਲੀਗਲ ਵਲੰਟੀਅਰਾ, ਆਂਗਣਵਾੜੀ ਵਰਕਰਾਂ/ਆਸ਼ਾ ਵਰਕਰਾਂ ਅਤੇ ਕਾਨੂੰਨ ਦੇ ਵਿਦਿਆਰਥੀਆਂ ਵੱਲੋਂ ਮੁਫਤ ਕਾਨੂੰਨੀ ਸਹਾਇਤਾ, ਲੋਕ ਅਦਾਲਤਾਂ, ਮੀਡੀਏਸ਼ਨ, ਪੀੜਤ ਮੁਆਵਜ਼ਾ ਸਕੀਮਾਂ ਦੇ ਨਾਲ ਨਾਲ ਲੋਕਾਂ ਨੂੰ ਮੁੱਢਲੇ ਅਧਿਕਾਰਾਂ ਅਤੇ ਫਰਜ਼ਾਂ ਪ੍ਰਤੀ ਜਾਗਰੂਕ ਕਰਨ ਸੰਬੰਧੀ ਜਾਗਰੂਕਤਾ ਕੈਂਪ/ਸੈਮੀਨਾਰ ਲਗਾਏ ਜਾਣਗੇ। ਕੇਂਦਰੀ ਜੇਲ੍ਹ ਕਪੂਰਥਲਾ ਵਿਖੇ ਮਿਤੀ 01.11.2022 ਤੋਂ 13.11.2022 ਤੱਕ ਹਵਾਲਾਤੀਆਂ ਅਤੇ ਕੈਦੀਆਂ ਨੂੰ ਮਿਲ ਕੇ ਉਨ੍ਹਾਂ ਦੇ ਕੇਸਾਂ ਸੰਬੰਧੀ ਕਾਰਡ ਤਿਆਰ ਕੀਤੇ ਜਾਣਗੇ ਅਤੇ ਨਾਲ ਹੀ ਉਨ੍ਹਾਂ ਨੂੰ ਲੋੜੀਂਦੀ ਕਾਨੂੰਨੀ ਸਹਾਇਤਾ, ਅਪੀਲ ਕਰਨ ਸੰਬੰਧੀ ਸਹਾਇਤਾ, ਪਲੀਅ ਬਾਰਗੇਨਿੰਗ ਸੰਬੰਧੀ ਬਨਦੀ ਕਾਰਵਾਈ ਅਤੇ ਸਿਹਤ ਸੇਵਾਵਾਂ ਸੰਬੰਧੀ ਆ ਰਹੀਆਂ ਮੁਸ਼ਕਲਾਂ ਬਾਰੇ ਜਾਣਕਾਰੀ ਵੀ ਲਈ ਜਾਵੇਗੀ ਤਾਂ ਜੋ ਅਗਲੇਰੀ ਕਾਰਵਾਈ ਕਰਕੇ ਬਨਦੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਨ। ਇਸ ਕੰਮ ਵਾਸਤੇ ਵਕੀਲ ਸਾਹਿਬਾਨ, ਪੈਰਾ ਲੀਗਲ ਵਲੰਟੀਅਰਾਂ ਦੀ ਡਿਊਟੀ ਲਗਾਈ ਗਈ ਹੈ ਜੋ ਜੇਲ੍ਹ ਵਿੱਚ ਜਾ ਕੇ ਉਪਰੋਕਤ ਜਾਣਕਾਰੀ ਇਕੱਠੀ ਕਰਨਗੇ ਅਤੇ ਇਸ ਜਾਣਕਾਰੀ ਦੇ ਅਧਾਰ ਦੇ ਬਨਦੀਆਂ ਸਹੂਲਤਾਂ ਪ੍ਰਦਾਨ ਕਰਵਾਈਆ ਜਾਣਗੀਆਂ। ਵਿਭਾਗਾਂ ਵੱਲੋਂ ਦਿੱਤੀਆ ਜਾ ਰਹੀਆਂ ਸਹੂਲਤਾਂ ਜਿਵੇਂ ਪੈਨਸ਼ਨ ਸਹੂਲਤਾਂ, ਸ਼ਗਨ ਸਕੀਮਾਂ, ਸਿਹਤ ਬੀਮਾ ਯੋਜਨਾ, ਰੋਜ਼ਗਾਰ ਕਾਰਡ , ਆਟਾ ਦਾਲ ਸਕੀਮਾਂ ਸੰਬੰਧੀ ਸਟਾਲ ਲਗਾ ਕੇ ਮੌਕੇ 'ਤੇ ਹੀ ਸਹੂਲਤਾਂ ਪ੍ਰਦਾਨ ਕਰਵਾਈਆਂ ਜਾਣਗੀਆਂ। ਉਨ੍ਹਾਂ ਅੱਗੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਿਤੀ 12.11.2022 ਨੂੰ ਕੌਮੀ ਲੋਕ ਅਦਾਲਤ ਦਾ ਆਯੋਜਨ ਜੁਡੀਸ਼ੀਅਲ ਅਦਾਲਤਾਂ ਵਿੱਚ ਲੰਬਿਤ ਦੀਵਾਨੀ, ਵਿਵਾਹਿਕ ਝਗੜੇ, ਮੋਟਰ ਦੁਰਘਟਨਾ ਕਲੇਮ ਕੇਸ, ਬਿਜਲੀ ਕਾਨੂੰਨ ਦੇ ਕੰਪਾਊਂਡੇਬਲ, ਟ੍ਰੈਫਿਕ ਚਲਾਨ ਅਤੇ ਫੌਜਦਾਰੀ ਦੇ ਸਮਝੌਤਾ ਹੋ ਸਕਨ ਵਾਲੇ ਕੇਸਾਂ ਅਤੇ ਹੋਰ ਸੰਸਥਾਵਾਂ ਜਿਵੇਂ ਬੈਂਕਾਂ, ਬਿਜਲੀ ਵਿਭਾਗ, ਭਾਰਤ ਸੰਚਾਰ ਨਿਗਮ ਅਤੇ ਵਿਤੀ ਸੰਸਥਾਨਾਂ ਦੇ ਪ੍ਰੀਲਿਟੀਗੇਟਿਵ ਕੇਸਾਂ ਦਾ ਫੈਸਲਾ ਰਾਜ਼ੀਨਾਮੇ ਰਾਹੀਂ ਕਰਵਾਉਣ ਲਈ ਕੀਤਾ ਜਾਵੇਗਾ ।

# ਬੀਬੀ ਸ਼ਰਨ ਕੌਰ ਖਾਲਸਾ ਕਾਲਜ ਵੱਲੋਂ ਸਾਕਾ ਪੰਜਾ ਸਾਹਿਬ ਦੀ ਸੌ ਸਾਲਾ ਸ਼ਤਾਬਦੀ ਮੌਕੇ ਪੈਦਲ ਮਾਰਚ

**ਸ੍ਰੀ ਚਮਕੌਰ ਸਾਹਿਬ, (ਕੁਲਵਿੰਦਰ ਕਾਲਾ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਅਧੀਨ ਸਫ਼ਲਤਾਪੂਰਵਕ ਚੱਲ ਰਹੇ ਬੀਬੀ ਸ਼ਰਨ ਕੌਰ ਖ਼ਾਲਸਾ ਕਾਲਜ, ਸ੍ਰੀ ਚਮਕੌਰ ਸਾਹਿਬ ਵੱਲੋਂ ਸਾਕਾ ਪੰਜਾ ਸਾਹਿਬ ਦੀ ਸੌ ਸਾਲਾ ਸ਼ਤਾਬਦੀ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵਲੋਂ ਪ੍ਰਾਪਤ ਹੋਏ ਆਦੇਸ਼ਾਂ ਮੁਤਾਬਕ ਕਾਲਜ ਦੇ ਪ੍ਰਿੰਸੀਪਲ ਡਾ.ਹਰਪ੍ਰੀਤ ਕੌਰ ਦੀ ਯੋਗ ਅਗਵਾਈ ਅਧੀਨ ਕਾਲਜ ਵਿਖੇ ਸ਼ਰਧਾਜਲੀ ਸਮਾਰੋਹ ਕੀਤਾ ਗਿਆ। ਇਸ ਮੌਕੇ ਜਪੁਜੀ ਸਾਹਿਬ, ਚੌਪਈ ਸਾਹਿਬ ਅਤੇ ਆਨੰਦ ਸਾਹਿਬ ਦੇ ਸੰਗਤੀ ਰੂਪ ਵਿਚ ਜਾਪ ਕੀਤੇ ਗਏ। ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਪ੍ਰਿੰਸੀਪਲ ਡਾ.ਹਰਪ੍ਰੀਤ ਕੌਰ ਨੇ ਸਮਾਗਮ ਦੌਰਾਨ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਆਪਣੇ ਧਰਮ, ਵਿਰਸੇ ਅਤੇ ਇਤਿਹਾਸ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਪ੍ਰੋ.ਜਗਰੂਪ ਸਿੰਘ, ਮੁਖੀ ਪੋਸਟ ਗ੍ਰੈਜੇਏਟ ਪੰਜਾਬੀ ਵਿਭਾਗ ਨੇ ਪੰਜਾ ਸਾਹਿਬ ਦੇ ਸਾਕੇ ਸਬੰਧੀ ਜਾਣੂ ਕਰਵਾਇਆ। ਇਸ ਮੌਕੇ ਕਾਲਜ ਤੋਂ ਇਕ ਵਿਸ਼ਾਲ ਪੈਦਲ ਮਾਰਚ ਰਵਾਨਾ ਹੋਇਆ ਜਿਸ ਵਿੱਚ ਵਿਦਿਆਰਥੀਆਂ ਨੇ ਨੀਲੇ-ਪੀਲੇ ਝੰਡੇ, ਸਾਕਾ ਪੰਜਾ ਸਾਹਿਬ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੰਦੇ ਵੱਖੋ-ਵੱਖ ਸਲੋਗਨ- ਪੰਜਾ ਸਾਹਿਬ ਤੋਂ ਆਈ ਅਵਾਜ਼ ਪੰਥ ਦਾ ਉੱਚਾ ਰੱਖਣਾ ਤਾਜ, ਪੰਜਾ ਸਾਹਿਬ ਦੇ ਸ਼ਹੀਦਾਂ ਨੂੰ ਕੇਸਰੀ ਸਲਾਮ ਹੈ, ਪੰਜਾ ਸਾਹਿਬ ਦੇ ਸ਼ਹੀਦਾਂ ਦੀ ਸਿੱਖ ਪੰਥ ਵਿਚ ਸ਼ਾਨ ਹੈ ਇਨਾਂ ਸ਼ਹੀਦਾਂ ਨੂੰ ਕੋਟਿ ਕੋਟਿ ਪ੍ਰਣਾਮ ਹੈ, ਫੜੇ ਹੋਏ ਸਨ। ਇਹ ਮਾਰਚ ਗੁਰਬਾਣੀ ਦਾ ਜਾਪ ਕਰਦੇ ਹੋਏ ਸ੍ਰੀ ਚਮਕੌਰ ਸਾਹਿਬ ਦੇ ਬਜ਼ਾਰਾਂ ਵਿੱਚੋਂ ਗੁਰਦੁਆਰਾ ਗੜ੍ਹੀ ਸਾਹਿਬ ਵਿਖੇ ਪਹੁੰਚਿਆ ਜਿਥੇ ਡਾ.ਰਮਨਦੀਪ ਕੌਰ ਨੇ ਸਾਕਾ ਪੰਜਾ ਸਾਹਿਬ ਦੀ ਸਿੱਖ ਇਤਿਹਾਸ ਵਿਚ ਮਹੱਤਵਪੂਰਨ ਭੂਮਿਕਾ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ। ਇਹ ਮਾਰਚ ਗੁਰਦੁਆਰਾ ਕਤਲਗੜ੍ਹ ਸਾਹਿਬ ਵਿਖੇ ਸੰਪੂਰਨ ਹੋਇਆ ਅਤੇ ਇਸ ਮੌਕੇ ਕਾਲਜ ਦਾ ਸਮੁੱਚਾ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।




# ਜੱਜ ਬਣ ਕੇ ਖੋਖਰ ਪਿੰਡ ਦੀ ਧੀ ਨੇ ਦਸੂਹਾ ਇਲਾਕੇ ਦਾ ਨਾਂਅ ਕੀਤਾ ਰੋਸ਼ਨ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਉਂਕਾਰ ਸਿੰਘ)**

ਦੋਆਬਾ ਕਿਸਾਨ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਜੰਗਵੀਰ ਸਿੰਘ ਚੌਹਾਨ ਆਪਣੀ ਜਥੇਬੰਦੀ ਦੇ ਅਹੁਦੇਦਾਰਾਂ ਅਤੇ ਸਾਥੀਆਂ ਸਮੇਤ ਦਸੂਹਾ ਦੇ ਪਿੰਡ ਖੋਖਰ ਦੀ ਜੱਜ ਬਣੀ ਮਨਜੋਤ ਕੌਰ ਦੇ ਘਰ ਪਹੁੰਚੇ ਅਤੇ ਮਨਜੋਤ ਕੌਰ ਅਤੇ ਸਾਰੇ ਪਰਿਵਾਰ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਸਰਦਾਰ ਚੌਹਾਨ ਨੇ ਕਿਹਾ ਕਿ ਜਿਸ ਤਰ੍ਹਾਂ ਇਕ ਆਮ ਕਿਸਾਨ ਪਰਵਾਰ ਦੀ ਬੇਟੀ ਮਨਜੋਤ ਕੌਰ ਨੇ ਆਪਣੀ ਸਖ਼ਤ ਮਿਹਨਤ ਕਰਕੇ ਪਰਵਾਰ ਦੇ ਨਾਲ ਨਾਲ ਪੰਜਾਬ ਦਾ ਨਾਂਅ ਰੋਸ਼ਨ ਕੀਤਾ ਹੈ, ਇਹ ਬਹੁਤ ਹੀ ਮਾਣ ਵਾਲੀ ਗੱਲ ਹੈ ਅਤੇ ਜਿਸ ਤਰ੍ਹਾਂ ਮਨਜੋਤ ਕੌਰ ਨੇ ਜਜ਼ਬੇ ਅਤੇ ਜਨੂੰਨ ਨੂੰ ਕਾਇਮ ਰੱਖ ਕੇ ਆਪਣੀ ਮੰਜ਼ਲ ਹਾਸਲ ਕੀਤੀ ਹੈ ਇਸੇ ਤਰਾਂ ਸਾਡੇ ਪੰਜਾਬ ਦੇ ਨੌਜਵਾਨ ਲੜਕੇ,ਲੜਕੀਆਂ ਵੀ ਜਜ਼ਬੇ ਅਤੇ ਜਨੂੰਨ ਨੂੰ ਕਾਇਮ ਕਰਕੇ ਆਈ ਪੀ ਐਸ, ਵਰਗੇ ਮੁਕਾਮ ਹਾਸਲ ਕਰ ਸਕਦੇ ਹਨ ਅਤੇ ਪੰਜਾਬ ਦੀ ਸੇਵਾ ਕਰ ਸਕਦੇ ਹਨ। ਜਥੇਬੰਦੀ ਵਲੋਂ ਮਨਜੋਤ ਕੌਰ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ ਅਤੇ ਅਗਾਂਹ ਜ਼ਿੰਦਗੀ ਦੇ ਚੰਗੇ ਸਫਰ ਲਈ



ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਰਣਜੀਤ ਸਿੰਘ ਬਾਜਵਾ ਸੀਨੀਅਰ ਮੀਤ ਪ੍ਰਧਾਨ, ਕਮਲਦੀਪ ਸਿੰਘ ਮਾਨ ਪ੍ਰਧਾਨ ਕੰਢੀ ਸਰਕਲ ਦਸੂਹਾ, ਭੁਪਿੰਦਰਜੀਤ ਸਿੰਘ ਬਲੱਗਣ ਪ੍ਰਧਾਨ ਘੋਗਰਾ ਸਰਕਲ, ਜੋਗਿੰਦਰ ਸਿੰਘ ਘੋਗਰਾ, ਗੁਰਪ੍ਰੀਤ ਸਿੰਘ ਸੰਧੂ, ਗੋਗਾ ਬਾਜਵਾ,ਬਲਵੀਰ ਬਾਜਵਾ, ਜਸਵੀਰ ਸਿੰਘ ਘੁੰਮਣ ਤੋਂ ਇਲਾਵਾ ਹੋਰ ਵਿਅਕਤੀ ਹਾਜ਼ਰ ਸਨ।

# ਸਰਕਾਰੀ ਕਾਲਜ 'ਚ ਰਾਸ਼ਟਰੀ ਏਕਤਾ ਦਿਵਸ ਨਾਲ ਸੰਬੰਧਤ ਸਮਾਰੋਹ ਕਰਵਾਏ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਸਰਕਾਰੀ ਕਾਲਜ ਹੁਸ਼ਿਆਰਪੁਰ ਦੇ ਮਾਨਯੋਗ ਪ੍ਰਿੰਸੀਪਲ ਸ਼੍ਰੀਮਤੀ ਜੋਗੇਸ਼ ਦੀ ਅਗਵਾਈ ਵਿੱਚ ਵਾਈਸ ਪ੍ਰਿੰਸੀਪਲ ਡਾ. ਜਸਵੀਰਾ ਮਿਨਹਾਸ ਅਤੇ ਰੈੱਡ ਰਿਬਨ ਕਲੱਬ ਅਤੇ ਐਨ.ਐਸ.ਐਸ. ਇੰਚਾਰਜ ਵਿਜੇ ਕੁਮਾਰ ਅਤੇ ਰਣਜੀਤ ਕੁਮਾਰ ਦੇ ਸਹਿਯੋਗ ਨਾਲ "ਰਾਸ਼ਟਰੀ ਏਕਤਾ " ਨਾਲ ਸੰਬੰਧਤ ਇਕ ਹਫਤੇ ਮਨਾਏ ਜਾਣ ਵਾਲੇ ਸਮਾਰੋਹ ਕਰਵਾਏ ਗਏ। ਇਸ ਸਮੇਂ ਸੈਮੀਨਾਰ, ਪੋਸਟਰ ਬਣਾਉਣ, ਭਾਸ਼ਣ ਕਰਵਾਉਣ, ਰੈਲੀ ਕੱਢਣ ਅਤੇ ਰਾਸ਼ਟਰੀ ਏਕਤਾ ਬਣਾਏ ਰੱਖਣ ਸੰਬੰਧੀ ਸਹੁੰ ਚੁਕਾਉਣ ਅਤੇ ਏਕਤਾ ਦੌੜ ਨਾਲ ਸੰਬੰਧਤ ਸਮਾਰੋਹ ਕਰਵਾਏ ਗਏ। ਇਸ ਸਮੇਂ ਵਾਈਸ ਪ੍ਰਿੰਸੀਪਲ ਡਾ. ਜਸਵੀਰਾ ਮਿਨਹਾਸ ਨੇ ਦਿਵਸ ਨਾਲ ਸੰਬੰਧਤ ਆਪਣੇ ਵਿਚਾਰ ਪੇਸ਼ ਕਰਦੇ ਹੋਏ ਵਿਦਿਆਰਥੀਆਂ ਨੂੰ ਦੇਸ਼ ਵਿੱਚ ਹਰ ਤਰ੍ਹਾਂ ਦੀ ਏਕਤਾ ਬਣਾਏ ਰੱਖਣ ਲਈ ਪ੍ਰੇਰਿਤ ਕੀਤਾ। ਰੈੱਡ ਰਿਬਨ ਕਲੱਬ ਅਤੇ ਐਨ.ਐਸ.ਐਸ. ਇੰਚਾਰਜ ਵਿਜੈ ਕੁਮਾਰ ਨੇ ਇਸ ਮੌਕੇ ਸਰਦਾਰ ਵਲੱਭ ਭਾਈ ਪਟੇਲ ਦੇ ਜੀਵਨ ਉਪਰ ਚਾਨਣਾ ਪਾਉਂਦੇ ਹੋਏ ਆਜ਼ਾਦੀ ਤੋਂ ਬਾਅਦ ਦੇਸ਼ ਨੂੰ ਇੱਕਜੁਟ ਕਰਨ ਤੇ ਦਿੱਤੇ ਗਏ ਉਹਨਾਂ ਦੇ ਯੋਗਦਾਨ 'ਤੇ ਚਾਨਣਾ ਪਾਇਆ। ਉਹਨਾਂ ਕਿਹਾ ਕਿ ਸਾਨੂੰ ਵੀ ਉਹਨਾਂ ਦੀ ਤਰ੍ਹਾਂ ਹੀ ਦੇਸ਼ ਵਿੱਚ ਜਾਤ-ਪਾਤ, ਧਰਮ, ਭਾਸ਼ਾ ਤੋਂ ਉਪਰ ਉਠ ਕੇ ਏਕਤਾ ਬਣਾਏ ਰੱਖਣ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਐਸੋਸੀਏਟ ਪ੍ਰੋਫੈਸਰ ਵਿਜੈ ਕੁਮਾਰ ਦੇ ਸਹਿਯੋਗ ਨਾਲ ਵਿਦਿਆਰਥੀਆਂ ਨੇ ਇਸ ਸਮੇਂ ਪੋਸਟਰ ਬਣਾਏ।



ਵਿਦਿਆਰਥੀਆਂ ਵੱਲੋਂ ਦਿਵਸ ਨਾਲ ਸੰਬੰਧਤ ਆਪਣੇ ਵਿਚਾਰ ਪ੍ਰਗਟ ਕੀਤੇ ਗਏ। ਕਾਲਜ ਵਿੱਚ ਏਕਤਾ ਬਣਾਈ ਰੱਖਣ ਦੀ ਰੈਲੀ ਕੱਢੀ ਗਈ ਅਤੇ ਵਿਜੇ ਕੁਮਾਰ ਵੱਲੋਂ ਸਟਾਫ ਅਤੇ ਵਿਦਿਆਰਥੀਆਂ ਨੂੰ ਰਾਸ਼ਟਰੀ ਏਕਤਾ ਬਣਾਈ ਰੱਖਣ ਦੀ ਸਹੁੰ ਚੁਕਾਈ ਗਈ ਅਤੇ ਏਕਤਾ ਦੌੜ ਕਰਵਾਈ ਗਈ। ਇਸ ਮੌਕੇ ਦਿਨੇਸ਼ ਪੁਰੀ, ਬਿੰਦੂ ਸ਼ਰਮਾ, ਕੁਲਵਿੰਦਰ ਕੌਰ, ਭਾਗਿਆਸ਼੍ਰੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਿਦਿਆਰਥੀ ਇਸ ਵਿੱਚ ਹਾਜ਼ਰ ਹੋਏ।

# ਦੋਆਬਾ ਕਿਸਾਨ ਕਮੇਟੀ ਪੰਜਾਬ ਵੱਲੋਂ ਸੈਦੂਪੁਰ ਦਾਤਾ ਵਿਖੇ ਮੀਟਿੰਗ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਉਂਕਾਰ ਸਿੰਘ)**

ਦੋਆਬਾ ਕਿਸਾਨ ਕਮੇਟੀ ਪੰਜਾਬ ਵਲੋਂ ਪਿੰਡ ਸੈਦੂਪੁਰ ਦਾਤਾ ਵਿੱਚ ਮੀਟਿੰਗ ਇਕਾਈ ਪ੍ਰਧਾਨ ਜੰਗਵੀਰ ਚੌਹਾਨ, ਕੁਲਵਿੰਦਰ ਸਿੰਘ ਸੰਧੂ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਅਵਾਰਾ



ਜਾਨਵਰਾਂ ਵਲੋਂ ਕਿਸਾਨਾਂ ਦੀਆਂ ਫਸਲਾਂ ਦਾ ਦਿਨ ਰਾਤ ਨੁਕਸਾਨ ਕੀਤਾ ਜਾ ਰਿਹਾ ਹੈ ਅਵਾਰਾ ਜਾਨਵਰਾਂ ਜਿਵੇਂ ਕਿ ਪਸ਼ੂਆਂ ਤੇ ਸੂਰਾਂ ਵਲੋਂ ਸੜਕੀ ਹਾਦਸਿਆਂ ਕਾਰਨ ਕਈ ਪਰਵਾਰਾਂ ਪੂਰੇ ਹੀ ਖਤਮ ਹੋ ਗਏ ਹਨ। ਹਰੇਕ ਸਾਲ ਲੱਖਾਂ ਰੁਪਏ ਦੀ ਕਿਸਾਨਾਂ ਦੀ ਫਸਲ ਦੀ ਬਰਬਾਦੀ ਹੁੰਦੀ ਹੈ ਸੂਰਾਂ ਨੂੰ ਖਤਮ ਕਰਨ ਲਈ ਸ਼ਿਕਾਰ ਦੀ ਖੁੱਲ੍ਹ ਦਿੱਤੀ ਜਾਵੇ ਤੇ ਅਵਾਰਾ ਪਸ਼ੂਆਂ ਨੂੰ ਖਤਮ ਕਰਨ ਲਈ ਸਲਾਟਰ ਹਾਊਸ ਖੋਲ੍ਹੇ ਜਾਣ ਜੇਕਰ ਸਰਕਾਰ ਨੇ ਅਵਾਰਾ ਜਾਨਵਰਾਂ ਦਾ ਪੁਖਤਾ ਪ੍ਰਬੰਧ ਨਾ ਕੀਤਾ ਦੋਆਬਾ ਕਿਸਾਨ ਕਮੇਟੀ ਪੰਜਾਬ ਜ਼ਿਲ੍ਹਾ ਹੈਡਕੁਆਰਟਰਾਂ ਦਾ ਘਿਰਾਓ ਕਰਨ ਲਈ ਮਜਬੂਰ ਹੋਵੇਗੀ। ਇਸ ਮੌਕੇ ਪਿੰਡ ਸੈਦਪੁਰ ਦਾ ਇਕਾਈ ਪ੍ਰਧਾਨ ਕੁਲਵਿੰਦਰ ਸਿੰਘ ਸੰਧੂ, ਮੀਤ ਪ੍ਰਧਾਨ ਨਿਸ਼ਾਨ ਸਿੰਘ, ਜਨਰਲ ਸਕੱਤਰ ਅਮਨਦੀਪ ਸਿੰਘ, ਗੁਰਜੀਤ ਸਿੰਘ ਕੈਸ਼ੀਅਰ, ਸਤਿੰਦਰ ਸਿੰਘ ਸਕੱਤਰ, ਸੁਖਜਿੰਦਰ ਸਿੰਘ ਸਲਾਹਕਾਰ, ਅਮਨਿੰਦਰ ਸਿੰਘ ਸਲਾਹਕਾਰ, ਜਸਵੰਤ ਸਿੰਘ ਮੈਂਬਰ, ਸਰਬਜੀਤ ਸਿੰਘ ਮੈਂਬਰ, ਜਸਪਾਲ ਸਿੰਘ ਮੈਂਬਰ, ਪਿੰਡ ਦਾਤਾ ਦੇ ਇਕਾਈ ਪ੍ਰਧਾਨ ਪਰਮਿੰਦਰ ਸਿੰਘ, ਵਾਈਸ ਪ੍ਰਧਾਨ ਬਹਾਦਰ ਸਿੰਘ, ਕੈਸ਼ੀਅਰ ਜਸਵਿੰਦਰ ਸਿੰਘ, ਸਲਾਹਕਾਰ ਪ੍ਰਿਥੀਪਾਲ ਸਿੰਘ, ਮੈਂਬਰ ਨਿਸ਼ਾਨ ਸਿੰਘ, ਮੈਂਬਰ ਕੇਵਲ ਸਿੰਘ ਆਦਿ ਸ਼ਾਮਲ ਹੋਏ।

# ਸਾਇੰਸ ਸਿਟੀ ਦਾ ਟੂਰ ਲਗਾਇਆ

**ਸ੍ਰੀ ਚਮਕੌਰ ਸਾਹਿਬ, (ਕੁਲਵਿੰਦਰ ਕਾਲਾ )**

ਸਥਾਨਕ ਖਾਲਸਾ ਸਕੂਲ ਦੇ ਬੱਚਿਆਂ ਅਤੇ ਅਧਿਆਪਕਾਂ ਨੇ ਸਾਇੰਸ ਸਿਟੀ ਕਪੂਰਥਲਾ ਵਿਦਿਅਕ ਟੂਰ ਲਗਾਇਆ। ਅੱਜ ਸਵੇਰੇ ਬੱਚੇ ਅਤੇ ਅਧਿਆਪਕ 5.30 ਵਜੇ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਨਤਮਸਤਕ ਹੋ ਕੇ, ਰਵਾਨਾ ਹੋਣ ਸਮੇਂ ਵਿਗਿਆਨਕ ਜਗਿਆਸਾ ਬੱਚਿਆਂ ਦੇ ਚਿਹਰਿਆਂ ਤੋਂ ਸਾਫ ਝਲਕ ਰਹੀ ਸੀ। ਇਸ ਟੂਰ ਵਿੱਚ 22 ਬੱਚੇ ਅਤੇ 2 ਅਧਿਆਪਕ ਸ਼ਾਮਲ ਸਨ। ਟੂਰ ਨੂੰ ਰਵਾਨਾ ਕਰਨ ਸਮੇਂ ਸਕੂਲ ਦੇ ਮੈਨੇਜਰ ਹਰਬੰਸ ਸਿੰਘ ਕੰਧੋਲਾ ਅਤੇ ਪ੍ਰਿੰਸੀਪਲ ਸ੍ਰੀਮਤੀ ਕਿਰਨਜੋਤ ਕੌਰ ਮਾਂਗਟ ਨੇ ਬੱਚਿਆਂ ਨੂੰ ਸ਼ੁੱਭ ਇੱਛਾਵਾਂ ਦਿੱਤੀਆਂ। ਟੂਰ ਸਬੰਧੀ ਜਾਣਕਾਰੀ ਦਿੰਦਿਆਂ ਰਣਜੀਤ ਸਿੰਘ ਧਾਰਨੀ ਅਤੇ ਦਲਜੀਤ ਕੌਰ ਨੇ ਦੱਸਿਆ ਕਿ ਬੱਚਿਆਂ ਨੇ ਹਰ ਇੱਕ ਗੈਲਰੀ ਨੂੰ ਬੜੇ ਧਿਆਨ ਅਤੇ ਉਤਸੁਕਤਾ ਨਾਲ ਵੇਖਿਆ ਤੇ ਬੱਚੇ ਕੁਦਰਤ ਸਬੰਧੀ ਜਾਣਕਾਰੀ ਅਤੇ ਵਿਗਿਆਨਕ ਕਾਢਾਂ ਬਾਰੇ ਜਾਣ ਕੇ ਦੰਗ ਰਹਿ ਗਏ। ਬੱਚਿਆਂ ਦਾ ਇਹ ਟੂਰ ਬਹੁਤ ਹੀ ਜਾਣਕਾਰੀ ਭਰਪੂਰ ਰਿਹਾ।




# ਕੁਨੈਕਸ਼ਨ ਕੱਟਣ ਕਾਰਨ ਸ਼ਹਿਰ ਦੀਆਂ ਸੜਕਾਂ 'ਤੇ ਹਨੇਰਾ

**ਰੋਪੜ( ਬਿੰਦਰਾ)**- ਰੋਪੜ ਨਗਰ ਕੌਂਸਲ ਵਲੋਂ ਬਿਜਲੀ ਦਾ ਬਿੱਲ ਨਾ ਭਰਨ ਕਾਰਨ ਪਾਵਰ ਕਾਮ ਵੱਲੋਂ ਸਟਰੀਟ ਲਾਈਟਾਂ ਦੇ ਕੁਨੈਕਸ਼ਨ ਕੱਟਣ ਕਾਰਨ ਰੋਪੜ ਸ਼ਹਿਰ ਦੀਆਂ ਸੜਕਾਂ 'ਤੇ ਹਨੇਰਾ ਰਹਿੰਦਾ ਹੈ। ਨਗਰ ਕੌਂਸਲ ਵੱਲ 4 ਕਰੋੜ ਰੁਪਏ ਦਾ ਬਿੱਲ ਬਕਾਇਆ ਹੈ। ਇਸ ਸਮੇਂ ਕਾਲਜ ਰੋਡ, ਸਰਹਿੰਦ ਨਹਿਰ ਰੋਡ, ਬੇਲਾ ਚੌਕ, ਅੰਬੇਦਕਰ ਚੌਕ, ਹੈਡ ਵਰਕਸ ਰੋਡ, ਡਿਪਟੀ ਕਮਿਸ਼ਨਰ ਰਿਹਾਇਸ਼ ਸੜਕ, ਪਟਵਾਰਖਾਨਾ ਸੜਕ, ਜੈਲ ਸਿੰਘ ਨਗਰ ਆਦਿ ਦੀਆਂ ਸਟਰੀਟ ਲਾਈਟਾਂ ਬੰਦ ਹੋ ਗਈਆਂ ਹਨ ਅਤੇ ਇਹ ਸਾਰਾ ਇਲਾਕਾ ਹਨੇਰੇ ਵਿੱਚ ਡੁੱਬਿਆ ਰਹਿੰਦਾ ਹੈ। ਲੋਕ ਨਿਰਮਾਣ ਵਿਭਾਗ ਵੱਲੋਂ ਵੀ ਬਿਜਲੀ ਦੇ ਬਿੱਲ ਦਾ ਭੁਗਤਾਨ ਨਹੀਂ ਕੀਤਾ ਗਿਆ ,ਜਿਸ ਕਾਰਨ ਚੌਰਾਹਿਆਂ ਦੀਆਂ ਟਰੈਫਿਕ ਲਾਈਟਾਂ ਬੰਦ ਕਰ ਦਿੱਤੀਆਂ ਗਈਆਂ ਹਨ। ਪਾਵਰਕੌਮ ਦੇ ਐਸ ਡੀ ਓ ਦਾ ਕਹਿਣਾ ਹੈ ਕਿ ਕਈ ਵਾਰ ਨੋਟਿਸ ਦੇਣ ਦੇ ਬਾਵਜੂਦ ਬਿੱਲਾਂ ਦਾ ਭੁਗਤਾਨ ਨਹੀਂ ਕੀਤਾ ਗਿਆ, ਜਿਸ ਕਾਰਨ ਮਜਬੂਰਨ ਕੁਨੈਕਸ਼ਨ ਕੱਟਣੇ ਪਏ। ਉਹਨਾਂ ਆਖਿਆ ਹਰ ਡੀਫਾਲਟਰ ਦਾ ਕੁਨੈਕਸ਼ਨ ਕੱਟਿਆ ਜਾਵੇਗਾ।

# ਵਿਜੀਲੈਂਸ ਬਿਊਰੋ ਨੇ 'ਭ੍ਰਿਸ਼ਟਾਚਾਰ ਮੁਕਤ ਭਾਰਤ-ਵਿਕਸਤ ਭਾਰਤ' ਥੀਮ ਤਹਿਤ ਕਰਵਾਇਆ ਸਹੁੰ ਚੁੱਕ ਸਮਾਗਮ

**ਜਲੰਧਰ (ਸ਼ੈਲੀ ਐਲਬਰਟ)**

ਪੰਜਾਬ ਸਰਕਾਰ ਵਲੋਂ ਭ੍ਰਿਸ਼ਟਾਚਾਰ ਵਿਰੁੱਧ ਆਰੰਭ ਕੀਤੀ ਗਈ ਮੁਹਿੰਮ ਤਹਿਤ ਪੰਜਾਬ ਵਿਜੀਲੈਂਸ ਬਿਊਰੋ ਵਲੋਂ 'ਭ੍ਰਿਸ਼ਟਾਚਾਰ ਮੁਕਤ ਭਾਰਤ- ਵਿਕਸਤ ਭਾਰਤ' ਥੀਮ ਤਹਿਤ ਵਿਜੀਲੈਂਸ ਜਾਗਰੂਕਤਾ ਹਫ਼ਤਾ 31 ਅਕਤੂਬਰ ਤੋਂ 6 ਨਵੰਬਰ 2022 ਤੱਕ ਮਨਾਇਆ ਜਾ ਰਿਹਾ ਹੈ ਜਿਸ ਦੀ ਕੜੀ ਵਜੋਂ ਵਿਜੀਲੈਂਸ ਬਿਊਰੋ, ਰੇਂਜ ਜਲੰਧਰ ਵਲੋਂ ਸਹੁੰ ਚੁੱਕ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਭ੍ਰਿਸ਼ਟਾਚਾਰ ਮੁਕਤ ਸਮਾਜ ਦੇਣ ਲਈ ਵਿਜੀਲੈਂਸ ਬਿਊਰੋ, ਯੂਨਿਕ ਜਲੰਧਰ ਅਤੇ ਵਿਜੀਲੈਂਸ ਬਿਊਰੋ ਰੇਂਜ ਜਲੰਧਰ ਦੇ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਵਲੋਂ ਸਹੁੰ ਚੁੱਕੀ ਗਈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਇਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਸ ਤੋਂ ਇਲਹਵਾ ਵਿਜੀਲੈਂਸ ਬਿਊਰੋ ਰੇਂਜ ਜਲੰਧਰ ਵਲੋਂ ਵੀਡੀਓ ਕਾਨਫਰੰਸਿਗ ਰਾਹੀਂ ਵੀ ਸਹੁੰ ਚੁੱਕ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਕੇ.ਐਮ.ਵੀ. ਕਾਲਜ ਜਲੰਧਰ ਦੇ ਪ੍ਰਿੰਸੀਪਲ ਪ੍ਰੋ.ਅਤਿਮਾ ਸ਼ਰਮਾ, ਐਚ.ਐਮ.ਵੀ. ਕਾਲਜ ਜਲੰਧਰ ਦੇ ਪ੍ਰਿੰਸੀਪਲ ਡਾ.ਅਜੈ ਸਰੀਨ, ਐਸ.ਡੀ.ਕਾਲਜ ਫਾਰ ਵੂਮੈਨ ਜਲੰਧਰ ਦੇ ਪ੍ਰਿੰਸੀਪਲ ਡਾ.ਪ੍ਰੀਆ ਪਰਾਸ਼ਰ ਦੇ ਸਹਿਯੋਗ ਨਾਲ ਸਾਰੇ ਕਾਲਜਾਂ ਦੇ ਪ੍ਰੋਫੈਸਰਾਂ ਤੇ ਲੈਕਚਰਾਰਾਂ ਅਤੇ ਵਿਦਿਆਰਥੀਆਂ ਨੇ ਭਾਗ ਲਿਆ ਅਤੇ ਸਮਾਜ ਵਿਚੋਂ ਭ੍ਰਿਸ਼ਟਾਚਾਰ ਨੂੰ ਜੜ੍ਹੋਂ ਖ਼ਤਮ ਕਰਨ ਲਈ ਸਹੁੰ ਚੁੱਕੀ ਗਈ। ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਨੂੰ ਭ੍ਰਿਸ਼ਟਾਚਾਰ ਮੁਕਤ ਕਰਨ ਅਤੇ ਆਮ ਲੋਕਾਂ ਨੂੰ ਭ੍ਰਿਸ਼ਟਾਚਾਰ ਵਿਰੁੱਧ ਜਾਗਰੂਕ ਕਰਨ ਲਈ ਵਿਜੀਲੈਂਸ ਬਿਊਰੋ ਜਲੰਧਰ ਰੇਂਜ ਵਲੋਂ 06 ਨਵੰਬਰ 2022 ਤੱਕ ਵੱਖ-ਵੱਖ ਥਾਵਾਂ 'ਤੇ ਸਮਾਗਮ ਕੀਤੇ ਜਾਣਗੇ। ਇਸ ਮੌਕੇ ਬੁਲਾਰੇ ਨੇ ਵੀ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਭ੍ਰਿਸ਼ਟਾਚਾਰ ਵਿਰੁੱਧ ਜਾਗਰੂਕ ਹੋਣ ਅਤੇ ਜੇਕਰ ਉਨ੍ਹਾਂ ਪਾਸੋਂ ਕੋਈ ਸਰਕਾਰੀ ਕੰਮ ਕਰਵਾਉਣ ਲਈ ਰਿਸ਼ਵਤ ਆਦਿ ਦੀ ਮੰਗ ਕਰਦਾ ਹੈ ਤਾਂ ਉਸ ਦੀ ਸੂਚਨਾ ਵਿਜੀਲੈਂਸ ਵਿਭਾਗ ਨੂੰ ਦਿੱਤੀ ਜਾਵੇ। ਉਨ੍ਹਾਂ ਦੱਸਿਆ ਕਿ ਵਿਜੀਲੈਂਸ ਵਿਭਾਗ ਵਲੋਂ ਸੂਚਨਾ ਦੇਣ ਵਾਲੇ ਦੀ ਪਹਿਚਾਨ ਨੂੰ ਗੁਪਤ ਰੱਖਿਆ ਜਾਵੇਗਾ।

2-NOV-PAGE-10.qxd 11/1/2022 10:51 PM Page 1



# ਰਿਹਾਇਸ਼ੀ ਖੇਤਰ 'ਚ ਮੋਬਾਇਲ ਟਾਵਰ ਲਾਉਣ ਖਿਲਾਫ ਲੋਕਾਂ 'ਚ ਭਾਰੀ ਰੋਸ

## ਨੌਜਵਾਨ ਭਾਰਤ ਸਭਾ ਦੀ ਅਗਵਾਈ 'ਚ ਸਮਾਘ ਨਿਵਾਸੀਆਂ ਵੱਲੋਂ ਸੰਘਰਸ਼ ਸ਼ੁਰੂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**

ਪ੍ਰੈੱਸ ਬਿਆਨ ਜਾਰੀ ਕਰਦਿਆਂ ਨੌਜਵਾਨ ਭਾਰਤ ਸਭਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਮਹਾਸ਼ਾ ਸਿੰਘ ਸਮਾਘ, ਜ਼ਿਲ੍ਹਾ ਆਗੂ ਰਾਜਦੀਪ ਸਿੰਘ ਬਾਗੀ ਤੇ ਗੁਰਵਿੰਦਰ ਸਿੰਘ ਸਮਾਘ ਨੇ ਕਿਹਾ ਕਿ ਪਿੰਡ ਦੇ ਹੀ ਵਿਅਕਤੀ ਸੁਰਜੀਤ ਸਿੰਘ ਵੱਲੋਂ ਏਅਰਟੈੱਲ ਕੰਪਨੀ ਨਾਲ ਕੰਟਰੈਕਟ ਕੀਤਾ ਗਿਆ ਹੈ, ਜਿਸ ਦੇ ਆਧਾਰ 'ਤੇ ਪਿੰਡ ਵਿੱਚ ਬਿਲਕੁੱਲ ਰਿਹਾਇਸ਼ੀ ਖੇਤਰ ਵਿੱਚ ਮੋਬਾਇਲ ਟਾਵਰ ਲਾਉਣ ਲਈ ਕੰਪਨੀ ਦੇ ਕਰਿੰਦਿਆਂ ਵੱਲੋਂ ਟਾਵਰ ਦਾ ਸਾਮਾਨ ਪਿੰਡ ਵਿੱਚ ਲਿਆਂਦਾ ਗਿਆ ਹੈ ਤੇ ਟਾਵਰ ਲਈ ਟੋਏ ਪੁੱਟੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਜਦੋਂ ਹੀ ਪਿੰਡ ਵਾਸੀਆਂ ਨੂੰ ਇਸ ਦੀ ਭਿਣਕ ਪਈ ਤਾਂ ਉਨ੍ਹਾਂ ਨੇ ਇਕੱਠੇ ਹੋ ਕੇ ਵਿਰੋਧ ਕਰਨਾ ਸ਼ੁਰੂ ਕੀਤਾ। ਉਨ੍ਹਾਂ ਕਿਹਾ ਕਿ ਮੋਬਾਇਲ ਟਾਵਰ ਨਾਲ ਪੈਦਾ ਹੁੰਦੀਆਂ ਰੇਡੀਓ ਐਕਟਿਵ ਤਰੰਗਾਂ ਨਾਲ ਕੈਂਸਰ ਵਰਗੀਆਂ ਭਿਆਨਕ ਬਿਮਾਰੀਆਂ ਲੱਗਣ ਦਾ ਖਤਰਾ ਹੈ ਅਤੇ ਇਹ ਮਨੁੱਖਾਂ ਦੇ ਨਾਲ ਨਾਲ ਪਸ਼ੂ ਪੰਛੀਆਂ ਲਈ ਵੀ ਖਤਰਨਾਕ ਹਨ। ਇਕੱਠੇ ਹੋਏ ਲੋਕਾਂ ਨੇ ਕਿਹਾ ਕਿ ਅਸੀਂ ਕਿਸੇ ਵੀ ਹਾਲਤ ਵਿੱਚ ਰਿਹਾਇਸ਼ੀ ਇਲਾਕੇ ਵਿੱਚ ਮੋਬਾਇਲ ਟਾਵਰ ਨਹੀਂ ਲੱਗਣ ਦੇਵਾਂਗੇ। ਉਨ੍ਹਾਂ ਮੰਗ ਕੀਤੀ ਕਿ ਇਸ ਮੋਬਾਇਲ ਟਾਵਰ ਨੂੰ ਪਿੰਡ ਦੀ ਆਬਾਦੀ ਤੋਂ ਬਾਹਰ ਲਾਇਆ ਜਾਵੇ। ਉਨ੍ਹਾਂ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਲੋਕਾਂ ਦੀ ਮਰਜ਼ੀ ਖ਼ਿਲਾਫ਼ ਇਹ ਟਾਵਰ ਲੱਗਦਾ ਹੈ ਤਾਂ ਸੰਘਰਸ਼ ਤੇਜ਼ ਕੀਤਾ ਜਾਵੇਗਾ, ਜੇਕਰ ਸਥਿਤੀ ਤਣਾਅਪੂਰਨ ਬਣਦੀ ਹੈ ਤਾਂ ਇਸ ਦਾ ਜ਼ਿੰਮੇਵਾਰ ਮੁਕਤਸਰ ਜ਼ਿਲ੍ਹੇ ਦਾ ਸਿਵਲ ਪ੍ਰਸ਼ਾਸਨ ਤੇ ਪੁਲਸ ਹੋਵੇਗੀ। ਇਸ ਮੌਕੇ ਪਰਮਜੀਤ ਕੌਰ, ਬਲਜਿੰਦਰ ਕੌਰ, ਮਨਜੀਤ ਕੌਰ, ਅਮਨਦੀਪ ਕੌਰ, ਗੁਰਮੀਤ ਕੌਰ, ਰਮਨਦੀਪ ਕੌਰ, ਰਾਣੀ ਕੌਰ, ਗੁਰਮੀਤ ਸਿੰਘ, ਅੰਮ੍ਰਿਤਪਾਲ ਸਿੰਘ, ਮਲਕੀਤ ਸਿੰਘ, ਯਾਦਵਿੰਦਰ ਸਿੰਘ, ਕਮਲਜੀਤ ਸਿੰਘ, ਵਕੀਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਲੋਕ ਹਾਜ਼ਰ ਸਨ।

# ਜ਼ਿਲ੍ਹਾ ਸਕੂਲ ਖੇਡਾਂ 'ਚ ਡੀ.ਏ.ਵੀ. ਸੈਂਟਨਰੀ ਸਕੂਲ ਦੀਆਂ ਬੈਡਮਿੰਟਨ ਖਿਡਾਰਨਾਂ ਨੂੰ ਦੂਜਾ ਸਥਾਨ



**ਜਗਰਾਓਂ (ਨਛੱਤਰ ਸੰਧੂ)**-ਬੀ.ਸੀ.ਐੱਮ. ਸਕੂਲ ਸ਼ਾਸਤਰੀ ਨਗਰ ਲੁਧਿਆਣਾ ਵਿਖੇ ਕਰਵਾਈਆਂ ਜ਼ਿਲ੍ਹਾ ਸਕੂਲ ਖੇਡਾਂ ਵਿੱਚ ਡੀ.ਏ.ਵੀ. ਸੈਂਟਨਰੀ ਪਬਲਿਕ ਸਕੂਲ ਜਗਰਾਉਂ ਦੀਆਂ ਬੈਡਮਿੰਟਨ ਖਿਡਾਰਨਾਂ ਨੇ ਅੰਡਰ-14 'ਚ ਦੂਜਾ ਸਥਾਨ ਪ੍ਰਾਪਤ ਕੀਤਾ। ਪ੍ਰਿੰਸੀਪਲ ਬ੍ਰਿਜ ਮੋਹਨ ਨੇ ਦੱਸਿਆ ਕਿ ਸਾਡੇ ਸਕੂਲ ਦੇ ਬਹੁਤ ਸਾਰੇ ਖਿਡਾਰੀ ਵੱਖ-ਵੱਖ ਖੇਡਾਂ ਵਿੱਚ ਮੱਲਾਂ ਮਾਰ ਚੁੱਕੇ ਹਨ। ਬੈਡਮਿੰਟਨ ਖਿਡਾਰਨਾਂ ਮੰਨਤਪ੍ਰੀਤ ਕੌਰ, ਦੇਵਿਆਸੀ ਤੇ ਦੀਕਸ਼ਿਤਾ ਦਾ ਸਕੂਲ ਆਉਣ 'ਤੇ ਜ਼ੋਰਦਾਰ ਸੁਆਗਤ ਕੀਤਾ ਗਿਆ। ਇਨ੍ਹਾਂ ਖਿਡਾਰਨਾਂ ਦੀ ਅੱਗੇ ਸਟੇਟ ਪੱਧਰ ਦੇ ਟੂਰਨਾਮੈਂਟ ਵਿੱਚ ਵੀ ਸਿਲੈਕਸ਼ਨ ਕੀਤੀ ਗਈ ਹੈ। ਪ੍ਰਿੰਸੀਪਲ ਬ੍ਰਿਜ ਮੋਹਨ ਵੱਲੋਂ ਖਿਡਾਰਨਾਂ ਨੂੰ ਸਟੇਟ ਪੱਧਰ ਦੇ ਟੂਰਨਾਮੈਂਟ ਵਿੱਚ ਵੀ ਜਿੱਤਾਂ ਪ੍ਰਾਪਤ ਕਰਨ ਲਈ ਅਸ਼ੀਰਵਾਦ ਦਿੱਤਾ ਗਿਆ। ਸਾਰੇ ਹੀ ਅਧਿਆਪਕਾਂ ਵੱਲੋਂ ਜੇਤੂ ਖਿਡਾਰਨਾਂ ਨੂੰ ਵਧਾਈਆਂ ਦਿੱਤੀਆਂ ਗਈਆਂ। ਇਸ ਸਮੇਂ ਪ੍ਰਿੰਸੀਪਲ ਨੇ ਖਾਸ ਕੌਰ 'ਤੇ ਡੀ. ਪੀ. ਈ. ਹਰਦੀਪ ਸਿੰਘ ਬਿੰਜਲ, ਡੀ. ਪੀ. ਈ. ਸੁਰਿੰਦਰ ਪਾਲ ਵਿੱਜ ਤੇ ਡੀ. ਪੀ. ਮੈਡਮ ਅਮਨਦੀਪ ਕੌਰ ਨੂੰ ਵੀ ਵਧਾਈ ਦਾ ਪਾਤਰ ਦੱਸਿਆ।

# ਮਜ਼੍ਹਬੀ ਸਿੱਖ/ਬਾਲਮੀਕ ਮੁਲਾਜ਼ਮ-ਮਜ਼ਦੂਰ ਏਕਤਾ ਫ਼ਰੰਟ ਵੱਲੋਂ ਡੀ ਸੀ ਨੂੰ ਮੰਗ ਪੱਤਰ

## ■ ਮੌਜੂਦਾ ਭਰਤੀ ਪ੍ਰਕਿਰਿਆ ਦੌਰਾਨ ਜਾਤੀ ਅਧਾਰਤ ਸਰਟੀਫਿਕੇਟਾਂ ਦੀ ਬਰੀਕੀ ਨਾਲ ਕੀਤੀ ਜਾਵੇ ਪੜਤਾਲ : ਜੋਧ ਸਿੰਘ



**ਮਾਨਸਾ (ਆਤਮਾ ਸਿੰਘ ਪਮਾਰ)**

ਮਜ਼੍ਹਬੀ ਸਿੱਖ/ਬਾਲਮੀਕ ਮੁਲਾਜ਼ਮ ਮਜ਼ਦੂਰ ਏਕਤਾ ਫਰੰਟ ਪੰਜਾਬ ਦੀ ਇੱਕ ਜ਼ਰੂਰੀ ਮੀਟਿੰਗ ਫਰੰਟ ਦੇ ਸੀਨੀਅਰ ਮੀਤ ਪ੍ਰਧਾਨ ਜੋਧ ਸਿੰਘ ਦੀ ਪ੍ਰਧਾਨਗੀ ਹੇਠ ਸੰਚਾਲਕ ਸਥਾਨਕ ਬਾਲ ਭਵਨ ਵਿਖੇ ਹੋਈ। ਮੀਟਿੰਗ ਵਿੱਚ ਉਹ ਬੁਲਾਰਿਆਂ ਵੱਲੋਂ ਪੰਜਾਬ ਸਰਕਾਰ ਦੇ ਵੱਖ ਵੱਖ ਮਹਿਕਮਿਆਂ ਵਿੱਚ ਚੱਲ ਰਹੀ ਭਰਤੀ ਪ੍ਰਕਿਰਿਆ ਤੇ ਵਿਸਥਾਰਤ ਵਿਚਾਰ ਵਟਾਂਦਰਾ ਕੀਤਾ ਗਿਆ। ਸਿੱਖਿਆ ਵਿਭਾਗ ਪੰਜਾਬ ਵੱਲੋਂ ਜਾਰੀ ਮੈਰਿਟ ਸੂਚੀ ਦੀ ਪੜਤਾਲ ਕਰਨ ਤੋਂ ਪਤਾ ਲਗਾ ਕਿ ਕੁੱਝ ਉਮੀਦਵਾਰਾਂ ਵੱਲੋਂ ਅਸੀਂ ਐੱਸ ਸੀ ਅਨਸੂਚਿਤ ਜਾਤੀ ਮਜ਼੍ਹਬੀ ਸਿੱਖ ਤੇ ਬਾਲਮੀਕ ਕੈਟਾਗਿਰੀ ਦਾ ਲਾਭ ਲੈਣ ਲਈ ਜਾਲ੍ਹੀ ਪ੍ਰਮਾਣ ਪੱਤਰ ਲਾ ਕੇ ਵੱਖ ਵੱਖ ਅਸਾਮੀਆਂ ਲਈ ਬਿਨੈ-ਪੱਤਰ ਦਿੱਤੇ ਹੋਏ ਹਨ। ਮੀਟਿੰਗ ਵਿੱਚ ਪੰਜਾਬ ਸਰਕਾਰ ਤੇ ਸਿੱਖਿਆ ਵਿਭਾਗ ਪੰਜਾਬ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਇਸ ਭਰਤੀ ਪ੍ਰਕਿਰਿਆ ਨੂੰ ਸੰਪੰਨ ਹੋਣ ਤੋਂ ਪਹਿਲਾਂ ਪਹਿਲਾਂ ਦਿੱਤੇ ਹੋਏ ਜਾਤੀ ਸਰਟੀਫਿਕੇਟਾਂ ਦੀ ਬਰੀਕੀ ਨਾਲ ਜਾਂਚ ਪੜਤਾਲ ਕਰਨ ਉਪਰੰਤ ਹੀ ਵੱਖ ਵੱਖ ਅਸਾਮੀਆਂ ਲਈ ਨਿਯੁਕਤੀ ਪੱਤਰ ਜਾਰੀ ਕੀਤੇ ਜਾਣ। ਜੇਕਰ ਇਸ ਸਭ ਕੁੱਝ ਦੀ ਨਿਯਮਾਂ ਅਨੁਸਾਰ ਛਾਣ-ਬੀਣ ਨਾ ਕੀਤੀ ਗਈ ਅਤੇ ਅਸਲ ਉਮੀਦਵਾਰਾਂ ਨੂੰ ਇਨਸਾਫ਼ ਨਾ ਦਿੱਤਾ ਗਿਆ ਤਾਂ ਪੰਜਾਬ ਪੱਧਰ 'ਤੇ ਵੱਡੀ ਲਾਮਬੰਦੀ ਕਰਕੇ ਤਿੱਖੇ ਸੰਘਰਸ਼ ਦੀ ਰੂਪ-ਰੇਖਾ ਉਲੀਕੀ ਜਾਵੇਗੀ। ਮੀਟਿੰਗ ਉਪਰੰਤ ਇਸ ਸਾਰੀ ਪ੍ਰਕਿਰਿਆ ਦੀ ਬਰੀਕੀ ਨਾਲ ਜਾਂਚ ਕਰਨ ਸਬੰਧੀ ਮਾਣਯੋਗ ਸਿੱਖਿਆ ਮੰਤਰੀ ਪੰਜਾਬ ਸਰਕਾਰ ਤੇ ਪ੍ਰਿੰਸੀਪਲ ਸਕੱਤਰ ਸਿੱਖਿਆ ਵਿਭਾਗ ਪੰਜਾਬ ਨੂੰ ਡਿਪਟੀ ਕਮਿਸ਼ਨਰ ਮਾਨਸਾ ਰਾਹੀਂ ਇੱਕ ਮੰਗ ਪੱਤਰ ਵੀ ਭੇਜਿਆ ਗਿਆ। ਇਸ ਸਮੇਂ ਕੁਲਦੀਪ ਸਿੰਘ, ਰਮਨਦੀਪ ਸਿੰਘ, ਰਮਨਦੀਪ ਕੌਰ, ਰਣਜੀਤ ਕੌਰ, ਕੁਲਦੀਪ ਸਿੰਘ ਅਹਿਮਦਪੁਰ, ਅਮਰੀਕ ਸਿੰਘ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਵਰਕਰ ਤੇ ਆਗੂ ਹਾਜ਼ਰ ਸਨ।

# ਸ਼ਹੀਦ-ਏ-ਆਜ਼ਮ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਲਈ ਅਰਜ਼ੀਆਂ ਦੀ ਮੰਗ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਡਾਇਰੈਕਟੋਰੇਟ ਆਫ ਯੁਵਕ ਸੇਵਾਵਾਂ ਪੰਜਾਬ ਵੱਲੋਂ ਆਪਣੇ ਅਧੀਨ ਦਫਤਰਾਂ ਪਾਸੋਂ ਸ਼ਹੀਦ-ਏ-ਆਜ਼ਮ ਸ੍ਰ. ਭਗਤ ਸਿੰਘ ਰਾਜ ਯੁਵਾ ਪੁਰਸਕਾਰ ਸਾਲ 2021-22 ਦੇਣ ਲਈ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ। ਇਹ ਪੁਰਸਕਾਰ ਉਨ੍ਹਾਂ ਯੁਵਕ/ਯੁਵਤੀਆਂ ਨੂੰ ਦਿੱਤਾ ਜਾਣਾ ਹੈ, ਜਿਨ੍ਹਾਂ ਦੀ ਉਮਰ 31 ਮਾਰਚ 2022 ਨੂੰ 15-35 ਸਾਲ ਦੇ ਵਿਚਕਾਰ ਹੋਵੇ। ਇਹ ਜਾਣਕਾਰੀ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਸ੍ਰ. ਕੁਲਵਿੰਦਰ ਸਿੰਘ ਨੇ ਸਾਂਝੀ ਕੀਤੀ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸ੍ਰ. ਕੁਲਵਿੰਦਰ ਸਿੰਘ ਨੇ ਦੱਸਿਆ ਪੁਰਸਕਾਰ ਉਨ੍ਹਾਂ ਨੂੰ ਦਿੱਤਾ ਜਾਵੇਗਾ, ਜਿਨ੍ਹਾਂ ਨੇ ਪਿਛਲੇ ਦੋ ਸਾਲਾਂ ਦੌਰਾਨ ਯੁਵਕ ਗਤੀਵਿਧੀਆਂ ਜਿਵੇਂ ਕਿ ਯੁਵਕ ਭਲਾਈ ਗਤੀਵਿਧੀਆਂ, ਕੌਮੀ ਸੇਵਾ ਯੋਜਨਾ, ਐੱਨ.ਸੀ.ਸੀ., ਸੱਭਿਆਚਾਰਕ ਗਤੀਵਿਧੀਆਂ, ਹਾਈਕਿੰਗ-ਟਰੇਕਿੰਗ, ਪਰਬਤਾ-ਰੋਹਣ, ਯੂਥ ਲੀਡਰਸ਼ਿਪ ਟਰੇਨਿੰਗ ਕੈਂਪ, ਸਮਾਜ ਸੇਵਾ, ਖੇਡਾਂ, ਰਾਸ਼ਟਰੀ ਏਕਤਾ, ਖ਼ੂਨਦਾਨ ਕੈਂਪ, ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ, ਵਿੱਦਿਅਕ ਯੋਗਤਾ, ਬਹਾਦਰੀ ਦੇ ਕਾਰਨਾਮੇ, ਸਕਾਊਟਿੰਗ ਐਂਡ ਗਾਈਡਿੰਗ ਤੇ ਸਾਹਸੀ ਗਤੀਵਿਧੀਆਂ ਵਿੱਚ ਉੱਘਾ ਤੇ ਸ਼ਲਾਘਾਯੋਗ ਕੰਮ ਕੀਤਾ ਹੋਵੇ। ਉਨ੍ਹਾਂ ਦੱਸਿਆ ਕਿ ਉਮੀਦਵਾਰ ਵੱਲੋਂ ਕੀਤੀਆਂ ਗਈਆਂ ਗਤੀਵਿਧੀਆਂ ਸਵੈ-ਇੱਛੁਕ ਤੇ ਬਿਨਾਂ ਕਿਸੇ ਸੇਵਾਫਲ ਤੋਂ ਹੋਣੀਆਂ ਚਾਹੀਦੀਆਂ ਹਨ। ਜ਼ਿਲ੍ਹੇ ਦੇ ਨੌਜਵਾਨ ਇਸ ਪੁਰਸਕਾਰ ਲਈ 30 ਨਵੰਬਰ 2022 ਤੱਕ ਆਪਣੀਆਂ ਅਰਜ਼ੀਆਂ ਇਸ ਦਫਤਰ ਵਿਖੇ ਭੇਜ ਸਕਦੇ ਹਨ। ਪੁਰਸਕਾਰ ਸਬੰਧੀ ਨਿਰਧਾਰਤ ਪ੍ਰੋਫਾਰਮਾ ਦਫਤਰ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ, ਕਮਰਾ ਨੰਬਰ 391-303-304-, ਦੂਜੀ ਮੰਜ਼ਿਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਬਠਿੰਡਾ ਤੋਂ ਪ੍ਰਾਪਤ ਕੀਤਾ ਜਾ ਸਕਦਾ ਹੈ।

# ਕਾਤਰਾਂ

## ਮਾਲਵਾ ਕਾਲਜ ਦੀ ਪਟੇਲ ਜਯੰਤੀ ਨੂੰ ਸਮਰਪਤ ਸਵੱਛ ਭਾਰਤ ਮੁਹਿੰਮ

**ਸਮਰਾਲਾ (ਸੁਰਜੀਤ ਸਿੰਘ)**-ਮਾਲਵਾ ਕਾਲਜ ਬੌਂਦਲੀ ਦੇ 74 ਵਿਦਿਆਰਥੀ ਡਾ. ਕੁਲਵਿੰਦਰ ਕੌਰ ਕੋਆਰਡੀਨੇਟਰ ਯੂਥ ਵੈਲਫੇਅਰ ਡਿਪਾਰਮੈਂਟ ਦੀ ਅਗਵਾਈ ਹੇਠ ਪੰਜਾਬ ਇੰਜੀਨੀਅਰਿੰਗ ਕਾਲਜ, ਚੰਡੀਗੜ੍ਹ ਵਿਖੇ ਵੱਲਭ ਭਾਈ ਪਟੇਲ ਜੀ ਦੀ ਜੈਯੰਤੀ ਨੂੰ ਸਮਰਪਤ ਸਵੱਛ ਭਾਰਤ ਅਭਿਆਨ ਜੋ 01.10.2022 ਤੋਂ 31.10.22 ਤੱਕ ਲਗਾਤਾਰ ਚਲਾਈ ਗਈ ਰਾਜ ਪੱਧਰੀ ਸਵੱਛ ਭਾਰਤ ਦੀ ਕਲੋਜ਼ਿੰਗ ਸੈਰੇਮਨੀ ਵਿੱਚ ਸ਼ਾਮਲ ਹੋਏ। ਪ੍ਰੋਗਰਾਮਾਂ ਵਿੱਚ ਕਾਲਜ ਦੇ ਵਿਦਿਆਰਥੀਆਂ ਨੇ ਵਧ-ਚੜ੍ਹ ਕੇ ਹਿੱਸਾ ਲਿਆ। ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਡਾ. ਹਰਿੰਦਰ ਕੌਰ ਨੇ ਇਨ੍ਹਾਂ ਪ੍ਰੋਗਰਾਮਾਂ ਵਿੱਚ ਇਨਾਮ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਤੇ ਕਾਲਜ ਦੇ ਸਟਾਫ਼ ਮੈਂਬਰ ਪ੍ਰੋ. ਪਵਨਦੀਪ ਕੌਰ, ਪ੍ਰੋ ਸਚਨੀਤ ਕੌਰ ਤੇ ਪ੍ਰੋ. ਰਵਿੰਦਰ ਜਿਨ੍ਹਾਂ ਨੇ ਇਸ ਯੂਨਿਟ ਲਈ ਕੰਮ ਕੀਤਾ, ਨੂੰ ਵਧਾਈ ਦਿੱਤੀ। ਕਾਲਜ ਦੇ ਪ੍ਰਧਾਨ ਬਲਬੀਰ ਸਿੰਘ ਰਾਜੇਵਾਲ ਅਤੇ ਸਮੂਹ ਪ੍ਰਬੰਧਕ ਕਮੇਟੀ ਨੇ ਇਨ੍ਹਾਂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਅਜਿਹੇ ਪ੍ਰੋਗਰਾਮਾਂ ਵਿੱਚ ਭਾਗ ਲੈਣ ਲਈ ਕਿਹਾ। ਉਨ੍ਹਾਂ ਨੇ ਕਿਹਾ ਕਿ ਵਿਦਿਆਰਥੀ ਚੰਗੇ ਟੀਚੇ ਤੇ ਤੁਰੇ ਹਨ ਤੇ ਆਉਣ ਵਾਲੇ ਸਮੇਂ ਵਿੱਚ ਸਵੱਛਤਾ ਇੱਕ ਗੰਭੀਰ ਮੁੱਦਾ ਹੈ ਅਤੇ ਆਉਣ ਵਾਲੀ ਪੀੜ੍ਹੀ ਨੂੰ ਸਵੱਛਤਾ ਬਾਰੇ ਚੇਤੰਨ ਹੋਣਾ ਬਹੁਤ ਜ਼ਰੂਰੀ ਹੈ।

## ਕੈਨੇਡਾ ਦਾ ਸਪਾਊਸ ਵੀਜ਼ਾ ਲਵਾਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਇੰਗਲਿਸ਼ ਸਟੂਡੀਓ ਸੰਸਥਾ ਦਾ ਵਿਦਿਆਰਥੀ ਜਸਵਿੰਦਰ ਸਿੰਘ ਗਿੱਲ ਵਾਸੀ ਪਿੰਡ ਡੱਲਾ ਜਗਰਾਉਂ ਦਾ ਕੈਨੇਡਾ ਦਾ ਸਪਾਊਸ ਵੀਜ਼ਾ ਲਵਾਇਆ ਹੈ। ਸੰਸਥਾ ਦੇ ਮੁਖੀ ਪੰਕਜ ਬਾਂਸਲ ਤੇ ਗੌਰਵ ਕਾਲੜਾ ਨੇ ਵਿਦਿਆਰਥਣ ਨੂੰ ਵਧਾਈ ਦਿੰਦੇ ਉਸਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ।

## ਰੁਜ਼ਗਾਰ ਮੇਲਾ ਅੱਜ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਡਿਪਟੀ ਕਮਿਸ਼ਨਰ-ਕਮ-ਚੇਅਰਮੈਨ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਡਾ. ਹਿਮਾਂਸ਼ੂ ਅਗਰਵਾਲ ਦੇ ਦਿਸ਼ਾ-ਨਿਰਦੇਸ਼ਾਂ 'ਤੇ 02 ਨਵੰਬਰ ਨੂੰ ਜ਼ਿਲ੍ਹਾ ਪੱਧਰੀ ਪਲੇਸਮੈਂਟ ਕੈਂਪ ਲਾਇਆ ਜਾ ਰਿਹਾ ਹੈ। ਜ਼ਿਲ੍ਹਾ ਰੋਜ਼ਗਾਰ ਅਫਸਰ ਸ੍ਰੀ ਹਰਪ੍ਰੀਤ ਸਿੰਘ ਮਾਨਸ਼ਾਹੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਮਰਾ ਨੰ.502 ਚੌਥੀ ਮੰਜ਼ਿਲ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਡੀ ਸੀ ਦਫਤਰ, ਫਾਜ਼ਿਲਕਾ ਵਿਖੇ ਰੁਜ਼ਗਾਰ ਮੇਲਾ ਲਗਾਇਆ ਜਾ ਰਿਹਾ ਹੈ। ਇਸ ਪਲੇਸਮੈਂਟ ਕੈਂਪ ਵਿੱਚ ਐੱਲ ਐਂਡ ਟੀ ਫਾਇਨਾਂਸ਼ੀਅਲ ਸਰਵਿਸ ਕੰਪਨੀ ਸ਼ਮੂਲੀਅਤ ਕਰ ਰਹੀ ਹੈ। ਉਨ੍ਹਾ ਦੱਸਿਆ ਕਿ ਇਸ ਰੋਜ਼ਗਾਰ ਮੇਲੇ ਵਿੱਚ ਬਾਰਵੀਂ ਪਾਸ, ਗ੍ਰੈਜੂਏਸ਼ਨ ਪਾਸ ਕੋਈ ਵੀ ਲੜਕੇ/ਲੜਕੀਆਂ (18 ਤੋਂ 35 ਸਾਲ) ਭਾਗ ਲੈ ਸਕਦੇ ਹਨ।

## ਯੁਵਕ ਵਿਰਾਸਤੀ ਮੇਲਾ ਮਿੱਠੀਆਂ ਯਾਦਾਂ ਛੱਡਦਾ ਸੰਪੰਨ

**ਜਲਾਲਾਬਾਦ (ਦਹੂਜਾ)**-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਯੂਥ ਤੇ ਹੈਰੀਟੇਜ ਫੈਸਟੀਵਲ ਜ਼ੋਨ ਸੀ ਦੇ ਕਾਲਜਾਂ ਦਾ ਤਿੰਨ ਦਿਨਾ ਯੁਵਕ ਤੇ ਵਿਰਾਸਤੀ ਮੇਲਾ ਸ਼ਨੀਵਾਰ ਸੁਰਘੁਰੀ ਰੋਡ 'ਤੇ ਮੌਜੂਦ ਗੁਰੂ ਰਾਮਦਾਸ ਬੀ. ਐੱਡ ਕਾਲਜ 'ਚ ਸ਼ੁਰੂ ਹੋ ਕੇ ਅੱਜ ਮਿੱਠੀਆਂ ਯਾਦਾਂ ਛੱਡਦਾ ਹੋਇਆ ਸੰਪੰਨ ਹੋਇਆ। ਇਸ ਮੇਲੇ 'ਚ ਡੇਢ ਦਰਜਨ ਦੇ ਕਰੀਬ ਕਾਲਜਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ ਅਤੇ ਆਪਣੀਆਂ ਕਲਾਵਾਂ ਦੇ ਜੌਹਰ ਦਿਖਾਏ। ਅੱਜ ਤੀਜੇ ਤੇ ਆਖਰੀ ਦਿਨ ਗਿੱਧਾ, ਭੰਗੜਾ ਤੇ ਝੂਮਰ 'ਚ ਵਿਦਿਆਰਥੀਆਂ ਨੇ ਆਪਣੇ ਜੌਹਰ ਦਿਖਾਏ ਅਤੇ ਆਏ ਹੋਏ ਮਹਿਮਾਨਾਂ ਦਾ ਮਨ ਮੋਹ ਲਿਆ। ਇਸ ਮੌਕੇ ਕਾਲਜ ਪ੍ਰਿੰਸੀਪਲ ਨੇ ਆਏ ਹੋਏ ਪਤਵੰਤਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਵਿਰਾਸਤੀ ਮੇਲੇ ਸਮੇਂ-ਸਮੇਂ 'ਤੇ ਹੁੰਦੇ ਰਹਿਣੇ ਚਾਹੀਦੇ ਹਨ, ਜਿਸ ਨਾਲ ਵਿਦਿਆਰਥੀਆਂ ਦੇ ਅੰਦਰ ਛੁਪੀ ਪ੍ਰਤਿਭਾ ਬਾਹਰ ਆਉਂਦੀ ਹੈ ਤੇ ਉਨ੍ਹਾਂ ਦੇ ਮਨੋਬਲ 'ਚ ਵੀ ਵਾਧਾ ਹੁੰਦਾ ਹੈ।

## 18ਵਾਂ ਮੇਲਾ ਦੇਸ਼ ਭਗਤਾਂ ਦਾ ਹੋਵੇਗਾ ਨਜ਼ਰਬੰਦ ਬੁੱਧੀਜੀਵੀਆਂ ਨੂੰ ਸਮਰਪਤ

**ਲੌਂਗੋਵਾਲ (ਪ੍ਰਦੀਪ ਸੱਪਲ)**-ਲੌਂਗੋਵਾਲ ਵਿਖੇ ਆਯੋਜਿਤ ਹੋਣ ਵਾਲਾ ਮਾਲਵੇ ਦਾ ਰਵਾਇਤੀ ਇਨਕਲਾਬੀ ਵਿਰਾਸਤ ਨੂੰ ਸੰਭਾਲੀ ਬੈਠਾ 18ਵਾਂ ਮੇਲਾ ਦੇਸ਼ ਭਗਤਾਂ ਦਾ ਇਸ ਵਾਰ ਹਕੂਮਤ ਵੱਲੋਂ ਜੇਲ੍ਹਾਂ ਵਿੱਚ ਲੋਕਾਂ ਲਈ ਅਵਾਜ਼ ਉਠਾਉਣ ਵਾਲੇ ਬੁੱਧੀਜੀਵੀਆਂ ਨੂੰ ਸਮਰਪਤ ਹੋਵੇਗਾ। ਸਥਾਨਕ ਭਗਤ ਸਿੰਘ ਲਾਇਬ੍ਰੇਰੀ ਵਿਖੇ ਮੀਟਿੰਗ ਉਪਰੰਤ ਸੰਸਥਾ ਦੇ ਆਗੂਆਂ ਜੁਝਾਰ ਲੌਂਗੋਵਾਲ ਤੇ ਬਲਵੀਰ ਲੌਂਗੋਵਾਲ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਵਸ 'ਤੇ ਹੋਣ ਵਾਲੇ ਮੇਲੇ ਵਿੱਚ ਦਿਨ ਵੇਲੇ ਵਿਦਿਆਰਥੀਆਂ ਦੇ ਗਾਇਨ, ਭਾਸ਼ਣ ਤੇ ਕੋਰੀਓਗਰਾਫੀ ਦੇ ਮੁਕਾਬਲੇ ਹੋਣਗੇ, ਜਦੋਂਕਿ ਰਾਤ ਵੇਲੇ ਚੜ੍ਹਿਕ ਕਲਾ ਮੰਚ ਵੱਲੋਂ ਤੀਰਥ ਚੜ੍ਹਿੱਕ ਦੀ ਨਿਰਦੇਸ਼ਨਾ ਹੇਠ 'ਪਰਿੰਦੇ ਭਟਕ ਗਏ', 'ਇਹ ਦੇਸ ਕਿਸੇ ਦੇ ਬਾਪ ਦਾ ਨਹੀਂ' ਤੋਂ ਇਲਾਵਾ ਜਲ੍ਹਿਆਂਵਾਲਾ ਬਾਗ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੰਦੀ ਕੋਰੀਓਗਰਾਫੀ ਦੀ ਪੇਸ਼ਕਾਰੀ ਕੀਤੀ ਜਾਵੇਗੀ। ਇਸ ਮੌਕੇ ਸੰਸਥਾ ਦੇ ਸਰਬਜੀਤ ਨਮੋਲ, ਬੀਰਬਲ ਸਿੰਘ, ਸੁਖਪਾਲ ਸਿੰਘ ਆਦਿ ਮੈਂਬਰ ਹਾਜ਼ਰ ਸਨ।

# ਮੂਸੇਵਾਲਾ ਦੀ ਹਵੇਲੀ 'ਚ ਤਾਇਨਾਤ ਹੌਲਦਾਰ ਨੇ ਦਿਖਾਈ ਇਮਾਨਦਾਰੀ !



**ਮਾਨਸਾ (ਰੀਤਵਾਲ)**-ਸਿੱਧੂ ਮੂਸੇਵਾਲਾ ਦੀ ਹਵੇਲੀ 'ਚ ਤਾਇਨਾਤ ਪੰਜਾਬ ਪੁਲਸ ਦੇ ਹੌਲਦਾਰ ਜੋਧਪਾਲ ਸਿੰਘ ਨੇ ਮੂਸੇਵਾਲਾ ਦੇ ਇੱਕ ਪ੍ਰਸ਼ੰਸਕ ਦਾ ਡਿੱਗਿਆ ਮੋਬਾਇਲ ਵਾਪਸ ਕਰਕੇ ਇਮਾਨਦਾਰੀ ਦਿਖਾਈ ਹੈ। ਹੌਲਦਾਰ ਜੋਧਪਾਲ ਸਿੰਘ ਨੇ ਦੱਸਿਆ ਕਿ ਪਿਛਲੇ ਮਹੀਨੇ ਉਸ ਨੂੰ ਇੱਕ ਟੱਚ ਮੋਬਾਇਲ ਮੂਸੇਵਾਲਾ ਦੀ ਹਵੇਲੀ ਦੇ ਅੱਗੇ ਤੋਂ ਡਿੱਗਿਆ ਪਿਆ ਮਿਲਿਆ ਸੀ ਤੇ ਉਸ ਨੇ ਮੋਬਾਇਲ ਦੇ ਅਸਲ ਮਾਲਕ ਦਾ ਨਾਮ-ਪਤਾ ਟਰੇਸ ਕਰਕੇ ਉਸ ਨੂੰ ਫੋਨ ਕਰਕੇ ਮੂਸੇਵਾਲਾ ਦੀ ਹਵੇਲੀ ਬੁਲਾਇਆ ਅਤੇ ਉਸ ਦਾ ਮੋਬਾਇਲ ਫੋਨ ਉਸ ਪ੍ਰਸ਼ੰਸਕ ਨੂੰ ਵਾਪਸ ਦੇ ਦਿੱਤਾ ਹੈ। ਮੋਬਾਇਲ ਵਾਪਸ ਮਿਲਣ 'ਤੇ ਪ੍ਰਸ਼ੰਸਕ ਗੁਰਤੇਜ ਸਿੰਘ ਨੇ ਹੌਲਦਾਰ ਜੋਧਪਾਲ ਸਿੰਘ ਦਾ ਧੰਨਵਾਦ ਕੀਤਾ। ਗੁਰਤੇਜ ਸਿੰਘ ਨੇ ਦੱਸਿਆ ਕਿ ਸਾਨੂੰ ਹੌਲਦਾਰ ਨੇ ਖ਼ੁਦ ਫੋਨ ਕਰਕੇ ਬੁਲਾ ਕੇ ਮੋਬਾਇਲ ਵਾਪਸ ਕੀਤਾ ਹੈ। ਉਨ੍ਹਾ ਕਿਹਾ ਕਿ ਅਜਿਹੇ ਇਮਾਨਦਾਰ ਪੁਲਸ ਮੁਲਾਜ਼ਮਾਂ ਨੂੰ ਸਰਕਾਰ ਵੱਲੋਂ ਸਨਮਾਨਤ ਕੀਤਾ ਜਾਣਾ ਚਾਹੀਦਾ ਹੈ।

# ਬਾਰਟਰ ਗੰਜ ਦੀਆਂ ਰਜਿਸਟਰੀਆਂ ਦੀ ਸਮੱਸਿਆ ਦਾ ਹੋਇਆ ਹੱਲ

## ■ ਦੁਕਾਨਦਾਰਾਂ ਵਿਧਾਇਕ ਅਮਨਦੀਪ ਕੌਰ ਦਾ ਕੀਤਾ ਸੁਆਗਤ



**ਮੋਗਾ (ਅਮਰਜੀਤ ਬੱਬਰੀ)**

ਮੋਗਾ ਨਿਊ ਟਾਊਨ ਵਿੱਚ ਦੁਕਾਨਦਾਰਾਂ ਨੇ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਦਾ ਫੁੱਲਾਂ ਦੀ ਵਰਖਾ ਕਰਕੇ ਨਿੱਘਾ ਸਵਾਗਤ ਕੀਤਾ। ਦੁਕਾਨਦਾਰਾਂ ਨੇ ਕਿਹਾ ਕਿ ਮੋਗਾ ਦੇ ਬਾਰਟਰ ਗੰਜ ਦੀਆਂ ਰਜਿਸਟਰੀਆਂ ਲਈ ਐੱਨ ਓ ਸੀ ਨੂੰ ਲੈ ਕੇ ਜੋ ਨੋਟੀਫਿਕੇਸ਼ਨ ਪੰਜਾਬ ਸਰਕਾਰ ਵੱਲੋਂ ਜਾਰੀ ਕੀਤਾ ਗਿਆ ਹੈ, ਉਸ ਵਿੱਚ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਬਹੁਤ ਵੱਡਾ ਹੱਥ ਹੈ। ਉਨ੍ਹਾ ਡਾ. ਅਰੋੜਾ ਦਾ ਇਸ ਕੰਮ ਲਈ ਧੰਨਵਾਦ ਕੀਤਾ।

ਇਸ ਮੌਕੇ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਦੱਸਿਆ ਕਿ ਜੋ ਵਾਅਦੇ ਉਨ੍ਹਾਂ ਇਲੈਕਸ਼ਨ ਦੌਰਾਨ ਹਲਕਾ ਵਾਸੀਆਂ ਨਾਲ ਕੀਤੇ ਸਨ, ਉਹ ਹਰ ਇੱਕ ਵਾਅਦਾ ਪੂਰਾ ਕੀਤਾ ਜਾਵੇਗਾ। ਉਨ੍ਹਾ ਦੱਸਿਆ ਕਿ ਬਾਰਟਰ ਗੰਜ ਵਿੱਚ ਰਜਿਸਟਰੀਆਂ ਨਹੀਂ ਹੋ ਰਹੀਆਂ ਸਨ ਤੇ ਇਸ ਸਮੱਸਿਆ ਨਾਲ ਸ਼ਹਿਰ ਵਾਸੀ ਪਿਛਲੇ 70 ਸਾਲ ਤੋਂ ਜੂਝ ਰਹੇ ਸਨ। ਇਸ ਸਮੱਸਿਆ ਨੂੰ ਮੁੱਖ ਮੰਤਰੀ ਭਗਵੰਤ ਮਾਨ ਤੇ ਮੰਤਰੀ ਇੰਦਰਵੀਰ ਸਿੰਘ ਨਾਲ ਗੱਲਬਾਤ ਕਰਕੇ ਇਸ ਦਾ ਹੱਲ ਕੱਢ ਲਿਆ ਗਿਆ ਹੈ। ਬਾਰਟਰ ਗੰਜ ਵਿੱਚ ਜ਼ਿਆਦਾਤਰ ਸਾਡੇ ਦੁਕਾਨਦਾਰ ਰਹਿੰਦੇ ਹਨ। ਬਿਜ਼ਨੈੱਸ ਨੂੰ ਅੱਗੇ ਵਧਾਉਣ ਲਈ ਉਹ ਨਾ ਤਾਂ ਆਪਣੇ ਘਰ ਜਾਂ ਦੁਕਾਨਾਂ 'ਤੇ ਕਰਜ਼ਾ ਲੈ ਸਕਦੇ ਸਨ ਤੇ ਨਾ ਹੀ ਇਸ ਪ੍ਰਾਪਰਟੀ ਨੂੰ ਵੇਚ ਸਕਦੇ ਸਨ। ਮੁੱਖ ਮੰਤਰੀ ਭਗਵੰਤ ਮਾਨ ਤੇ ਮੰਤਰੀ ਦੇ ਸਹਿਯੋਗ ਨਾਲ ਇਹ ਸਮੱਸਿਆ ਦਾ ਹੱਲ ਹੋ ਗਿਆ ਹੈ। 3 ਨਵੰਬਰ ਤੋਂ ਇਹ ਰਜਿਸਟਰੀਆਂ ਸ਼ੁਰੂ ਹੋ ਜਾਣਗੀਆਂ ਤੇ ਇਸ ਅਧੀਨ ਆਉਂਦੇ ਲੋਕ ਕਰਜ਼ਾ ਵੀ ਲੈ ਸਕਣਗੇ ਅਤੇ ਲੋੜ ਪੈਣ 'ਤੇ ਪ੍ਰਾਪਰਟੀ ਦੀ ਵੇਚ ਖਰੀਦ ਵੀ ਕਰ ਸਕਣਗੇ।

ਇਸ ਮੌਕੇ ਮੀਡੀਆ ਇੰਚਾਰਜ ਅਮਨ ਰੱਖਰਾ, ਨਵਦੀਪ ਵਾਲੀਆ, ਅਮੀਤ ਪੁਰੀ, ਕੌਂਸਲਰ ਬਲਜੀਤ ਸਿੰਘ ਚਾਨੀ, ਕੌਂਸਲਰ ਗੁਰਪ੍ਰੀਤ ਸਚਦੇਵਾ, ਕੌਂਸਲਰ ਵਿਕਮਜੀਤ ਘਾਤੀ, ਕੌਂਸਲਰ ਸਰਬਜੀਤ ਕੌਰ ਰੋਡੇ, ਕੌਂਸਲਰ ਮਨਦੀਪ ਕੌਰ, ਹਰਜਿੰਦਰ ਸਿੰਘ ਰੋਡੇ, ਸੋਨੀਆ ਢੰਡ, ਦਰਸ਼ਨ ਸਿੰਘ, ਮੈਡਮ ਕਮਲਜੀਤ ਕੌਰ, ਮੈਡਮ ਸਿੰਗਲਾ, ਰਿਸ਼ੂ ਅਗਰਵਾਲ ਆਦਿ ਹਾਜ਼ਰ ਸਨ।

# ਸਾਬਕਾ ਸਪੀਕਰ ਅਟਵਾਲ ਨੂੰ ਗਹਿਰਾ ਸਦਮਾ, ਪਤਨੀ ਦਾ ਦਿਹਾਂਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪੰਜਾਬ ਵਿਧਾਨ ਸਭਾ ਦੇ ਸਾਬਕਾ ਸਪੀਕਰ ਚਰਨਜੀਤ ਸਿੰਘ ਅਟਵਾਲ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ, ਜਦੋਂ ਉਨ੍ਹਾਂ ਦੀ ਧਰਮ ਪਤਨੀ ਇੰਦਰਜੀਤ ਕੌਰ ਅਟਵਾਲ ਦਾ ਦਿਹਾਂਤ ਹੋ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਬੀਤੀ ਰਾਤ ਲੁਧਿਆਣਾ 'ਚ ਉਨ੍ਹਾਂ ਦੇ ਗ੍ਰਹਿ ਵਿਖੇ ਦਿਲ ਦਾ ਦੌਰਾ ਪਿਆ ਤੇ ਜਦੋਂ ਉਨ੍ਹਾਂ ਨੂੰ ਹਸਪਤਾਲ ਲਿਆਂਦਾ ਗਿਆ ਤਾਂ ਉੱਥੇ ਡਾਕਟਰਾਂ ਨੇ ਮ੍ਰਿਤਕ ਐਲਾਨ ਦਿੱਤਾ। ਸਵ. ਇੰਦਰਜੀਤ ਕੌਰ ਅਟਵਾਲ ਹਲਕਾ ਕੂੰਮਕਲਾਂ ਦੇ ਸਾਬਕਾ ਵਿਧਾਇਕ ਇੰਦਰ ਇਕਬਾਲ ਸਿੰਘ ਅਟਵਾਲ ਤੇ ਅਕਾਲੀ ਆਗੂ ਜਸਜੀਤ ਸਿੰਘ ਅਟਵਾਲ ਦੀ ਮਾਤਾ ਸਨ। ਸਵ. ਇੰਦਰਜੀਤ ਕੌਰ ਅਟਵਾਲ ਦੀ ਮੌਤ 'ਤੇ ਸੀਨੀਅਰ ਅਕਾਲੀ ਆਗੂ ਜਥੇਦਾਰ ਸੰਤਾ ਸਿੰਘ ਉਮੈਦਪੁਰ, ਸਾਬਕਾ ਵਿਧਾਇਕ ਅਮਰੀਕ ਸਿੰਘ ਢਿੱਲੋਂ, ਸਾਬਕਾ ਵਿਧਾਇਕ ਜਗਜੀਵਨ ਸਿੰਘ ਖੀਰਨੀਆਂ, ਹਲਕਾ ਸਮਰਾਲਾ ਤੋਂ ਅਕਾਲੀ ਦਲ ਦੇ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋਂ, ਸਾਬਕਾ ਚੇਅਰਮੈਨ ਸ਼ਕਤੀ ਆਨੰਦ, ਸਾਬਕਾ ਪ੍ਰਧਾਨ ਉਜਾਗਰ ਸਿੰਘ ਬੈਨੀਪਾਲ, ਸ਼੍ਰੋਮਣੀ ਕਮੇਟੀ ਮੈਂਬਰ ਹਰਜਿੰਦਰ ਕੌਰ ਪਵਾਤ, ਹਰਜਤਿੰਦਰ ਸਿੰਘ ਬਾਜਵਾ, ਸਾਬਕਾ ਚੇਅਰਮੈਨ ਰੁਪਿੰਦਰ ਸਿੰਘ ਬੈਨੀਪਾਲ, ਸਵਾਮੀ ਸੂਰੀਆ ਪ੍ਰਤਾਪ, ਸਰਕਲ ਜਥੇਦਾਰ ਕੁਲਦੀਪ ਸਿੰਘ ਜਾਤੀਵਾਲ, ਜਥੇਦਾਰ ਹਰਦੀਪ ਸਿੰਘ ਬਹਿਲੋਲਪੁਰ, ਜਥੇਦਾਰ ਹਰਜੀਤ ਸਿੰਘ ਸ਼ੇਰੀਆਂ, ਪ੍ਰਦੇਸ਼ ਸਕੱਤਰ ਕਸਤੂਰੀ ਲਾਲ ਮਿੰਟੂ, ਸਾਬਕਾ ਚੇਅਰਮੈਨ ਸੋਹਣ ਲਾਲ ਸ਼ੇਰਪੁਰੀ, ਜੇ.ਪੀ. ਸਿੰਘ ਮੱਕੜ, ਸ਼ਹਿਰੀ ਪ੍ਰਧਾਨ ਜਸਪਾਲ ਜੱਜ, ਸਾਬਕਾ ਪ੍ਰਧਾਨ ਦਲਜੀਤ ਸਿੰਘ ਗਿੱਲ, ਅਕਾਲੀ ਆਗੂ ਦਵਿੰਦਰ ਸਿੰਘ ਬਵੇਜਾ, ਬਲਾਕ ਸੰਮਤੀ ਮੈਂਬਰ ਹਰਜੋਤ ਸਿੰਘ ਮਾਂਗਟ, ਆੜ੍ਹਤੀ ਐਸੋ. ਦੇ ਪ੍ਰਧਾਨ ਤੇਜਿੰਦਰ ਸਿੰਘ ਕੂੰਨਰ ਤੇ ਹਰਜਿੰਦਰ ਸਿੰਘ ਖੇੜਾ ਆਦਿ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

# ਸੰਤ ਕਬੀਰ ਸਕੂਲ 'ਚ ਰਾਸ਼ਟਰੀ ਏਕਤਾ ਦਿਵਸ ਮਨਾਇਆ



ਸੰਤ ਕਬੀਰ ਸਕੂਲ ਵਿਖੇ ਰਾਸ਼ਟਰੀ ਏਕਤਾ ਦਿਵਸ ਮਨਾਏ ਜਾਣ ਸਮੇਂ ਦਾ ਦ੍ਰਿਸ਼।

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਸੰਤ ਕਬੀਰ ਕਾਨਵੈਂਟ ਸੀਨੀਅਰ ਸੀਨੀਅਰ ਸੈਕੰਡਰੀ ਸਕੂਲ ਵਿਖੇ ਸੁਤੰਤਰਤਾ ਸੈਨਾਨੀ ਤੇ ਲੋਹ ਪੁਰਖ ਕਹੇ ਜਾਣ ਵਾਲੇ ਸਰਦਾਰ ਵੱਲਭ ਭਾਈ ਪਟੇਲ ਦੇ ਜਨਮ ਦਿਨ ਮੌਕੇ ਵਿਦਿਆਰਥੀਆਂ 'ਚ ਅਨੇਕਤਾ ਵਿੱਚ ਏਕਤਾ ਦੀ ਭਾਵਨਾ ਲਿਆਉਣ ਲਈ ਰਾਸ਼ਟਰੀ ਏਕਤਾ ਦਿਵਸ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਦੇਸ਼ ਦੀ ਏਕਤਾ ਤੇ ਅਖੰਡਤਾ ਨੂੰ ਬਣਾ ਕੇ ਰੱਖਣ ਦਾ ਪ੍ਰਣ ਲਿਆ। ਚੌਥੀ ਜਮਾਤ ਦੇ ਵਿਦਿਆਰਥੀਆਂ ਨੇ ਕਵਿਤਾ ਪੇਸ਼ ਕੀਤੀ। ਵਿਦਿਆਰਥੀਆਂ ਦੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ। ਬੱਚਿਆਂ ਦੁਆਰਾ ਪੇਸ਼ ਕੋਰੀਓਗਰਾਫ਼ੀ ਬਹੁਤ ਹੀ ਸਲਾਹੁਣਯੋਗ ਰਹੀ। ਮੈਡਮ ਚਰਨਜੀਤ ਕੌਰ ਨੇ ਵੱਲਭ ਭਾਈ ਪਟੇਲ ਦੀ ਜੀਵਨੀ 'ਤੇ ਚਾਨਣਾ ਪਾਇਆ। 'ਯੂਨਿਟੀ ਫਾਰ ਰਨ' ਵਿੱਚ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਭਾਗ ਲੈ ਕੇ ਦੇਸ਼ ਦੇ ਇੱਕ ਹੋਣ ਦਾ ਸੰਦੇਸ਼ ਦਿੱਤਾ। ਸਕੂਲ ਦੇ ਐੱਮ. ਡੀ. ਪ੍ਰੋ. ਐੱਮ. ਐੱਲ. ਅਰੋੜਾ ਤੇ ਪ੍ਰਿੰਸੀਪਲ ਮੈਡਮ ਕੰਚਨ ਨੇ ਮੁਬਾਰਕਾਂ ਦਿੰਦੇ ਹੋਏ ਕਿਹਾ ਕਿ ਕਿਸੇ ਵੀ ਦੇਸ਼ ਦੀ ਉੱਨਤੀ ਤੇ ਮਜ਼ਬੂਤੀ ਲਈ ਰਾਸ਼ਟਰ ਦੀ ਏਕਤਾ ਤੇ ਅਖੰਡਤਾ ਬਹੁਤ ਜ਼ਰੂਰੀ ਹੈ। ਇਸ ਮੌਕੇ ਵਾਇਸ ਪ੍ਰਿੰਸੀਪਲ ਕੁਲਵੰਤ ਕੌਰ, ਮੈਡਮ ਸ਼ਾਲੂ, ਜੀਵਨ ਸਿੰਘ ਸੰਧੂ ਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

# ਸਰਕਾਰੀ ਖਰੀਦ ਏਜੰਸੀਆਂ ਨੇ 771873.50 ਕੁਇੰਟਲ ਝੋਨੇ ਦੀ ਖਰੀਦ

**ਮੱਖੂ (ਰਛਪਾਲ ਸਿੰਘ ਸੰਧੂ)**-ਦਫ਼ਤਰ ਮਾਰਕਿਟ ਕਮੇਟੀ ਅਧੀਨ ਆਉਂਦੀ ਮੇਨ ਦਾਣਾ ਮੰਡੀ ਤੇ ਖਰੀਦ ਕੇਂਦਰਾਂ 'ਤੇ ਪੰਜਾਬ ਸਰਕਾਰ ਦੀਆਂ ਸਰਕਾਰੀ ਖਰੀਦ ਏਜੰਸੀਆਂ ਵੱਲੋਂ ਹੁਣ ਤੱਕ 771873.50 ਕੁਇੰਟਲ ਝੋਨੇ ਦੀ ਖਰੀਦ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ। ਦਫ਼ਤਰ ਮਾਰਕਿਟ ਕਮੇਟੀ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਪੰਜਾਬ ਸਰਕਾਰ ਦੀਆਂ ਸਰਕਾਰੀ ਖਰੀਦ ਏਜੰਸੀਆਂ ਵੱਲੋਂ ਕਿਸਾਨਾਂ ਦੀ ਝੋਨੇ ਦੀ ਫ਼ਸਲ ਦੀ ਖਰੀਦ ਜ਼ੋਰਾਂ ਨਾਲ ਕੀਤੀ ਜਾ ਰਹੀ ਹੈ ਤੇ ਖਰੀਦ ਕੀਤੇ ਹੋਏ ਝੋਨੇ ਦੀਆਂ ਬੋਰੀਆਂ ਦੀ ਲਿਫਟਿੰਗ ਵੀ ਜ਼ੋਰਾਂ ਨਾਲ ਕੀਤੀ ਜਾ ਰਹੀ ਹੈ। ਪੰਜਾਬ ਸਰਕਾਰ ਦੀਆਂ ਖਰੀਦ ਏਜੰਸੀਆਂ ਵੱਲੋਂ ਦਾਣਾ ਮੰਡੀ ਮੱਖੂ ਅਤੇ ਖਰੀਦ ਕੇਂਦਰਾਂ ਵਿਚ ਪਨਗ੍ਰੇਨ ਵੱਲੋਂ 193540 ਕੁਇੰਟਲ, ਮਾਰਕਫੈਡ ਵੱਲੋਂ 180247.50 ਕੁਇੰਟਲ, ਪਨਸਪ ਵੱਲੋਂ 265360 ਕੁਇੰਟਲ, ਪੰਜਾਬ ਸਟੇਟ ਵੇਅਰ ਹਾਊਸ ਵੱਲੋਂ 1327-26 ਕੁਇੰਟਲ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ। ਖਰੀਦ ਕੀਤੇ ਹੋਏ ਝੋਨੇ ਦੀ ਲਿਫਟਿੰਗ 566778.50 ਕੁਇੰਟਲ ਦੇ ਕਰੀਬ ਹੋ ਚੁੱਕੀ ਹੈ। ਇਸ ਵਾਰ ਫੂਡ ਕਾਰਪੋਰੇਸਨ ਆਫ਼ ਇੰਡੀਆ ਵੱਲੋਂ ਦਾਣਾ ਮੰਡੀ ਮੱਖੂ ਤੇ ਮਾਰਕਿਟ ਕਮੇਟੀ ਅਧੀਨ ਆਉਂਦੇ ਕਿਸੇ ਵੀ ਖਰੀਦ ਕੇਂਦਰ ਤੋਂ ਝੋਨੇ ਦੀ ਖਰੀਦ ਨਹੀਂ ਕੀਤੀ ਗਈ।

# ਸਪਰਿੰਗ ਫੀਲਡ ਸਕੂਲ ਸਰਵੋਤਮ ਵਿੱਦਿਅਕ ਸਕੂਲ ਐਵਾਰਡ ਨਾਲ ਸਨਮਾਨਤ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਚੰਡੀਗੜ੍ਹ ਯੂਨੀਵਰਸਿਟੀ ਵਿਖੇ ਫੈਡਰੇਸ਼ਨ ਆਫ਼ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨ ਪੰਜਾਬ ਵੱਲੋਂ ਰਾਸ਼ਟਰੀ ਪੱਧਰ ਦਾ ਸਮਾਗਮ ਕਰਾਇਆ ਗਿਆ, ਜਿਸ ਦਾ ਉਦਘਾਟਨ ਪੰਜਾਬ ਦੇ ਰਾਜਪਾਲ ਸ੍ਰੀ ਬਨਵਾਰੀ ਲਾਲ ਪ੍ਰੋਹਿਤ ਨੇ ਕੀਤਾ। ਇਸ ਸਮਾਗਮ ਵਿੱਚ ਇੰਡੀਆ ਦੇ ਪੰਜਾਬ ਤੋਂ ਇਲਾਵਾ ਵੱਖ-ਵੱਖ ਰਾਜਾਂ ਦੇ ਸਕੂਲਾਂ ਹਿੱਸਾ ਲਿਆ। ਸਮਾਗਮ ਤੋਂ ਪਹਿਲਾਂ ਫੈਪ ਦੀਆਂ ਟੀਮਾਂ ਨੇ ਵੱਖ-ਵੱਖ ਸਕੂਲਾਂ ਵਿੱਚ ਜਾ ਕੇ ਸਕੂਲ ਦਾ ਮੁਲਾਂਕਣ ਕੀਤਾ। ਸਪਰਿੰਗ ਫੀਲਡ ਕਾਨਵੈਂਟ ਸਕੂਲ ਵਿਖੇ ਟੀਮ ਨੇ ਪਹੁੰਚ ਕੇ ਵੱਖ-ਵੱਖ ਪਹਿਲੂਆਂ 'ਤੇ ਸਰਵੇਖਣ ਕੀਤਾ। ਸਕੂਲ ਦਾ ਵਿੱਦਿਅਕ ਪੱਧਰ ਤਸੱਲੀਬਖਸ਼ ਹੋਣ ਕਰਕੇ ਬੈਸਟ ਅਕਾਦਮਿਕ ਸਕੂਲ ਦੀ ਸਿਫ਼ਾਰਸ਼ ਕੀਤੀ, ਜਿਸ ਦੇ ਆਧਾਰ 'ਤੇ ਸਕੂਲ ਨੂੰ ਸਰਵੋਤਮ ਵਿੱਦਿਅਕ ਸਕੂਲ ਹੋਣ ਦਾ ਅਵਾਰਡ ਦੇ ਕੇ ਸਨਮਾਨਤ ਕੀਤਾ, ਜਿਸ 'ਤੇ ਅਧਿਆਪਕਾਂ ਅਤੇ ਬੱਚਿਆਂ ਨੇ ਐਵਾਰਡ ਮਿਲਣ 'ਤੇ ਖ਼ੁਸ਼ੀ ਮਨਾਈ। ਚੇਅਰਮੈਨ ਨਰ ਸਿੰਘ ਬਰਾੜ ਨੇ ਦੱਸਿਆ ਕਿ ਅਧਿਆਪਕ ਬਹੁਤ ਲਗਨ ਨਾਲ ਮਿਹਨਤ ਕਰਾਉਂਦੇ ਹਨ, ਜਿਸ ਕਰਕੇ ਸਕੂਲ ਹਰ ਪੱਖ ਤੋਂ ਸਭ ਸਕੂਲਾਂ ਤੋਂ ਵਧੀਆ ਸਿੱਖਿਆ ਦਿੰਦਾ ਹੈ, ਜਿਸ ਕਰਕੇ ਸਕੂਲ ਨੂੰ ਇਹ ਐਵਾਰਡ ਮਿਲਣ ਦਾ ਸਨਮਾਨ ਪ੍ਰਾਪਤ ਹੋਇਆ ਹੈ। ਪ੍ਰਿੰਸੀਪਲ ਬਾਇਜੂ ਵਿਜੇ ਨੇ ਵੀ ਅਧਿਆਪਕਾਂ ਤੇ ਬੱਚਿਆਂ ਨੂੰ ਸਨਮਾਨ ਮਿਲਣ 'ਤੇ ਵਧਾਈ ਦਿੱਤੀ।

# ਬੇਲਰ ਮਸ਼ੀਨ ਨਾਲ ਪਰਾਲੀ ਕੀਤੀ ਇਕੱਠੀ

## ■ ਸਾਨੂੰ ਸਰਕਾਰਾਂ ਦੇ ਹੁਕਮਾਂ ਦੀ ਪਾਲਣਾ ਕਰਨੀ ਚਾਹੀਦੀ : ਬਾਬਾ ਟੇਕ ਸਿੰਘ



**ਧਨੌਲਾ (ਕਰਮਜੀਤ ਸਿੰਘ ਸਾਗਰ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ 'ਚ ਪਰਾਲੀ ਸਾੜਨ ਦੀ ਸਮੱਸਿਆ ਨਾਲ ਨਜਿੱਠਣ ਲਈ ਵਿੱਢੀ ਮੁਹਿੰਮ ਤਹਿਤ ਹੁਕਮਾਂ ਦੀ ਪਾਲਣਾ ਕਰਦਿਆਂ ਗੁਰਦੁਆਰਾ ਪਾਤਸ਼ਾਹੀ ਨੌਵੀਂ ਦੇ ਮੁੱਖ ਸੇਵਾਦਾਰ ਬਾਬਾ ਟੇਕ ਸਿੰਘ ਧਨੌਲਾ ਵੱਲੋਂ ਐੱਸ ਸੀ ਆਰ ਐੱਮ ਬੇਲਰ ਮਸ਼ੀਨ ਦੀ ਮਦਦ ਨਾਲ ਪਰਾਲੀ ਇਕੱਠੀ ਕੀਤੀ ਗਈ। ਇਸ ਮੌਕੇ ਬਾਬਾ ਟੇਕ ਸਿੰਘ ਧਨੌਲਾ ਨੇ ਦੱਸਿਆ ਕਿ ਸਰਕਾਰਾਂ ਪਹਿਲਾਂ ਤੋਂ ਹੀ ਕਿਸਾਨਾਂ ਨੂੰ ਅਪੀਲ ਕਰਦੀਆਂ ਆ ਰਹੀਆਂ ਹਨ ਕਿ ਉਹ ਪਰਾਲੀ ਨਾ ਸਾੜਨ, ਕਿਉਂਕਿ ਸਾਡਾ ਪੰਜਾਬ ਸੂਬਾ ਹੀ ਹਰਿਆਲੀ ਨਾਲ ਹਰਿਆ ਭਰਿਆ ਤੇ ਸਾਫ ਸੁਥਰਾ ਰਹਿੰਦਾ ਹੈ, ਜੋ ਕਿ ਦੁਨੀਆ ਭਰ ਵਿੱਚ ਮੰਨਿਆ ਪ੍ਰਮੰਨਿਆ ਗਿਆ ਹੈ। ਉਨ੍ਹਾ ਕਿਹਾ ਕਿ ਅੱਗ ਲਾਉਣ ਨਾਲ ਸਾਡੇ ਘਰਾਂ ਵਿੱਚ ਸੁਆਹ ਖਿੰਡਦੀ ਹੈ ਅਤੇ ਪ੍ਰਦੂਸ਼ਣ ਗੰਧਲਾ ਹੁੰਦਾ ਹੈ। ਇਸ ਲਈ ਸਾਨੂੰ ਰਲ ਕੇ ਸਰਕਾਰ ਦਾ ਸਾਥ ਦੇਣਾ ਚਾਹੀਦਾ ਹੈ, ਪਰਾਲੀ ਨੂੰ ਅੱਗ ਨਾ ਲਾਓ ਤੇ ਮਸ਼ੀਨਾਂ ਰਾਹੀਂ ਇਕੱਠੀ ਕਰੋ। ਇਸ ਮੌਕੇ ਉਨ੍ਹਾ ਨਾਲ ਸੁਰਜੀਤ ਸਿੰਘ ਮਾਨ, ਮੁਖਤਿਆਰ ਸਿੰਘ ਮਾਨ, ਗੁਰਦੀਪ ਸਿੰਘ ਮਾਨ, ਅਵਤਾਰ ਸਿੰਘ, ਮਾਨਹਰਬੰਸ ਸਿੰਘ, ਸੁਖਦੀਪ ਸਿੰਘ, ਬਲਜੀਤ ਸਿੰਘ, ਕਾਲਾ ਸਿੰਘ, ਬੱਬੂ ਸਿੰਘ ਤੇ ਹੋਰ ਹਾਜ਼ਰ ਸਨ।

# ਪੰਜਾਬ ਪਬਲਿਕ ਸਕੂਲ ਵਿਖੇ ਆਲ ਇੰਡੀਆ ਆਈ ਪੀ ਐੱਸ ਸੀ ਐਥਲੈਟਿਕ ਮੀਟ

## ■ ਵਿਦਿਆਰਥੀਆਂ ਨੂੰ ਅਜਿਹੇ ਖੇਡ ਮੁਕਾਬਲਿਆਂ 'ਚ ਭਾਗ ਲੈ ਕੇ ਅੱਗੇ ਵਧਣਾ ਚਾਹੀਦਾ ਹੈ : ਹਰਪਾਲ ਚੀਮਾ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਪਬਲਿਕ ਸਕੂਲ ਨਾਭਾ ਵਿਖੇ 57ਵੀਂ ਆਲ ਇੰਡੀਆ ਆਈ ਪੀ ਐੱਸ ਸੀ ਐਥਲੈਟਿਕ ਮੀਟ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਭਾਰਤ ਦੇ ਕੋਨੇ ਕੋਨੇ ਤੋਂ ਨਾਮਵਰ ਸਕੂਲਾਂ ਦੇ ਪੰਜ ਸੌ ਦੇ ਲਗਭਗ ਐਥਲੀਟਾਂ ਨੇ ਭਾਗ ਲਿਆ। ਤਿੰਨ ਦਿਨ ਚੱਲਣ ਵਾਲੀ ਇਸ ਐਥਲੈਟਿਕ ਮੀਟ ਵਿੱਚ ਖਿਡਾਰੀ ਐਥਲੈਟਿਕਸ ਨਾਲ ਸਬੰਧਤ ਵੱਖ ਵੱਖ ਮੁਕਾਬਲਿਆਂ ਵਿੱਚ ਭਾਗ ਲੈਣਗੇ। ਐਥਲੈਟਿਕ ਮੀਟ ਦੇ ਉਦਘਾਟਨੀ ਸਮਾਰੋਹ ਵਿੱਚ ਮਾਣਯੋਗ ਸ੍ਰੀ ਹਰਪਾਲ ਸਿੰਘ ਚੀਮਾ ਵਿੱਤ ਮੰਤਰੀ ਪੰਜਾਬ ਤੇ ਮੈਂਬਰ ਬੋਰਡ ਪੰਜਾਬ ਪਬਲਿਕ ਸਕੂਲ ਨਾਭਾ ਨੇ ਸ਼ਿਰਕਤ ਕੀਤੀ। ਉਨ੍ਹਾ ਐਥਲੈਟਿਕ ਮੀਟ ਦਾ ਰਸਮੀ ਤੌਰ 'ਤੇ ਉਦਘਾਟਨ ਕੀਤਾ ਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਆਖਿਆ ਕਿ ਵਿਦਿਆਰਥੀਆਂ ਨੂੰ ਅਜਿਹੇ ਖੇਡ ਮੁਕਾਬਲਿਆਂ ਵਿੱਚ ਭਾਗ ਲੈ ਕੇ ਅੱਗੇ ਵਧਣਾ ਚਾਹੀਦਾ ਹੈ। ਉਹ ਦਿਨ ਦੂਰ ਨਹੀਂ, ਜਦੋਂ ਵਿਦਿਆਰਥੀ ਇਨ੍ਹਾਂ ਖੇਡਾਂ ਵਿੱਚ ਭਾਗ ਲੈ ਕੇ ਦੇਸ਼ ਦਾ ਨਾਂਅ ਰੌਸ਼ਨ ਕਰਨਗੇ। ਉਨ੍ਹਾਂ ਕਿਹਾ ਕਿ ਇਹ ਵਿਦਿਆਰਥੀ ਸਾਡੇ ਸੂਬਾ ਪੰਜਾਬ ਅਤੇ ਦੇਸ਼ ਦੀ ਆਨ ਤੇ ਸ਼ਾਨ ਹਨ। ਸਕੂਲ ਹੈੱਡਮਾਸਟਰ ਡਾ. ਡੀ ਸੀ ਸ਼ਰਮਾ ਨੇ ਆਏ ਹੋਏ ਮੁੱਖ ਮਹਿਮਾਨ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਹਲਕਾ ਨਾਭਾ ਦੇ ਵਿਧਾਇਕ ਸ੍ਰੀ ਗੁਰਦੇਵ ਸਿੰਘ ਦੇਵ ਮਾਨ, ਸਕੂਲ ਡਿਪਟੀ ਹੈੱਡਮਾਸਟਰ, ਸਕੂਲ ਬਰਸਰ ਤੇ ਹੋਰ ਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

# ਗਿਆਨ ਸਾਗਰ ਕਾਨਵੈਂਟ ਸਕੂਲ ਨੂੰ ਬੈੱਸਟ ਕਲੀਨ ਐਵਾਰਡ



**ਬਰੇਟਾ (ਰੀਤਵਾਲ)**

ਗਿਆਨ ਸਾਗਰ ਕੌਨਵੈਂਟ ਸਕੂਲ ਕਾਹਨਗੜ੍ਹ ਨੂੰ ਫੈਪ (ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਆਫ ਪੰਜਾਬ) ਵੱਲੋਂ ਬੈਸਟ ਕਲੀਨ ਤੇ ਹਾਈਜੈਨਿਕ ਵਾਤਾਵਰਣ ਐਵਾਰਡ ਲਈ ਚੁਣਿਆ ਗਿਆ। ਸਕੂਲ ਵਿੱਚ ਫੈਪ ਦੀ ਨਰੀਖਣ ਟੀਮ ਵੱਲੋਂ ਅਚਨਚੇਤ ਚੈਕਿੰਗ ਕਰਨ ਆਪਣੇ ਅਧਿਕਾਰੀ ਭੇਜੇ ਗਏ ਤੇ ਸਕੂਲ ਦੀ ਸਫ਼ਾਈ ਜਿਵੇਂ ਕਲਾਸ ਰੂਮ, ਆਫਿਸ ਏਰੀਆ, ਗਰਾਊਂਡ, ਪਾਰਕ ਤੇ ਹਾਈਜੈਨਿਕ ਵਾਤਾਵਰਣ ਨੂੰ ਦੇਖਦੇ ਹੋਏ ਐਵਾਰਡ ਲਈ ਚੁਣਿਆ ਗਿਆ। ਸਕੂਲ ਨੂੰ ਫ਼ੈਪ ਤੇ ਚੰਡੀਗੜ੍ਹ ਯੂਨੀਵਰਸਿਟੀ ਵੱਲੋਂ ਉਲੀਕੇ ਗਏ ਐਵਾਰਡ ਸਮਾਰੋਹ ਵਿੱਚ ਟਰਾਫ਼ੀ ਤੇ ਸਰਟੀਫਿਕੇਟ ਨਾਲ ਨਵਾਜ਼ਿਆ ਗਿਆ। ਇਹ ਐਵਾਰਡ ਲੈਣ ਲਈ ਸਕੂਲ ਚੇਅਰਮੈਨ ਰਾਮਪਾਲ ਸਿੰਘ ਸੇਖੋਂ ਚੰਡੀਗੜ੍ਹ ਯੂਨੀਵਰਸਿਟੀ ਪਹੁੰਚੇ। ਇਹ ਪ੍ਰੋਗਰਾਮ ਜਗਜੀਤ ਸਿੰਘ ਧੂਰੀ ਤੇ ਚੰਡੀਗੜ੍ਹ ਯੂਨੀਵਰਸਿਟੀ ਦੀ ਸਾਂਝੀ ਕਾਰਗੁਜ਼ਾਰੀ ਹੇਠ ਕਰਵਾਇਆ ਗਿਆ। ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਰਾਜਪਾਲ ਮਾਣਯੋਗ ਵਣਵਾਰੀ ਲਾਲ ਪ੍ਰੋਹਿਤ, ਮਾਣਯੋਗ ਵਿਧਾਨ ਸਭਾ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ, ਪੰਜਾਬ ਸਿੱਖਿਆ ਵਿਭਾਗ ਮੰਤਰੀ ਸ੍ਰ. ਮੀਤ ਸਿੰਘ ਹੇਰ ਤੇ ਮਸ਼ਹੂਰ ਪੰਜਾਬੀ ਗਾਇਕ ਲਖਵਿੰਦਰ ਸਿੰਘ ਵਡਾਲੀ ਪਹੁੰਚੇ। ਇਸ ਐਵਾਰਡ ਲਈ ਸਕੂਲ ਪ੍ਰਿੰਸੀਪਲ ਭਾਰਤ ਦੀਪ ਗਰਗ ਨੂੰ ਸਮੁੱਚੇ ਸਮੂਹ ਸਟਾਫ਼ ਵੱਲੋਂ ਵਧਾਈਆਂ ਦਿੱਤੀਆਂ ਗਈਆਂ। ਸਕੂਲ ਚੇਅਰਮੈਨ ਰਾਮਪਾਲ ਸਿੰਘ ਸੇਖੋਂ ਨੇ ਕਿਹਾ ਕਿ ਫੈਪ ਵੱਲੋਂ ਬੈਸਟ ਸਕੂਲ ਐਵਾਰਡ ਲਈ ਚੁਣੇ ਜਾਣ 'ਤੇ ਫ਼ਕਰ ਮਹਿਸੂਸ ਹੋ ਰਿਹਾ ਹੈ ਤੇ ਇਸ ਦਾ ਸਿਹਰਾ ਉਨ੍ਹਾਂ ਨੇ ਸਕੂਲ ਪ੍ਰਿੰਸੀਪਲ ਭਾਰਤ ਦੀਪ ਗਰਗ ਤੇ ਸਮੁੱਚੇ ਸਟਾਫ਼ ਦੇ ਸਿਰ ਬੰਨ੍ਹਿਆ।

# ਚਕਿਤਸਾ ਵਿਗਿਆਨ ਆਦਿ ਦੀ ਪੜ੍ਹਾਈ ਪੰਜਾਬੀ 'ਚ ਕਰਨ ਦੀ ਮੰਗ

**ਲੁਧਿਆਣਾ (ਐੱਮ ਐੱਸ ਭਾਟੀਆ/ਰੈਕਟਰ ਕਥੂਰੀਆ)**

ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਚਕਿਤਸਾ ਵਿਗਿਆਨ ਤੇ ਜੰਤਰ ਵਿਗਿਆਨ (ਇੰਜੀਨੀਅਰਿੰਗ) ਆਦਿ ਦੀ ਪੜ੍ਹਾਈ ਛੇਤੀ ਤੋਂ ਛੇਤੀ ਪੰਜਾਬੀ ਵਿੱਚ ਕਰਾਉਣ ਲਈ ਪੰਜਾਬ ਸਰਕਾਰ ਤੁਰੰਤ ਲੋੜੀਂਦੇ ਕਦਮ ਚੁੱਕੇ। ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਦੇ ਪ੍ਰਧਾਨ ਦਰਸ਼ਨ ਬੁੱਟਰ, ਸੀਨੀ. ਮੀਤ ਪ੍ਰਧਾਨ ਡਾ. ਜੋਗਾ ਸਿੰਘ ਵਿਰਕ ਤੇ ਜਨਰਲ ਸਕੱਤਰ ਡਾ. ਸੁਖਦੇਵ ਸਿੰਘ ਸਿਰਸਾ ਨੇ ਪ੍ਰੈੱਸ ਨੂੰ ਜਾਰੀ ਆਪਣੇ ਸਾਂਝੇ ਬਿਆਨ ਵਿੱਚ ਕਿਹਾ ਹੈ ਕਿ ਮੱਧ ਪ੍ਰਦੇਸ ਵਿੱਚ ਇਨ੍ਹਾਂ ਵਿਸ਼ਿਆਂ ਦੀ ਪੜ੍ਹਾਈ ਹਿੰਦੀ ਭਾਸ਼ਾ ਵਿੱਚ ਹੋਣ ਲੱਗ ਪਈ ਹੈ ਤੇ ਉੱਤਰ ਪ੍ਰਦੇਸ ਤੇ ਤਾਮਿਲਨਾਡੂ ਸਰਕਾਰਾਂ ਨੇ ਵੀ ਅਜਿਹੇ ਕਦਮ ਚੁੱਕੇ ਹਨ। ਸਿੱਖਿਆ ਨੀਤੀ 2020 ਤਾਂ ਸਿੱਖਿਆ ਮਾਂ ਬੋਲੀ ਵਿੱਚ ਦੇਣ ਦੀ ਗੱਲ ਕਰਦੀ ਹੀ ਹੈ, ਹੁਣ ਸੰਘੀ ਸਰਕਾਰ ਵੱਲੋਂ ਵੀ ਮਾਂ ਬੋਲੀਆਂ ਵਿੱਚ ਪੜ੍ਹਾਈ ਕਰਾਉਣ ਦੇ ਨਿਰਣੇ ਦੀ ਗੱਲ ਵਾਰ-ਵਾਰ 'ਤੇ ਉੱਚੇ ਪੱਧਰਾਂ 'ਤੇ ਕੀਤੀ ਜਾਂਦੀ ਹੈ।

ਉਨ੍ਹਾਂ ਕਿਹਾ ਕਿ ਸਿੱਖਿਆ ਮਾਂ ਭਾਸ਼ਾ ਦੀ ਥਾਂ ਕਿਸੇ ਹੋਰ ਭਾਸ਼ਾ ਰਾਹੀਂ ਦੇਣ ਦਾ ਵਿਚਾਰ ਸਿੱਖਿਆ ਤੇ ਭਾਸ਼ਾ ਬਾਰੇ ਪੂਰੀ ਅਗਿਆਨਤਾ ਦਾ ਸਬੂਤ ਹੈ। ਉਨ੍ਹਾਂ ਕਿਹਾ ਕਿ ਪੜ੍ਹਾਈ ਮਾਂ ਬੋਲੀਆਂ ਵਿੱਚ ਨਾ ਹੋਣ ਕਰਕੇ ਸਿੱਖਿਆ ਦਾ ਘਾਣ ਹੁੰਦਾ ਹੈ ਤੇ ਇਸ ਦਾ ਸਭ ਤੋਂ ਵੱਧ ਘਾਟਾ ਥੁੜਾਂ ਮਾਰੇ ਬਾਲਾਂ ਨੂੰ ਝੱਲਣਾ ਪੈਂਦਾ ਹੈ। ਉਨ੍ਹਾ ਕਿਹਾ ਕਿ ਇਹ ਭਰਮ ਹੈ ਕਿ ਵਿਗਿਆਨ ਤੇ ਤਕਨੀਕ ਆਦਿ ਵਿਸ਼ਿਆਂ ਦੀ ਪੜ੍ਹਾਈ ਲਈ ਪੰਜਾਬੀ ਭਾਸ਼ਾ ਵਿੱਚ ਕਿਸੇ ਸਮਰੱਥਾ ਦੀ ਘਾਟ ਹੈ, ਬਲਕਿ ਹਰ ਵਿਸ਼ੇ ਦੀ ਸਿੱਖਿਆ ਮਾਂ ਭਾਸ਼ਾ ਵਿੱਚ ਹੀ ਨਿਪੁੰਨਤਾ ਨਾਲ ਦਿੱਤੀ ਜਾ ਸਕਦੀ ਹੈ। ਇਸ ਲਈ ਪੰਜਾਬ ਸਰਕਾਰ ਤੁਰੰਤ ਲੋੜੀਂਦੇ ਨਿਰਣੇ ਕਰੇ ਤੇ ਲੋੜੀਂਦੀ ਤਿਆਰੀ ਵੱਡੀ ਪੱਧਰ 'ਤੇ ਵਿੱਢੀ ਜਾਵੇ।

ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਨੇ ਮੰਗ ਕੀਤੀ ਕਿ ਪੰਜਾਬੀ ਸਣੇ ਅੱਠਵੀਂ ਸੂਚੀ ਵਿੱਚ ਦਰਜ ਸਾਰੀਆਂ ਭਾਸ਼ਾਵਾਂ ਨੂੰ ਸੰਘ ਸਰਕਾਰ ਦੀਆਂ ਕੰਮ-ਕਾਜ ਦੀਆਂ ਭਾਸ਼ਾਵਾਂ ਬਣਾਇਆ ਜਾਵੇ ਤੇ ਸੰਘ ਸਰਕਾਰ ਦੀਆਂ ਸਾਰੀਆਂ ਸੰਸਥਾਵਾਂ ਤੇ ਸੰਗਠਨ ਹਰ ਭਾਸ਼ਾਈ ਖੇਤਰ ਵਿੱਚ ਓਥੋਂ ਦੀ ਭਾਸ਼ਾ ਵਿੱਚ ਕੰਮ ਕਰਨ ਤੇ ਸੇਵਾਵਾਂ ਹਾਸਲ ਕਰਾਉਣ। ਭਾਰਤ ਸਰਕਾਰ ਸਦਾ ਈ ਸੰਘ ਸਰਕਾਰ ਅਧੀਨ ਸੰਸਥਾਵਾਂ ਤੇ ਸੰਗਠਨਾਂ ਰਾਹੀਂ ਹਿੰਦੀ ਤੇ ਅੰਗਰੇਜ਼ੀ ਭਾਸ਼ਾਵਾਂ ਮਾਤ ਭਾਸ਼ਾਵਾਂ 'ਤੇ ਥੋਪਦੀ ਆਈ ਹੈ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਵਿੱਚ ਸਾਰੀਆਂ ਸੰਘੀ ਸੰਸਥਾਵਾਂ ਤੇ ਸੰਗਠਨਾਂ ਦਾ ਕੰਮ-ਕਾਜ ਤੇ ਸੇਵਾਵਾਂ ਪੰਜਾਬੀ ਵਿੱਚ ਤੇ ਹੋਰ ਰਾਜਾਂ ਵਿੱਚ ਓਥੋਂ ਦੀਆਂ ਭਾਸ਼ਾਵਾਂ 'ਚ ਕਰਾਉਣ ਲਈ ਪੰਜਾਬ ਸਰਕਾਰ ਹੋਰ ਰਾਜਾਂ ਨਾਲ ਤਾਲਮੇਲ ਕਰਕੇ ਇਸ ਹਿੱਤ ਸੰਵਿਧਾਨ 'ਚ ਵਿਵਸਥਾਵਾਂ ਕਰਵਾਉਣ ਲਈ ਤੁਰੰਤ ਲੋੜੀਂਦੇ ਕਦਮ ਚੁੱਕੇ।

ਉਨ੍ਹਾਂ ਪੰਜਾਬ ਦੇ ਸਮੂਹ ਲੋਕਾਂ ਤੇ ਹੋਰ ਰਾਜਾਂ ਦੇ ਲੋਕਾਂ ਨੂੰ ਵੀ ਸੁਚੇਤ ਕੀਤਾ ਕਿ ਜਨਤਕ ਸਰਗਰਮੀ ਤੇ ਦਬਾਅ ਤੋਂ ਬਿਨਾਂ ਭਾਰਤੀ ਮਾਤ ਭਾਸ਼ਾਵਾਂ ਦੇ ਵਿਕਾਸ ਦੀ ਗੱਲ ਤਾਂ ਦੂਰ, ਉਨ੍ਹਾਂ ਦੀ ਹੋਂਦ ਬਚਾਉਣੀ ਵੀ ਸੰਭਵ ਨਹੀਂ ਹੋਵੇਗੀ। ਇਸ ਲਈ ਉਨ੍ਹਾਂ ਸਾਰੀਆਂ ਮਾਤ ਭਾਸ਼ਾਵਾਂ ਦੇ ਕਰਮੀਆਂ ਨੂੰ ਇਕਜੁੱਟ ਹੋ ਕੇ ਤੁਰੰਤ ਜੱਦੋ-ਜਹਿਦ ਵਿੱਢਣ ਦੀ ਅਪੀਲ ਕੀਤੀ।

# ਐੱਸ ਕੇ ਕਾਲਜ 'ਚ ਮਨਾਇਆ ਰਾਸ਼ਟਰੀ ਏਕਤਾ ਦਿਵਸ



**ਮੋਗਾ (ਅਮਰਜੀਤ ਬੱਬਰੀ)**-ਸੁਕਦੇਵਾ ਕ੍ਰਿਸ਼ਨਾ ਕਾਲਜ ਆਫ ਐਜੂਕੇਸ਼ਨ ਫਾਰ ਗਰਲਜ਼ ਘੱਲ ਕਲਾਂ ਮੋਗਾ ਵਿਖੇ ਰੈੱਡ ਰਿਬਨ ਕਲੱਬ ਵੱਲੋਂ ਸੁਤੰਤਰਤਾ ਸੰਗ੍ਰਾਮੀ ਸਰਦਾਰ ਪਟੇਲ ਦੇ 147ਵੇਂ ਜਨਮ ਦਿਵਸ ਨੂੰ ਸਮਰਪਤ ਰਾਸ਼ਟਰੀ ਏਕਤਾ ਦਿਵਸ ਮਨਾਇਆ ਗਿਆ। ਇਸ ਮੌਕੇ ਕਾਲਜ ਪ੍ਰਿੰ. ਡਾ. ਮੋਨਿਕਾ ਵਰਮਾ ਨੇ ਰਾਸ਼ਟਰੀ ਏਕਤਾ ਦਿਵਸ ਦੀ ਮਹੱਤਤਾ ਬਾਰੇ ਦੱਸਦੇ ਹੋਏ ਕਿਹਾ ਕਿ ਭਾਰਤ ਦੀ ਆਜ਼ਾਦੀ ਵਿੱਚ ਮਹਤਵਪੂਰਨ ਭੂਮਿਕਾ ਨਿਭਾਉਣ ਵਾਲੇ ਲੋਹ ਪੁਰਸ਼ ਸਰਦਾਰ ਪਟੇਲ ਦੇ ਜਮਨ ਦਿਨ ਨੂੰ 31 ਅਕਤੂਬਰ ਨੂੰ ਹਰ ਸਾਲ ਰਾਸ਼ਟਰੀ ਦਿਵਸ ਦੇ ਤੌਰ 'ਤੇ ਮਨਾਇਆ ਜਾਂਦਾ ਹੈ। ਇਸ ਉਪਰੰਤ ਸਾਰੇ ਅਧਿਆਪਕਾਂ ਤੇ ਵਿਦਿਆਰਥੀਆਂ ਦੁਆਰਾ ਦੇਸ਼ ਦੀ ਏਕਤਾ ਤੇ ਅਖੰਡਤਾ ਨੂੰ ਕਾਇਮ ਰੱਖਣ ਲਈ ਸਹੁੰ ਚੁੱਕੀ ਗਈ। ਇਸ ਦੌਰਨ ਰਾਸ਼ਟਰੀ ਏਕਤਾ ਨੂੰ ਮੁੱਖ ਰਖਦੇ ਹੋਏ ਪੋਸਟਰ ਬਣਾਉਣ ਤੇ ਭਾਸ਼ਣ ਮੁਕਾਬਲੇ ਵੀ ਕਰਵਾਏ ਗਏ। ਸਾਰੇ ਵਿਦਿਆਰਥੀਆਂ ਦੁਆਰਾ ਇਨ੍ਹਾਂ ਮੁਕਾਬਲਿਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਗਿਆ। ਅੰਤ ਵਿੱਚ ਪ੍ਰਿੰ. ਮੋਨਿਕਾ ਵਰਮਾ ਨੇ ਮੁਕਾਬਲਿਆਂ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਦੀ ਪ੍ਰਸੰਸਾ ਕਰਦੇ ਹੋਏ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਦੁਆਰਾ ਹੀ ਵਿਦਿਆਰਥੀਆਂ ਦੀ ਸ਼ਖ਼ਸੀਅਤ ਵਿੱਚ ਨਿਖਾਰ ਆਉਂਦਾ ਹੈ। ਇਸ ਮੌਕੇ ਕਾਲਜ ਦੇ ਚੇਅਰਮੈਨ ਡਾ. ਅਸ਼ੋਕ ਗਰਗ, ਡਾਇਰੈਕਟਰ ਸੁਧੀਰ ਗਰਗ, ਜਨ. ਸਕੱਤਰ ਡਾ. ਨੀਨਾ ਗਰਗ, ਸਕੱਤਰ ਡਾ. ਰਾਘਵ ਗਰਗ ਤੋਂ ਇਲਾਵਾ ਕਾਲਜ ਸਟਾਫ ਤੇ ਵਿਦਿਆਰਥ ਹਾਜ਼ਰ ਸਨ।

# ਸੀਨੀਅਰ ਸਿਟੀਜ਼ਨ ਭਲਾਈ ਸੰਸਥਾ ਵੱਲੋਂ ਸਨਮਾਨ ਸਮਾਰੋਹ



**ਸੰਗਰੂਰ (ਪ੍ਰਵੀਨ ਸਿੰਘ)**-ਬਜ਼ੁਰਗਾਂ ਦੀ ਭਲਾਈ ਨੂੰ ਸਮਰਪਤ ਸੀਨੀਅਰ ਸਿਟੀਜ਼ਨ ਭਲਾਈ ਸੰਸਥਾ ਵੱਲੋਂ ਬਨਾਸਰ ਬਾਗ ਸਥਿਤ ਦਫਤਰ ਵਿਖੇ ਅਕਤੂਬਰ ਮਹੀਨੇ ਵਾਲੇ ਸੰਸਥਾ ਮੈਂਬਰਾਂ ਦੇ ਜਨਮ ਦਿਨ ਸਬੰਧੀ ਵਿਸ਼ੇਸ਼ ਸਨਮਾਨ ਸਮਾਰੋਹ ਸੰਸਥਾ ਪ੍ਰਧਾਨ ਪਾਲਾ ਮੱਲ ਸਿੰਗਲਾ ਦੀ ਪ੍ਰਧਾਨਗੀ ਹੇਠ ਹੋਇਆ। ਉਨ੍ਹਾ ਨਾਲ ਮੱਘਰ ਸਿੰਘ ਸੋਹੀ, ਸੁਰਿੰਦਰ ਪਾਲ ਗੁਪਤਾ ਸਰਪ੍ਰਸਤ, ਪ੍ਰੇਮ ਕੁਮਾਰ ਗਰਗ ਤੇ ਸੁਰਿੰਦਰ ਪਾਲ ਸਿੰਘ ਸਿਦਕੀ ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਹੋਏ। ਭੂਪਿੰਦਰ ਸਿੰਘ ਜੱਸੀ ਜਨਰਲ ਸਕੱਤਰ ਦੇ ਬਾਖ਼ੂਬੀ ਸਟੇਜ ਸੰਚਾਲਨ ਅਧੀਨ ਅਕਾਲ ਚਲਾਣਾ ਕਰ ਚੁੱਕੇ ਸੰਸਥਾ ਦੇ ਮੈਂਬਰਾਂ ਨੂੰ ਖੜੇ ਹੋ ਕੇ ਸ਼ਰਧਾਂਜਲੀ ਦਿੱਤੀ ਗੀ। ਮੱਘਰ ਸਿੰਘ ਸੋਹੀ ਨੇ ਹਾਜ਼ਰ ਮੈਂਬਰਾਂ ਲਈ ਸਵਾਗਤੀ ਸ਼ਬਦ ਕਹੇ। ਰਾਮ ਮੂਰਤੀ ਮੋਦੀ, ਨੰਦ ਲਾਲ ਨੇ ਸਿਹਤ ਤੰਦਰੁਸਤੀ ਰੱਖਣ ਲਈ ਮਹੱਤਵਪੂਰਨ ਨੁਕਤਿਆਂ 'ਤੇ ਵਿਚਾਰ ਰੱਖੇ। ਡਾ. ਨਰਵਿੰਦਰ ਸਿੰਘ ਕੌਸ਼ਲ ਸਾਬਕਾ ਡੀਨ ਨੇ ਪੁਰਾਣੀ ਪੀੜ੍ਹੀ ਤੇ ਆਧੁਨਿਕ ਪੀੜ੍ਹੀ ਵਿੱਚ ਆਇਆ ਖਲਾਅ, ਕੰਮ ਕਰਨ ਦੀ ਸਮਰੱਥਾ ਬਾਰੇ ਭਾਵਪੂਰਤ ਵਿਚਾਰ ਸਾਂਝੇ ਕੀਤੇ। ਪਰਮਜੀਤ ਸਿੰਘ ਟਿਵਾਣਾ ਨੇ ਖ਼ੁਸ਼ੀ ਭਰਪੂਰ ਜੀਵਨ ਜਿਉਣ ਬਾਰੇ ਸੁਝਾਅ ਦਿੱਤੇ। ਸੁਰਿੰਦਰ ਪਾਲ ਸਿੰਘ ਸਿਦਕੀ ਨੇ ਗੁਰੂ ਕੇ ਬਾਗ ਦਾ ਮੋਰਚਾ ਤੇ ਪੰਜਾ ਸਾਹਿਬ ਦੀ ਅਨੋਖੀ ਘਟਨਾ 'ਤੇ ਰੌਸ਼ਨੀ ਪਾਈ ਤੇ ਸ਼ਹੀਦਾਂ ਨੂੰ ਸਿਜਦਾ ਕੀਤਾ। ਪ੍ਰਧਾਨ ਪਾਲਾ ਮੱਲ ਸਿੰਗਲਾ ਪ੍ਰਧਾਨ ਦੀ ਗਰੀਨ ਪੰਜਾਬ ਸੁਸਾਇਟੀ ਨੇ ਜਨਮ ਦਿਨ ਵਾਲੇ ਮੈਂਬਰਾਂ ਨੂੰ ਵਧਾਈਆਂ ਤੇ ਉਨ੍ਹਾਂ ਦੀ ਚੰਗੀ ਸਿਹਤ ਤੇ ਸੁੱਖ ਸ਼ਾਂਤੀ ਵਾਲੇ ਜੀਵਨ ਦੀ ਕਾਮਨਾ ਕੀਤੀ। ਆਪ ਨੇ ਪਿਛਲੇ ਮਹੀਨੇ ਦਾ ਲੇਖਾ-ਜੋਖਾ ਪੇਸ਼ ਕੀਤਾ ਤੇ ਸੰਸਥਾ ਨੂੰ ਸਹਾਇਤਾ ਦੇਣ ਵਾਲੇ ਵਿਸ਼ੇਸ਼ ਦਾਨੀਆਂ ਦਾ ਧੰਨਵਾਦ ਕੀਤਾ।

ਉਪਰੰਤ ਹੋਏ ਸਨਮਾਨ ਸਮਾਰੋਹ ਦੌਰਾਨ ਸਭ ਤੋਂ ਪਹਿਲਾਂ ਸੁਪਰ ਸਿਟੀਜ਼ਨ ਪ੍ਰਤਾਪ ਸਿੰਘ ਦਾ ਸਨਮਾਨ ਕੀਤਾ ਗਿਆ। ਜਨਮ ਦਿਨ ਵਾਲੇ ਪਰਿਵਾਰਾਂ ਨਾਲ ਸ਼ਾਮਲ ਹੋਏ ਮੈਂਬਰਾਂ ਜਗਦੀਪ ਸਿੰਘ, ਸੁਖਦਰਸ਼ਨ ਸਿੰਘ ਢਿੱਲੋਂ, ਅਮਰ ਸਿੰਘ ਚਹਿਲ, ਰਾਜ ਕੁਮਾਰ ਗੋਇਲ, ਸੰਤੋਸ਼ ਕੁਮਾਰ ਬਾਂਸਲ, ਸੁਭਾਸ਼ ਕਾਮਰਾ, ਓਮ ਪ੍ਰਕਾਸ਼ ਖਿਪਲ, ਬਨਾਰਸੀ ਦਾਸ ਗੋਇਲ, ਵਿਜੈ ਸਿੰਘ, ਰਾਜਿੰਦਰ ਸਿੰਘ ਆਦਿ ਨੂੰ ਪ੍ਰਧਾਨਗੀ ਮੰਡਲ ਦੇ ਨਾਲ ਸੁਧੀਰ ਵਾਲੀਆ, ਗਿਆਨ ਚੰਦ ਸਿੰਗਲਾ, ਕੁਲਵੰਤ ਸਿੰਘ ਅਕੋਈ ਆਦਿ ਨੇ ਹਾਰ ਪਾ ਕੇ ਸਨਮਾਨਤ ਕੀਤਾ। ਸੰਸਥਾ ਦੇ ਬਣੇ ਨਵੇਂ ਮੈਂਬਰ ਸੁਰਿੰਦਰ ਸਿੰਘ ਰੰਧਾਵਾ, ਅਸ਼ੋਕ ਕੁਮਾਰ ਗੋਇਲ, ਰਮਾ ਗੋਇਲ, ਦਵਿੰਦਰ ਗੁਪਤਾ, ਵਰਿੰਦਰ ਗੋਇਲ ਆਦਿ ਨੂੰ ਬੈਜ ਲਗਾ ਕੇ ਸੰਸਥਾ ਵਿੱਚ ਸ਼ਾਮਲ ਕੀਤਾ ਗਿਆ।

# ਜ਼ਮੀਨੀ ਵਿਵਾਦ ਨੂੰ ਲੈ ਕੇ ਚੱਲੀ ਗੋਲੀ 'ਚ ਚਾਚੇ ਦੀ ਮੌਤ, ਚਚੇਰਾ ਭਰਾ ਜ਼ਖਮੀ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ ਰਣਬੀਰ ਸਿੰਘ ਗੋਲਣ)**

ਵਿਧਾਨ ਸਭਾ ਹਲਕਾ ਖੇਮਕਰਨ ਅਧੀਨ ਪੈਂਦੇ ਪਿੰਡ ਡੱਲ ਵਿਖੇ ਜ਼ਮੀਨੀ ਵਿਵਾਦ ਨੂੰ ਲੈ ਕੇ ਭਤੀਜੇ ਵੱਲੋਂ ਮਾਰੀ ਗੋਲੀ ਨਾਲ ਚਾਚੇ ਦੀ ਮੌਤ ਅਤੇ ਚਚੇਰੇ ਭਰਾ ਦੇ ਜ਼ਖਮੀ ਹੋ ਜਾਣ ਦੀ ਖਬਰ ਸਾਹਮਣੇ ਆਈ ਹੈ। ਇਕੱਤਰ ਕੀਤੀ ਗਈ ਜਾਣਕਾਰੀ ਅਨੁਸਾਰ ਭਿੱਖੀਵਿੰਡ ਦੇ ਨਿੱਜੀ ਹਸਪਤਾਲ ਵਿਖੇ ਜ਼ੇਰੇ ਇਲਾਜ ਦਲੇਰ ਸਿੰਘ ਪੁੱਤਰ ਜਸਬੀਰ ਸਿੰਘ ਵਾਸੀ ਡੱਲ ਨੇ ਥਾਣਾ ਖਾਲੜਾ ਦੀ ਪੁਲਸ ਨੂੰ ਦਰਜ ਕਰਵਾਏ ਬਿਆਨਾਂ 'ਚ ਦੱਸਿਆ ਕਿ ਸਾਡੀ ਇੱਕ ਏਕੜ ਜ਼ਮੀਨ ਜੋ ਬਲਵਿੰਦਰ ਸਿੰਘ ਪੁੱਤਰ ਮੁਖਤਿਆਰ ਸਿੰਘ ਵਾਸੀ ਡੱਲ ਪਾਸ ਮੇਰੇ ਪਿਤਾ 'ਤੇ ਤਾਏ ਪ੍ਰਗਟ ਸਿੰਘ ਪੁੱਤਰ ਵਿਰਸਾ ਸਿੰਘ ਨੇ ਸਾਂਝੇ ਤੌਰ 'ਤੇ ਗਹਿਣੇ ਰੱਖੀ ਹੋਈ ਹੈ ਜਿਸ ਦੀ ਮਿਆਦ ਪੁੱਗਣ 'ਤੇ ਅੱਜ ਵਕਤ ਕਰੀਬ 9 ਵਜੇ ਮੈਂ ਤੇ ਮੇਰਾ ਪਿਤਾ ਜਸਬੀਰ ਸਿੰਘ 'ਤੇ ਤਾਇਆ ਪ੍ਰਗਟ ਸਿੰਘ ਤੇ ਉਸਦੇ ਲੜਕੇ ਬਲਵਿੰਦਰ ਸਿੰਘ ਪੁੱਤਰ ਮੁਖਤਿਆਰ ਸਿੰਘ ਦੇ ਘਰ ਇਕੱਠੇ ਹੋਏ ਸੀ। ਇਸ ਤੋਂ ਇਲਾਵਾ ਮੇਰੇ ਨਾਲ ਸੁਖਜਿੰਦਰ ਸਿੰਘ ਪੁੱਤਰ ਗੁਰਮੀਤ ਸਿੰਘ ਵਾਸੀ ਗੁਰੂ ਕੀ ਵਡਾਲੀ ਛੇਹਰਟਾ ਜੋ ਮੇਰਾ ਸਾਂਢੂ ਹੈ, ਮੌਜੂਦ ਸੀ ਕਿ ਗਹਿਣੇ ਦੇ ਪੈਸੇ ਅੱਧੇ-ਅੱਧੇ ਕਰਨ ਦੀ ਗੱਲ ਚੱਲ ਰਹੀ ਸੀ ਪਰ ਮੇਰਾ ਤਾਇਆ ਪ੍ਰਗਟ ਸਿੰਘ 'ਤੇ ਉਸਦੇ ਲੜਕੇ ਸਾਰੇ ਪੈਸੇ ਲੈਣੇ ਚਾਹੁੰਦੇ ਸਨ । ਇਸ ਗੱਲ ਤੋਂ ਅਸੀਂ ਆਪਸ ਵਿੱਚ ਹੱਥੋ-ਪਾਈ ਹੋ ਗਏ ਤਾਂ ਇਸ ਦੌਰਾਨ ਮੇਰੇ ਤਾਏ ਪ੍ਰਗਟ ਸਿੰਘ ਨੇ ਲਲਕਾਰਾ ਮਾਰਿਆ ਤੇ ਕਿਹਾ ਕਿ ਨਛੱਤਰ ਸਿੰਘ ਮਾਰ ਗੋਲੀ ਇਨ੍ਹਾਂ ਨੂੰ, ਅਸੀਂ ਪੈਸੇ ਲੈਣ ਦਾ ਮਜ਼ਾ ਦੱਸਦੇ ਹਾਂ ਤਾਂ ਉਸਦੇ ਇੰਨਾ ਕਹਿਣ ਦੀ ਦੇਰ ਸੀ ਕਿ ਨਛੱਤਰ ਸਿੰਘ ਨੇ ਦਸਤੀ ਪਿਸਟਲ ਡੱਬ ਵਿਚੋਂ




ਕੱਢ ਕੇ ਮੇਰੇ ਤੇ ਮੇਰੇ ਪਿਤਾ ਜਸਬੀਰ ਸਿੰਘ 'ਤੇ ਲਗਾਤਾਰ 6 ਫਾਇਰ ਕੀਤੇ ਜਿਸ ਵਿਚੋਂ ਇੱਕ ਫਾਇਰ ਮੇਰੇ ਪੇਟ ਦੇ ਖੱਬੇ ਪਾਸੇ ਤੋਂ ਮੇਰੇ ਪਿਤਾ ਜਸਬੀਰ ਸਿੰਘ ਦੀ ਸੱਜੀ ਬਾਂਹ ਦੇ ਗੁੱਟ ਉੱਪਰ ਤੇ ਇੱਕ ਫਾਇਰ ਪੇਟ ਵਿੱਚ ਲੱਗਾ। ਰੌਲਾ ਪਾਇਆ ਤਾਂ ਉਪਰੋਕਤ ਤਿੰਨੋਂ ਜਾਣੇ ਮੌਕੇ ਤੋਂ ਲਲਕਾਰੇ ਮਾਰਦੇ ਭੱਜ ਗਏ। ਜਿਸ ਤੋਂ ਬਾਅਦ ਮੈਨੂੰ ਅਤੇ ਮੇਰੇ ਪਿਤਾ ਨੂੰ ਸਵਾਰੀ ਦਾ ਪ੍ਰਬੰਧ ਕਰਕੇ ਮੇਰੇ ਸਾਂਢੂ ਸੁਖਵਿੰਦਰ ਸਿੰਘ ਨੇ ਭਿੱਖੀਵਿੰਡ ਹਸਪਤਾਲ ਵਿਖੇ ਲਿਆਂਦਾ ਅਤੇ ਇਸ ਦੌਰਾਨ ਮੇਰੇ ਪਿਤਾ ਜਸਬੀਰ ਸਿੰਘ ਦੀ ਹਸਪਤਾਲ ਦੇ ਬਾਹਰ ਮੌਤ ਹੋ ਗਈ। ਪ੍ਰੰਤੂ ਮੈਨੂੰ ਜ਼ਖਮੀ ਹਾਲਤ 'ਚ ਹਸਪਤਾਲ ਦਾਖਲ ਕਰਾਇਆ ਜਿੱਥੇ ਮੈਂ ਜ਼ੇਰੇ ਇਲਾਜ ਹਾਂ। ਦਲੇਰ ਸਿੰਘ ਨੇ ਦੱਸਿਆ ਕਿ ਇਹ ਸਾਰਾ ਵਾਕਿਆ ਮੇਰੇ ਸਾਂਢੂ ਸੁਖਜਿੰਦਰ ਸਿੰਘ ਅਤੇ ਬਲਵਿੰਦਰ ਸਿੰਘ ਨੇ ਅੱਖੀਂ ਦੇਖਿਆ ਹੈ। ਪੀੜਤ ਦਲੇਰ ਸਿੰਘ ਅਤੇ ਉਸਦੀ ਮਾਤਾ ਦਵਿੰਦਰ ਕੌਰ ਨੇ ਜ਼ਿਲ੍ਹਾ ਤਰਨਤਾਰਨ ਦੇ ਐੱਸਐੱਸਪੀ ਪਾਸੋਂ ਮੰਗ ਕੀਤੀ ਕਿ ਕਤਲ ਕਰਨ ਵਾਲੇ ਮੁਲਜ਼ਮਾਂ ਖਿਲਾਫ ਸਖਤ ਤੋਂ ਸਖਤ ਕਾਰਵਾਈ ਕਰਕੇ ਉਨ੍ਹਾਂ ਨੂੰ ਇਨਸਾਫ ਦਿਵਾਇਆ ਜਾਵੇ । ਉਥੇ ਹੀ ਮੌਕੇ 'ਤੇ ਪੁੱਜੇ ਥਾਣਾ ਖਾਲੜਾ ਦੀ ਪੁਲਸ ਨੇ ਮ੍ਰਿਤਕ ਜਸਬੀਰ ਸਿੰਘ ਦੀ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਕਰਵਾਉਣ ਲਈ ਸਿਵਲ ਹਸਪਤਾਲ ਪੱਟੀ ਵਿਖੇ ਭੇਜ ਦਿੱਤਾ ਹੈ। ਇਸ ਮਾਮਲੇ ਸੰਬੰਧੀ ਜਾਣਕਾਰੀ ਦਿੰਦਿਆਂ ਥਾਣਾ ਖਾਲੜਾ ਦੇ ਐੱਸਐੱਚਓ ਲਖਵਿੰਦਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਜਸਬੀਰ ਸਿੰਘ ਦੇ ਪੁੱਤਰ ਦਲੇਰ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਮੁਲਜ਼ਮ ਨਛੱਤਰ ਸਿੰਘ ਪੁੱਤਰ ਪ੍ਰਗਟ ਸਿੰਘ, ਪਰਗਟ ਸਿੰਘ ਪੁੱਤਰ ਵਿਰਸਾ ਸਿੰਘ ਅਤੇ ਸਿਕੰਦਰ ਸਿੰਘ ਪੁੱਤਰ ਪ੍ਰਗਟ ਸਿੰਘ ਵਾਸੀ ਡੱਲ 'ਤੇ ਧਾਰਾ 302,307,34 ਅਤੇ 25/27 ਅਸਲਾ ਐਕਟ ਅਧੀਨ ਮਾਮਲਾ ਦਰਜ ਕਰਕੇ ਮੁਲਜ਼ਮਾਂ ਦੀ ਭਾਲ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

# ਖੇਤੀ ਅਧਿਕਾਰੀਆਂ ਨੂੰ ਬਿਨਾਂ ਦੋਸ਼ ਮੁਅੱਤਲ ਕਰਨ 'ਤੇ ਮੁੱਖ ਮੰਤਰੀ ਦੇ ਨਾਂ ਸੌਂਪਿਆ ਮੰਗ ਪੱਤਰ




**ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ, ਰਮਨ ਚੱਢਾ)**

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੂਰੀ ਤਨਦੇਹੀ ਨਾਲ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨਾ ਸਾੜਨ ਸਬੰਧੀ ਜਾਗਰੂਕ ਕਰਨ ਲਈ ਦਿਨ-ਰਾਤ ਇੱਕ ਕਰ ਰਿਹਾਂ ਹੈ, ਪ੍ਰੰਤੂ ਸਰਕਾਰ ਵੱਲੋਂ ਵਿਭਾਗ ਦੇ ਚਾਰ ਅਧਿਕਾਰੀਆਂ ਨੂੰ ਬਿਨਾਂ ਕਿਸੇ ਦੋਸ਼ ਦੇ ਮੁਅੱਤਲ ਕਰ ਦੇਣ ਨਾਲ ਵਿਭਾਗ ਦੇ ਸਮੂਹ ਸਟਾਫ਼ ਵਿੱਚ ਪਾਏ ਜਾ ਰਹੇ ਭਾਰੀ ਰੋਸ ਵਜੋਂ ਅੱਜ ਦੂਜੇ ਦਿਨ ਰੋਸ ਧਰਨਾ ਜਾਰੀ ਰੱਖਦਿਆਂ ਪੰਜਾਬ ਦੇ ਸਮੂਹ ਜ਼ਿਲ੍ਹਿਆਂ ਵਿੱਚ ਡਿਪਟੀ ਕਮਿਸ਼ਨਰਾਂ ਰਾਹੀਂ ਮੁੱਖ ਮੰਤਰੀ ਪੰਜਾਬ ਦੇ ਨਾਂ ਮੰਗ ਪੱਤਰ ਦਿੱਤਾ। ਜ਼ਿਲ੍ਹਾ ਤਰਨ ਤਾਰਨ ਦੀਆਂ ਖੇਤੀ ਵਿਭਾਗ ਦੀਆਂ ਸਮੂਹ ਜਥੇਬੰਦੀਆਂ ਦੇ ਪ੍ਰਧਾਨਾਂ ਦੀ ਅਗਵਾਈ ਵਿੱਚ ਡੈਪੂਟੇਸ਼ਨ ਵੱਲੋਂ ਮਾਣਯੋਗ ਡੀਸੀ ਮੋਨੀਸ਼ ਕੁਮਾਰ ਨੂੰ ਮੁੱਖ ਮੰਤਰੀ ਪੰਜਾਬ ਦੇ ਨਾਂ ਮੰਗ ਪੱਤਰ ਦਿੱਤਾ ਗਿਆ। ਮਿਲਣ ਵਾਲੇ ਵਫਦ ਵਿੱਚ ਡਾ. ਹਰਮੀਤ ਸਿੰਘ ਜਨਰਲ ਸਕੱਤਰ ਐਗਟੈਕ, ਗੁਰਭੇਜ ਸਿੰਘ ਪ੍ਰਧਾਨ ਖੇਤੀਬਾੜੀ ਵਿਸਥਾਰ ਅਫਸਰ ਐਸੋਸੀਏਸ਼ਨ, ਤਲਵਿੰਦਰ ਸਿੰਘ ਪ੍ਰਧਾਨ ਖੇਤੀਬਾੜੀ ਸਬ-ਇੰਸਪੈਕਟਰ ਐਸੋਸੀਏਸ਼ਨ, ਵਿਕਰਮ ਸੂਦ ਅਤੇ ਕੁਲਦੀਪ ਸਿੰਘ ਨੁਮਾਇੰਦੇ ਆਤਮਾ ਸਟਾਫ ਐਸੋਸੀਏਸ਼ਨ, ਸਲਵਿੰਦਰ ਸਿੰਘ ਪ੍ਰਧਾਨ ਫੀਲਡ ਵਰਕਰ ਯੂਨੀਅਨ ਸ਼ਾਮਿਲ ਸਨ।

ਪ੍ਰੈੱਸ ਨੂੰ ਜਾਰੀ ਬਿਆਨ ਵਿੱਚ ਉਨ੍ਹਾਂ ਕਿਹਾ ਕਿ ਪਰਾਲੀ ਪ੍ਰਬੰਧਨ ਵਿੱਚ ਹੋਰ ਵੀ ਕਈ ਵਿਭਾਗਾਂ ਦੀਆਂ ਡਿਊਟੀਆਂ ਲੱਗੀਆਂ ਹਨ, ਪਰੰਤੂ ਬਾਖੂਬੀ ਆਪਣੀ ਸੇਵਾ ਨਿਭਾਅ ਰਹੇ ਖੇਤੀ ਅਧਿਕਾਰੀਆਂ ਉੱਤੇ ਕਾਰਵਾਈ ਕਰਨਾ ਸਰਾਸਰ ਧੱਕਾ ਹੈ। ਖੇਤੀਬਾੜੀ ਵਿਭਾਗ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਤਕਨੀਕੀ ਪੱਖੋਂ ਸਿੱਖਿਅਤ ਕਰਨ ਦੇ ਲਈ ਕਿਸਾਨ ਜਾਗਰੂਕਤਾ ਕੈਂਪਾਂ ਰਾਹੀਂ, ਪ੍ਰਚਾਰ ਵੈਨਾਂ ਰਾਹੀਂ, ਸਕੂਲਾਂ ਵਿੱਚ ਬੱਚਿਆਂ ਨੂੰ ਜਾਗਰੂਕ ਕਰਕੇ ਅਤੇ ਹੋਰ ਕਈ ਪਸਾਰ ਮਾਧਿਅਮਾਂ ਰਾਹੀਂ ਘਰ-ਘਰ ਪਰਾਲੀ ਨਾ ਸਾੜਨ ਦਾ ਸੁਨੇਹਾ ਪਹੁੰਚਾਉਣ ਵਿਚ ਕਾਮਯਾਬ ਹੋਇਆ ਹੈ। ਇਸ ਤੋਂ ਇਲਾਵਾ ਸਰਕਾਰ ਵੱਲੋਂ ਪਰਾਲੀ ਸਾਂਭਣ ਲਈ ਮੁਹੱਈਆ ਕਰਵਾਈ ਗਈ ਖੇਤੀ ਮਸ਼ੀਨਰੀ ਕਿਸਾਨਾਂ ਨੂੰ ਸਮੇਂ ਸਿਰ ਉਪਲੱਬਧ ਕਰਵਾਉਣਾ ਯਕੀਨੀ ਬਣਾਇਆ ਗਿਆ ਹੈ। ਖੇਤੀ ਪਸਾਰ ਸੇਵਾਵਾਂ ਦੇ ਪਿਛਲੇ ਸਮੇਂ ਦੌਰਾਨ ਵਧੇ ਰੋਲ ਕਾਰਨ ਹੀ ਕਿਸਾਨ ਝੋਨੇ ਦੀ ਪਰਾਲੀ ਨਾ ਸਾੜਨ ਲਈ ਮਾਨਸਿਕ ਤੌਰ 'ਤੇ ਤਿਆਰ ਹੋ ਰਹੇ ਹਨ ਅਤੇ ਪਿਛਲੇ ਸਾਲਾਂ ਦੇ ਮੁਕਾਬਲੇ ਪਰਾਲੀ ਨੂੰ ਅੱਗ ਲਾਉਣ ਦੇ ਕੇਸਾਂ ਵਿਚ ਵੀ ਭਾਰੀ ਕਮੀ ਆਈ ਹੈ। ਮੁੱਖ ਮੰਤਰੀ ਪੰਜਾਬ ਨੂੰ ਬੇਨਤੀ ਕਰਦਿਆਂ ਕਿਹਾ ਕਿ ਉਹ ਨਿੱਜੀ ਦਖਲ ਦੇ ਕੇ ਅਧਿਕਾਰੀਆਂ ਦੀ ਮੁਅੱਤਲੀ ਦੇ ਹੁਕਮ ਤੁਰੰਤ ਵਾਪਿਸ ਕਰਵਾਉਣ ਨਹੀਂ ਤਾਂ ਵਿਭਾਗ ਦੇ ਅਧਿਕਾਰੀ/ਕਰਮਚਾਰੀ ਸਾਂਝੇ ਤੌਰ 'ਤੇ ਵਿਆਪਕ ਸੰਘਰਸ਼ ਵਿੱਢਣ ਲਈ ਮਜਬੂਰ ਹੋਣਗੇ।

# 'ਕੁਰੱਪਸ਼ਨ ਫ੍ਰੀ ਇੰਡੀਆ' ਵਿਸ਼ੇ 'ਤੇ ਸੈਮੀਨਾਰ ਕਰਵਾਇਆ



**ਪੱਟੀ,(ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਸੈਂਟਰਲ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਪੱਟੀ ਵਿਖੇ ਬੀਐਸਐਫ ਖੇਮਕਰਨ ਪੱਟੀ ਦੇ ਜਵਾਨਾਂ ਵੱਲੋਂ ਅਵੇਅਰਨੈੱਸ ਸਬੰਧੀ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਵਿਚ ਕਰਨਲ ਵਰੰਗਰਾਜ, ਅਸਿਸਟੈਂਟ ਕਮਾਂਡੈਂਟ ਸਰਵੇਸ ਨਿਰੰਜਨ ਰਾਇ ਹਾਜ਼ਰ ਹੋਏ। ਕਰਨਲ ਵਰੰਗਰਾਜ ਨੇ ਸਕੂਲ ਦੇ ਵਿਦਿਆਰਥੀਆਂ ਨੂੰ ਬਹੁਤ ਵਧੀਆ ਤਰੀਕੇ ਨਾਲ ਕੁਰੱਪਸ਼ਨ ਰੋਕਣ ਲਈ ਸਮਝਾਇਆ ਗਿਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਉਣ ਵਾਲੀਆਂ ਕੁਰੱਪਸ਼ਨ ਸੰਬੰਧੀ ਸਮੱਸਿਆਵਾਂ ਦਾ ਡਟ ਕੇ ਸਾਹਮਣਾ ਕਰਨ ਅਤੇ ਉਸ ਨੂੰ ਦੂਰ ਭਜਾਉਣ ਦੀ ਸਿੱਖਿਆ ਦਿੱਤੀ। ਸਕੂਲ ਦੇ ਪ੍ਰਿੰਸੀਪਲ ਮੈਡਮ ਡਾ. ਮਰਿਦੁਲਾ ਭਾਰਦਵਾਜ ਨੇ ਵੀ ਬੱਚਿਆਂ ਨੂੰ ਇਸ ਸੈਮੀਨਾਰ ਵਿੱਚ ਆਪਣੇ ਬਹੁਮੁੱਲੇ ਵਿਚਾਰ ਦਿੱਤੇ। ਉਨ੍ਹਾਂ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਇਮਾਨਦਾਰੀ ਨਾਲ ਕੰਮ ਕਰਨ ਦੀ ਅਤੇ ਕੁਰੱਪਸ਼ਨ ਵਿਰੋਧੀ ਸਮੱਸਿਆਵਾਂ ਤੋਂ ਦੂਰ ਰਹਿਣ ਦੀ ਸਿੱਖਿਆ ਦਿੱਤੀ। ਇਸ ਸੈਮੀਨਾਰ ਵਿੱਚ ਐਸਬੀਐੱਸ ਸਕੂਲ ਦੇ ਪ੍ਰਿੰਸੀਪਲ ਅਤੇ ਸੈਂਟਰਲ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਪੱਟੀ ਦੇ ਵਾਈਸ ਪ੍ਰਿੰਸੀਪਲ ਸੋਨੀਆ ਸ਼ਰਮਾ ਤੇ ਸਟਾਫ ਵੀ ਹਾਜ਼ਰ ਸੀ। ਇਸ ਤੋਂ ਇਲਾਵਾ ਐੱਮਡੀ ਡਾਕਟਰ ਰਾਜੇਸ਼ ਭਾਰਦਵਾਜ ਵੀ ਸ਼ਾਮਲ ਹੋਏ।

# ਟਰੱਸਟ ਨੇ ਫੜੀ ਲੋੜਵੰਦ ਪਰਵਾਰ ਦੀ ਬਾਂਹ

**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਮਾਨਵਤਾ ਦੀ ਸੇਵਾ ਨੂੰ ਸਮਰਪਿਤ ਪੱਟੀ ਸ਼ਹਿਰ ਤੋਂ ਪਿਛਲੇ ਅਠਾਰਾਂ ਸਾਲ ਤੋਂ ਸੇਵਾਵਾਂ ਨਿਭਾਅ ਰਹੀ ਬਾਬਾ ਦੀਪ ਸਿੰਘ ਜੀ ਚੈਰੀਟੇਬਲ ਟਰੱਸਟ ਪੱਟੀ ਦੇ ਮੁੱਖ ਪ੍ਰਬੰਧਕ ਗੁਰਮੀਤ ਸਿੰਘ ਅਤੇ ਸੇਵਾਦਾਰ ਬਲਬੀਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆਂ ਕਿ ਸੁੱਖਾ ਸਿੰਘ ਨਿਵਾਸੀ ਪਿੰਡ ਬੋਪਾਰਾਏ ਮਾਡਲ ਬੀਤੇ ਪੰਦਰਾਂ ਦਿਨਾਂ ਤੋਂ ਸਿਵਲ ਹਸਪਤਾਲ ਪੱਟੀ ਵਿਖੇ ਜ਼ੇਰੇ ਇਲਾਜ ਹੈ, ਲੱਤ ਫਰੈਕਚਰ ਹੋਣ ਕਰਕੇ ਅਪ੍ਰੇਸ਼ਨ ਕੀਤਾ ਜਾਣਾ ਹੈ ਅਤੇ ਪਲੇਟਾਂ ਪਾਈਆਂ ਜਾਣੀਆਂ ਹਨ! ਪਰਿਵਾਰ ਆਰਥਿਕ ਤੰਗੀ ਦੇ



ਚਲਦਿਆਂ ਇਲਾਜ ਕਰਵਾਉਣ ਤੋਂ ਅਸਮਰੱਥ ਸੀ! ਪਰਿਵਾਰ ਵੱਲੋਂ ਟਰੱਸਟ ਪਾਸ ਬੇਨਤੀ ਕੀਤੀ ਗਈ ਸੀ ਮਦਦ ਵਾਸਤੇ। ਜਾਂਚ-ਪੜਤਾਲ ਉਪਰੰਤ ਟਰੱਸਟ ਵੱਲੋਂ ਸੰਗਤ ਦੇ ਸਹਿਯੋਗ ਨਾਲ ਸੁੱਖਾ ਸਿੰਘ ਦੇ ਇਲਾਜ ਵਾਸਤੇ ਉਨ੍ਹਾਂ ਦੀ ਪਤਨੀ ਨੂੰ ਦਸ ਹਜ਼ਾਰ ਰੁਪਏ ਦੀ ਮਦਦ ਦਿੱਤੀ ਗਈ ਤਾਂ ਜੋ ਉਹ ਇਲਾਜ ਕਰਵਾ ਸਕਣ! ਪਰਿਵਾਰ ਵੱਲੋਂ ਵੀ ਸਹਿਯੋਗ ਕਰਨ ਵਾਲੀ ਸੰਗਤ ਦਾ ਅਤੇ ਬਾਬਾ ਦੀਪ ਸਿੰਘ ਜੀ ਚੈਰੀਟੇਬਲ ਟਰੱਸਟ ਪੱਟੀ ਦਾ ਧੰਨਵਾਦ ਕੀਤਾ ਗਿਆ! ਇਸ ਮੌਕੇ ਟਰੱਸਟ ਦੇ ਸਰਪ੍ਰਸਤ ਡਾ. ਰਜਿੰਦਰ ਸਿੰਘ, ਬਲਬੀਰ ਸਿੰਘ, ਅਮਨਦੀਪ ਸਿੰਘ, ਜਗਜੀਤ ਸਿੰਘ, ਡਾ. ਜਸਪਾਲ ਸਿੰਘ ਅਤੇ ਹਰਚਰਨ ਸਿੰਘ ਹਾਜ਼ਰ ਸਨ।

# ਨਿਰਮਲ ਸਿੰਘ ਰੱਤਾ ਡੇਰਾ ਬਾਬਾ ਨਾਨਕ ਹਲਕੇ ਦੇ ਆਬਜ਼ਰਵਰ ਬਣੇ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਨੌਜਵਾਨ ਆਗੂ ਨਿਰਮਲ ਸਿੰਘ ਰੱਤਾ ਪਾਰਟੀ ਪ੍ਰਤੀ ਨਿਭਾਈਆਂ ਵਫ਼ਾਦਾਰੀਆਂ ਅਤੇ ਪਾਰਟੀ ਨੂੰ ਦਿੱਤੀਆਂ ਸੇਵਾਵਾਂ ਨੂੰ ਮੁੱਖ ਰੱਖਦਿਆਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਮਾਝਾ ਜ਼ੋਨ ਦੇ ਪ੍ਰਧਾਨ ਰਵੀਕਰਨ ਸਿੰਘ ਕਾਹਲੋਂ ਵੱਲੋਂ ਉਨ੍ਹਾਂ ਨੂੰ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਦਾ ਆਬਜ਼ਰਵਰ ਨਿਯੁਕਤ ਕੀਤਾ ਗਿਆ ਹੈ ਜਿਸ ਨਾਲ ਡੇਰਾ ਬਾਬਾ ਨਾਨਕ ਹਲਕੇ ਦੇ ਪਾਰਟੀ ਵਰਕਰਾਂ ਅੰਦਰ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਆਪਣੀ ਹੋਈ



ਨਵੀਂ ਨਿਯੁਕਤੀ ਲਈ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਮਾਝਾ ਜ਼ੋਨ ਦੇ ਪ੍ਰਧਾਨ ਰਵੀਕਰਨ ਸਿੰਘ ਕਾਹਲੋਂ ਦਾ ਧੰਨਵਾਦ ਕਰਦਿਆਂ ਨਿਰਮਲ ਸਿੰਘ ਰੱਤਾ ਨੇ ਪਾਰਟੀ ਨੂੰ ਭਰੋਸਾ ਜਤਾਇਆ ਕਿ ਉਹ ਪਾਰਟੀ ਵੱਲੋਂ ਸੌਂਪੀ ਗਈ ਅਹਿਮ ਜ਼ਿੰਮੇਵਾਰੀ ਨੂੰ ਬਿਨਾਂ ਕਿਸੇ ਨਾਲ ਭੇਦ ਭਾਵ ਕੀਤਿਆਂ ਪੂਰੀ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਸਾਬਕਾ ਨਗਰ ਕੌਂਸਲ ਪ੍ਰਧਾਨ ਐਡਵੋਕੇਟ ਪਰਮੀਤ ਸਿੰਘ ਬੇਦੀ, ਡੀਸੀ ਸ਼ਿਕਾਰ, ਮਲਕੀਤ ਸਿੰਘ ਡੇਰਾ ਪਠਾਨਾਂ, ਰਾਜਿੰਦਰ ਸਿੰਘ ਵੈਰੋਕੇ, ਡਾ: ਮਦਨ ਮੋਹਨ ਮਹਾਜਨ, ਬਲਰਾਜ ਸਿੰਘ ਖਹਿਰਾ, ਐੱਸਪੀ ਪਟਵਾਰੀ, ਮੋਹਨ ਸਿੰਘ ਚਾਕਾਂ ਵਾਲੀ, ਰਣਜੀਤ ਸਿੰਘ ਭੱਟੀ, ਬਲਦੇਵ ਸਿੰਘ ਤਪਾਲਾ, ਕੁਲਦੀਪ ਸਿੰਘ ਸ਼ਾਹਪੁਰ ਜਾਜਨ, ਕਾਬਲ ਸਿੰਘ ਮੇਗਾ, ਬਲਜਿੰਦਰ ਸਿੰਘ ਸ਼ਕਰੀ ਅਤੇ ਸੁਖਵਿੰਦਰ ਸਿੰਘ ਖੋਦੇਬੇਟ ਆਦਿ ਹਾਜ਼ਰ ਸਨ।

# ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਪਲੇਸਮੈਂਟ ਕੈਂਪ ਅੱਜ

**ਗੁਰਦਾਸਪੁਰ, (ਜਨਕ ਮਹਾਜਨ)**

ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵਲੋਂ 2 ਨਵੰਬਰ ਨੂੰ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਬਲਾਕ-ਬੀ, ਕਮਰਾ ਨੰ: 217, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਪਲੇਸਮੈਂਟ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਪਲੇਸਮੈਂਟ ਕੈਂਪ ਵਿੱਚ ਕੁਨੈਕਟ ਬਰੌਡਬੈਂਡ ਮੋਹਾਲੀ, ਪੰਜਾਬ ਈ-ਗਵਰਨੈਸ ਸੁਸਾਇਟੀ ਮੋਹਾਲੀ ਅਤੇ ਡਾ. ਆਈ. ਟੀ. ਐੱਮ, ਮੋਹਾਲੀ ਕੰਪਨੀਆਂ ਵੱਲੋਂ ਵੱਖ-ਵੱਖ ਅਸਾਮੀਆਂ ਲਈ ਭਰਤੀ ਕੀਤੀ ਜਾਵੇਗੀ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਰੋਜ਼ਗਾਰ ਅਫ਼ਸਰ ਪਰਸ਼ੋਤਮ ਸਿੰਘ ਨੇ ਦੱਸਿਆ ਕਿ ਕੁਨੈਕਟ ਬਰੌਡਬੈਂਡ ਵਲੋਂ ਟੈਕਨੀਸ਼ੀਅਨ, ਨੈੱਟਵਰਕ ਇੰਜੀਨੀਅਰ, ਫੀਲਡ ਅਫ਼ਸਰ ਅਤੇ ਕਸਟਮਰ ਕੇਅਰ ਐਗਜ਼ੀਕਿਊਟਿਵ ਦੀ ਭਰਤੀ ਕੀਤੀ ਜਾਵੇਗੀ, ਜਿਸਦੀ ਯੋਗਤਾ ਆਈ.ਟੀ.ਆਈ./ ਡਿਪਲੋਮਾ ਇਲੈਕਟਰੀਕਲ, ਬੀ. ਸੀ. ਏ/ ਐਮ ਸੀ ਏ /ਬੀ ਟੈਕ. ਕੰਪਿਊਟਰ ਸਾਇੰਸ ਅਤੇ ਗਰੈਜੂਏਸ਼ਨ ਵਿਦ ਗੁੱਡ ਕਮਿਊਨੀਕੇਸ਼ਨ ਸਕਿੱਲ ਹੈ। ਉਨ੍ਹਾਂ ਦੱਸਿਆ ਕਿ ਕੰਪਨੀ ਵਲੋਂ ਚੁਣੇ ਗਏ ਉਮੀਦਵਾਰਾਂ ਨੂੰ 1.20 ਤੋਂ 1.80 ਲੱਖ ਤੱਕ ਸਾਲਾਨਾ ਸੈਲਰੀ ਪੈਕੇਜ ਆਫਰ ਕੀਤਾ ਜਾਵੇਗਾ। ਜ਼ਿਲ੍ਹਾ ਰੋਜ਼ਗਾਰ ਅਫ਼ਸਰ ਨੇ ਅੱਗੇ ਦੱਸਿਆ ਕਿ ਪੰਜਾਬ ਈ-ਗਵਰਨੈਸ ਸੁਸਾਇਟੀ ਮੋਹਾਲੀ ਵਲੋਂ ਟੈਕਨੀਕਲ ਅਸੀਸਟੈਂਟ ਦੀ ਆਸਾਮੀ ਲਈ ਆਊਟ-ਸੋਰਸ ਬੇਸਿਸ ਤੇ ਭਰਤੀ ਕੀਤੀ ਜਾਵੇਗੀ, ਜਿਸਦੀ ਯੋਗਤਾ ਬੀ.ਈ./ਬੀ.ਟੈਕ. (ਸੀ.ਐਸ.ਸੀ., ਈ.ਸੀ.ਈ.) ਅਤੇ ਐਮ.ਸੀ.ਏ. ਹੈ। ਇਸ ਅਸਾਮੀ ਲਈ ਸੀ/ਜਾਵਾ/ਪੀ.ਐਚ.ਪੀ./ਡੋਟ ਨੈੱਟ ਆਦਿ ਲੈਂਗੁਏਜ ਦੀ ਜਾਣਕਾਰੀ ਰੱਖਣ ਵਾਲੇ ਉਮੀਦਵਾਰਾਂ ਨੂੰ ਪਹਿਲ ਹੋਵੇਗੀ। ਚੁਣੇ ਹੋਏ ਉਮੀਦਵਾਰਾਂ ਨੂੰ ਕੰਪਨੀ ਵਲੋਂ 2.40 ਲੱਖ ਦਾ ਸਾਲਾਨਾ ਸੈਲਰੀ ਪੈਕਜ ਆਫ਼ਰ ਕੀਤਾ ਜਾਵੇਗਾ। ਡੀ.ਆਈ.ਟੀ.ਐਮ. ਵਲੋਂ ਹਿੰਦੀ ਅਤੇ ਪੰਜਾਬੀ ਵਿੱਚ ਗੱਲਬਾਤ ਕਰਨ ਲਈ ਕਸਟਮਰ ਕੇਅਰ ਐਗਜ਼ੀਕਿਊਟਿਵ ਲਈ ਭਰਤੀ ਕੀਤੀ ਜਾਵੇਗੀ, ਜਿਸਦੀ ਯੋਗਤਾ ਗ੍ਰੈਜੂਏਸ਼ਨ ਇਨ ਐਨੀ ਸਟਰੀਮ ਵਿਦ ਕੰਪਿਊਟਰ ਅਤੇ ਚੰਗੀ ਕਮਿਊਨੀਕੇਸ਼ਨ ਸਕਿੱਲ ਹੈ। ਉਮੀਦਵਾਰਾਂ ਨੂੰ ਕੰਪਨੀ ਵਲੋਂ 1.3 ਲੱਖ ਦਾ ਸਾਲਾਨਾ ਸੈਲਰੀ ਪੈਕੇਜ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਚਾਹਵਾਨ ਉਮੀਦਵਾਰ ਮਿਤੀ 2 ਨਵੰਬਰ 2022 ਨੂੰ ਆਪਣਾ ਰਿਜ਼ਿਊਮ/ਪੜ੍ਹਾਈ ਦੇ ਸਰਟੀਫਿਕੇਟ ਨਾਲ ਲੈ ਕੇ ਇੰਟਰਵਿਊ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਬਲਾਕ-ਬੀ, ਕਮਰਾ ਨੰ: 217, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਹਾਜ਼ਰ ਸਨ।

# ਮਕਾਨ ਦੀ ਛੱਤ ਡਿੱਗਣ ਨਾਲ ਘਰ ਦਾ ਸਾਮਾਨ ਤਬਾਹ



**ਗੁਰਦਾਸਪੁਰ (ਜਨਕ ਮਹਾਜਨ)**-ਵਿਧਾਨ ਸਭਾ ਹਲਕਾ ਦੀਨਾਨਗਰ ਅੰਦਰ ਪੈਂਦੇ ਪਿੰਡ ਬਰਿਆਰ ਵਿਖੇ ਇਕ ਗਰੀਬ ਪਰਿਵਾਰ ਦੇ ਘਰ ਦੇ ਮਕਾਨ ਦੀ ਅਚਾਨਕ ਛੱਤ ਡਿੱਗਣ ਨਾਲ ਘਰ ਦਾ ਸਾਮਾਨ ਬੁਰੀ ਤਰ੍ਹਾਂ ਤਬਾਹ ਹੋ ਗਿਆ ਹੈ ਤੇ ਜਾਨੀ ਨੁਕਸਾਨ ਹੋਣ ਤੋਂ ਬਚ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੀ ਹੋਈ ਪੀੜਤ ਔਰਤ ਸਰੋਜ ਪਤਨੀ ਰੱਤਾ ਨੇ ਦੱਸਿਆ ਕਿ ਮੇਰੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ ਘਰ ਦੇ ਹਾਲਾਤ ਕਾਫੀ ਮਾੜੇ ਹੋਣ ਕਰਕੇ ਮੈਂ ਅਪਣੇ ਘਰ ਦਾ ਗੁਜ਼ਾਰਾ ਮਿਹਨਤ ਮਜ਼ਦੂਰੀ ਕਰਕੇ ਚਲਾਉਂਦੀ ਹਾਂ। ਉਸ ਨੇ ਦੱਸਿਆ ਕਿ ਮੇਰੀਆਂ ਤਿੰਨ ਲੜਕੀਆਂ ਅਤੇ ਇਕ ਲੜਕਾ ਹੈ। ਘਰ ਵਿਚ ਗਰੀਬੀ ਹੋਣ ਕਰਕੇ ਉਹ ਆਪਣੇ ਮਕਾਨ ਦੀ ਛੱਤ ਵੀ ਨਹੀਂ ਬਦਲ ਸਕਦੀ। ਉਸ ਨੇ ਦੱਸਿਆ ਕਿ ਘਰ ਅੰਦਰ ਪਈ ਪੇਟੀ, ਮੰਜੇ ਤੇ ਅਲਮਾਰੀ ਵੀ ਟੁੱਟ ਗਈ ਹੈ। ਉਸ ਨੇ ਜ਼ਿਲਾ ਪ੍ਰਸ਼ਾਸਨ ਤੇ ਵੱਖ-ਵੱਖ ਸਮਾਜਸੇਵੀ ਜਥੇਬੰਦੀਆਂ ਪਾਸੋਂ ਮੰਗ ਕੀਤੀ ਹੈ ਕਿ ਮੇਰੇ ਘਰ ਦੀ ਛੱਤ ਨੂੰ ਦੁਬਾਰਾ ਬਣਾਉਣ ਲਈ ਗ੍ਰਾਂਟ ਦਿਵਾਈ ਜਾਵੇ।

# ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ 28ਵਾਂ ਮਹਾਨ ਗੁਰਮਤਿ ਸਮਾਗਮ ਕਰਵਾਇਆ

**ਮਜੀਠਾ (ਸੋਇਮ ਆਨੰਦ)**

ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਨਾਗ ਕਲਾਂ ਦੀ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸਕੂਲ ਦੀ ਗਰਾਊਂਡ ਵਿੱਚ 28ਵਾਂ ਤਿੰਨ ਰੋਜ਼ਾ ਮਹਾਨ ਗੁਰਮਤਿ ਸਮਾਗਮ ਕਰਾਇਆਂ ਗਿਆ ਜਿਸ ਵਿੱਚ ਗਿਆਨੀ ਮਾਨ ਸਿਘ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵੱਲੋਂ ਗੁਰਮਤਿ ਵਿਚਾਰਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਉਨ੍ਹਾਂ ਸ੍ਰੀ ਗੁਰੂ ਰਾਮਦਾਸ ਜੀ ਦੀਆਂ ਸਿੱਖ ਜਗਤ ਨੂੰ ਦਿੱਤੀਆਂ ਸਿੱਖਿਆਵਾਂ 'ਤੇ ਚੱਲਣ ਦੀ ਸੰਗਤਾਂ ਨੂੰ ਪ੍ਰੇਰਨਾ ਕੀਤੀ ਅਤੇ ਨੌਜਵਾਨਾਂ ਨੂੰ ਗੁਰੂ ਬਖ਼ਸ਼ਿਸ਼ ਅੰਮ੍ਰਿਤ ਦੀ ਦਾਤ ਲੈ ਕੇ ਗੁਰੂ ਵਾਲੇ ਬਣਨ ਲਈ ਕਿਹਾ। ਭਾਈ ਪਰਮਜੀਤ ਸਿੰਘ ਭੋਮਾ ਵਡਾਲਾ ਵਾਲੇ, ਭਾਈ ਮੰਗਤ ਸਿੰਘ ਝਾੜ ਸਾਹਿਬ ਵਾਲੇ ਅਤੇ ਕਥਾਵਾਚਕ ਗਿਆਨੀ ਮਾਨ ਸਿੰਘ ਸ੍ਰੀ ਦਰਬਾਰ ਸਾਹਿਬ ਵਾਲਿਆਂ ਨੇ ਮਨੋਹਰ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ, ਗੁਰ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਗਰੰਥੀ ਭਾਈ ਮਨਪ੍ਰੀਤ ਸਿੰਘ ਨੇ ਸਮਾਗਮ ਦੀ ਸਮਾਪਤੀ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਪਿੰਡ ਦੇ ਨੌਜਵਾਨਾਂ ਨੇ ਸਿੱਖ ਬੀਬੀਆਂ ਅਤੇ ਨੌਜਵਾਨਾਂ ਸੰਗਤਾਂ ਲਈ ਕੜੇ ਵੰਡਣ ਦਾ ਅਨੋਖਾ ਲੰਗਰ ਲਗਾਇਆ। ਇਸ ਮੌਕੇ ਪਿੰਡ ਦੇ ਵਿਦੇਸ਼ਾਂ 'ਚ ਵੱਸੇ ਐੱਨਆਰਆਈ ਵੀਰਾਂ ਵੱਲੋ ਭੇਜੀ ਗਈ ਮਾਇਆ ਨਾਲ ਪਿੰਡ ਦੀਆਂ ਵਿਧਵਾ ਔਰਤਾਂ ਨੂੰ ਸ਼ਾਲ ਭੇਟ ਕੀਤੇ ਗਏ। ਇਸ ਮੌਕੇ ਗੁਰਮਤਿ ਸਮਾਗਮ 'ਚ ਯੋਗਦਾਨ ਪਾਉਣ ਵਾਲੇ ਸੇਵਾਦਾਰਾਂ ਨੂੰ ਗੁਰਦੁਆਰਾ ਕਮੇਟੀ ਵੱਲੋ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ ਤਾਂ ਕਿ ਉਹ ਸਿੱਖੀ ਪ੍ਰਚਾਰ ਵਿੱਚ ਵੱਧ-ਚੜ੍ਹ ਕੇ ਯੋਗਦਾਨ ਪਾ ਸਕਣ। ਇਸ ਮੌਕੇ ਗੁਰਦੁਆਰਾ ਕਮੇਟੀ ਪ੍ਰਧਾਨ ਨਰਿੰਦਰ ਸਿੰਘ, ਦਲਜੀਤ ਸਿੰਘ ਗਿੱਲ ਪ੍ਰਧਾਨ, ਜਥੇਦਾਰ ਮਨਜੀਤ ਸਿੰਘ, ਪ੍ਰਭਜੀਤ ਸਿੰਘ ਭੁੱਲਰ, ਸਲਵਿੰਦਰ ਸਿੰਘ ਭੁੱਲਰ, ਜਸਪ੍ਰੀਤ ਸਿੰਘ ਭੁੱਲਰ, ਤੇਜਬੀਰ ਸਿੰਘ, ਲਖਬੀਰ ਸਿੰਘ ਚੰਦੀ, ਤਲਵਿੰਦਰ ਸਿੰਘ, ਡਾ: ਸੁਖਦੀਪ ਸਿੰਘ, ਲਖਵਿੰਦਰ ਸਿੰਘ ਸਿੱਧੂ, ਸੁਰਜੀਤ ਸਿੰਘ ਗਿੱਲ, ਪੂਰਨ ਸਿੰਘ, ਸਤਨਾਮ ਸਿੰਘ, ਗੁਰਦੀਪ ਸਿੰਘ ਸਮੇਤ ਵੱਡੀ ਗਿਣਤੀ ਚ ਸੰਗਤਾਂ ਹਾਜ਼ਰ ਸਨ। ਇਸ ਮੌਕੇ ਸੰਗਤਾਂ ਲਈ ਗੁਰੂ ਦੇ ਅਤੁੱਟ ਲੰਗਰ ਵਰਤਾਏ ਗਏ।



# ਨਸ਼ੀਲੇ ਪਦਾਰਥਾਂ ਸਮੇਤ ਨਸ਼ਾ ਸਮੱਗਲਰ ਕਾਬੂ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਗੁਰਦਾਸਪੁਰ ਪੁਲਸ ਵੱਲੋਂ ਸਮਾਜ ਵਿਰੋਧੀ ਅਨਸਰਾਂ ਅਤੇ ਨਸ਼ਾ ਤਸਕਰਾਂ ਵਿਰੁੱਧ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਮੁਹਿੰਮ ਤਹਿਤ ਜ਼ਿਲ੍ਹਾ ਪੁਲਸ ਗੁਰਦਾਸਪੁਰ ਵੱਲੋਂ ਵੱਖ-ਵੱਖ ਥਾਣਿਆਂ ਵਿੱਚ ਨਸ਼ੇ ਦਾ ਕਾਰੋਬਾਰ ਕਰਨ ਵਾਲੇ ਅਨਸਰਾਂ ਨੂੰ ਕਾਬੂ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸਐਸਪੀ. ਗੁਰਦਾਸਪੁਰ ਦੀਪਕ ਹਿਲੋਰੀ ਨੇ ਦੱਸਿਆ ਥਾਣਾ ਸਦਰ ਅਤੇ ਸੀਆਈਏ ਸਟਾਫ਼ ਵੱਲੋਂ ਸਾਝੇ ਤੌਰ 'ਤੇ ਕਾਰਵਾਈ ਕਰਦਿਆਂ ਇਕ ਨਸ਼ਾ ਤਸਕਰ



ਨਿਸ਼ਾਨ ਸਿੰਘ ਪੁੱਤਰ ਦਰਬਾਰਾ ਸਿੰਘ ਵਾਸੀ ਹੇਮਰਾਜਪੁਰ ਨੂੰ 1.5 ਕਿੱਲੋ ਅਫੀਮ, 3 ਕਿੱਲੋ ਭੁੱਕੀ ਅਤੇ 14,800 ਰੁਪਏ ਦੀ ਡਰੱਗ ਮਨੀ ਸਮੇਤ ਕਾਬੂ ਕਰਕੇ ਮੁਕੱਦਮਾ ਦਰਜ ਕੀਤਾ ਹੈ। ਇਸ ਤੋਂ ਇਲਾਵਾ ਥਾਣਾ ਸਦਰ ਵੱਲੋਂ ਗੁਰਮੁੱਖ ਸਿੰਘ ਪੁੱਤਰ ਮੋਹਨ ਸਿੰਘ ਵਾਸੀ ਗੁਣੀਆ ਅਤੇ ਰਿੰਕੂ ਪੁੱਤਰ ਅਜੀਤ ਰਾਮ ਵਾਸੀ ਜੋੜਾ ਛੱਤਰਾਂ ਨੂੰ 11 ਗ੍ਰਾਮ ਹੈਰੋਇਨ ਸਮੇਤ ਕਾਬੂ ਕਰਕੇ ਮੁਕੱਦਮ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਥਾਣਾ ਕਾਹਨੂੰਵਾਨ ਵੱਲੋਂ ਅਮਨਦੀਪ ਸਿੰਘ ਪੁੱਤਰ ਇੰਦਰਜੀਤ ਸਿੰਘ ਵਾਸੀ ਔਲਖ ਕਲਾਂ ਸ੍ਰੀ ਹਰਗੋਬਿੰਦਪੁਰ ਨੂੰ 5 ਗ੍ਰਾਮ ਹੈਰੋਇਨ ਸਮੇਤ ਕਾਬੂ ਕਰਕੇ ਮੁਕੱਦਮ ਰਜਿਸਟਰ ਕੀਤਾ ਗਿਆ ਹੈ। ਇਸੇ ਤਰਾਂ ਥਾਣਾ ਬਹਿਰਾਮਪੁਰ ਵੱਲੋਂ ਰਿੰਕੂ ਪੁੱਤਰ ਅਜੀਤ ਕੁਮਾਰ ਵਾਸੀ ਭਰਥ ਨੂੰ 82,500 ਮਿ. ਲੀ. ਨਜਾਇਜ਼ ਸ਼ਰਾਬ ਸਮੇਤ ਕਾਬੂ ਕਰਕੇ ਮੁਕੱਦਮਾ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਗੁਰਦਾਸਪੁਰ ਪੁਲਸ ਵੱਲੋਂ ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਕਾਰਵਾਈ ਜਾਰੀ ਰਹੇਗੀ। ਇਸ ਮੌਕੇ ਸੀਆਈਏ ਸਟਾਫ ਦੇ ਇੰਚਾਰਜ ਕਪਿਲ ਕੌਸ਼ਲ, ਥਾਣਾ ਸਦਰ ਦੇ ਅਡੀਸ਼ਨਲ ਐਸਐਚਓ ਰਾਜੇਸ਼ ਕੁਮਾਰ ਆਦਿ ਪੁਲਸ ਅਧਕਾਰੀ ਹਾਜ਼ਰ ਸਨ।

# ਪੀ ਐੱਚ ਸੀ ਢੋਟੀਆਂ ਵਿਖੇ ਪੰਜਾਬ ਸਟੇਟ ਨੋ ਤੰਬਾਕੂ ਡੇ ਮਨਾਇਆ



**ਨੌਸ਼ਹਿਰਾ ਪੰਨੂਆਂ (ਗੁਰਪ੍ਰੀਤ ਸਿੰਘ ਭਗਤ)**-ਸਿਵਲ ਸਰਜਨ ਤਰਨਤਾਰਨ ਡਾਕਟਰ ਸੀਮਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਅਫਸਰ ਡਾਕਟਰ ਅਮਨਦੀਪ ਸਿੰਘ ਦੇ ਹੁਕਮਾਂ ਅਨੁਸਾਰ ਐੱਸਐੱਮਓ ਡਾਕਟਰ ਸੰਜੀਵ ਕੁਮਾਰ ਕੋਹਲੀ ਪੀਐੱਚਸੀ ਕੈਰੋਂ ਦੀ ਰਹਿਨੁਮਾਈ ਹੇਠ ਪੀਐੱਚਸੀ ਢੋਟੀਆਂ ਵਿਖੇ ਪੰਜਾਬ ਸਟੇਟ ਨੋ ਤੰਬਾਕੂ ਡੇ ਮਨਾਇਆ ਗਿਆ। ਇਸ ਮੌਕੇ ਡਾਕਟਰ ਦੀਪਕ ਮਦਾਰ ਨੇ ਜਾਣਕਾਰੀ ਦਿੰਦਿਆਂ ਲੋਕਾਂ ਨੂੰ ਤੰਬਾਕੂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਅਮਰਜੀਤ ਸਿੰਘ ਭੁੱਲਰ ਹੈਲਥ ਇੰਸਪੈਕਟਰ ਅਤੇ ਪ੍ਰਦੀਪ ਸਿੰਘ ਨੇ ਲੋਕਾਂ ਨੂੰ ਡੇਂਗੂ ਅਤੇ ਮਲੇਰੀਆ ਤੋਂ ਸਾਵਧਾਨੀਆਂ ਵਰਤ ਕੇ ਬਚਿਆ ਜਾ ਸਕਦਾ ਹੈ। ਆਪਣੇ ਘਰਾਂ ਵਿੱਚ ਪਾਣੀ ਖੜ੍ਹਾ ਨਹੀਂ ਹੋਣ ਦੇਣਾ ਚਾਹੀਦਾ। ਫਰਿੱਜ ਦੀ ਟਰੇਅ, ਕੂਲਰ, ਗਮਲੇ, ਪੁਰਾਣੇ ਟਾਇਰ, ਟੁੱਟੇ ਹੋਏ ਬਰਤਨ ਆਦਿ ਵਿਚ ਪਾਣੀ ਜਮ੍ਹਾ ਨਹੀਂ ਹੋਣ ਦੇਣਾਂ ਚਾਹੀਦਾ। ਇਸ ਮੌਕੇ ਆਸ਼ਾ ਵਰਕਰ, ਏਐੱਨਐੱਮ ਅਤੇ ਪਿੰਡ ਦੇ ਲੋਕ ਹਾਜ਼ਰ ਸਨ।

# ਬਾਪੂ ਪੂਰਨ ਸਿੰਘ ਨੂੰ ਭਰਪੂਰ ਸ਼ਰਧਾਂਜਲੀਆਂ ਭੇਟ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**

ਇਤਿਹਾਸਕ ਨਗਰ ਛਾਪੜੀ ਸਾਹਿਬ ਦੀ ਨਾਮਵਰ ਸ਼ਖਸੀਅਤ ਰਹੇ ਬਾਪੂ ਪੂਰਨ ਸਿੰਘ ਬਲਾਕ ਸੰਮਤੀ ਮੈਂਬਰ ਜੋ ਕਿ ਬੀਤੇ ਦਿਨੀਂ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ ਸਨ, ਦੀ ਆਤਮਿਕ ਸ਼ਾਤੀ ਨਮਿਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਨ੍ਹਾਂ ਦੇ ਗ੍ਰਹਿ ਵਿਖੇ ਪਾਏ ਗਏ। ਧਾਰਮਿਕ ਦੀਵਾਨ ਸਜਾਏ ਗਏ ਤੇ ਅੰਤਿਮ ਅਰਦਾਸ ਹੋਈ। ਇਸ ਮੌਕੇ ਬਾਪੂ ਪੂਰਨ ਸਿੰਘ ਦੇ ਪੁੱਤਰਾਂ ਸਰਬਜੀਤ ਸਿੰਘ, ਕੁਲਦੀਪ ਸਿੰਘ, ਕਵਲਸੀਤ ਸਿੰਘ, ਸੁਖਦੇਵ ਸਿੰਘ, ਪੋਤਰਾ ਸਤਨਾਮ ਸਿੰਘ ਨਾਲ ਦੁੱਖ ਸਾਂਝਾ ਕਰਨ ਲਈ ਸੰਗਤਾਂ ਨੇ ਵੱਡੀ ਗਿਣਤੀ ਵਿਚ ਅੰਤਿਮ ਅਰਦਾਸ ਵਿਚ ਹਾਜ਼ਰੀ ਭਰੀ। ਇਸ ਮੌਕੇ ਬੀਬੀ ਸਰਬਜੀਤ ਕੌਰ ਮੁੱਖ ਸੇਵਾਦਾਰ ਕਾਰ ਸੇਵਾ ਛਾਪੜੀ ਸਾਹਿਬ, ਰਮਨਜੀਤ ਸਿੰਘ ਸਿੱਕੀ ਸਾਬਕਾ ਵਿਧਾਇਕ ਹਲਕਾ, ਗੁਰਿੰਦਰ ਸਿੰਘ ਟੋਨੀ ਬ੍ਰਹਮਪੁਰਾ, ਪ੍ਰਦੀਪ ਕੁਮਾਰ ਬਿੱਟੂ ਚੋਪੜਾ ਸੀਨੀਅਰ ਕਾਂਗਰਸੀ ਆਗੂ,ਪੰਥਕ ਆਗੂ ਸਿਕੰਦਰ ਸਿੰਘ ਵਰਾਣਾ, ਹਰਜਿੰਦਰ ਸਿੰਘ ਟਾਂਡਾ ਸੂਬਾ ਪ੍ਰਧਾਨ ਅਜ਼ਾਦ ਕਿਸਾਨ ਸੰਘਰਸ਼ ਕਮੇਟੀ, ਕੁਲਬੀਰ ਸਿੰਘ ਬਾਜਵਾ, ਜਗਰੂਪ ਸਿੰਘ ਸਰਪੰਚ ਖਵਾਸਪੁਰ, ਰਣਜੀਤ ਸਿੰਘ ਪਵਾਰ, ਮਨਜਿੰਦਰ ਸਿੰਘ ਮਿੰਟੂ, ਗੁਰਬੀਰ ਸਿੰਘ ਖਾਨ, ਬਾਬਾ ਮੱਖਣ ਸਿੰਘ, ਗੁਰਦੇਵ ਸਿੰਘ ਸਫਰੀ ,ਤਰਸੇਮ ਸਿੰਘ, ਪ੍ਰਿਤਪਾਲ ਸਿੰਘ ਖਾਨ, ਗੁਰਪ੍ਰੀਤ ਸਿੰਘ ਖਾਨ ਰਜਾਦਾ, ਬਲਵਿੰਦਰ ਸਿੰਘ ਪ੍ਰਧਾਨ, ਨਿਰਮਲ ਸਿੰਘ ਆਪ ਆਗੂ, ਅੰਗਰੇਜ਼ ਸਿੰਘ, ਨਿਸ਼ਾਨ ਸਿੰਘ, ਸੁਰਜੀਤ ਸਿੰਘ ਮਿੰਟੂ ਸਰਪੰਚ ਭਰੋਵਾਲ, ਗੁਰਭੇਜ ਸਿੰਘ ਸਾਬਕਾ ਸਰਪੰਚ, ਹਰਜਿੰਦਰ ਸਿੰਘ ਗੰਥੀ, ਬਚਿੱਤਰ ਸਿੰਘ ਕਿਸਾਨ ਆਗੂ ਅਤੇ ਬਿਸ਼ੰਬਰ ਸਿੰਘ ਆਦਿ ਹਾਜ਼ਰ ਸਨ। ਇਸ ਮੌਕੇ ਸਟੇਜ ਸਕੱਤਰ ਦੀ ਸੇਵਾ ਮਾਸਟਰ ਸੁਖਦੇਵ ਸਿੰਘ ਨੇ ਨਿਭਾਈ ।



# ਲੱਖਣ ਕਲਾਂ ਸਕੂਲ 'ਚ ਕਰਵਾਇਆ ਧਾਰਮਿਕ ਪ੍ਰੋਗਰਾਮ

**ਕਲਾਨੌਰ, (ਕੋਹਲੀ)**-ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਭਾਈ ਗੁਰਦਾਸ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਲੱਖਣ ਕਲਾਂ ਵਿੱਚ ਧਾਰਮਿਕ ਪ੍ਰੋਗਰਾਮ ਕਰਵਾਇਆ ਗਿਆ । ਇਹ ਧਾਰਮਿਕ ਪ੍ਰੋਗਰਾਮ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਬਲਬੀਰ ਸਿੰਘ ਕਾਹਲੋਂ ਅਤੇ ਪ੍ਰਿੰ. ਮੈਡਮ ਬਲਜਿੰਦਰ ਕੌਰ ਕਾਹਲੋਂ ਦੀ ਅਗਵਾਈ ਵਿੱਚ ਕਰਵਾਇਆ ਗਿਆ। ਗੁਰਲੀਨ ਕੌਰ, ਪਰਨੀਤ ਕੌਰ, ਸੁਪ੍ਰੀਤ ਕੌਰ, ਗੁਰਲੀਨ ਕੌਰ, ਹਰਪ੍ਰੀਤ, ਅਮਨਦੀਪ ਕੌਰ, ਹਰਪ੍ਰੀਤ ਕੌਰ, ਰਣਜੋਧ ਸਿੰਘ, ਸ਼ਮਸ਼ੇਰ ਸਿੰਘ, ਸਤਨਾਮ ਸਿੰਘ, ਹਰਪ੍ਰੀਤ ਸਿੰਘ, ਅਰਸ਼ਦੀਪ ਸਿੰਘ, ਜਸਕਰਨ ਸਿੰਘ ਅਤੇ ਸੁਪਨਦੀਪ ਸਿੰਘ ਵੱਲੋਂ ਸ਼ਬਦ ਗਾਇਨ ਕੀਤੇ ਗਏ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਬਲਜਿੰਦਰ ਕੌਰ ਨੇ ਕਿਹਾ ਕਿ ਸਾਡੀ ਇਸ ਸੰਸਥਾ ਵਿੱਚ ਪੜ੍ਹਾਈ, ਖੇਡਾਂ ਅਤੇ ਮਨੋਰੰਜਨ ਦੇ ਨਾਲ ਨਾਲ ਬੱਚਿਆਂ ਨੂੰ ਗੁਰਬਾਣੀ ਕੀਰਤਨ ਨਾਲ ਵੀ ਜੋੜਿਆ ਜਾਂਦਾ ਹੈ ਅਤੇ ਬੱਚਿਆਂ ਨੂੰ ਗੁਰਬਾਣੀ, ਤਬਲਾ ਹਰਮੋਨੀਅਮ ਆਦਿ ਦੀ ਸਪੈਸ਼ਲ ਟ੍ਰੇਨਿੰਗ ਵੀ ਦਿੱਤੀ ਜਾਂਦੀ ਹ। ਇਸ ਮੌਕੇ ਪ੍ਰਿੰਸੀਪਲ ਮੈਡਮ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਦੀ ਬੱਚਿਆਂ ਅਤੇ ਬੱਚਿਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੈਡਮ ਹਰਪ੍ਰੀਤ ਕੌਰ, ਮਨੂ ਸ਼ਰਮਾ, ਪਰਮਜੀਤ ਕੌਰ, ਬਲਜੀਤ ਕੌਰ, ਰਮਨ ਅਤੇ ਰਣਜੀਤ ਕੌਰ ਆਦਿ ਹਾਜ਼ਰ ਸਨ।



# ਲਾਅਨ ਟੈਨਿਸ 'ਚ ਕੁੜੀਆਂ ਨੇ ਜਿੱਤੇ ਸੋਨ ਤਮਗੇ



**ਮਜੀਠਾ (ਸੋਇਮ ਆਨੰਦ)**-ਪੰਜਾਬ ਸਰਕਾਰ ਵੱਲੋਂ ਕਰਵਾਈਆਂ ਖੇਡਾਂ ਵਤਨ ਪੰਜਾਬ ਦੀਆਂ ਤਹਿਤ ਕਰਵਾਏ ਗਏ ਖੇਡ ਮੇਲੇ ਦੌਰਾਨ ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਦੇ ਬੱਚਿਆਂ ਨੇ ਵੱਖ-ਵੱਖ ਖੇਡਾਂ 'ਚ ਭਾਗ ਲਿਆ ਜਿਸ ਵਿੱਚ ਚੁਣੇ ਗਏ ਖਿਡਾਰੀਆਂ ਦਾ ਪੰਜਾਬ ਰਾਜ ਖੇਡ ਮੁਕਾਬਲਾ ਕਰਾਇਆ ਗਿਆ। ਇਨ੍ਹਾਂ ਮੁਕਾਬਲਿਆਂ ਵਿੱਚ ਬਲਾਕ ਮਜੀਠਾ ਦੀਆਂ ਲੜਕੀਆਂ ਨੇ ਲਾਅਨ ਟੈਨਿਸ ਖੇਡ ਮੁਕਾਬਲੇ ਵਿੱਚ ਦੋ ਸੋਨੇ ਤਮਗੇ ਅਤੇ ਇੱਕ ਬਰਾਸ ਮੈਡਲ ਜਿੱਤ ਕੇ ਮਜੀਠਾ ਬਲਾਕ ਦਾ ਨਾਮ ਰੌਸ਼ਨ ਕੀਤਾ ਜਿਸ ਵਿੱਚ ਸਰਵਨੂਰ ਕੌਰ ਨੇ ਅੰਡਰ -14 ਵਰਗ 'ਚ ਲਾਅਨ ਟੈਨਿਸ ਵਿਅਕਤੀਗਤ ਜ਼ਿਲ੍ਹਾ ਅਤੇ ਪੰਜਾਬ ਪੱਧਰ 'ਤੇ ਸੋਨੇ ਦਾ ਤਮਗਾ ਹਾਸਲ ਕੀਤਾ। ਇਸੇ ਤਰ੍ਹਾਂ ਹੀ ਅੰਡਰ 14 ਵਰਗ 'ਚ ਲਾਅਨ ਟੈਨਿਸ ਟੀਮ 'ਚ ਸਰਵਨੂਰ ਕੌਰ ਅਤੇ ਹਰਸਿਮਰਤ ਕੌਰ ਦੀ ਟੀਮ ਨੇ ਬਰਾਸ ਮੈਡਲ ਹਾਸਲ ਕੀਤਾ। ਇਸੇ ਤਰ੍ਹਾਂ ਅੰਡਰ -21 ਵਰਗ 'ਚ ਲਾਅਨ ਟੈਨਿਸ ਟੀਮ ਵਿੱਚ ਪਿੰਡ ਨਾਗ ਨਵੇਂ ਦੀ ਗੁਰਸਿਮਰਤ ਕੌਰ ਅਤੇ ਅਨਾਹਤ ਪੰਨੂੰ ਅੰਮ੍ਰਿਤਸਰ ਨੇ ਸੋਨੇ ਦਾ ਤਮਗਾ ਹਾਸਲ ਕੀਤਾ। ਇਨ੍ਹਾਂ ਲੜਕੀਆਂ ਵੱਲੋਂ ਸੋਨ ਤਮਗਾ ਹਾਸਲ ਕਰਨ 'ਤੇ ਇਨ੍ਹਾਂ ਦੇ ਪਰਿਵਾਰ, ਪਿੰਡ ਅਤੇ ਇਲਾਕੇ ਵਿੱਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।

# ਸ਼੍ਰੋਮਣੀ ਕਮੇਟੀ ਦੇ ਵਿੱਦਿਅਕ ਅਦਾਰੇ ਹਰ ਖੇਤਰ 'ਚ ਮੋਹਰੀ : ਸੁਖਮਿੰਦਰ ਸਿੰਘ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿੱਦਿਅਕ ਅਦਾਰੇ ਸਿੱਖਿਆ ਦਾ ਚਾਨਣ ਵੰਡਣ ਦੇ ਨਾਲ-ਨਾਲ ਖੇਡਾਂ, ਸਮਾਜਿਕ ਗਤੀਵਿਧੀਆਂ ਅਤੇ ਨੈਤਿਕ ਸਿੱਖਿਆ ਦੇ ਪ੍ਰਸਾਰ ਵਿਚ ਨਵੀਆਂ ਪੁਲਾਂਘਾਂ ਪੁੱਟ ਰਹੇ ਹਨ ਅਤੇ ਇਨ੍ਹਾਂ ਅੰਦਰ ਹਰ ਸਾਲ ਵਿਦਿਆਰਥੀਆਂ ਦੀ ਗਿਣਤੀ ਵਿਚ ਭਾਰੀ ਵਾਧਾ ਹੋ ਰਿਹਾ ਹੈ। ਇਹ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਸਿੱਖਿਆ ਸਕੱਤਰ ਸੁਖਮਿੰਦਰ ਸਿੰਘ ਨੇ ਵਿੱਦਿਅਕ ਤਰਜੀਹਾਂ ਸਬੰਧੀ ਇਥੇ ਕੀਤੀ ਗਈ ਇਕ ਉੱਚ ਪੱਧਰੀ ਇਕੱਤਰਤਾ ਤੋਂ ਬਾਅਦ ਕੀਤਾ ਹੈ। ਉਨ੍ਹਾਂ ਆਖਿਆ ਕਿ ਸ਼੍ਰੋਮਣੀ ਕਮੇਟੀ ਦੀ ਵਿਦਿਅਕ ਨੀਤੀ ਬਹੁਪੱਖੀ ਹੈ, ਜਿਸ ਤਹਿਤ ਅਕੈਡਮਿਕ ਤਰਜੀਹਾਂ ਤੋਂ



ਇਲਾਵਾ ਵਿਦਿਆਰਥੀਆਂ ਅੰਦਰ ਸਮਾਜ ਦੇ ਚੰਗੇ ਨਾਗਰਿਕ ਬਣਨ ਪ੍ਰਤੀ ਰੁਚੀਆਂ ਪੈਦਾ ਕੀਤੀਆਂ ਜਾਂਦੀਆਂ ਹਨ। ਨੈਤਿਕ ਗੁਣਾਂ ਦੀ ਦ੍ਰਿੜ੍ਹਤਾ ਲਈ ਵੱਡੇ ਯਤਨ ਕੀਤੇ ਜਾਂਦੇ ਹਨ ਤਾਂ ਜੋ ਵਿਦਿਆਰਥੀਆਂ ਅੰਦਰ ਮਾਨਵਤਾ ਅਤੇ ਸਮਾਜਿਕਤਾ ਦੇ ਗੁਣ ਪ੍ਰਬਲ ਹੋ ਸਕਣ। ਉਨ੍ਹਾਂ ਕਿਹਾ ਕਿ ਵਿੱਦਿਅਕ ਅਦਾਰਿਆਂ ਦੀ ਕਾਰਗੁਜ਼ਾਰੀ ਦੇ ਮੁਲਾਂਕਣ ਤਹਿਤ ਬੈਠਕਾਂ ਦਾ ਸਿਲਸਿਲਾ ਆਰੰਭਿਆ ਗਿਆ ਹੈ, ਜਿਸ ਵਿਚ ਆਏ ਸੁਝਾਵਾਂ ਅਨੁਸਾਰ ਲੋੜੀਂਦੇ ਪ੍ਰਬੰਧ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸਿੱਖਿਆ ਢਾਂਚੇ ਅੰਦਰ ਸ਼੍ਰੋਮਣੀ ਕਮੇਟੀ ਦੇ ਵਿੱਦਿਅਕ ਅਦਾਰਿਆਂ ਦਾ ਉੱਭਰਵਾਂ ਯੋਗਦਾਨ ਹੈ ਅਤੇ ਇਹ ਖਿੱਤੇ ਅੰਦਰ ਵੱਡੇ ਵਿਦਿਆਰਥੀ ਵਰਗ ਦੇ ਭਵਿੱਖ ਨੂੰ ਰੁਸ਼ਨਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਨੌਜੁਆਨੀ ਅੰਦਰ ਬੇਰੁਜ਼ਗਾਰੀ ਖ਼ਤਮ ਕਰਨ ਵਿਚ ਵੀ ਵਿੱਦਿਅਕ ਅਦਾਰਿਆਂ ਦਾ ਜ਼ਿਕਰਯੋਗ ਯੋਗਦਾਨ ਹੈ ਕਿਉਂਕਿ ਇਨ੍ਹਾਂ ਅੰਦਰ ਹਜ਼ਾਰਾਂ ਨੌਜੁਆਨ ਰੁਜ਼ਗਾਰ ਪ੍ਰਾਪਤ ਕਰਕੇ ਆਪਣਾ ਨਿਰਬਾਅ ਕਰ ਰਹੇ ਹਨ।

ਸ਼੍ਰੋਮਣੀ ਕਮੇਟੀ ਦੇ ਸਿੱਖਿਆ ਸਕੱਤਰ ਨੇ ਕਿਹਾ ਕਿ ਇਸ ਸਾਲ ਸ਼੍ਰੋਮਣੀ ਕਮੇਟੀ ਸਕੂਲਾਂ ਅੰਦਰ 8 ਹਜ਼ਾਰ ਅਤੇ ਕਾਲਜਾਂ ਵਿਚ 3400 ਵਿਦਿਆਰਥੀਆਂ ਦਾ ਵਾਧਾ ਹੋਣਾ ਤਸੱਲੀ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਿੱਖਿਆ ਸੰਸਥਾਵਾਂ ਦੀ ਬੇਹਤਰ ਕਾਰਗੁਜ਼ਾਰੀ ਲਈ ਨਿਰੰਤਰ ਕਾਰਜਸ਼ੀਲ ਹਨ ਅਤੇ ਉਨ੍ਹਾਂ ਦਾ ਆਦੇਸ਼ ਹੈ ਕਿ ਕਿਸੇ ਵੀ ਊਣਤਾਈ ਨੂੰ ਬਰਦਾਸ਼ਤ ਨਾ ਕੀਤਾ ਜਾਵੇ ਅਤੇ ਵਿਦਿਆਰਥੀਆਂ ਦੀ ਸ਼ਖ਼ਸੀਅਤ ਨਿਖਾਰਨ ਲਈ ਸਮੇਂ ਦੀ ਹਾਣ ਦੀ ਹਰ ਨੀਤੀ ਅਪਨਾਈ ਜਾਵੇ। ਇਕੱਤਰਤਾ ਵਿਚ ਡਾਇਰੈਕਟਰ ਵਿੱਦਿਆ ਪ੍ਰਿੰਸੀਪਲ ਸਤਵੰਤ ਕੌਰ, ਇੰਚਾਰਜ ਵਿਦਿਆ ਕਾਰਜ ਸਿੰਘ, ਮਨਿੰਦਰਮੋਹਨ ਸਿੰਘ, ਪ੍ਰਿੰਸੀਪਲ ਡਾ. ਗਗਨਦੀਪ ਸਿੰਘ, ਪ੍ਰਿੰਸੀਪਲ ਡਾ. ਫੁਲਵਿੰਦਰਪਾਲ ਸਿੰਘ, ਡਾ. ਕੰਵਲਜੀਤ ਕੌਰ, ਡਾ. ਹਰਮਨਦੀਪ ਸਿੰਘ, ਪ੍ਰੋ. ਧਿਆਨ ਸਿੰਘ, ਡਾ. ਜਸਪਾਲ ਸਿੰਘ, ਡਾ. ਜਤਿੰਦਰ ਕੌਰ, ਪ੍ਰਿੰਸੀਪਲ ਅਮਨਦੀਪ ਕੌਰ, ਡਾ. ਪ੍ਰਭਦੀਪ ਕੌਰ, ਪ੍ਰਿੰਸੀਪਲ ਜਗਰੂਪ ਕੌਰ, ਪ੍ਰਿੰਸੀਪਲ ਮਨਿੰਦਰਪਾਲ ਕੌਰ ਸਮੇਤ ਵੱਖ-ਵੱਖ ਵਿਦਿਅਕ ਅਦਾਰਿਆਂ ਦੇ ਪ੍ਰਿੰਸੀਪਲ ਹਾਜ਼ਰ ਸਨ।

# ਟਰੈਫਿਕ ਐਜੂਕੇਸਨ ਸੈੱਲ ਵੱਲੋਂ ਸਕੂਲ 'ਚ ਸੈਮੀਨਾਰ



**ਟਾਂਗਰਾ (ਲਾਡੀ ਮੱਲ੍ਹੀ)**-ਐਕਸੀਡੈਂਟਾਂ ਨਾਲ ਜਾ ਰਹੀਆਂ ਕੀਮਤੀ ਜਾਨਾਂ ਨੂੰ ਬਚਾਉਣ ਲਈ ਅੱਜ ਪੁਲਸ ਜ਼ਿਲਾ ਅੰਮ੍ਰਿਤਸਰ ਦਿਹਾਤੀ ਦੇ ਟਰੈਫਿਕ ਐਜੂਕੇਸ਼ਨ ਸੈੱਲ ਨੇ ਸਰਕਾਰੀ ਹਾਈ ਸਕੂਲ ਦੇਵੀ ਦਾਸਪੁਰ ਥਾਣਾ ਜੰਡਿਆਲਾ ਵਿਖੇ ਮਾਨਯੋਗ ਐੱਸਐੱਸਪੀ ਸਵੱਪਨ ਸ਼ਰਮਾ ਆਈਪੀਐੱਸ ਅਤੇ ਐੱਸਪੀ ਹੈੱਡਕੁਆਰਟਰ ਜਸਵੰਤ ਕੌਰ ਦੇ ਦਿਸ਼ਾ ਨਿਰਦੇਸ਼ ਅਨੁਸਾਰ ਏਐੱਸਆਈ ਕਮਲਜੀਤ, ਏਐੱਸਆਈ ਰਣਜੀਤ ਸਿੰਘ ਨੇ ਬੱਚਿਆਂ ਨੂੰ ਟਰੈਫਿਕ ਬਾਰੇ ਜਾਣਕਾਰੀ ਦਿਤੀ ਕਿ ਬਿਨਾਂ ਲਾਇਸੈਂਸ ਕੋਈ ਵੀ ਵਹੀਕਲ ਨਾ ਚਲਾਉ, ਮੋਟਰਸਾਇਕਲ ਚਲਾਉਣ ਸਮੇਂ ਹੈਲਮਟ ਜ਼ਰੂਰ ਪਾਉ, ਫੋਰਵ੍ਹੀਲਰ ਚਲਾਉਂਦੇ ਸਮੇਂ ਸੀਟ ਬੈਲਟ ਜ਼ਰੂਰ ਲਗਾਉ, ਡਰਾਈਵਿੰਗ ਕਰਦੇ ਸਮੇਂ ਮੋਬਾਇਲ ਫੋਨ ਦੀ ਵਰਤੋਂ ਨਾ ਕਰੋ ਅਤੇ ਟਰੈਫਿਕ ਸਬੰਧੀ ਹੋਰ ਵੀ ਕਈ ਜਾਣਕਾਰੀਆਂ ਦਿੱਤੀਆਂ ਗਈਆਂ। ਲੜਕੀਆਂ ਨੂੰ ਹੈਲਪਲਾਈਨ 181/112 ਤੋਂ ਜਾਣੂ ਕਰਵਾਇਆ ਅਤੇ ਸਕੂਲ ਆਉਦੇ ਜਾਂਦੇ ਸਮੇਂ ਰਸਤੇ ਵਿੱਚ ਕਿਸੇ ਅਣਜਾਣ ਵਿਅਕਤੀ ਕੋਲੋਂ ਕੋਈ ਚੀਜ਼ ਲੈ ਕੇ ਨਾ ਖਾਣ ਬਾਰੇ ਪ੍ਰੇਰਿਤ ਕੀਤਾ ਅਤੇ ਸਾਂਝ ਕੇਂਦਰ ਦੀਆਂ ਸਹੂਲਤਾਂ ਬਾਰੇ ਵੀ ਜਾਗਰੂਕ ਕੀਤਾ। ਵੱਧ ਰਹੇ ਨਸ਼ੇ, ਕਰਾਇਮ ਨੂੰ ਰੋਕਣ ਲਈ ਪੁਲਸ ਦੀ ਮਦਦ ਕਰਨ ਲਈ ਕਿਹਾ। ਇਸ ਮੌਕੇ ਸਕੂਲ ਦੀ ਮੁੱਖ ਅਧਿਆਪਕਾ ਮਨਦੀਪ ਕੌਰ ਅਤੇ ਹੋਰ ਟੀਚਰ ਸਾਹਿਬਾਨ ਹਾਜ਼ਰ ਸਨ।

# ਬਾਗਬਾਨੀ ਰਾਹੀਂ ਕਿਸਾਨ ਕਰ ਸਕਦੇ ਹਨ ਆਪਣੀ ਆਮਦਨ 'ਚ ਚੋਖਾ ਵਾਧਾ : ਬਾਜਵਾ

**ਗੁਰਦਾਸਪੁਰ, (ਜਨਕ ਮਹਾਜਨ)**

ਬਾਗਬਾਨੀ ਵਿਭਾਗ ਦੇ ਡਿਪਟੀ ਡਾਇਰੈਕਟਰ ਤਜਿੰਦਰ ਸਿੰਘ ਬਾਜਵਾ ਨੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਕਣਕ ਅਤੇ ਝੋਨੇ ਦੇ ਰਵਾਇਤੀ ਫਸਲੀ ਚੱਕਰ ਵਿੱਚੋਂ ਨਿਕਲ ਕੇ ਫਸਲੀ ਵਿੰਭਨਤਾ ਲਿਆਉਂਦੇ ਹੋਏ ਬਾਗਬਾਨੀ ਨੂੰ ਅਪਨਾਉਣ। ਉਨ੍ਹਾਂ ਕਿਹਾ ਕਿ ਕਿਸਾਨ ਬਾਗਬਾਨੀ ਨੂੰ ਅਪਣਾ ਕੇ ਆਪਣੀ ਵਿੱਤੀ ਹਾਲਤ ਨੂੰ ਮਜ਼ਬੂਤ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਬਾਗਬਾਨੀ ਵਿਭਾਗ ਵੱਲੋਂ ਕਿਸਾਨਾਂ ਨੂੰ ਫ਼ਲ, ਫੁੱਲ ਅਤੇ ਸਬਜ਼ੀਆਂ ਦੀ ਕਾਸ਼ਤ ਕਰਨ ਤੋਂ ਇਲਾਵਾ ਖੁੰਬਾਂ ਦੇ ਉਤਪਾਦਨ, ਸ਼ਹਿਦ ਦੀਆਂ ਮੱਖੀਆਂ ਪਾਲਣ, ਗੰਡੋਏ ਦੀ ਖਾਦ ਤਿਆਰ ਕਰਨ, ਆਚਾਰ, ਚਟਨੀ ਅਤੇ ਮੁਰੱਬਾ ਬਣਾਕੇ ਇਸ ਨੂੰ ਘਰੇਲੂ ਵਰਤੋਂ ਅਤੇ ਵਪਾਰਕ ਪੱਧਰ 'ਤੇ ਵੇਚਣ ਬਾਰੇ ਢੁੱਕਵੀਂ ਜਾਣਕਾਰੀ ਦਿੱਤੀ ਜਾਂਦੀ ਹੈ। ਡਿਪਟੀ ਡਾਇਰੈਕਟਰ ਬਾਗਬਾਨੀ ਨੇ ਦੱਸਿਆ ਕਿ ਕਿਸਾਨਾਂ ਨੂੰ ਸਹਿਕਾਰੀ ਸਭਾਵਾਂ ਜਾਂ ਐਫ.ਪੀ.ਓ. ਗਰੁੱਪ ਬਣਾ ਕੇ ਫ਼ਲ ਅਤੇ ਸਬਜ਼ੀਆਂ ਦੀ ਖੇਤੀ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਕਿਸਾਨ ਸਾਂਝੇ ਤੌਰ 'ਤੇ ਖੇਤੀ ਮਸ਼ੀਨਰੀ ਖਰੀਦ ਕੇ ਇਸ ਦੀ ਵਰਤੋਂ ਕਰ ਸਕਦੇ ਹਨ ਅਤੇ ਆਪਣੀ ਫਸਲ ਦੀ ਮਾਰਕੀਟਿੰਗ ਵੀ ਇਕੱਠੇ ਤੌਰ 'ਤੇ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਆਪਣੀਆਂ ਫਸਲਾਂ ਨੂੰ ਖਾਦ, ਮਿੱਟੀ ਦੀ ਟੈਸਟਿੰਗ ਦੇ ਆਧਾਰ 'ਤੇ ਹੀ ਪਾਉਣੀ ਚਾਹੀਦੀ ਹੈ। ਕਿਚਨ ਗਾਰਡਨਿੰਗ ਕਰਕੇ ਬਗੈਰ ਦਵਾਈਆਂ ਛਿੜਕ ਕੇ ਫਲ ਅਤੇ ਸਬਜ਼ੀਆਂ ਤਿਆਰ ਕਰਕੇ ਜ਼ਹਿਰੀਲੇ ਰਸਾਇਣਾਂ ਨਾਲ ਹੋਣ ਵਾਲੀਆਂ ਕਈ ਗੰਭੀਰ ਬਿਮਾਰੀਆਂ ਤੋਂ ਵੀ ਬਚ ਸਕਦੇ ਹਨ। ਉਨ੍ਹਾਂ ਕਿਸਾਨਾਂ ਨੂੰ ਕਿਹਾ ਕਿ ਫਸਲਾਂ ਦੀ ਰਹਿੰਦ ਖੂਹੰਦ ਨੂੰ ਅੱਗ ਨਹੀਂ ਲਗਾਉਣੀ ਚਾਹੀਦੀ ਕਿਉਂਕਿ ਅੱਗ ਲਗਾਉਣ ਨਾਲ ਨਾ ਸਿਰਫ ਵਾਤਾਵਰਣ ਪ੍ਰਦੂਸ਼ਤ ਹੁੰਦਾ ਹੈ ਸਗੋਂ ਜ਼ਮੀਨ ਦੇ ਬਹੁਤ ਸਾਰੇ ਉਪਜਾਊ ਤੱਤ ਵੀ ਖਤਮ ਹੋ ਜਾਂਦੇ ਹਨ। ਵਾਤਾਵਰਣ ਪ੍ਰਦੂਸ਼ਤ ਹੋਣ ਨਾਲ ਚਮੜੀ, ਅੱਖਾਂ ਅਤੇ ਸਾਹ ਦੀਆਂ ਬਿਮਾਰੀਆਂ ਵੀ ਹੋ ਜਾਂਦੀਆਂ ਹਨ ਅਤੇ ਇਸ ਦੇ ਧੂੰਏਂ ਨਾਲ ਕਈ ਸੜਕੀ ਦੁਰਘਟਨਾਵਾਂ ਹੋਣ ਨਾਲ ਜਾਨ ਵੀ ਜਾ ਸਕਦੀ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਬਾਗਬਾਨੀ ਨੂੰ ਸਹਾਇਕ ਧੰਦੇ ਵਜੋ ਅਪਣਾਉਣ ਲਈ ਤਕਨੀਕੀ ਅਤੇ ਵਿੱਤੀ ਜਾਣਕਾਰੀ ਲੈਣ ਲਈ ਬਾਗਬਾਨੀ ਵਿਭਾਗ ਦੇ ਦਫ਼ਤਰ ਵਿਖੇ ਸੰਪਰਕ ਕਰ ਸਕਦੇ ਹਨ।

## 'ਪੇਂਡੂ ਅਬਾਦੀ ਲਈ ਕਾਨੂੰਨੀ ਰਾਹ' ਤੇ 'ਪਵਣ' ਮੇਲੇ 'ਚ ਲੋਕ-ਅਰਪਣ






**ਜਲੰਧਰ, (ਗਿਆਨ ਸੈਦਪੁਰੀ)**

ਦੁਨੀਆ ਭਰ ਵਿੱਚ ਵੱਖਰੀ, ਨਿਆਰੀ ਤੇ ਮਾਨਮੱਤੀ ਪਛਾਣ ਬਣਾ ਚੁੱਕਾ 'ਮੇਲਾ ਗ਼ਦਰੀ ਬਾਬਿਆਂ ਦਾ' ਵਿੱਚ ਹੋਰ ਵੀ ਵੱਡੇ-ਛੋਟੇ ਮੇਲੇ ਨਜ਼ਰ ਆਉਂਦੇ ਹਨ। ਇਨ੍ਹਾਂ ਵਿੱਚ ਕਿਤਾਬਾ ਦਾ ਮੇਲਾ ਤਾਂ ਹੈ ਹੀ, ਇਸ ਤੋਂ ਇਲਾਵਾ ਵੱਖਰੀ-ਵੱਖਰੀ ਸਿਨਫ਼ ਵਿੱਚ ਲਿਖਣ ਵਾਲੇ ਲੇਖਕਾਂ ਦੀਆਂ ਮਿਲਣੀਆਂ ਵੀ ਛੋਟੇ ਮੇਲੇ ਹੀ ਹਨ। ਇਨ੍ਹਾਂ ਮਿਲਣੀਆਂ ਵਿੱਚ ਹਾਸੇ-ਠੱਠੇ ਵੀ ਹੁੰਦੇ ਹਨ, ਟਕੋਰਾਂ ਵੀ ਤੇ ਹੁੱਜਾਂ-ਆਰਾਂ ਵੀ। ਹੋਰ ਤਾਂ ਹੋਰ ਲੇਖਕਾਂ ਦੀਆਂ ਮਿਲਣੀਆਂ ਦੌਰਾਨ ਵੱਖ-ਵੱਖ ਕਿਤਾਬਾਂ ਦੇ ਲੋਕ-ਅਰਪਣ ਦੇ ਸਬੱਬ, ਕਿਤਾਬਾਂ 'ਤੇ ਚਰਚਾਵਾਂ ਵੀ ਹੁੰਦੀਆਂ ਰਹੀਆਂ। ਇਸ ਤਰ੍ਹਾਂ ਹੁੰਦਾ ਉਸ ਵੇਲੇ ਵੀ ਨਜ਼ਰ ਆਇਆ, ਜਦੋਂ 'ਨਵਾਂ ਜ਼ਮਾਨਾ' ਨੂੰ ਚਲਾਉਣ ਵਾਲੀ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਕੱਤਰ ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ ਦੀ ਕਿਤਾਬ 'ਪੇਂਡੂ ਅਬਾਦੀ ਲਈ ਕਾਨੂੰਨੀ ਰਾਹ' ਲੋਕ-ਅਰਪਣ ਕੀਤੀ ਗਈ। ਇਹ ਕਿਤਾਬ ਉੱਘੇ ਲੇਖਕ ਦੇਸ ਰਾਜ ਕਾਲੀ ਅਤੇ ਜਸ ਮੰਡ ਨੇ ਲੋਕ-ਅਰਪਣ ਕੀਤੀ। ਇਸ ਮੌਕੇ ਰਮਿੰਦਰ ਪਟਿਆਲਾ, ਪ੍ਰਿਥੀਪਾਲ ਸਿੰਘ ਮਾੜੀਮੇਘਾ ਤੇ ਵਿਜੇ ਬੰਬੇਲੀ (ਤਿੰਨੇ ਟਰੱਸਟੀ ਦੇਸ਼ ਭਗਤ ਯਾਦਗਾਰ ਕਮੇਟੀ), ਡਾ. ਸਰਿਤਾ ਤਿਵਾੜੀ, ਐਡਵੋਕੇਟ ਰਜਿੰਦਰ ਮੰਡ, ਗੀਟਾ ਸਵਾਮੀ ਤੇ ਦੇਸ ਰਾਜ ਜਾਫਰਵਾਲ ਆਦਿ ਹਾਜ਼ਰ ਸਨ। ਲੇਖਕਾਂ ਦੀ ਇੱਕ ਹੋਰ ਮਹਿਫ਼ਲ ਵਿੱਚ ਕੈਨੇਡਾ ਦੇ ਸ਼ਹਿਰ ਸਰੀ ਵਿੱਚ ਵਸਦੇ ਪ੍ਰਮੁੱਖ ਪੰਜਾਬੀ ਕਵੀ ਮੋਹਨ ਗਿੱਲ ਦੇ ਲਿਖੇ ਹਾਇਕੂ ਸੰਗ੍ਰਹਿ 'ਪਵਣ' ਨੂੰ ਪੰਜਾਬੀ ਲੋਕ ਵਿਰਾਸਤ ਅਕਾਦਮੀ ਦੇ ਚੇਅਰਮੈਨ ਪ੍ਰੋ. ਗੁਰਭਜਨ ਗਿੱਲ ਨੇ ਲੋਕ-ਅਰਪਣ ਕੀਤਾ। ਇਸ ਮੌਕੇ ਉਨ੍ਹਾ ਕਿਹਾ ਕਿ ਹੋਰ ਮੁਲਕਾਂ ਵਿੱਚ ਪ੍ਰਚੱਲਤ ਸਾਹਿਤ ਰੂਪਾਂ ਨੂੰ ਪੰਜਾਬੀ ਵਿੱਚ ਪੇਸ਼ ਕਰਨ ਦੀ ਰੀਤ ਬਹੁਤ ਪੁਰਾਣੀ ਹੈ। ਜਾਪਾਨ ਦੇ ਕਾਵਿ ਰੂਪ ਹਾਇਕੂ ਨੂੰ ਸਾਡੇ ਕਵੀਆਂ ਨੇ ਪੇਸ਼ ਕਰਨ ਦੀ ਪਹਿਲਕਦਮੀ ਕੀਤੀ ਹੈ, ਉਨ੍ਹਾ ਵਿੱਚੋਂ ਮੋਹਨ ਗਿੱਲ ਦਾ ਸੱਜਰਾ ਹਾਇਕੂ ਸੰਗ੍ਰਹਿ 'ਪਵਣ' ਮੁੱਲਵਾਨ ਕਿਰਤ ਹੈ। ਇਸ ਦਾ ਮੁੱਖ ਬੰਦ ਲਿਖਦਿਆਂ ਸ਼੍ਰੋਮਣੀ ਕਵੀ ਰਵਿੰਦਰ ਰਵੀ ਨੇ ਵੀ ਇਹੀ ਕਿਹਾ ਕਿ ਮੋਹਨ ਗਿੱਲ ਦੀ ਵਡਿਆਈ ਇਸ ਗੱਲ ਵਿੱਚ ਹੈ ਕਿ ਇਸ ਨੇ ਹਾਇਕੂ ਦੇ ਵਸਤੂ ਖੇਤਰ ਨੂੰ ਵਿਸ਼ਾਲ ਕੀਤਾ ਹੈ। ਪੰਕਤੀ ਚਿਤਰਨ ਦੇ ਨਾਲ-ਨਾਲ ਉਸ ਨੇ ਸਮਾਜਕ, ਰਾਜਨੀਤਕ ਅਤੇ ਆਰਥਕ ਸਰੋਕਾਰਾਂ ਨੂੰ ਵੀ ਹਾਇਕੂ ਦੀ ਵਸਤੂ ਬਣਾਇਆ ਹੇ। ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ ਨੇ ਕਿਹਾ ਕਿ ਮੋਹਨ ਗਿੱਲ ਨੇ ਆਪਣੇ ਵਿਸ਼ਾਲ ਗਿਆਨ ਭੰਡਾਰ ਨੂੰ ਹਮੇਸ਼ਾ ਕਾਵਿ ਅਭਿਵਿਅਕਤੀ ਲਈ ਸੁਯੋਗ ਢੰਗ ਨਾਲ ਵਰਤਿਆ ਹੈ। ਬਲਵਿੰਦਰ ਸੰਧੂ ਨੇ ਕਿਹਾ ਕਿ ਅੰਗਰੇਜ਼ੀ ਸਾਹਿਤ ਦਾ ਵਿਦਿਆਰਥੀ ਹੋਣ ਕਾਰਨ ਮੋਹਨ ਗਿੱਲ ਸਾਨੂੰ ਨਵੇਂ ਕਾਵਿ ਰੂਪ ਨਾਲ ਵੀ ਜੋੜ ਰਿਹਾ ਹੈ।

ਡਾ. ਸਰਿਤਾ ਤਿਵਾੜੀ ਨੇ ਕਿਹਾ ਕਿ ਇਸ ਕਿਤਾਬ ਨੂੰ ਵੇਖ ਕੇ ਮੈਂ 46 ਸਾਲ ਪਿੱਛੇ ਪਰਤ ਗਈ ਹਾਂ, ਜਦ ਮੈਂ ਤੇ ਮੋਹਨ ਗਿੱਲ ਇਕੱਠੇ ਪੜ੍ਹਨ ਵੇਲੇ ਘੰਟਿਆਂਬੱਧੀ ਸਾਹਿਤ ਚਰਚਾ ਕਰਦੇ ਸਾਂ। ਉਦੋਂ ਕੀ ਪਤਾ ਸੀ ਕਿ ਮੈਂ ਤੇ ਗੁਰਭਜਨ ਗਿੱਲ ਆਪਣੇ ਸਹਿਪਾਠੀ ਦੀ ਕਾਵਿ ਪੁਸਤਕ ਜਲੰਧਰ ਦੇ ਗ਼ਦਰੀ ਬਾਬਿਆਂ ਦੇ ਮੇਲੇ ਵਿੱਚ ਉਸ ਦੀ ਗੈਰ-ਹਾਜ਼ਰੀ ਵਿੱਚ ਲੋਕ-ਅਰਪਣ ਕਰਾਂਗੇ। ਇਸ ਮੌਕੇ ਕਵੀ ਹਰਮੀਤ ਵਿਦਿਆਰਥੀ, ਦੀਪ ਜਗਦੀਪ ਸਿੰਘ, ਕਹਾਣੀਕਾਰ ਮਨਦੀਪ ਸਿੰਘ ਘੁਮਾਣ, ਜਸ ਮੰਡ ਟਰੱਸਟੀ 'ਨਵਾਂ ਜ਼ਮਾਨਾ', ਜਗਦੀਸ਼ਪਾਲ ਸਿੰਘ ਗਰੇਵਾਲ ਸਰਪੰਚ ਦਾਦ (ਲੁਧਿਆਣਾ), ਜੈਨਿੰਦਰ ਚੌਹਾਨ ਨਾਭਾ ਵੀ ਹਾਜ਼ਰ ਸਨ।

## ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਨੇ ਹਾਸਲ ਕੀਤਾ ਬੈੱਸਟ ਅਕੈਡਮਿਕ ਅਚੀਵਮੈਂਟ ਐਵਾਰਡ



**ਕਪੂਰਥਲਾ, (ਹਨੀ)**

ਚੰਡੀਗੜ੍ਹ ਯੂਨੀਵਰਸਿਟੀ ਵਿਖੇ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨ ਵੱਲੋਂ ਐਫ ਏ ਪੀ ਨੈਸ਼ਨਲ ਐਵਾਰਡ 2022 ਦਾ ਆਯੋਜਨ ਕੀਤਾ ਗਿਆ ਜਿਸ ਵਿਚ ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਨੂੰ ਬੈਸਟ ਇਨ ਅਕੈਡਮਿਕ ਅਚੀਵਮੈਂਟ ਐਵਾਰਡ ਨਾਲ ਸਨਮਾਨਤ ਕੀਤਾ ਗਿਆ, ਕਿਉਂਕਿ ਸਕੂਲ ਦੇ 2 ਵਿਦਿਆਰਥੀ ਦਸਵੀਂ ਅਤੇ ਬਾਰ੍ਹਵੀਂ ਦੀ ਬੋਰਡ ਦੀ ਪ੍ਰੀਖਿਆ ਵਿਚੋਂ ਕਪੂਰਥਲਾ ਜ਼ਿਲ੍ਹੇ ਵਿਚੋਂ ਪਹਿਲੇ ਨੰਬਰ 'ਤੇ ਰਹੇ ਸਨ ਅਤੇ ਸਕੂਲ ਦਾ ਰਿਜ਼ਲਟ ਵੀ 100 ਪ੍ਰਤੀਸ਼ਤ ਰਿਹਾ ਸੀ । ਇਸ ਐਵਾਰਡ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਵਿੱਚ ਜਿੱਥੇ ਖ਼ੁਸ਼ੀ ਦੀ ਲਹਿਰ ਲਿਆਂਦੀ ਹੈ, ਉੱਥੇ ਹੋਰ ਮਿਹਨਤ ਕਰਨ ਦਾ ਉਤਸ਼ਾਹ ਭਰ ਦਿੱਤਾ ਹੈ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ, ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਅਤੇ ਪ੍ਰਿੰਸੀਪਲ ਪ੍ਰਬਦੀਪ ਕੌਰ ਮੋਗਾ ਨੇ ਸਮੂਹ ਸਟਾਫ ਮੈਂਬਰਾਂ ਨੂੰ ਇਸ ਉਪਲਬਧੀ 'ਤੇ ਵਧਾਈ ਦਿੱਤੀ।

## ਸਰਕਾਰੀ ਹਾਈ ਸਕੂਲ ਰਾਜਪੁਰ ਗਹੋਤ ਦੇ ਖਿਡਾਰੀਆਂ ਨੂੰ ਐਥਲੈਟਿਕਸ 'ਚ 10 ਸੋਨ ਸਮੇਤ 22 ਤਮਗੇ ਹਾਸਲ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ,ਓਂਕਾਰ ਸਿੰਘ)**

ਸਰਕਾਰੀ ਹਾਈ ਸਕੂਲ ਰਾਜਪੁਰ ਗਹੋਤ ਦੇ ਖਿਡਾਰੀਆਂ ਨੇ ਸਕੂਲ ਖੇਡਾਂ ਦੇ ਅਥਲੈਟਿਕਸ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਂਅ ਰੌਸ਼ਨ ਕੀਤਾ ਅਤੇ ਇਨ੍ਹਾਂ ਖੇਡਾਂ ਵਿੱਚ 10 ਸੋਨ , 6- 6 ਚਾਂਦੀ ਅਤੇ ਕਾਂਸੇ ਦੇ ਤਮਗੇ ਹਾਸਲ ਕੀਤੇ ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਡੀ.ਪੀ ਜਸਪਿੰਦਰ ਸਿੰਘ,ਮਾਸਟਰ ਸੁਖਵੀਰ ਸਿੰਘ ਅਤੇ ਪਰਦੀਪ ਸਿੰਘ ਨੇ ਦੱਸਿਆ ਕਿ ਗਿਆਨੀ ਕਰਤਾਰ ਸਿੰਘ ਯਾਦਗਾਰੀ ਸਰਕਾਰੀ ਕਾਲਜ ਟਾਂਡਾ ਦੀ ਗਰਾਊਂਡ ਵਿਚ ਹੋਈਆਂ ਖੇਡਾਂ ਵਿੱਚ ਸਕੂਲ ਦੇ ਖਿਡਾਰੀਆਂ ਨੇ ਅੰਡਰ 14 ਲੜਕਿਆਂ ਦੇ ਵਰਗ ਵਿੱਚ 3 ਗੋਲਡ ਮੈਡਲ, 3 ਸਿਲਵਰ ਮੈਡਲ ਹਾਸਲ ਕੀਤੇ ,ਇਸੇ ਤਰ੍ਹਾਂ ਹੀ ਅੰਡਰ 17 ਲੜਕਿਆਂ ਦੇ ਵਰਗ ਵਿੱਚ 2 ਸੋਨ ਤਮਗੇ, 2 ਚਾਂਦੀ ਦੇ ਤਮਗੇ ਅਤੇ 1 ਕਾਂਸੇ ਦਾ ਤਮਗਾ ਹਾਸਲ ਕੀਤਾ। ਇਸ ਤੋਂ ਇਲਾਵਾ ਅੰਡਰ 14 ਲੜਕੀਆਂ ਦੇ ਵਰਗ ਵਿੱਚ 2 ਗੋਲਡ ਮੈਡਲ, 2 ਚਾਂਦੀ ਦੇ 1 ਕਾਂਸੇ ਦਾ ਤਮਗਾ ਹਾਸਲ ਕੀਤਾ। ਇਸ ਤੋਂ ਇਲਾਵਾ ਅੰਡਰ 17 ਲੜਕੀਆਂ ਦੇ ਵਰਗ ਵਿਚ 3 ਗੋਲਡ ਮੈਡਲ,1-1ਚਾਂਦੀ ਅਤੇ ਕਾਂਸੀ ਦਾ ਤਮਗਾ ਹਾਸਲ ਕੀਤਾ । ਇਨ੍ਹਾਂ ਜੇਤੂ ਖਿਡਾਰੀਆਂ ਦਾ ਸਕੂਲ ਪਹੁੰਚਣ 'ਤੇ ਸਕੂਲ ਮੁਖੀ ਹਰਪ੍ਰੀਤ ਮੋਨਿਕਾ ਅਤੇ ਹੋਰ ਸਟਾਫ ਮੈਂਬਰਾਂ ਨੇ ਸਵਾਗਤ ਕੀਤਾ। ਇਸ ਮੌਕੇ ਹੈੱਡਮਾਸਟਰ ਹਰਪ੍ਰੀਤ ਨੇ ਇਨ੍ਹਾਂ ਹੋਣਹਾਰ ਖਿਡਾਰੀਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਇਹ ਸਭ ਖਿਡਾਰੀਆਂ ਅਤੇ ਸਕੂਲ ਸਟਾਫ ਵੱਲੋਂ ਕੀਤੀ ਗਈ ਸ਼ਾਨਦਾਰ ਮਿਹਨਤ ਦਾ ਹੀ ਨਤੀਜਾ ਹੈ। ਉਨ੍ਹਾਂ ਇਸ ਮੌਕੇ ਦੱਸਿਆ ਕਿ ਇਨ੍ਹਾਂ ਹੋਣਹਾਰ ਖਿਡਾਰੀਆਂ ਨੂੰ ਸਕੂਲ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ। ਇਸ ਮੌਕੇ ਮੈਡਮ ਨੀਲਮ ਰਾਣੀ, ਵਰਿੰਦਰ ਨਰਿੰਦਰਾ, ਤਰਨਜੀਤ ਕੌਰ, ਗੁਰਪ੍ਰੀਤ ਕੌਰ ,ਗੁਰਵੀਰ ਕੌਰ ,ਗੁਰਿੰਦਰ ਕੌਰ, ਪਿੰਕੀ ਰਾਣੀ ਮਨਦੀਪ ਕੌਰ, ਮਨਿੰਦਰ ਕੌਰ, ਰਾਜਦੀਪ ਕੌਰ ਹਾਜ਼ਰ ਸਨ।



## 'ਵਰਲਡ 'ਵਰਸਿਟੀ ਰੈਂਕਿੰਗਜ਼-2023 'ਚ ਐੱਲ ਪੀ ਯੂ ਨੂੰ ਪ੍ਰਬੰਧਨ ਵਿਸ਼ਿਆਂ ਲਈ ਭਾਰਤ 'ਚ ਦੂਜਾ ਰੈਂਕ

**ਜਲੰਧਰ (ਸ਼ੈਲੀ ਐਲਬਰਟ)**

ਵਿਸ਼ਵ ਦੀ ਸਭ ਤੋਂ ਵੱਕਾਰੀ ਯੂਨੀਵਰਸਿਟੀ ਰੈਂਕਿੰਗ ਪ੍ਰਣਾਲੀ, 'ਟਾਈਮਜ਼ ਹਾਇਰ ਐਜੂਕੇਸ਼ਨ (ਟੀ ਐਚ ਈ ) ਵਿਸ਼ਵ ਯੂਨੀਵਰਸਿਟੀ ਰੈਂਕਿੰਗਜ-2023 ਨੇ ਲਵਲੀ ਪ੍ਰੋਫੈਸਨਲ ਯੂਨੀਵਰਸਿਟੀ (ਐਲ ਪੀ ਯੂ ) ਨੂੰ ਭਾਰਤ ਦੀਆਂ ਸਾਰੀਆਂ ਸਰਕਾਰੀ ਅਤੇ ਪ੍ਰਾਈਵੇਟ ਯੂਨੀਵਰਸਿਟੀਆਂ ਵਿੱਚੋਂ 23ਵਾਂ ਸਥਾਨ ਦਿੱਤਾ ਹੈ। ਇੱਥੇ, ਐਲ ਪੀ ਯੂ ਦੇ ਮਿੱਤਲ ਸਕੂਲ ਆਫ ਬਿਜਨੈਸ ਨੂੰ ਇਸ ਦੇ ਵਪਾਰ ਅਤੇ ਅਰਥ ਸ਼ਾਸ਼ਤਰ ਦੇ ਵਿਸ਼ੇ ਲਈ ਭਾਰਤ ਵਿੱਚ ਦੂਜਾ ਸਥਾਨ ਦਿੱਤਾ ਗਿਆ ਹੈ। ਇਸ ਦੇ ਲਈ, ਐਲਪੀਯੂ ਨੂੰ ਯੂ ਐਸ ਏ, ਯੂਕੇ, ਕੈਨੇਡਾ, ਆਸਟਰੇਲੀਆ ਅਤੇ ਹੋਰ ਬਹੁਤ ਸਾਰੀਆਂ ਯੂਨੀਵਰਸਿਟੀਆਂ ਦੇ ਨਾਲ ਵਿਸਵ ਪੱਧਰ 'ਤੇ 401-500 ਬੈਂਡ ਵਿੱਚ ਰੱਖਿਆ ਗਿਆ ਹੈ। ਇਸੇ ਤਰ੍ਹਾਂ, ਭਾਰਤ ਦੀਆਂ ਚੋਟੀ ਦੀਆਂ ਸੰਸਥਾਵਾਂ ਵਿੱਚੋਂ ਐਲ ਪੀ ਯੂ ਦੇ ਚਾਰ ਹੋਰ 'ਸਕੂਲ' ਇੰਜੀਨੀਅਰਿੰਗ ਲਈ 6ਵੇਂ, ਕਲੀਨਿਕਲ ਅਤੇ ਸਿਹਤ ਲਈ 8ਵੇਂ , ਕੰਪਿਊਟਰ ਸਾਇੰਸ ਲਈ 9ਵੇਂ ਅਤੇ ਜੀਵਨ ਵਿਗਿਆਨ ਲਈ 12ਵੇਂ ਸਥਾਨ 'ਤੇ ਹਨ। ਇਸਦੇ ਨਾਲ, ਐਲ ਪੀ ਯੂ ਚੋਟੀ ਦੇ ਅੱਠ ਗਲੋਬਲ ਬੈਂਡਾਂ ਅਤੇ ਵਿਸਵ-ਵਿਆਪੀ ਲੀਗ ਟੇਬਲ ਵਿੱਚ ਸੂਚੀਬੱਧ ਹੋ ਕੇ ਦੁਨੀਆ ਦੇ ਕਈ ਅਤੇ ਭਾਰਤ ਦੀਆਂ ਸਭ ਤੋਂ ਪ੍ਰਮੁੱਖ ਸੰਸਥਾਵਾਂ 'ਚ ਸ਼ੁਮਾਰ ਹੋ ਗਿਆ ਹੈ। ਇਸ ਵਾਰ, ਵਿਸ਼ਵ ਪੱਧਰ 'ਤੇ ਮਾਨਤਾ ਪ੍ਰਾਪਤ ਰੇਟਿੰਗ ਪ੍ਰਣਾਲੀ ਨੇ ਐਲ ਪੀ ਯੂ ਨੂੰ ਗਲੋਬਲ ਪੱਧਰ 'ਤੇ 801-1000 ਬੈਂਡ ਵਿੱਚ ਰੱਖਿਆ ਹੈ। ਇਸਤੋਂ ਪਹਿਲਾਂ ਸਾਲ 2022 ਦੀ ਰੈਂਕਿੰਗ ਵਿੱਚ ਐਲ ਪੀ ਯੂ ਨੂੰ 1000-1200 ਬੈਂਡ ਵਿੱਚ ਹੋਣ ਕਰਕੇ ਚੋਟੀ ਦੀਆਂ 36 ਭਾਰਤੀ ਯੂਨੀਵਰਸਿਟੀਆਂ ਵਿੱਚ ਸ਼ਾਮਲ ਕੀਤਾ ਗਿਆ ਸੀ। ਇਸ ਵਾਰ ਰੈਂਕਿੰਗ ਦੀ ਪੌੜੀ ਚੜ੍ਹਨਾ ਬੇਹਤਰ ਹੋਇਆ ਹੈ, ਅਤੇ ਐਲ ਪੀ ਯੂ ਪਿਛਲੇ ਰੈਂਕਿੰਗ ਰਿਕਾਰਡ ਵਿੱਚ 13 ਸਥਾਨਾਂ ਦਾ ਸੁਧਾਰ ਕਰਕੇ 23ਵੇਂ ਸਥਾਨ 'ਤੇ ਪਹੁੰਚ ਗਿਆ ਹੈ। ਇਸ ਦਾ ਸਕੂਲ ਆਫ ਇੰਜੀਨੀਅਰਿੰਗ ਪਿਛਲੇ 9ਵੇਂ ਸਥਾਨ ਤੋਂ 6ਵੇਂ ਰੈਂਕ ਨਾਲ ਤਿੰਨ ਕਦਮ ਅੱਗੇ ਨਿਕਲ ਗਿਆ ਹੈ। ਬਹੁਤ ਮਾਣ ਮਹਿਸੂਸ ਕਰਦੇ ਹੋਏ, ਐਲ ਪੀ ਯੂ ਦੇ ਚਾਂਸਲਰ ਡਾ ਅਸ਼ੋਕ ਕੁਮਾਰ ਮਿੱਤਲ ਨੇ ਯੂਨੀਵਰਸਿਟੀ ਦੀ ਵੱਕਾਰੀ ਰੈਂਕਿੰਗ ਲਈ ਐਲਪੀਯੂ 'ਚ ਸਾਰਿਆਂ ਨੂੰ ਵਧਾਈ ਦਿੱਤੀ। ਇਸ ਸਫਲਤਾ ਦਾ ਸਿਹਰਾ ਸਾਰਿਆਂ ਨੂੰ ਦਿੰਦੇ ਹੋਏ, ਡਾ: ਮਿੱਤਲ ਨੇ ਸਾਰਿਆਂ ਨੂੰ ਆਉਣ ਵਾਲੇ ਸਮੇਂ ਵਿੱਚ ਯੂਨੀਵਰਸਿਟੀ ਨੂੰ ਵਿਸ਼ਵ ਦੀਆਂ ਚੋਟੀ ਦੀਆਂ 200 ਯੂਨੀਵਰਸਿਟੀਆਂ ਵਿੱਚ ਵੇਖਣ ਲਈ ਦ੍ਰਿੜਤਾ ਅਤੇ ਅਣਥੱਕ ਕੰਮ ਕਰਦੇ ਰਹਿਣ ਦੀ ਅਪੀਲ ਵੀ ਕੀਤੀ।

ਦੁਨੀਆ ਭਰ ਦੀਆਂ ਬਹੁਤ ਸਾਰੀਆਂ ਭਾਗ ਲੈਣ ਵਾਲੀਆਂ ਯੂਨੀਵਰਸਿਟੀਆਂ ਦੇ ਮੁਕਾਬਲੇ, ਐਲਪੀਯੂ ਸਿਰਫ 17 ਸਾਲ ਦੀ ਹੈ ਅਤੇ ਪਹਿਲਾਂ ਹੀ ਗਲੋਬਲ ਉੱਚ ਸਿੱਖਿਆ ਲੈਂਡਸਕੇਪ ਦਾ ਵੱਡਾ ਹਿੱਸਾ ਹੈ। ਇਸ ਸਾਲ, ਐਲਪੀਯੂ ਨੂੰ ਦਿੱਲੀ ਯੂਨੀਵਰਸਿਟੀ, ਆਈ ਆਈ ਐਸ ਈ ਆਰ (ਪੁਣੇ, ਕੋਲਕਾਤਾ ਅਤੇ ਭੋਪਾਲ), ਆਈ ਆਈ ਟੀ (ਭੁਵਨੇਸ਼ਵਰ, ਗੁਹਾਟੀ ਅਤੇ ਮੰਡੀ), ਐਨ ਆਈ ਟੀ (ਰੁਰਕੇਲਾ), ਅਤੇ ਮੁੰਬਈ ਯੂਨੀਵਰਸਿਟੀ ਅਤੇ ਹੋਰ ਬਹੁਤ ਸਾਰੀਆਂ ਭਾਰਤੀ ਯੂਨੀਵਰਸਿਟੀਆਂ ਤੋਂ ਅੱਗੇ ਰੱਖਿਆ ਗਿਆ ਹੈ। ਪੰਜਾਬ ਵਿੱਚ, ਸਿਰਫ ਤਿੰਨ ਸੰਸਥਾਵਾਂ ਨੇ ਵਿਸ਼ਵ ਦੀ ਚੋਟੀ ਦੇ 1000 ਦੀ ਸੂਚੀ ਵਿੱਚ ਜਗ੍ਹਾ ਬਣਾਈ, ਜਿਸ ਵਿੱਚ ਆਈ ਆਈ ਟੀ ਰੋਪੜ, ਥਾਪਰ ਇੰਸਟੀਚਿਊਟ ਅਤੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ ਪੀ ਯੂ) ਸ਼ਾਮਲ ਹਨ। 'ਦਿ ਵਰਲਡ ਯੂਨੀਵਰਸਿਟੀ ਰੈਂਕਿੰਗਜ' ਖੋਜ ਮਿਸ਼ਨ 'ਤੇ ਜ਼ੋਰ ਦੇਣ ਦੇ ਨਾਲ, ਵਿਸ਼ਵ ਦੀਆਂ ਸਰਵੋਤਮ ਯੂਨੀਵਰਸਿਟੀਆਂ ਦੀ ਨਿਸ਼ਚਿਤ ਸੂਚੀ ਪ੍ਰਦਾਨ ਕਰਦੀ ਹੈ।



## ਬੀ ਐੱਡ ਕਾਲਜ ਦਾ ਯੁਵਕ ਤੇ ਵਿਰਾਸਤੀ ਮੇਲਾ ਸਮਾਪਤ

**ਮਾਹਿਲਪੁਰ (ਸਫਰੀ)**

ਸਿੱਖ ਵਿੱਦਿਅਕ ਕੌਂਸਲ ਅਧੀਨ ਚੱਲ ਰਹੇ ਸੰਤ ਬਾਬਾ ਹਰੀ ਸਿੰਘ ਮੈਮੋਰੀਅਲ ਖਾਲਸਾ ਕਾਲਜ ਆਫ ਐਜੂਕੇਸ਼ਨ ਮਾਹਿਲਪੁਰ ਵਿਖੇ 63ਵਾਂ ਯੁਵਕ ਅਤੇ ਵਿਰਾਸਤੀ ਮੇਲਾ 'ਕਾਲਜ ਆਫ ਐਜੂਕੇਸ਼ਨ ਜ਼ੋਨ ਏ' ਸਿੱਖ ਵਿੱਦਿਅਕ ਕੌਂਸਲ ਦੇ ਪ੍ਰਧਾਨ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਦੀ ਅਗਵਾਈ ਹੇਠ ਤੇ ਪ੍ਰਿੰਸੀਪਲ ਡਾ. ਰੋਹਤਾਸ ਦੀ ਦੇਖ ਰੇਖ 'ਚ ਚਲ ਰਿਹਾ ਮੇਲਾ ਦਾ ਅੱਜ ਸ਼ਾਨੋ ਸ਼ੌਕਤ ਨਾਲ ਸੰਪੰਨ ਹੋ ਗਿਆ। ਇਸ ਮੌਕੇ ਪ੍ਰੀਤ ਇੰਦਰ ਸਿੰਘ ਬੈਂਸ ਐਸ ਡੀ ਐਮ ਗੜ੍ਹਸ਼ੰਕਰ ਤੇ ਡੀ ਐਸ ਪੀ ਦਲਜੀਤ ਸਿੰਘ ਖੱਖ ਗੜ੍ਹਸ਼ੰਕਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਅੱਜ ਕਰਵਾਏ ਗਏ ਮੁਕਾਬਲਿਆਂ 'ਚ ਭੰਗੜੇ ਤੇ ਗਿੱਧੇ 'ਚ ਏ.ਐਸ. ਕਾਲਜ ਆਫ ਐਜੂਕੇਸ਼ਨ ਖੰਨਾ ਨੇ ਪਹਿਲਾ, ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਆਫ ਐਜੂਕੇਸ਼ਨ ਕਮਲੋਹ ਮੁਕੇਰੀਆਂ ਨੇ ਦੂਜਾ ਸਥਾਨ ਹਾਸਲ ਕੀਤਾ। ਕਵੀਸ਼ਰੀ 'ਚ ਏ ਐਸ ਕਾਲਜ ਆਫ ਐਜੂਕੇਸ਼ਨ ਖੰਨਾ ਨੇ ਪਹਿਲਾ, ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਆਫ ਐਜੂਕੇਸ਼ਨ ਕਮਲੋਹ ਮੁਕੇਰੀਆਂ ਨੇ ਦੂਜਾ ਅਤੇ ਜੀ ਟੀ ਬੀ ਕਾਲਜ ਆਫ ਐਜੂਕੇਸ਼ਨ ਦਸੂਹਾ ਨੇ ਤੀਸਰਾ ਸਥਾਨ ਤੀਜਾ ਸਥਾਨ ਹਾਸਲ ਕੀਤਾ। ਕਲਾਸੀਕਲ ਨਾਚ ਤੇ ਮਲਵਈ ਗਿੱਧੇ 'ਚ ਬੀ ਸੀ ਐਮ ਕਾਲਜ ਆਫ ਐਜੂਕੇਸ਼ਨ ਲੁਧਿਆਣਾ ਨੇ ਪਹਿਲਾ ਸਥਾਨ ਤੇ ਗਿੱਧੇ 'ਚ ਦੂਸਰਾ ਸਥਾਨ ਹਾਸਲ ਕੀਤਾ। ਗਰੁੱਪ ਡਾਂਸ 'ਚ ਡੀ.ਏ.ਵੀ ਕਾਲਜ ਆਫ ਐਜੂਕੇਸ਼ਨ ਹੁਸ਼ਿਆਰਪੁਰ ਨੇ ਪਹਿਲਾ ਤੇ ਗਿੱਧੇ 'ਚ ਤੀਸਰਾ ਸਥਾਨ ਜਦ ਕਿ ਗਰੁੱਪ ਡਾਂਸ 'ਚ ਸੰਤ ਬਾਬਾ ਹਰੀ ਸਿੰਘ ਮੈਮੋਰੀਅਲ ਖਾਲਸਾ ਕਾਲਜ ਆਫ ਐਜੂਕੇਸ਼ਨ ਮਾਹਿਲਪੁਰ ਨੇ ਦੂਜਾ ਤੇ ਜੀ ਟੀ ਬੀ ਕਾਲਜ ਆਫ ਐਜੂਕੇਸ਼ਨ ਦਸੂਹਾ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸ ਚਾਰ ਰੋਜ਼ਾ ਯੂਥ ਫੈਸਟੀਵਲ ਵਿੱਚ ਆਨ ਸਟੇਜ ਅਤੇ ਆਫ ਸਟੇਜ ਵੰਨਗੀਆਂ ਵਿੱਚ ਬਿਹਤਰੀਨ ਕਾਰਗੁਜ਼ਾਰੀ ਦੇ ਆਧਾਰ 'ਤੇ ਓਵਰਆਲ ਟਰਾਫੀ 'ਤੇ ਜੀ ਟੀ ਬੀ ਕਾਲਜ ਆਫ ਐਜੂਕੇਸ਼ਨ ਦਸੂਹਾ ਨੇ ਕਬਜ਼ਾ ਕੀਤਾ। ਇਸ ਮੌਕੇ ਅਵਿਨਾਸ਼ ਰਾਏ ਖੰਨਾ ਭਾਜਪਾ ਇੰਚਾਰਜ ਹਿਮਾਚਲ ਪ੍ਰਦੇਸ਼, ਠੇਕੇਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ, ਪ੍ਰਵਾਸੀ ਭਾਰਤੀ ਦਿਲਬਾਗ ਸਿੰਘ ਬੈਂਸ, ਵਿੰਗ ਕਮਾਂਡਰ ਹਰਦੇਵ ਸਿੰਘ ਢਿੱਲੋਂ, ਪ੍ਰਿੰ. ਡਾ. ਜਸਪਾਲ ਸਿੰਘ, ਮੈਨੇਜਰ ਇੰਦਰਜੀਤ ਸਿੰਘ ਭਾਰਟਾ, ਸਕੱਤਰ ਗੁਰਿੰਦਰ ਸਿੰਘ ਬੈਂਸ, ਗੁਰਮੇਲ ਸਿੰਘ ਗਿੱਲ, ਵੀਰਇੰਦਰ ਸ਼ਰਮਾ, ਅਮਰਜੀਤ ਸਿੰਘ ਨਾਇਬ ਤਹਿਸੀਲਦਾਰ, ਪ੍ਰੋ. ਅਜੀਤ ਲੰਗੇਰੀ, ਹਰਪ੍ਰੀਤ ਸਿੰਘ ਬੈਂਸ, ਪ੍ਰੋ. ਸਰਵਣ ਸਿੰਘ ਪ੍ਰਿੰ. ਡਾ.ਅਸ਼ਵਨੀ ਕਸ਼ਅਪ, ਮਾ. ਬਲਵੀਰ ਸਿੰਘ, ਥਾਣਾ ਮੁਖੀ ਜਸਵੰਤ ਸਿੰਘ, ਪ੍ਰੋ. ਡਾ.ਰਾਜ ਕੁਮਾਰ, ਡਾ.ਪਵਨ ਕੁਮਾਰ, ਡਾ.ਪਰਮਜੀਤ ਸਿੰਘ ਚੇਅਰਮੈਨ, ਡਾ.ਅਸ਼ਵਨੀ ਕੁਮਾਰ, ਡਾ. ਸੁਨੀਲ ਖੋਸਲਾ, ਪ੍ਰੋ. ਸਵਿਤਾ, ਪ੍ਰੋ. ਸੰਦੀਪ , ਡਾ. ਬੀ. ਐਸ. ਪ੍ਰਿੰ. ਸਰਬਜੀਤ ਕੌਰ, ਡਾ. ਵਰਿੰਦਰ ਕੌਰ, ਪ੍ਰੋ. ਹਰਪ੍ਰੀਤ ਕੌਰ ਪ੍ਰਬੰਕ ਸੈਕਟਰੀ, ਅਸ਼ੋਕ ਰਾਣਾ ਸਾਬਕਾ ਕੌਂਸਲਰ, ਪ੍ਰੋ. ਮਨਦੀਪ ਕੌਰ ਸਟੇਜ ਸੈਕਟਰੀ, ਪ੍ਰੋ. ਵਿਕਰਮ ਚੰਦੇਲ, ਪ੍ਰੋ. ਮੋਨੀਕਾ ਮਹਾਜਨ, ਪ੍ਰੋ. ਹਰਮੇਸ਼ ਭਾਟੀਆ ਇੰਚਾਰਜ, ਦਲਵਿੰਦਰ ਦਿਆਲਪੁਰੀ, ਪ੍ਰੋ. ਇਕਬਾਲ, ਪ੍ਰੋ. ਅੰਮ੍ਰਿਤਪਾਲ, ਪ੍ਰੋ. ਸੰਦੀਪ, ਪ੍ਰੋ. ਸਤਨਾਮ ਕੌਰ, ਪ੍ਰੋ. ਸੋਨੀਕਾ ਧਵਨ, ਕੁਲਤਾਰ ਸਿੰਘ, ਪ੍ਰੋ. ਕੁਸਮ ਸ਼ਰਮਾ, ਡਾ. ਸ਼ਸ਼ੀ ਪ੍ਰਭਾ, ਡਾ. ਹਰਮੀਤ ਕੌਰ, ਡਾ. ਜਗਦੀਪ ਕੌਰ, ਡਾ. ਵਿਧੀ ਭੱਲਾ ਅਤੇ ਵੱਖ ਵੱਖ ਕਾਲਜਾਂ ਦੇ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।




## ਇਨੋਸੈਂਟ ਹਾਰਟਸ ਕਾਲਜ ਆਫ਼ ਐਜੂਕੇਸ਼ਨ ਨੇ ਰਾਸ਼ਟਰੀ ਏਕਤਾ ਦਿਵਸ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)**

ਇਨੋਸੈਂਟ ਹਾਰਟਸ ਕਾਲਜ ਆਫ ਐਜੂਕੇਸ਼ਨ, ਜਲੰਧਰ ਦੀ ਐਨ ਐੱਸ ਐੱਸ ਯੂਨਿਟ ਨੇ ਭਾਰਤ ਦੇ ਲੋਹ-ਪੁਰਸ਼ ਸਰਦਾਰ ਵੱਲਭ ਭਾਈ ਪਟੇਲ ਦੀ ਜਨਮ ਵਰ੍ਹੇਗੰਢ ਮਨਾਉਣ ਅਤੇ ਆਧੁਨਿਕ ਅਤੇ ਏਕੀਕ੍ਰਿਤ ਭਾਰਤ ਦੇ ਨਿਰਮਾਣ ਵਿੱਚ ਉਨ੍ਹਾਂ ਦੇ ਅਮੁੱਲ ਯੋਗਦਾਨ ਨੂੰ ਸ਼ਰਧਾਂਜਲੀ ਦੇਣ ਲਈ ਰਾਸ਼ਟਰੀ ਏਕਤਾ ਦਿਵਸ ਮਨਾਇਆ। ਵਿਦਿਆਰਥੀ-ਅਧਿਆਪਕਾਂ ਲਈ ਸਾਡੇ ਰਾਸ਼ਟਰ ਭਾਰਤ ਦੀ ਰਾਸ਼ਟਰੀ ਏਕਤਾ, ਅਖੰਡਤਾ ਅਤੇ ਸੁਰੱਖਿਆ ਲਈ ਖਤਰੇ ਦੇ ਵਿਰੁੱਧ ਖੜ੍ਹੇ ਹੋਣ ਲਈ ਉਨ੍ਹਾਂ ਦੀ ਅੰਦਰੂਨੀ ਤਾਕਤ ਅਤੇ ਲਚਕੀਲੇਪਣ ਦੀ ਪੁਸ਼ਟੀ ਕਰਨ ਦਾ ਮੌਕਾ ਪ੍ਰਦਾਨ ਕਰਨ ਲਈ ਇੱਕ ਸਹੁੰ ਚੁੱਕ ਸਮਾਰੋਹ ਦਾ ਆਯੋਜਨ ਕੀਤਾ ਗਿਆ । ਕਾਲਜ ਕੈਂਪਸ ਵਿੱਚ ਇੱਕ ਰੁੱਖ ਲਗਾਉਣ ਦੀ ਮੁਹਿੰਮ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਔਸ਼ਧੀ ਵਾਲੇ ਪੌਦੇ ਲਗਾਏ ਗਏ ਕਿਉਂਕਿ ਸਾਡੀ ਕੁਦਰਤ ਵਿੱਚ ਰੁੱਖ ਏਕਤਾ ਅਤੇ ਸ਼ੁੱਧਤਾ ਦੇ ਨਾਲ-ਨਾਲ ਨਿਰਸਵਾਰਥ ਅਤੇ ਕੁਰਬਾਨੀ ਲਈ ਆਦਰਸ਼ ਰੋਲ ਮਾਡਲ ਹਨ । ਐਨਐੱਸਐੱਸ ਵਾਲੰਟੀਅਰ ਸਾਕਸ਼ੀ ਠਾਕੁਰ ਨੇ ਸਰਦਾਰ ਵੱਲਭ ਭਾਈ ਪਟੇਲ ਦੀਆਂ ਸਿੱਖਿਆਵਾਂ ਦੀ ਵਿਆਖਿਆ ਕਰਦੇ ਹੋਏ ਕਿਹਾ ਕਿ ਆਤਮ-ਨਿਰਭਰਤਾ ਸਰਦਾਰ ਪਟੇਲ ਦੇ ਆਰਥਿਕ ਦਰਸ਼ਨ ਦਾ ਮੁੱਖ ਸਿਧਾਂਤ ਸੀ। ਉਸਨੇ ਰਿਆਸਤਾਂ ਨਾਲ ਸਹਿਮਤੀ ਬਣਾਉਣ ਲਈ ਅਣਥੱਕ ਮਿਹਨਤ ਕੀਤੀ । ਪਰ ਜਿੱਥੇ ਵੀ ਲੋੜ ਪਈ ਸਾਮ, ਦਾਮ, ਦੰਡ ਅਤੇ ਭੇਦ ਦੇ ਤਰੀਕਿਆਂ ਨੂੰ ਲਾਗੂ ਕਰਨ ਵਿੱਚ ਸੰਕੋਚ ਨਹੀਂ ਕੀਤਾ। ਉਸਨੇ ਕਿਹਾ, ਅਸੀਂ ਆਪਣੀ ਆਜ਼ਾਦੀ ਪ੍ਰਾਪਤ ਕਰਨ ਲਈ ਸਖ਼ਤ ਮਿਹਨਤ ਕੀਤੀ; ਸਾਨੂੰ ਇਸ ਨੂੰ ਜਾਇਜ਼ ਠਹਿਰਾਉਣ ਲਈ ਸਖ਼ਤ ਮਿਹਨਤ ਕਰਨੀ ਪਵੇਗੀ।ਭਾਰਤ ਦੇ ਹਰ ਨਾਗਰਿਕ ਦੇ ਦਿਲਾਂ ਵਿੱਚ ਆਪਣੇ ਰਾਸ਼ਟਰ ਨਾਲ ਸੰਬੰਧਤ ਹੋਣ ਦੀ ਭਾਵਨਾ ਪੈਦਾ ਕਰਨ ਲਈ 'ਅਨੇਕਤਾ ਵਿੱਚ ਏਕਤਾ' ਵਿਸ਼ੇ 'ਤੇ ਦੇਸ਼ ਭਗਤੀ ਦੇ ਸੋਲੋ ਗਾਇਨ ਮੁਕਾਬਲੇ ਕਰਵਾਏ ਗਏ। ਅਮਨਪ੍ਰੀਤ ਕੌਰ ਨੇ ਦੇਸ਼ ਭਗਤੀ ਦਾ ਗੀਤ 'ਸਾਰੇ ਜਹਾਂ ਸੇ ਅੱਛਾ ਹਿੰਦੁਸਤਾਨ ਹਮਾਰਾ' ਬੜੇ ਜੋਸ਼ ਅਤੇ ਉਤਸ਼ਾਹ ਨਾਲ ਗਾਇਆ । ਮਨਮੀਤ ਕੌਰ ਨੇ ਸ਼ਾਂਤੀ, ਸਦਭਾਵਨਾ ਅਤੇ ਰਾਸ਼ਟਰ ਲਈ ਪਿਆਰ ਦਾ ਪ੍ਰਤੀਕ ÷ਮੇਰਾ ਦੇਸ਼ ਮੇਰਾ ਮੁਲਕ÷ ਗਾਇਆ। ਪ੍ਰਿੰਸੀਪਲ ਡਾ: ਅਰਜਿੰਦਰ ਸਿੰਘ ਨੇ ਆਪਣੇ ਭਾਸ਼ਣ ਵਿੱਚ ਏਕਤਾ ਦੀ ਮਹੱਤਤਾ ਤੇ ਚਾਨਣਾ ਪਾਉਂਦਿਆਂ ਦੱਸਿਆ ਕਿ ਏਕਤਾ ਹੀ ਤਾਕਤ ਹੈ ਅਤੇ ਭਾਰਤ ਨੂੰ ਏਕਤਾ ਵਿੱਚ ਰੱਖਣ ਦਾ ਜ਼ਿੰਮਾ ਸਾਡੇ ਵਿਦਿਆਰਥੀ-ਅਧਿਆਪਕਾਂ ਯਾਨੀ ਭਾਵੀ-ਅਧਿਆਪਕਾਂ ਦੇ ਮੋਢਿਆਂ 'ਤੇ ਹੈ।



## ਡੀ ਏ ਵੀ ਕਾਲਜ ਵਿਖੇ ਐੱਨ ਐੱਸ ਐੱਸ ਤੇ ਐੱਨ ਸੀ ਸੀ ਵਿਭਾਗ ਵੱਲੋਂ ਪੁਲਸ ਸਮਰਪਤ ਦਿਵਸ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)**

ਡੀ.ਏ.ਵੀ. ਕਾਲਜ ਵਿਖੇ ਐੱਨ.ਐੱਸ.ਐੱਸ ਤੇ ਐੱਨ.ਸੀ.ਸੀ ਵਿਭਾਗ ਵੱਲੋਂ ਪੁਲਸ ਸਮਰਪਤਦਿਵਸ ਮਨਾਇਆ ਗਿਆ। ਇਸ ਮੌਕੇ ਬੀ ਐੱਸ ਐੱਫ ਦੇ ਕਮਾਂਡੈਂਟ ਸੱਤਪਾਲ ਸਿੰਘ ਤੇ ਉਨ੍ਹਾਂ ਦੇ ਜਵਾਨ ਸਾਥੀਆਂ, ਪ੍ਰਿੰਸੀਪਲ ਡਾ.ਰਾਜੇਸ ਕੁਮਾਰ, ਐੱਨ.ਸੀ.ਸੀ ਇੰਚਾਰਜ ਡਾ.ਐੱਸ ਕੇ ਤੁਲੀ, ਐੱਨ.ਐੱਸ.ਐੱਸ ਇੰਚਾਰਜ ਪ੍ਰੋ.ਐੱਸ ਕੇ ਮਿੱਢਾ, ਰਜਿਸਟਰਾਰ ਪ੍ਰੋ.ਦੀਪਕ ਕੁੰਵਰ, ਵਾਇਸ ਪ੍ਰਿੰਸੀਪਲ ਪ੍ਰੋ.ਅਰਚਨਾ ਉਬਰਾਏ, ਡਾ.ਸਾਹਿਬ ਸਿੰਘ, ਡਾ. ਗੁਰਜੀਤ ਕੌਰ, ਪ੍ਰੋ.ਸੋਨਿਕਾ, ਪ੍ਰੋ.ਜਸਮੀਨ ਕੌਰ ਹੋਰ ਸਟਾਫ ਮੈਂਬਰਾਂ ਤੇ ਵਿਦਿਆਰਥੀਆਂ ਵੱਲੋਂ ਸ਼ਹੀਦ ਮੁਹਿੰਦਰ ਰਾਜ ਉੱਪ ਕਮਾਂਡੈਂਟ ਨੂੰ ਭਾਵ-ਭਿੰਨੀ ਸ਼ਰਧਾਂਜਲੀ ਭੇਂਟ ਕੀਤੀ ਗਈ। ਸ਼ਹੀਦ ਮੁਹਿੰਦਰ ਰਾਜ ਦਾ ਜਨਮ ਮੋਹਨ ਲਾਲ ਦੇ ਘਰ 12 ਦਸੰਬਰ 1968 ਨੂੰ ਜਿਲ੍ਹਾ ਹੁਸਿਆਰਪੁਰ ਦੇ ਪਿੰਡ ਨਰਸਨ ਬੜ੍ਹਾਨਾ ਵਿੱਚ ਹੋਇਆ ਸੀ ਜਿਸ ਨੇ ਆਪਣੀ ਕਾਲਜ ਦੀ ਪੜ੍ਹਾਈ ਡੀ. ਏ.ਵੀ ਕਾਲਜ ਜਲੰਧਰ ਤੋਂ ਪ੍ਰਾਪਤ ਕੀਤੀ ਸੀ। ਕਮਾਂਡੈਂਟ ਸੱਤਪਾਲ ਸਿੰਘ ਨੇ ਦੱਸਿਆ ਕਿ ਮੁਹਿੰਦਰ ਰਾਜ ਦੇ ਨਿਡਰ ਤੇ ਜੁਸ਼ੀਲੇ ਸੁਭਾਅ ਨੂੰ ਦੇਖਦਿਆਂ ਉਸ ਨੂੰ ਬੰਦੀਪੁਰ (ਜੰਮੂ-ਕਸ਼ਮੀਰ) ਵਿਖੇ ਬਤੌਰ ਸੰਯੁਕਤ ਸਹਾਇਕ ਨਿਰਦੇਸ਼ਕ ਨਿਯੁਕਤ ਕੀਤਾ ਗਿਆ ਸੀ। ਦਿਨ 12/13 ਜੁਲਾਈ 1999 ਦੀ ਰਾਤ ਨੂੰ ਕੁਝ ਅੱਤਵਾਦੀਆਂ ਨੇ ਆਟੋਮੈਟਿਕ ਹਥਿਆਰਾਂ ਸਮੇਤ ਬੀ.ਐੱਸ.ਐੱਫ ਕੈਂਪਸ ਸੈਕਟਰ ਬੰਦੀਪੁਰ ਦੇ ਪਰਵਾਰਕ ਕਵਾਟਰਾਂ ਵਿੱਚ ਅੰਧਾ-ਧੁੰਦ ਗੋਲੀਆਂ ਚਲਾਈਆਂ, ਜਿੱਥੇ ਮੁਹਿੰਦਰ ਰਾਜ ਡਿਪਟੀ ਕਮਾਂਡੈਂਟ ਨੇ ਪਹੁੰਚ ਕੇ ਦੁਸ਼ਮਣਾਂ ਦਾ ਡੱਟ ਕੇ ਮੁਕਾਬਲਾ ਕੀਤਾ ਅਤੇ ਮੁਕਾਬਲੇ ਵਿੱਚ ਲੜਦਿਆਂ ਸ਼ਹੀਦ ਹੋ ਗਏ । ਪ੍ਰਿੰਸੀਪਲ ਡਾ.ਰਾਜੇਸ਼ ਕੁਮਾਰ ਨੇ ਇਸ ਬਹਾਦਰ ਯੋਧੇ ਦੀ ਬਹਾਦਰੀ 'ਤੇ ਫਖਰ ਕਰਦਿਆਂ ਮਾਣ ਮਹਿਸੂਸ ਕੀਤਾ ਕਿ ਡੀ.ਏ. ਵੀ ਕਾਲਜ ਜਲੰਧਰ ਦਾ ਵਿਦਿਆਰਥੀ ਸੀ ਜੋ ਦੇਸ ਦੀ ਆਨ ਤੇ ਸ਼ਾਨ ਨੂੰ ਬਰਕਰਾਰ ਰੱਖਦਿਆਂ ਸ਼ਹੀਦ ਹੋ ਗਿਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਇਸ ਤਰ੍ਹਾਂ ਦੇ ਯੋਧੇ ਬਣਨ ਲਈ ਪ੍ਰੇਰਿਤ ਕੀਤਾ। ਸਮਾਗਮ ਦੇ ਅੰਤ ਵਿੱਚ ਡਾ ਐੱਸ.ਕੇ ਤੁਲੀ, ਪ੍ਰੋ.ਐੱਸ.ਕੇ ਮਿੱਢਾ ਵੱਲੋਂ ਸਭ ਦਾ ਧੰਨਵਾਦ ਕੀਤਾ ਗਿਆ।



## ਪੀ ਟੀ ਯੂ ਯੂਥ ਫੈਸਟੀਵਲ 'ਚ ਸੇਂਟ ਸੋਲਜਰ ਦੇ ਵਿਦਿਆਰਥੀਆਂ ਦਾ ਚਮਕਿਆ ਨਾਂਅ



**ਜਲੰਧਰ (ਇਕਬਾਲ ਸਿੰਘ ਉਭੀ)**

ਸੇਂਟ ਸੋਲਜਰ ਇੰਸਟੀਚਿਊਟ ਆਫ ਇੰਜਨੀਅਰਿੰਗ ਟੈਕਨਾਲੋਜੀ ਦੇ ਵਿਦਿਆਰਥੀਆਂ ਨੇ ਆਈ.ਕੇ.ਜੀ.ਪੰਜਾਬ ਟੈਕਨੀਕਲ ਯੂਨੀਵਰਸਿਟੀ ਵੱਲੋਂ ਕਰਵਾਏ ਯੂਥ ਫੈਸਟੀਵਲ ਵਿੱਚ ਸੰਸਥਾ ਦਾ ਨਾਂਅ ਰੌਸ਼ਨ ਕੀਤਾ। ਚੇਅਰਮੈਨ ਅਨਿਲ ਚੋਪੜਾ, ਵਾਈਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਪ੍ਰਿੰਸੀਪਲ ਡਾ. ਗੁਰਪ੍ਰੀਤ ਸਿੰਘ, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਅਤੇ ਦੱਸਿਆ ਕਿ ਸੀ ਐਸ ਈ ਦੀ ਵਿਦਿਆਰਥਣ ਕਿਰਨ ਪੁੰਧੀਰ ਨੇ ਕਹਾਣੀ ਲੇਖਣ ਵਿੱਚ ਗੋਲਡ, ਮਨਵੀਰ ਕੌਰ ਨੇ ਕਵਿਤਾ ਲੇਖਨ ਵਿੱਚ ਗੋਲਡ, ਇਲੈਕਟ੍ਰੀਕਲ ਇੰਜਨੀਅਰਿੰਗ ਦੇ ਪ੍ਰਭਜੀਤ ਸਿੰਘ ਨੇ ਲੇਖ ਲਿਖਣ ਵਿੱਚ ਸਿਲਵਰ, ਮਕੈਨੀਕਲ ਦੇ ਹਰਮਨਜੀਤ ਨੇ ਕਵਿਤਾ ਪਾਠ ਅਤੇ ਭਾਸ਼ਣ ਵਿੱਚ ਕਾਂਸੀ, ਆਨ ਦਾ ਸਪਾਟ ਪੇਂਟਿੰਗ 'ਚ ਬੀ ਐਸ ਈ ਮਲਟੀਮੀਡੀਆ ਦੀ ਪ੍ਰਿਆ ਨੇ ਕਾਂਸੀ, ਮਾਇਮ 'ਚ ਬੀਐਸਈ ਐਮਐਲਐਸ ਦੇ ਦੀਪਾ, ਜਾਨਵੀ, ਮਨਪ੍ਰੀਤ ਸਿੰਘ, ਤਾਬਿਸ਼, ਕਿਰਨ, ਅਰਜਨ ਸਿੰਘ ਨੇ ਕਾਂਸੀ ਦਾ ਮੈਡਲ ਪ੍ਰਾਪਤ ਕੀਤਾ।

ਵਿਦਿਆਰਥੀਆਂ ਨੇ ਆਪਣੀ ਸਫਲਤਾ ਦਾ ਸਿਹਰਾ ਚੰਗੀ ਕੋਚਿੰਗ ਅਤੇ ਮੈਨੇਜਮੈਂਟ ਨੂੰ ਦਿੱਤਾ। ਚੇਅਰਮੈਨ ਚੋਪੜਾ ਨੇ ਵਿਦਿਆਰਥੀਆਂ ਨੂੰ ਭਵਿੱਖ ਲਈ ਸ਼ੁਭ ਕਾਮਨਾਵਾਂ ਦਿੰਦੇ ਹੋਏ ਇਸੇ ਤਰ੍ਹਾਂ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

## ਯੂਨਾਈਟਿਡ ਸਪੋਰਟਸ ਕਲੱਬ ਦੀ ਮੀਟਿੰਗ



**ਟਾਂਡਾ ਉੜਮੁੜ, (ਉਕਾਰ ਸਿੰਘ, ਜਸਵਿੰਦਰ ਸੰਧੂ)**

ਟਾਂਡਾ ਯੂਨਾਈਟਿਡ ਸਪੋਰਟਸ ਕਲੱਬ ਦੀ ਮੀਟਿੰਗ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਟਾਂਡਾ ਦੇ ਮੈਦਾਨ ਵਿਚ ਹੋਈ । ਕਲੱਬ ਪ੍ਰਧਾਨ ਗੁਰਸੇਵਕ ਮਾਰਸ਼ਲ ਦੀ ਅਗਵਾਈ ਵਿਚ ਹੋਈ ਮੀਟਿੰਗ ਦੌਰਾਨ ਸਮੂਹ ਮੈਂਬਰਾਂ ਨੇ ਭਾਗ ਲੈਂਦੇ ਹੋਏ ਖੇਡ ਅਤੇ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਪ੍ਰੋਗਰਾਮ ਉਲੀਕਿਆ । ਇਸ ਮੌਕੇ ਪ੍ਰਧਾਨ ਮਾਰਸ਼ਲ ਨੇ ਦੱਸਿਆ ਕਿ ਕਲੱਬ ਵੱਲੋਂ ਨਵੰਬਰ ਮਹੀਨੇ ਵਿਚ ਹੀ ਟਾਂਡਾ ਸਕੂਲ ਵਿਚ ਜ਼ਿਲ੍ਹਾ ਪੱਧਰੀ ਓਪਨ ਅਤੇ 40 ਸਾਲ ਤੋਂ ਵੱਧ ਉਮਰ ਦੇ ਖਿਡਾਰੀਆਂ ਦਾ ਫੁੱਟਬਾਲ ਟੂਰਨਾਮੈਂਟ ਕਰਵਾਇਆ ਜਾਵੇਗਾ । ਇਸ ਦੇ ਨਾਲ ਹੀ ਉਨ੍ਹਾਂ ਦੱਸਿਆ ਕਿ ਫਤਿਹ ਅਕੈਡਮੀ ਟਾਂਡਾ ਦੇ ਸਹਿਯੋਗ ਨਾਲ ਖੇਡ ਪ੍ਰਮੋਟਰ ਤਜਿੰਦਰ ਸਿੰਘ ਢਿੱਲੋਂ ਦੀ ਦੇਖ-ਰੇਖ ਵਿਚ ਸਰਕਾਰੀ ਸਕੂਲ ਟਾਂਡਾ ਲੜਕੇ ਦੇ ਮੈਦਾਨ ਦੀ ਨੁਹਾਰ ਬਦਲੀ ਜਾਵੇਗੀ ਅਤੇ ਟ੍ਰੈਕ ਦੇ ਨਿਰਮਾਣ ਦੇ ਨਾਲ ਨਾਲ ਵਾਲੀਬਾਲ ਅਤੇ ਫੁੱਟਬਾਲ ਮੈਦਾਨ ਨੂੰ ਸਹੀ ਤਰੀਕੇ ਨਾਲ ਤਿਆਰ ਕਰਵਾਇਆ ਜਾਵੇਗਾ। ਇਸ ਮੌਕੇ ਕਲੱਬ ਸਰਪ੍ਰਸਤ ਗਗਨ ਵੈਦ,ਕੌਂਸਲਰ ਰਾਕੇਸ਼ ਬਿੱਟੂ ਰਾਜੇਸ਼ ਲਾਡੀ,ਰਾਜਾ, ਵਿਪਨ,ਪੈਰੀ ਨਿਊਜ਼ੀਲੈਂਡ, ਮੌਂਟੀ ਅਮਰੀਕਾ, ਲੱਕੀ ਦਸਮੇਸ਼ ਨਗਰ, ਰਾਹੁਲ, ਸ਼ੀਰਾ, ਸੈਣੀ ਟਾਂਡਾ, ਫੌਜੀ ਕਲੋਟੀ ਨਗਰ, ਨੋਨੀ,ਵੀਰੂ ਚੋਪੜਾ ਬੀਰਾ ਵੱਸਣ ਬੇਅੰਤ, ਅਵਤਾਰ ਸਿੰਘ, ਡਿੰਪੀ ਸਚਦੇਵਾ, ਉਂਕਾਰ ਸਿੰਘ ,ਭਿੰਦਾ, ਮਲਹੋਤਰਾ ਟਾਂਡਾ ਅਰਜੁਨ ਜੈਨ, ਸ਼ਰਮਾ ਅਤੇ ਕਪਿਲ ਕੁਮਾਰ ਆਦਿ ਮੌਜੂਦ ਸਨ।

## ਵਲਭ ਭਾਈ ਪਟੇਲ ਦਾ ਜਨਮ ਦਿਨ ਮਨਾਇਆ




**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਰੇਲਵੇ ਮੰਡੀ ਹੁਸ਼ਿਆਰਪੁਰ ਵਿਖੇ ਪ੍ਰਿੰਸੀਪਲ ਮੈਡਮ ਲਲਿਤਾ ਰਾਣੀ ਦੀ ਯੋਗ ਅਗਵਾਈ ਅਧੀਨ ਵਲਭ ਭਾਈ ਪਟੇਲ ਦਾ ਜਨਮ ਦਿਵਸ ਮਨਾਇਆ ਗਿਆ। ਜਿਸ ਅਧੀਨ ਵਿਦਿਆਰਥੀਆਂ ਵਿੱਚ ਏਕਤਾ ਦੌੜ ਕਰਵਾਈ ਗਈ। ਪ੍ਰਿੰਸੀਪਲ ਮੈਡਮ ਨੇ ਹਰੀ ਝੰਡੀ ਦਿਖਾ ਕੇ ਵਿਦਿਆਰਥੀਆਂ ਨੂੰ ਏਕਤਾ ਦੌੜ ਲਈ ਰਵਾਨਾ ਕੀਤਾ। ਇਸ ਤੋਂ ਇਲਾਵਾ ਪਿੰਸੀਪਲ ਮੈਡਮ, ਵਿਦਿਆਰਥੀਆਂ ਅਤੇ ਸਟਾਫ ਨੇ ਵਿਭਾਗ ਵੱਲੋਂ ਭੇਜੀ ਸਹੁੰ ਵੀ ਚੁੱਕੀ। ਵਿਦਿਆਰਥੀਆਂ ਵਿੱਚ ਲੇਖ ਮੁਕਾਬਲੇ ਵੀ ਕਰਵਾਏ ਗਏ ਅਤੇ ਅੱਵਲ ਸਥਾਨ 'ਤੇ ਆਉਣ ਵਾਲੀਆਂ ਵਿਦਿਆਰਥਣਾਂ ਦੀ ਪ੍ਰਿੰਸੀਪਲ ਮੈਡਮ ਵੱਲੋਂ ਹੌਸਲਾ ਅਫਜ਼ਾਈ ਕੀਤੀ ਗਈ। ਪ੍ਰਿੰਸੀਪਲ ਮੈਡਮ ਨੇ ਇਨ੍ਹਾਂ ਵਿਦਿਆਰਥਣਾਂ ਨੂੰ ਸੰਬੋਧਨ ਕਰਦੇ ਹੋਏ ਵਲਭ ਭਾਈ ਪਟੇਲ ਦੇ ਜੀਵਨ ਬਾਰੇ ਰੌਸ਼ਨੀ ਪਾਈ। ਸਕੂਲ ਦੀ ਐੱਨ.ਐੱਸ.ਐੱਸ. ਇਕਾਈ ਦੇ ਵਲੰਟੀਅਰਾਂ ਨੇ ਪ੍ਰਿੰਸੀਪਲ ਮੈਡਮ ਨਾਲ ਵਾਅਦਾ ਕੀਤਾ ਕਿ ਉਹ ਪਟੇਲ ਦੇ ਦੱਸੇ ਰਾਹ 'ਤੇ ਚੱਲਣਗੇ। ਇਸ ਅਵਸਰ 'ਤੇ ਯਸਪਾਲ, ਪੁਨੀਤ ਅਤੇ ਸਮੂਹ ਸਟਾਫ ਸੀ।

## ਡੇਂਗੂ ਦੇ ਮਾਮਲੇ ਇਸ ਸਾਲ ਮੁਕਾਬਲਤਨ 60 ਫ਼ੀਸਦੀ ਘੱਟ : ਸਿਵਲ ਸਰਜਨ

**ਮੋਹਾਲੀ, (ਗੁਰਜੀਤ ਬਿੱਲਾ)**

ਲੋਕਾਂ ਨੂੰ ਡੇਂਗੂ ਦੇ ਵੱਧ ਰਹੇ ਕੇਸਾਂ ਕਾਰਨ ਘਬਰਾਹਟ ਵਿਚ ਨਾ ਆਉਣ ਦੀ ਅਪੀਲ ਕਰਦਿਆਂ ਸਿਵਲ ਸਰਜਨ ਡਾ. ਆਦਰਸ਼ਪਾਲ ਕੌਰ ਅਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਸ਼ਲਿੰਦਰ ਕੌਰ ਨੇ ਦਸਿਆ ਕਿ ਜ਼ਿਲ੍ਹੇ ਵਿਚ ਪਿਛਲੇ ਸਾਲ ਮੁਕਾਬਲੇ ਇਸ ਸਾਲ ਹੁਣ ਤੱਕ ਡੇਂਗੂ ਕੇਸਾਂ ਵਿਚ ਲਗਭਗ 60 ਫ਼ੀਸਦੀ ਦੀ ਕਮੀ ਹੈ। ਵੇਰਵੇ ਸਾਂਝੇ ਕਰਦਿਆਂ ਸੀਨੀਅਰ ਸਿਹਤ ਅਧਿਕਾਰੀਆਂ ਨੇ ਦਸਿਆ ਕਿ ਪਿਛਲੇ ਸਾਲ 1 ਜਨਵਰੀ ਤੋਂ 31 ਅਕਤੂਬਰ ਤਕ ਡੇਂਗੂ ਦੇ 2631 ਮਾਮਲੇ ਦਰਜ ਕੀਤੇ ਗਏ ਸਨ ਜਦਕਿ ਇਸ ਸਾਲ 1 ਜਨਵਰੀ ਤੋਂ 31 ਅਕਤੂਬਰ ਤਕ 1071 ਮਾਮਲੇ ਦਰਜ ਹੋਏ ਹਨ। ਸਿਵਲ ਸਰਜਨ ਨੇ ਅੱਗੇ ਦਸਿਆ ਕਿ ਪਿਛਲੇ ਸਾਲ ਇਕੱਲੇ ਅਕਤੂਬਰ ਮਹੀਨੇ ਵਿਚ 2260 ਮਾਮਲੇ ਦਰਜ ਕੀਤੇ ਗਏ ਸਨ ਜਦਕਿ ਇਸ ਸਾਲ ਇਕੱਲੇ ਅਕਤੂਬਰ ਮਹੀਨੇ ਵਿਚ 551 ਮਾਮਲੇ ਦਰਜ ਹੋਏ ਹਨ। ਜੇ ਡੇਂਗੂ ਮਾਮਲਿਆਂ ਦੇ ਅਕਤੂਬਰ ਮਹੀਨੇ ਦੇ ਹਫ਼ਤਾਵਾਰੀ ਰੁਝਾਨ ਦੀ ਗੱਲ ਕੀਤੀ ਜਾਵੇ ਤਾਂ ਪਹਿਲੇ ਹਫ਼ਤੇ ਵਿਚ ਜ਼ਿਲ੍ਹੇ ਵਿਚ ਕੁਲ 111 ਮਾਮਲੇ ਦਰਜ ਕੀਤੇ ਗਏ। ਦੂਜੇ ਹਫ਼ਤੇ 144, ਤੀਜੇ ਹਫ਼ਤੇ 180 ਅਤੇ ਚੌਥੇ ਹਫ਼ਤੇ 52 ਮਾਮਲੇ ਦਰਜ ਕੀਤੇ ਗਏ ਹਨ ਜਿਸ ਤੋਂ ਪਤਾ ਲਗਦਾ ਹੈ ਕਿ ਪਹਿਲਾਂ ਮੁਕਾਬਲੇ ਡੇਂਗੂ ਕੇਸਾਂ ਦਾ ਰੁਝਾਨ ਘੱਟ ਰਿਹਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਕੇਸ ਘੱਟ ਹੋਣ ਦੀ ਜਾਣਕਾਰੀ ਸਾਂਝੀ ਕਰਨ ਦਾ ਇਹ ਅਰਥ ਨਾ ਲਿਆ ਜਾਵੇ ਕਿ ਸਾਵਧਾਨੀਆਂ ਵਰਤਣੀਆਂ ਛੱਡ ਦਿਤੀਆਂ ਜਾਣ ਸਗੋਂ ਇਸ ਮਾਰੂ ਬੀਮਾਰੀ ਤੋਂ ਬਚਾਅ ਲਈ ਕਿਤੇ ਵੀ ਪਾਣੀ ਇਕੱਠਾ ਨਾ ਹੋਣ ਦਿਤਾ ਜਾਵੇ ਅਤੇ ਹੋਰ ਸਾਵਧਾਨੀਆਂ ਵੀ ਵਰਤੀਆਂ ਜਾਣ।





## ਕਲਵਾਂ ਸਕੂਲ ਦੇ ਵਿਦਿਆਰਥੀਆਂ ਦਾ ਬਲਾਕ ਐਥਲੈਟਿਕਸ ਮੀਟ 'ਚ ਸ਼ਾਨਦਾਰ ਪ੍ਰਦਰਸ਼ਨ

**ਨੂਰਪੁਰ ਬੇਦੀ, (ਸੁਰਜੀਤ ਸਿੰਘ ਕਾਹਲੋਂ)**

ਬੀਤੇ ਦਿਨੀਂ ਨੂਰਪੁਰ ਬੇਦੀ ਬਲਾਕ ਦੀ ਅਥਲੈਟਿਕਸ ਮੀਟ ਦਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਝੱਜ ਵਿਖੇ ਆਯੋਜਨ ਕੀਤਾ ਗਿਆ। ਸਕੂਲ ਇੰਚਾਰਜ ਜਸਵਿੰਦਰ ਸਿੰਘ ਜੀ ਨੇ ਦੱਸਿਆ ਕਿ ਇਨਾਂ ਖੇਡਾਂ ਵਿਚ ਖੇਡ ਅਧਿਆਪਕ ਰਾਕੇਸ ਕੁਮਾਰ ਜੀ ਦੀ ਯੋਗ ਅਗਵਾਈ ਵਿੱਚ ਸਕੂਲ ਦੇ ਖਿਡਾਰੀਆਂ ਨੇ ਬਹੁਤ ਹੀ ਵਧੀਆ ਪ੍ਰਦਰਸਨ ਕੀਤਾ। ਲੜਕੀਆਂ ਦੀ 100 ਮੀਟਰ ਦੌੜ ਵਿਚ ਅੰਜਲੀ ਦਾ ਪਹਿਲਾ ਸਥਾਨ, 200 ਮੀਟਰ ਮਨੀਸਾ ਦੂਜਾ ਸਥਾਨ, ਸੁਮਨ ਦਾ ਤੀਜਾ ਸਥਾਨ, 600 ਮੀਟਰ ਅਲਕਾ ਤੀਜਾ ਸਥਾਨ, ਉੱਚੀ ਛਾਲ ਸੁਮਨ ਦੂਜਾ ਸਥਾਨ, ਪੂਜਾ ਨੇ ਉੱਚੀ ਛਾਲ ਵਿਚ ਪਹਿਲਾ ਅਤੇ 200 ਮੀਟਰ ਦੌੜ ਤੀਸਰਾ, ਲੰਬੀ ਛਾਲ ਵਿਚ ਤੀਜਾ ਸਥਾਨ ਪ੍ਰਾਪਤ ਕੀਤਾ। ਕੁੜੀਆ ਨੇ 14 ਸਾਲਾ ਗਰੁੱਪ ਦੀ 4*100 ਮੀਟਰ ਦੌੜ ਵਿਚ ਪਹਿਲਾ ਸਥਾਨ ਪ੍ਰਾਪਤ ਕੀਤਾ। ਲੜਕਿਆਂ ਵਿਚੋਂ ਰੋਹਿਤ ਨੇ ਉੱਚੀ ਛਾਲ ਅਤੇ ਜੇਵਲੀਨ ਥਰੋ ਵਿਚ ਪਹਿਲਾ, ਗੁਰਪ੍ਰੀਤ ਨੇ 200 ਮੀਟਰ ਵਿਚ ਦੂਜਾ ਅਤੇ ਲੰਬੀ ਛਾਲ ਵਿਚ ਤੀਜਾ ਸਥਾਨ, ਚਰਨਜੀਤ ਨੇ ਸਾਟਪੁੱਟ ਅਤੇ ਹੈਮਰ ਥਰੋ ਵਿਚ ਤੀਜਾ ਸਥਾਨ, ਰੁਪਿੰਦਰ ਨੇ 400 ਮੀਟਰ ਵਿਚ ਦੂਜਾ ਅਤੇ ਹਰਭਜਨ ਨੇ ਜੈਵਲੀਨ ਥਰੋ ਵਿਚ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਜਸਪ੍ਰੀਤ ਨੇ ਉੱਚੀ ਛਾਲ ਵਿਚ ਦੂਜਾ, ਰੋਹਨਪ੍ਰੀਤ ਨੇ 200 ਮੀਟਰ ਵਿਚ ਤੀਜਾ ਸਥਾਨ ਪ੍ਰਾਪਤ ਕੀਤਾ। 4 ਗੁਣਾ 100 ਮੀਟਰ ਦੌੜ ਦੇ 14 ਸਾਲ ਅਤੇ 17 ਸਾਲ ਦੋਨਾਂ ਵਰਗ ਵਿਚ ਸਕੂਲ ਦੀ ਟੀਮ ਦੂਜੇ ਸਥਾਨ ਤੇ ਰਹੀ। ਰੋਹਿਤ ਅਤ ਮੋਹਨ 100 ਮੀ ਹੀਟ ਵਿਚ ਪਹਿਲੇ ਸਥਾਨ ਤੇ ਰਹੇ। ਸਮੂਹ ਸਟਾਫ ਵਲੋ ਵਿੱਦਿਆਰਥੀਆਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਮਾਸਟਰ ਗੋਪਾਲ ਕ੍ਰਿਸ਼ਨ, ਅਨਿਲ ਕੁਮਾਰ ਸਰਮਾ, ਰਜਿੰਦਰ ਕੁਮਾਰ, ਰਜਨੀ ਪਰਾਸਰ, ਅੰਜਨਾ ਕੁਮਾਰੀ, ਮਨਦੀਪ, ਗੁਰਬਖਸ ਕੌਰ, ਰਮਨਾ ਜੀ ਹਾਜਰ ਸਨ। ਐਥਲੈਟਿਕਸ ਮੀਟ ਵਿੱਚ ਪਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਨਾਲ ਜਸਵਿੰਦਰ ਸਿੰਘ, ਰਕੇਸ ਕੁਮਾਰ ਤੇ ਹੋਰ।

